ਸ਼ਨੀਵਾਰ, 26 ਸਤੰਬਰ, 2026
10 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 116

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 26 SEPTEMBER, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

# ਵੋਟ ਚੋਰੀ ਵਿਰੁੱਧ ਦੇਸ਼ ਭਰ ’ਚ ਯੁੱਧ

**ਚੰਡੀਗੜ੍ਹ/ਨਵੀਂ ਦਿੱਲੀ (ਗੁਰਜੀਤ ਬਿੱਲਾ/ਨਵਾਂ ਜ਼ਮਾਨਾ ਸਰਵਿਸ)**

ਵੋਟ ਚੋਰੀ ਖਿਲਾਫ ਕਾਨੂੰਨੀ ਦੇ ਨਾਲ-ਨਾਲ ਦੇਸ਼-ਭਰ ਵਿੱਚ ਜ਼ਮੀਨੀ ਲੜਾਈ ਤੇਜ਼ ਹੋ ਗਈ ਹੈ।

ਪੰਜਾਬ ਕਾਂਗਰਸ ਨੇ ਸੂਬਾ ਇਕਾਈ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਸ਼ੁੱਕਰਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਬਰਖਾਸਤ ਕਰਨ ਅਤੇ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਚੰਡੀਗੜ੍ਹ ਵਿੱਚ ਚੋਣ ਕਮਿਸ਼ਨ ਦਫਤਰ ਵੱਲ ਮਾਰਚ ਕਰਨ ਦੀ ਕੋਸ਼ਿਸ਼ ਕਰ ਰਹੇ ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਪੁਲਸ ਨੇ ਪਾਣੀ ਦੀਆਂ ਬੁਛਾੜਾਂ ਦੀ ਵਰਤੋਂ ਕੀਤੀ। ਪੰਜਾਬ ਕਾਂਗਰਸ ਦੇ ਕਈ ਨੇਤਾਵਾਂ, ਪਾਰਟੀ ਵਿਧਾਇਕਾਂ ਅਤੇ ਵਰਕਰਾਂ ਨੇ ਸੈਕਟਰ 17 ਵਿੱਚ ਪ੍ਰਦਰਸ਼ਨ ਕੀਤਾ। ਜਿਵੇਂ ਹੀ ਉਨ੍ਹਾਂ ਨੇ ਸੂਬਾ ਚੋਣ ਕਮਿਸ਼ਨ ਦਫਤਰ ਵੱਲ ਮਾਰਚ ਕਰਨ ਲਈ ਪੁਲਸ ਬੈਰੀਕੇਡਾਂ ਨੂੰ ਪਾਰ ਕਰਨ ਦੀ ਕੋਸ਼ਿਸ਼ ਕੀਤੀ, ਤਾਂ ਉਨ੍ਹਾਂ ਨੂੰ ਪੁਲਸ ਨੇ ਰੋਕ ਲਿਆ। ਹਿਰਾਸਤ ਵਿੱਚ ਲਏ ਜਾਣ ਤੋਂ ਪਹਿਲਾਂ, ਪ੍ਰਦਰਸ਼ਨ ਕਰ ਰਹੇ ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ ਕਿ ਚੋਣ ਪ੍ਰਕਿਰਿਆ ਵਿੱਚ ਧਾਂਦਲੀ ਕੀਤੀ ਗਈ ਹੈ ਅਤੇ ਨਾਗਰਿਕਾਂ ਤੋਂ ਵੋਟ ਦਾ ਅਧਿਕਾਰ ਖੋਹਿਆ ਜਾ ਰਿਹਾ ਹੈ। ਵੜਿੰਗ ਨੇ ਕਿਹਾ ਕਿ ਭਾਜਪਾ ਵੋਟ ਚੋਰੀ ਕਰਕੇ ਸਰਕਾਰਾਂ ਬਣਾ ਰਹੀ ਹੈ।

ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਰਾਹੁਲ ਗਾਂਧੀ ਪਿਛਲੇ ਤਿੰਨ ਸਾਲਾਂ ਤੋਂ ਇਹ ਗੱਲ ਕਹਿ ਰਹੇ ਹਨ ਕਿ ਚੋਣ ਕਮਿਸ਼ਨ ਭਾਜਪਾ ਦੀ ਕਠਪੁਤਲੀ ਬਣ ਕੇ ਕੰਮ ਕਰ ਰਿਹਾ ਹੈ ਅਤੇ ਦੋਵੇਂ ਰਲ਼ ਕੇ ਚੋਣਾਂ ਵਿੱਚ ਘਪਲੇਬਾਜ਼ੀ ਕਰ ਰਹੇ ਹਨ।ਅੱਜ ਭਾਜਪਾ ਅਤੇ ਚੋਣ ਕਮਿਸ਼ਨ ਦੋਵੇਂ ਹੀ ਦੇਸ਼ ਦੇ ਲੋਕਾਂ ਸਾਹਮਣੇ ਨੰਗੇ ਹੋ ਚੁੱਕੇ ਹਨ।ਮੁਜ਼ਾਹਰੇ ਵਿੱਚ ਕਾਂਗਰਸ ਦੇ ਕੌਮੀ ਸਕੱਤਰ ਸੂਰਜ ਠਾਕੁਰ, ਸੰਸਦ ਮੈਂਬਰ ਧਰਮਵੀਰ ਗਾਂਧੀ, ਕਾਰਜਕਾਰੀ ਪ੍ਰਧਾਨ ਸੁਖਵਿੰਦਰ ਸਿੰਘ ਡੈਨੀ, ਕਾਰਜਕਾਰੀ ਪ੍ਰਧਾਨ ਰਾਜ ਕੁਮਾਰ ਵੇਰਕਾ, ਕਾਂਗਰਸ ਦੇ ਕੌਮੀਸਹਿ-ਖ਼ਜ਼ਾਨਚੀ ਵਿਜੈ ਇੰਦਰ ਸਿੰਗਲਾ, ਪੰਜਾਬ ਦੇ ਖਜ਼ਾਨਚੀ ਅਮਿਤ ਵਿਜ, ਜਨਰਲ ਸਕੱਤਰ ਸੰਦੀਪ ਸਿੰਘ ਸੰਧੂ, ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ, ਵਿਧਾਇਕ ਰਾਣਾ ਗੁਰਜੀਤ ਸਿੰਘ, ਵਿਧਾਇਕ ਪਰਗਟ ਸਿੰਘ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਫਰੰਟਲ ਸੰਗਠਨ ਦੇ ਪ੍ਰਧਾਨ ਬਲਜੀਤ ਕੌਰ, ਗੁਰਪ੍ਰੀਤ ਸਿੰਘ ਲੱਕੀ ਪੱਖੋ, ਜਗਸੀਰ ਸਿੰਘ, ਜਸਪ੍ਰੀਤ ਸਿੰਘ, ਸਾਬਕਾ ਸਪੀਕਰ ਰਾਣਾ ਕੰਵਰਪਾਲ ਸਿੰਘ, ਸਾਬਕਾ ਸੰਸਦ ਮੈਂਬਰ ਜਸਬੀਰ ਸਿੰਘ ਡਿੰਪਾ, ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਅਮਰਪ੍ਰੀਤ ਲਾਲੀ, ਮੋਹਿਤ ਮਹਿੰਦਰਾ ਅਤੇ ਹੋਰ ਸ਼ਾਮਲ ਸਨ।ਨਵੀਂ ਦਿੱਲੀ ਦੇ ਜੰਤਰ-ਮੰਤਰ ’ਤੇ ਭਾਰੀ ਬੈਰੀਕੇਡਿੰਗ ਕੀਤੀ ਗਈ, ਕਿਉਂਕਿ ਕਾਰਕੁੰਨਾਂ, ਵਿਦਿਆਰਥੀਆਂ ਅਤੇ ਨੇਤਾਵਾਂ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ।





ਚੋਣ ਕਮਿਸ਼ਨ ਦਫਤਰ ਵੱਲ ਜਾਣ ਵਾਲੀ ਸੜਕ ’ਤੇ ਪ੍ਰਦਰਸ਼ਨ ਕਰ ਰਹੇ ਵਰਕਰਾਂ ਨੂੰ ਪੁਲਸ ਨੇ ਹਟਾ ਦਿੱਤਾ, ਜਦੋਂ ਕਿ ਖੱਬੇ ਪੱਖੀ ਨੇਤਾਵਾਂ ਅਤੇ ਹੋਰ ਪ੍ਰਦਰਸ਼ਨਕਾਰੀਆਂ ਨੂੰ ਬੈਰੀਕੇਡਾਂ ਦੇ ਪਿੱਛੇ ਰੋਕ ਦਿੱਤਾ। ਸੀ ਪੀ ਆਈ (ਐੱਮ ਐੱਲ) ਦੇ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ, ਕਾਰਕੁੰਨ ਯੋਗੇਂਦਰ ਯਾਦਵ, ਏ ਆਈ ਐੱਸ ਏ ਦੀ ਕੌਮੀ ਪ੍ਰਧਾਨ ਨੇਹਾ ਅਤੇ ਹੋਰ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਸ਼ਿਮਲਾ ਵਿੱਚ ਕਾਂਗਰਸੀਆਂ ਨੇ ਚੋਣ ਕਮਿਸ਼ਨ ਦਫਤਰ ਦੇ ਬੋਰਡ ’ਤੇ ਕਾਲਖ ਪੋਚ ਦਿੱਤੀ। • ਬਾਕੀ ਸਫਾ 2 ’ਤੇ

## ਚੋਣ ਕਮਿਸ਼ਨ ਦੇ ਦੋ ਚਰਚਿਤ ਚਿਹਰੇ



**ਨਵੀਂ ਦਿੱਲੀ :** ਭਾਰਤੀ ਚੋਣ ਕਮਿਸ਼ਨ ਦੇ ਅੰਦਰ ਅੰਦਰੂਨੀ ਟਕਰਾਅ ਦੀਆਂ ਰਿਪੋਰਟਾਂ ਦੇ ਵਿਚਕਾਰ ਦੋ ਮੁੱਖ ਅਧਿਕਾਰੀਆਂ ਡਾਇਰੈਕਟਰ ਜਨਰਲ (ਆਈ ਟੀ) ਸੀਮਾ ਖੰਨਾ ਤੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਮਨੀਸ਼ ਗਰਗ ਦੀਆਂ ਭੂਮਿਕਾਵਾਂ ਚਰਚਾ ਵਿੱਚ ਹਨ। ਦੋ ਚੋਣ ਕਮਿਸ਼ਨਰਾਂ ਐੱਸ ਐੱਸ ਸੰਧੂ ਅਤੇ ਵਿਵੇਕ ਜੋਸ਼ੀ ਨੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਆਪਣੀ ਚਿੱਠੀ-ਪੱਤਰੀ ਵਿੱਚ ਦੋਹਾਂ ਦੀ ਭੂਮਿਕਾ ਨੂੰ ਵਿਸ਼ੇਸ਼ ਤੌਰ ’ਤੇ ਉਜਾਗਰ ਕੀਤਾ ਸੀ। ਖੰਨਾ ’ਤੇ ਦੋਸ਼ ਹੈ ਕਿ ਉਸ ਨੇ ਚੋਣ ਰਜਿਸਟ੍ਰੇਸ਼ਨ ਅਧਿਕਾਰੀਆਂ, ਜ਼ਿਲ੍ਹਾ ਚੋਣ ਅਧਿਕਾਰੀਆਂ ਅਤੇ ਮੁੱਖ ਚੋਣ ਅਧਿਕਾਰੀਆਂ ਨੂੰ ਵੋਟਰਾਂ ਨੂੰ ਰਜਿਸਟਰ ਕਰਨ ਲਈ ਚੋਣ ਸੰਸਥਾ ਦੇ ਐਪ ਤੱਕ ਪਹੁੰਚ ਕਰਨ ਤੋਂ ਰੋਕਿਆ। 2025 ਵਿੱਚ ਡੈਪੂਟੇਸ਼ਨ ’ਤੇ ਚੋਣ ਕਮਿਸ਼ਨ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਖੰਨਾ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਦੇ ਅਧੀਨ ਰਾਸ਼ਟਰੀ ਸੂਚਨਾ ਵਿਗਿਆਨ ਕੇਂਦਰ ਨਾਲ ਜੁੜੀ ਹੋਈ ਸੀ। ਗਰਗ ਚੋਣ ਸੰਸਥਾ ਵਿੱਚ ਪ੍ਰਸ਼ਾਸਨ ਦਾ ਵਾਧੂ ਚਾਰਜ ਮਿਲਣ ਤੋਂ ਤੁਰੰਤ ਬਾਅਦ ਦੋ ਚੋਣ ਕਮਿਸ਼ਨਰਾਂ ਨਾਲ ਸਲਾਹ ਕੀਤੇ ਬਿਨਾਂ ਕੰਮ ਦੀ ਵੰਡ ਵਿੱਚ ਤਬਦੀਲੀ ਕਰਨ ਅਤੇ ਇੱਕ ਹੋਰ ਸਾਥੀ ਅਧਿਕਾਰੀ ਨੂੰ ਡੀ ਜੀ (ਆਈ ਟੀ) ਦੀ ਨਿਗਰਾਨੀ ਤੋਂ ਹਟਾਉਣ ਲਈ ਵਿਵਾਦਾਂ ਵਿੱਚ ਹੈ। ਹਿਮਾਚਲ ਪ੍ਰਦੇਸ਼ ਕੇਡਰ ਦੇ 1996 ਬੈਚ ਦੇ ਆਈ ਏ ਐੱਸ ਅਧਿਕਾਰੀ ਸਤੰਬਰ 2024 ਤੋਂ ਭਾਰਤੀ ਚੋਣ ਕਮਿਸ਼ਨ ਵਿੱਚ ਹੈ।

## ਧਾਂਦਲੀ ਹੋ ਰਹੀ ਤਾਂ ਚੋਣਾਂ ਨਾ ਲੜੋ : ਦੀਪਕੇ

**ਨਵੀਂ ਦਿੱਲੀ :** ਕਾਕਰੋਚ ਜਨਤਾ ਪਾਰਟੀ ਦੇ ਬਾਨੀ ਅਭਿਜੀਤ ਦੀਪਕੇ ਨੇ ਸ਼ੁੱਕਰਵਾਰ ਵਿਰੋਧੀ ਧਿਰਾਂ ਨੂੰ ਅਪੀਲ ਕੀਤੀ ਕਿ ਜੇ ਉਨ੍ਹਾਂ ਨੂੰ ਲੱਗਦਾ ਹੈ ਕਿ ਚੋਣ ਪ੍ਰਕਿਰਿਆ ਵਿੱਚ ਧਾਂਦਲੀ ਹੋ ਰਹੀ ਹੈ, ਤਾਂ ਉਹ ਚੋਣਾਂ ਵਿੱਚ ਹਿੱਸਾ ਲੈਣਾ ਬੰਦ ਕਰਨ। ਵਿਰੋਧੀ ਧਿਰਾਂ ਦੀ ਲਗਾਤਾਰ ਸ਼ਮੂਲੀਅਤ ਅਜਿਹੀਆਂ ਚੋਣਾਂ ਨੂੰ ਜਾਇਜ਼ ਠਹਿਰਾਉਂਦੀ ਹੈ ਅਤੇ ਇਹ ਭਰਮ ਪੈਦਾ ਕਰਦੀ ਹੈ ਕਿ ਚੋਣਾਂ ਨਿਰਪੱਖ ਹੋ ਰਹੀਆਂ ਹਨ।

ਦੀਪਕੇ ਨੇ ‘ਐਕਸ’ ’ਤੇ ਲਿਖਿਆ ਕਿ ਵਿਰੋਧੀ ਧਿਰਾਂ ਚੋਣਾਂ ਵਿੱਚ ਧਾਂਦਲੀ ਦਾ ਦੋਸ਼ ਵੀ ਲਾਉਂਦੀਆਂ ਹਨ ਅਤੇ ਨਾਲ ਹੀ ਚੋਣਾਂ ਵੀ ਲੜਦੀਆਂ ਹਨ। ਕੀ ਵਿਰੋਧੀ ਧਿਰਾਂ ਸਿਆਸੀ ਵਜੂਦ ਖਤਮ ਹੋਣ ਦੇ ਡਰੋਂ ਚੋਣਾਂ ਲੜ ਰਹੀਆਂ ਹਨ? ਦੀਪਕੇ ਮੁਤਾਬਕ ਵੋਟਾਂ ਦੀ ਚੋਰੀ, ਵਿਧਾਇਕਾਂ- • ਬਾਕੀ ਸਫਾ 2 ’ਤੇ

## ਫਾਰਮਾਸਿਸਟਾਂ ਦੀ ਚੋਣ ਪ੍ਰਕਿਰਿਆ ’ਤੇ ਰੋਕ

**ਚੰਡੀਗੜ੍ਹ :** ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫਾਰਮਾਸਿਸਟ/ਫਾਰਮੇਸੀ ਅਫਸਰਾਂ ਦੇ 454 ਅਹੁਦਿਆਂ ਲਈ ਚੋਣ ਪ੍ਰਕਿਰਿਆ ’ਤੇ ਰੋਕ ਲਾ ਦਿੱਤੀ ਹੈ। ਬੈਂਚ ਨੇ, ਮੁੱਢਲੇ ਤੌਰ ’ਤੇ, ਪਾਇਆ ਕਿ 19 ਜੁਲਾਈ ਨੂੰ ਹੋਈ ਪ੍ਰੀਖਿਆ ਦੌਰਾਨ ਪ੍ਰਸ਼ਨ ਪੱਤਰ ਲਾਈਵ ਲੀਕ ਹੋ ਗਿਆ ਸੀ ਅਤੇ ਡਿਜੀਟਲ ਅਤੇ ਇਲੈਕਟ੍ਰਾਨਿਕ ਸਾਧਨਾਂ ਰਾਹੀਂ ਉਮੀਦਵਾਰਾਂ ਨੂੰ ਜਵਾਬ ਸਪਲਾਈ ਕੀਤੇ ਜਾ ਰਹੇ ਸਨ। ਜਸਟਿਸ ਸੰਦੀਪ ਮੌਦਗਿਲ ਨੇ ਸੂਬਾ ਸਰਕਾਰ ਤੋਂ ਇਹ ਸਪੱਸ਼ਟੀਕਰਨ ਵੀ ਮੰਗਿਆ ਹੈ ਕਿ ਇਸ ਮਾਮਲੇ ਦੀ ਜਾਂਚ ਸੀ ਬੀ ਆਈ ਨੂੰ ਕਿਉਂ ਨਾ ਸੌਂਪੀ ਜਾਵੇ। ਜਸਟਿਸ ਮੌਦਗਿਲ ਨੇ ਦੇਖਿਆ ਕਿ ਪੰਜਾਬ ਪੁਲਸ ਵੱਲੋਂ ਕੀਤੀ ਗਈ ਮੁੱਢਲੀ ਪੜਤਾਲ ਤੋਂ ਪਤਾ ਲੱਗਿਆ ਹੈ ਕਿ ਪਾਸ ਹੋਣ ਦੀ ਗਰੰਟੀ ਲਈ ਪ੍ਰਤੀ ਉਮੀਦਵਾਰ 3.5 ਲੱਖ ਤੋਂ 13 ਲੱਖ ਰੁਪਏ ਤੱਕ ਦੀ ਭਾਰੀ ਰਕਮ ਵਸੂਲੀ ਜਾ ਰਹੀ ਸੀ ਅਤੇ ਕਈ ਉਮੀਦਵਾਰਾਂ ਨੇ ਧੋਖੇਬਾਜ਼ਾਂ ਨੂੰ ਵਿੱਤੀ ਗਰੰਟੀ ਵਜੋਂ ਤਾਰੀਖ ਤੋਂ ਬਾਅਦ ਦੇ ਚੈੱਕ (ਪੋਸਟ-ਡੇਟਿਡ ਚੈੱਕ) ਦਿੱਤੇ ਸਨ।

## ਚੰਡੀਗੜ੍ਹ ’ਚ ਹੌਲਦਾਰ ਦੀ ਹੱਤਿਆ

**ਚੰਡੀਗੜ੍ਹ :** ਸੈਕਟਰ 9 ਸਥਿਤ ਪੁਲਸ ਹੈੱਡਕੁਆਰਟਰ ਵਿਖੇ ਤਾਇਨਾਤ ਹੈੱਡ ਕਾਂਸਟੇਬਲ ਨਿਤਿਨ ਕੁਮਾਰ ਦੀ ਸ਼ੁੱਕਰਵਾਰ ਤੜਕਸਾਰ ਉਸ ਦੇ ਸੈਕਟਰ 22-ਏ ਸਥਿਤ ਘਰ ਵਿੱਚ ਸੁੱਤੇ ਪਏ ਨੂੰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਜਾਂਚ ਦੌਰਾਨ ਘਰ ਦੀ ਛੱਤ ਤੋਂ ਇੱਕ ਦੇਸੀ ਪਿਸਤੌਲ ਬਰਾਮਦ ਹੋਇਆ ਹੈ। ਪੁਲੀਸ ਨੇ ਮ੍ਰਿਤਕ ਦੇ ਪੁੱਤਰ ਅਰਮਾਨ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਸ਼ੁਰੂਆਤੀ ਜਾਂਚ ਵਿੱਚ ਮਾਮਲਾ ਘਰੇਲੂ ਕਲੇਸ਼ ਨਾਲ ਜੁੜਿਆ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਸੂਤਰਾਂ ਅਨੁਸਾਰ ਅਰਮਾਨ ਦਾ ਪਹਿਲਾਂ ਵੀ ਅਪਰਾਧਿਕ ਰਿਕਾਰਡ ਰਿਹਾ ਹੈ। 24-25 ਫਰਵਰੀ ਦੀ ਦਰਮਿਆਨੀ ਰਾਤ ਉਸ ’ਤੇ ਥਾਰ ਗੱਡੀ ਨਾਲ ਮੋਟਰਸਾਈਕਲ ਨੂੰ ਟੱਕਰ ਮਾਰਨ ਦਾ ਦੋਸ਼ ਹੈ, ਜਿਸ ਹਾਦਸੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਸੀ। ਉਹ ਇਸ ਮਾਮਲੇ ਵਿੱਚ ਜ਼ਮਾਨਤ ’ਤੇ ਬਾਹਰ ਆਇਆ ਹੋਇਆ ਸੀ।

## ਬ੍ਰਿਜ ਭੂਸ਼ਣ ਨੂੰ ਬਰੀ ਕਰਨ ਨੂੰ ਚੁਣੌਤੀ



**ਨਵੀਂ ਦਿੱਲੀ :** ਮਹਿਲਾ ਭਲਵਾਨਾਂ ਨੇ ਜਿਨਸੀ ਸ਼ੋਸ਼ਣ ਮਾਮਲੇ ਵਿੱਚ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਸਾਬਕਾ ਮੁਖੀ ਤੇ ਸਾਬਕਾ ਭਾਜਪਾ ਸਾਂਸਦ ਬ੍ਰਿਜ ਭੂਸ਼ਣ ਸ਼ਰਨ ਸਿੰਘ ਦੇ ਬਰੀ ਹੋਣ ਨੂੰ ਰਾਊਜ਼ ਐਵੇਨਿਊ ਕੋਰਟ ਵਿੱਚ ਚੁਣੌਤੀ ਦਿੱਤੀ ਹੈ, ਜਿਸ ’ਤੇ ਸ਼ਨੀਵਾਰ ਨੂੰ ਸੁਣਵਾਈ ਹੋਵੇਗੀ।

## ਕਾਨੂੰਨ ਘਾੜਿਆਂ ਖਿਲਾਫ ਕੇਸਾਂ ਦੀ ਸੁਣਵਾਈ ਛੇਤੀ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਦੇਸ਼ ਭਰ ਵਿੱਚ ਕਾਨੂੰਨਘਾੜਿਆਂ ਨਾਲ ਜੁੜੇ ਅਪਰਾਧਿਕ ਕੇਸਾਂ ਦੇ ਜਲਦੀ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ਾਂ ਦੀ ਮੰਗ ਕਰਨ ਵਾਲੀ 2016 ਦੀ ਇੱਕ ਜਨਹਿਤ ਪਟੀਸ਼ਨ ਨੂੰ ਫੌਰੀ ਸੁਣਵਾਈ ਲਈ ਸੂਚੀਬੱਧ ਕਰਨ ’ਤੇ ਸਹਿਮਤੀ ਪ੍ਰਗਟਾਈ। ਚੀਫ ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਏਮਾਲਿਆ ਬਾਗਚੀ ਦੀ ਬੈਂਚ ਵਿੱਚ ਸ਼ਾਮਲ ਜੱਜਾਂ ਵਿੱਚੋਂ ਇੱਕ, ਜਸਟਿਸ ਵੀ ਮੋਹਨਾ ਨੇ 18 ਅਗਸਤ ਨੂੰ ਇਸ ਕੇਸ ਦੀ ਸੁਣਵਾਈ ਤੋਂ ਆਪਣੇ ਆਪ ਨੂੰ ਵੱਖ ਕਰ ਲਿਆ ਸੀ, ਇਹ ਕਹਿੰਦੇ ਹੋਏ ਕਿ ਉਹ ਪਹਿਲਾਂ ਇਸ ਮਾਮਲੇ ਵਿੱਚ ਸੀਨੀਅਰ ਵਕੀਲ ਵਜੋਂ ਪੇਸ਼ ਹੋ ਚੁੱਕੇ ਹਨ। ਤਿਲੰਗਾਨਾ ਦੇ ਮੁੱਖ ਮੰਤਰੀ ਅਨੁਮੁਲਾ ਰੇਵੰਤ ਰੈਡੀ ਦੇ ਖਿਲਾਫ 89 ਕੇਸ ਹਨ, ਉਸ ਤੋਂ ਬਾਅਦ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਖਿਲਾਫ 29 ਅਤੇ ਕਰਨਾਟਕ ਦੇ ਮੁੱਖ ਮੰਤਰੀ ਡੀ ਕੇ ਸ਼ਿਵਕੁਮਾਰ ਖਿਲਾਫ 19 ਕੇਸ ਹਨ।

## ਗਿਆਨੇਸ਼ ਵਿਰੁੱਧ ਮੁਕੱਦਮੇ ਲਈ ਸੁਪਰੀਮ ਕੋਰਟ ’ਚ ਪਟੀਸ਼ਨ

**ਨਵੀਂ ਦਿੱਲੀ :** ਵੋਟਰ ਸੂਚੀਆਂ ਦੀ ਐੱਸ ਆਈ ਆਰ ਦੇ ਸੰਬੰਧ ਵਿੱਚ ਕਾਨੂੰਨੀ ਡਿਊਟੀਆਂ ਦੀ ਕਥਿਤ ਉਲੰਘਣਾ ਨੂੰ ਲੈ ਕੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਅਪਰਾਧਿਕ ਮੁਕੱਦਮਾ ਚਲਾਉਣ ਦੀ ਮੰਗ ਕਰਦਿਆਂ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਹੈ।

ਵਕੀਲ ਚੰਦ ਕੁਰੈਸ਼ੀ ਰਾਹੀਂ ਵਕੀਲ ਸ਼ੈਲੇਂਦਰ ਮਣੀ ਤ੍ਰਿਪਾਠੀ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਵਿੱਚ ਮੰਗ ਕੀਤੀ ਗਈ ਹੈ ਕਿ ਕੁਮਾਰ ਵੱਲੋਂ ਦੋ ਚੋਣ ਕਮਿਸ਼ਨਰਾਂ ਦੀ ਸਹਿਮਤੀ ਤੋਂ ਬਿਨਾਂ ਕਥਿਤ ਤੌਰ ’ਤੇ ਲਏ ਗਏ ਫੈਸਲਿਆਂ, ਦਿਸ਼ਾ-ਨਿਰਦੇਸ਼ਾਂ ਅਤੇ ਸਾਫਟਵੇਅਰ ਸੋਧਾਂ ਨੂੰ ਗੈਰ-ਸੰਵਿਧਾਨਕ ਅਤੇ ਰੱਦ ਐਲਾਨਿਆ ਜਾਵੇ। ਇਹ ਵੀ ਮੰਗ ਕੀਤੀ ਗਈ ਹੈ ਕਿ ਐੱਸ ਆਈਆਰ ਨਾਲ ਸੰਬੰਧਤ ਅਜਿਹੇ ਸਾਰੇ ਫੈਸਲਿਆਂ ਨੂੰ ਗੈਰ-ਕਾਨੂੰਨੀ ਘੋਸ਼ਿਤ ਕੀਤਾ ਜਾਵੇ ਅਤੇ ਅਸਲ ਫਾਰਮ 6 ਨੂੰ ਬਹਾਲ ਕੀਤਾ ਜਾਵੇ। ਪਟੀਸ਼ਨਰ ਨੇ ਲੋਕ ਪ੍ਰਤੀਨਿਧਤਾ ਐਕਟ ਤਹਿਤ ਆਪਣੀਆਂ ਕਾਨੂੰਨੀ ਡਿਊਟੀਆਂ ਦੀ ਉਲੰਘਣਾ ਦਾ ਦੋਸ਼ ਲਗਾਉਂਦੇ ਹੋਏ ਕੁਮਾਰ, ਡਿਪਟੀ ਚੋਣ ਕਮਿਸ਼ਨਰ ਮਨੀਸ਼ ਗਰਗ ਅਤੇ ਚੋਣ ਕਮਿਸ਼ਨ ਦੀ ਆਈ ਟੀ ਮੁਖੀ ਸੀਮਾ ਖੰਨਾ ਦੇ ਅਪਰਾਧਿਕ ਮੁਕੱਦਮੇ ਦੀ ਮੰਗ ਕੀਤੀ ਹੈ।

## ਮੋਦੀ ਦੀ ਵਰਕਰਾਂ ਨੂੰ ਸਲਾਹ

**ਨਵੀਂ ਦਿੱਲੀ :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਨੂੰ ਵੋਟ ਬੈਂਕ ਦੀ ਸਿਆਸਤ ਦੀ ਬਜਾਏ ਸਮਾਜਿਕ ਸੁਧਾਰਾਂ ਅਤੇ ਹਾਂਪੱਖੀ ਬਦਲਾਅ ’ਤੇ ਧਿਆਨ ਕੇਂਦਰਿਤ ਕਰਨ ਦਾ ਸੱਦਾ ਦਿੱਤਾ ਹੈ। ਵਾਰਾਣਸੀ ਤੋਂ ਵਡਨਗਰ ਤੱਕ ਚੱਲ ਰਹੀ ਮੋਟਰਸਾਈਕਲ ਰੈਲੀ ‘ਸੇਵਾ ਯਾਤਰਾ’ ਦੇ ਭਾਗੀਦਾਰਾਂ ਨਾਲ ਵਰਚੁਅਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 12 ਸਾਲਾਂ ਦੌਰਾਨ ਦੇਸ਼ ਵਿੱਚ ਸ਼ਹਿਰਾਂ ਅਤੇ ਪਿੰਡਾਂ ਵਿਚਾਲੇ ਪਾੜਾ ਕਾਫੀ ਘਟਿਆ ਹੈ। ਪੇਂਡੂ ਖੇਤਰਾਂ ਦੇ ਬੁਨਿਆਦੀ ਢਾਂਚੇ ਵਿੱਚ ਵੱਡਾ ਸੁਧਾਰ ਆਇਆ ਹੈ ਅਤੇ ਔਰਤਾਂ ਦੀ ਆਤਮ-ਨਿਰਭਰਤਾ ਵੀ ਵਧੀ ਹੈ।

# ਭਾਜਪਾ ਯੂਨੀਵਰਸਿਟੀਆਂ ’ਚੋਂ ਪੰਜਾਬ ਦਾ ਇਤਿਹਾਸ ਮਿਟਾ ਰਹੀ : ਧਾਲੀਵਾਲ

- ਭਾਜਪਾ-ਅਕਾਲੀ ਦਲ ਗੱਠਜੋੜ ਪੰਜਾਬ ਲਈ ਖ਼ਤਰਨਾਕ ਹੋਵੇਗਾ : ਬੰਤ ਬਰਾੜ
- ਏਟਕ ਦੀ ਕੌਮੀ ਕਾਨਫ਼ਰੰਸ 22 ਤੋਂ 26 ਨਵੰਬਰ ਤੱਕ ਬੇਂਗਲੁਰੂ ’ਚ : ਆਸਲ





**ਜਲੰਧਰ (ਗਿਆਨ ਸੈਦਪੁਰੀ)**

‘ਜਿੱਥੇ ਭਾਰਤੀ ਜਨਤਾ ਪਾਰਟੀ ਦਾ ਤਾਨਾਸ਼ਾਹ ਚਿਹਰਾ ਹੋਰ ਭਿਆਨਕ ਹੋ ਰਿਹਾ ਹੈ, ਉੱਥੇ ਇਸ ਨੂੰ ਅੰਦਰੋਂ ਹੀ ਮਾਰਾਂ ਵੀ ਪੈ ਰਹੀਆਂ ਹਨ।’ ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਦੇ ਸਕੱਤਰ ਤੇ ਏਟਕ ਦੇ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕੀਤਾ। ਉਹ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਲੁਧਿਆਣਾ ਵਿਖੇ ਏਟਕ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਕਿਹਾ ਕਿ ਮਨੂੰ ਸਿਮਰਤੀ ਦੀ ਵਿਚਾਰਧਾਰਾ ਲਾਗੂ ਕਰਨ ਦੇ ਵਿਚਰਨ ਵਰਤਾਰੇ ਦੌਰਾਨ ਯੂਨੀਵਰਸਿਟੀਆਂ ਦੇ ਸਿਲੇਬਸ ਵਿੱਚੋਂ ਪੰਜਾਬ ਦਾ ਇਤਿਹਾਸ ਮਿਟਾਇਆ ਜਾ ਰਿਹਾ ਹੈ। ਆਰਮੀ ਸਕੂਲਾਂ ਵਿੱਚ ਸੰਸਕ੍ਰਿਤ ਥੋਪੀ ਜਾ ਰਹੀ ਹੈ।

ਕਾਮਰੇਡ ਧਾਲੀਵਾਲ ਨੇ ਕਿਹਾ ਕਿ ਕਮਿਊਨਿਸਟ ਪਾਰਟੀ ਕੌਮੀ ਪੱਧਰ ਦੀ ਸਿਆਸੀ ਧਿਰ ਹੈ। ਅਸੀਂ ਕਿਉਂਕਿ ਪੰਜਾਬ ’ਚ ਵਸਦੇ ਹਾਂ, ਇਸ ਕਰਕੇ ਪੰਜਾਬ ਦੇ ਹੱਕਾਂ ’ਤੇ ਪਹਿਰਾ ਦੇਣਾ ਵੀ ਸਾਡੇ ਸਰੋਕਾਰਾਂ ਵਿੱਚ ਸ਼ਾਮਲ ਹੈ। ਕਾਮਰੇਡ ਧਾਲੀਵਾਲ ਨੇ ਕਿਹਾ ਕਿ ਪੰਜਾਬ ਵਿੱਚ ਪਾਣੀ ਦਾ ਪੱਧਰ ਹੀ ਨੀਵਾਂ ਨਹੀਂ ਹੋਇਆ, ਸਗੋਂ ਇਹ ਪ੍ਰਦੂਸ਼ਿਤ ਵੀ ਹੋਇਆ ਹੈ। ਪਾਣੀ ਦੀ ਬਰਬਾਦੀ ਲਈ ਸਿਰਫ਼ ਝੋਨੇ ਵਰਗੀਆਂ ਫ਼ਸਲਾਂ ਹੀ ਨਹੀਂ, ਸਨਅਤਾਂ ਵੀ ਜ਼ਿੰਮੇਵਾਰ ਹਨ। ਕਮਿਊਨਿਸਟ ਆਗੂ ਨੇ ਚੰਡੀਗੜ੍ਹ, ਯੂਨੀਵਰਸਿਟੀ, ਸਿਹਤ ਸਿੱਖਿਆ, ਮਹਿੰਗਾਈ ਤੇ ਬੇਰੁਜ਼ਗਾਰੀ ਆਦਿ ਮੁੱਦਿਆਂ ਦਾ ਵਿਸਥਾਰ ਨਾਲ ਵਰਣਨ ਕੀਤਾ। ਕਾਮਰੇਡ ਧਾਲੀਵਾਲ ਨੇ ਆਪਣੀ ਗੱਲ ਜਾਰੀ ਰੱਖਦਿਆਂ ਕਿਹਾ ਕਿ ਭਾਜਪਾ ਨੇ ਰਾਮ ਮੰਦਰ ਦੇ ਨਾਂਅ ’ਤੇ ਵੋਟਾਂ ਲਈਆਂ ਸਨ। ਉੱਥੋਂ ਦੇ ਧਾਰਮਿਕ ਪ੍ਰਬੰਧ ਲਈ ਲਏ ਅੱਠ ਬੰਦੇ ਕਿਸ ਕਾਮਾਸ਼ ਦੇ ਨਿਕਲੇ, ਇਹ ਸਭ ਦੇ ਸਾਹਮਣੇ ਹੈ। ਇਹੋ ਜਿਹੇ ਵਰਤਾਰਿਆਂ ਕਾਰਨ ਰਾਮ ਮੰਦਰ ਦਾ ਚੜ੍ਹਾਵਾ ਵੀ ਘਟ ਗਿਆ ਹੈ। ਮੱਧ ਪ੍ਰਦੇਸ਼ ਵਿੱਚ ਆਰ ਐੱਸ ਐੱਸ ਦੀਆਂ 50 ਸ਼ਾਖਾਵਾਂ ਬੰਦ ਹੋ ਗਈਆਂ ਹਨ। ਉਨ੍ਹਾ ਕਿਹਾ ਕਿ ਬਿਹਾਰ ਵਿੱਚ ਜਿਸ ਸੀਟ ਤੋਂ ਭਾਜਪਾ 30 ਸਾਲ ਤੋਂ ਜਿੱਤਦੀ ਆ ਰਹੀ ਸੀ, ਉਹ ਸੀਟ ਜ਼ਿਮਨੀ ਚੋਣ ਵਿੱਚ ਪ੍ਰਸ਼ਾਂਤ ਕਿਸ਼ੋਰ ਨੇ ਖੋਹ ਲਈ ਹੈ।

ਇਸ ਤੋਂ ਪਹਿਲਾਂ ਮੀਟਿੰਗ ਦੀ ਸ਼ੁਰੂਆਤ ਵਿੱਚ ‘ਨਵਾਂ ਜ਼ਮਾਨਾ’ ਦੇ ਸੰਪਾਦਕ ਕਾਮਰੇਡ ਚੰਦ ਫਤਿਹਪੁਰੀ ਅਤੇ ਕਾਮਰੇਡ ਜੰਗ ਸਿੰਘ ਸਿਰਥਲਾ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਸੀ ਪੀ ਆਈ ਦੇ ਕੌਮੀ ਸਕੱਤਰ ਤੇ ਏਟਕ ਪੰਜਾਬ ਦੇ ਪ੍ਰਧਾਨ ਕਾਮਰੇਡ ਬੰਤ ਸਿੰਘ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜੇਕਰ ਪੰਜਾਬ ਵਿੱਚ ਅਕਾਲੀ ਦਲ ਬਾਦਲ ਦਾ ਭਾਜਪਾ ਨਾਲ ਗੱਠਜੋੜ ਹੁੰਦਾ ਹੈ ਤਾਂ ਇਹ ਖ਼ਤਰਨਾਕ ਸਾਬਤ ਹੋਵੇਗਾ। ਜਦੋਂ ਤੋਂ ਭਾਜਪਾ ਨੇ ਅਕਾਲੀ ਦਲ ਨਾਲ ਗੱਠਜੋੜ ਦਾ ਸੰਕੇਤ • ਬਾਕੀ ਸਫਾ 2 ’ਤੇ

# ਮੁੱਖ ਮੰਤਰੀ ’ਤੇ ਪੀੜਤਾ ਦੀ ਪਛਾਣ ਜੱਗ-ਜ਼ਾਹਰ ਕਰਨ ਦਾ ਦੋਸ਼

**ਪਟਨਾ :** ਬਿਹਾਰ ਦੇ ਜਮੂਈ ਵਿੱਚ ਸੜਕ ਦੁਰਵਿਵਹਾਰ ਦਾ ਸ਼ਿਕਾਰ ਹੋਏ ਇੱਕ ਵਿਅਕਤੀ ਦੇ ਪਰਿਵਾਰ ਦੀਆਂ ਫੋਟੋਆਂ ਸਾਂਝੀਆਂ ਕਰਨ ’ਤੇ ਵਿਵਾਦ ਖੜ੍ਹਾ ਹੋ ਗਿਆ ਹੈ, ਜਿਸਨੇ ਵੀਰਵਾਰ ਨੂੰ ਮੁੱਖ ਮੰਤਰੀ ਸਮਰਾਟ ਚੌਧਰੀ ਨਾਲ ਮੁਲਾਕਾਤ ਕੀਤੀ ਸੀ।

ਸਮਰਾਟ ਚੌਧਰੀ ਨੇ ਆਪਣੇ ਐੱਕਸ ਹੈਂਡਲ ਦੀ ਵਰਤੋਂ ਕਰਕੇ ਮੀਟਿੰਗ ਦੀ ਫੋਟੋ ਨੂੰ ਧੁੰਦਲਾ ਕੀਤੇ ਬਿਨਾਂ ਸਾਂਝਾ ਕੀਤਾ। ਇਸਨੂੰ 15 ਮਿੰਟ ਬਾਅਦ ਮਿਟਾ ਦਿੱਤਾ ਗਿਆ। ਅਪੋਜ਼ੀਸ਼ਨ ਆਗੂ ਤੇਜਸਵੀ ਯਾਦਵ ਨੇ ਸਮਰਾਟ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਆਰ ਜੇ ਡੀ ਸੰਸਦ ਮੈਂਬਰ ਮੀਸਾ ਭਾਰਤੀ ਨੇ ਵੀ ਪੋਸਟ ’ਤੇ ਸਵਾਲ ਉਠਾਏ ਹਨ ਅਤੇ ਐੱਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਹੈ। ਜਮੂਈ ਵਿੱਚ ਇੱਕ ਕੁੜੀ ਨਾਲ ਛੇੜਛਾੜ ਤੋਂ ਬਾਅਦ, ਉਸਦੇ ਪਰਿਵਾਰ ਨੇ ਮੁੱਖ ਮੰਤਰੀ ਸਮਰਾਟ ਚੌਧਰੀ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੂੰ ਮਿਲਣ ਤੋਂ ਬਾਅਦ, ਪੀੜਤ ਲੜਕੀ ਦੀ ਮਾਂ ਨੇ ਕਿਹਾ, “ਸਾਡੀ ਧੀ ਨਾਲ ਵਾਪਰੀ ਘਟਨਾ ਕਾਰਨ ਅਸੀਂ ਅਜੇ ਵੀ ਦੁਖੀ ਹਾਂ, ਪਰ ਕੀਤੀ ਗਈ • ਬਾਕੀ ਸਫਾ 2 ’ਤੇ



## ਬਿਹਾਰ ’ਚ ਛੇੜਛਾੜ ਦੀ ਤੀਜੀ ਘਟਨਾ

**ਪਟਨਾ (ਨ ਜ਼ ਸ)**-ਬਿਹਾਰ ਦੇ ਮਸ਼ਹੂਰ ਸੈਰ-ਸਪਾਟਾ ਸਥਾਨ ਮੰਡਾਰ ਹਿੱਲ ’ਤੇ ਨੌਜਵਾਨਾਂ ਦੇ ਗਰੁੱਪ ਵੱਲੋਂ ਮੁਟਿਆਰ ਨੂੰ ਤੰਗ-ਪ੍ਰੇਸ਼ਾਨ ਕਰਦੇ ਹੋਏ ਦਿਖਾਇਆ ਗਿਆ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋਇਆ ਹੈ। ਇਸ ਤੋਂ ਕੁਝ ਦਿਨ ਪਹਿਲਾਂ ਜਮੂਈ ਅਤੇ ਸਮਸਤੀਪੁਰ ਵਿੱਚ ਵੀ ਅਜਿਹੀਆਂ ਘਟਨਾਵਾਂ ਸਾਹਮਣੇ ਆਈਆਂ ਸਨ। ਕੇਂਦਰੀ ਮੰਤਰੀ ਚਿਰਾਗ ਪਾਸਵਾਨ ਨੇ ਇਨ੍ਹਾਂ ਘਟਨਾਵਾਂ ਨੂੰ ਸ਼ਰਮਨਾਕ ਦੱਸਦੇ ਹੋਏ • ਬਾਕੀ ਸਫਾ 2 ’ਤੇ




## ਅੱਜ-ਨਾਮਾ

ਖੌਰੂ ਸਿਆਸਤ ਦਾ ਪੈਂਦਾ ਪੰਜਾਬ ਅੰਦਰ,
ਹਰ ਕੋਈ ਦੂਜਿਆਂ ਤੋਂ ਬਣੇ ਤੇਜ਼ ਮੀਆਂ।
ਵਿਰੋਧ ਖਾਤਰ ਜਿਉਂ ਸਭ ਵਿਰੋਧ ਕਰਦੇ,
ਰਿਹਾ ਨਾ ਬੋਲਣ ਦਾ ਕੋਈ ਬੰਧੇਜ ਮੀਆਂ।
ਦੁਸ਼ਮਣ ਸਮਾਜ ਦਾ ਆਖ ਕੇ ਹੋਰਨਾਂ ਨੂੰ,
ਵਿਖਾਉਂਦੇ ਆਪ ਪੰਜਾਬ ਦਾ ਹੇਜ ਮੀਆਂ।
ਦੂਸ਼ਣ ਵੀ ਏਦਾਂ ਦਾ ਚੋਣਵਾਂ ਲਾਈ ਜਾਂਦੇ,
ਜਿਹੜਾ ਸਿਖਰਾਂ ਦਾ ਸਨਸਨੀਖੇਜ਼ ਮੀਆਂ।
ਧੀ ਨਹੀਂ ਭੈਣ ਦਾ ਕੋਈ ਲਿਹਾਜ਼ ਰਹਿੰਦਾ,
ਲੋਈ ਸ਼ਰਮ ਦੀ ਜਾਂਦੀ ਆ ਲਾਹੀ ਮੀਆਂ।
ਇਹੋ ਕੁਝ ਚੱਲੂਗਾ ਚੋਣਾਂ ਦੇ ਹੋਣ ਤੀਕਰ,
ਸਮਾਜ ਲਈ ਮਾੜੀ ਹੈ ਬੇਵਸਾਹੀ ਮੀਆਂ।

-ਤੀਸ ਮਾਰ ਖਾਂ

# ਧਾਮੀ ਕੀ ਛੁਪਾਉਣ ਦੀ ਕੋਸ਼ਿਸ਼ ਕਰ ਰਹੇ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਸ਼ੁੱਕਰਵਾ ਸ਼੍ਰੋਮਣੀ ਅਕਾਲੀ ਦਲ (ਬਾਦਲ) ਤੇ ਐੱਸ ਜੀ ਪੀ ਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ’ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਐੱਸ ਜੀ ਪੀ ਸੀ ਦੀ ਸਰਾਂ ਨਾਲ ਜੁੜੇ ਵਿਵਾਦ ਅਤੇ ਅਮਰਜੀਤ ਸਿੰਘ ਚਾਵਲਾ ਤੇ ਮਲਕੀਤ ਸਿੰਘ ਵਿਰੁੱਧ ਦਰਜ ਹੋਈ ਐੱਫ ਆਈ ਆਰ ਨੂੰ ਲੈ ਕੇ ਤਿੱਖਾ ਹਮਲਾ ਬੋਲਿਆ। ਪੰਨੂ ਨੇ ਕਿਹਾ ਕਿ ਚਾਵਲਾ ਅਤੇ ਮਲਕੀਤ ਸਿੰਘ ਨੂੰ ਪੰਥ ਵਿੱਚੋਂ ਖਾਰਜ ਕੀਤੇ ਜਾਣ ਤੋਂ ਬਾਅਦ ਵੀ, ਐੱਸ ਜੀ ਪੀ ਸੀ ਨੇ ਆਪਣੀਆਂ ਸੰਸਥਾਵਾਂ ਅਤੇ ਗੁਰਦੁਆਰਿਆਂ ਦੇ ਬਾਹਰ ਇੱਕ ਵੀ ਬੋਰਡ ਨਹੀਂ ਲਗਾਇਆ, ਜਿਸ ਵਿੱਚ ਸਿੱਖ ਸੰਗਤ ਨੂੰ ਇਹ ਜਾਣਕਾਰੀ ਦਿੱਤੀ ਗਈ ਹੋਵੇ ਕਿ ਉਨ੍ਹਾਂ ਨਾਲ ਕੋਈ ਸੰਬੰਧ ਨਾ ਰੱਖਿਆ ਜਾਵੇ।ਪ੍ਰੈੱਸ ਕਾਨਫਰੰਸ ਦੌਰਾਨ ਪੰਨੂ ਨੇ ਕਿਹਾ ਕਿ ਧਾਮੀ ਪ੍ਰੈੱਸ ਕਾਨਫਰੰਸ ਤੋਂ ਬਚ ਰਹੇ ਹਨ ਅਤੇ ਇਸ ਦੀ ਬਜਾਏ ਚਾਰ ਮੈਂਬਰੀ ਕਮੇਟੀ ਦਾ ਐਲਾਨ ਕਰਨ ਲਈ ਵੀਡੀਓ ਰਾਹੀਂ ਸਾਹਮਣੇ ਆਏ ਹਨ। ਉਨ੍ਹਾ ਕਮੇਟੀ ਨੂੰ ਜਵਾਬ ਦੇਣ ਲਈ 15 ਦਿਨਾਂ ਦਾ ਸਮਾਂ ਦਿੱਤਾ ਹੈ। 15 ਦਿਨ ਦੇਣ ਦਾ ਕੀ ਮਕਸਦ ਹੈ? ਕੀ ਧਾਮੀ ਨੂੰ ਉਮੀਦ ਹੈ ਕਿ 15 ਦਿਨਾਂ ਬਾਅਦ ਲੋਕ ਇਸ ਮਾਮਲੇ ਨੂੰ ਭੁੱਲ ਜਾਣਗੇ? ਸਿੱਖ ਬੁੱਧੀਜੀਵੀ ਅਤੇ ਵੱਖ-ਵੱਖ ਸਿੱਖ ਜਥੇਬੰਦੀਆਂ ਹੁਣ ਸਵਾਲ ਪੁੱਛ ਰਹੀਆਂ ਹਨ ਅਤੇ ਐੱਸ ਜੀ ਪੀ ਸੀ ਨੂੰ ਉਨ੍ਹਾਂ ਦੇ ਜਵਾਬ ਦੇਣੇ ਪੈਣਗੇ।

ਕਮੇਟੀ ਦੇ ਗਠਨ ’ਤੇ ਸਵਾਲ ਚੁੱਕਦਿਆਂ ਪੰਨੂ ਨੇ ਪੁੱਛਿਆ ਕਿ ਜੂਨੀਅਰ ਮੈਂਬਰ ਉਨ੍ਹਾਂ ਸੀਨੀਅਰ ਆਗੂਆਂ ਤੋਂ ਪੁੱਛਗਿੱਛ ਕਿਵੇਂ ਕਰ ਸਕਦੇ ਹਨ, ਜਿਨ੍ਹਾਂ ਦੇ ਨਾਂਅ ਇਸ ਵਿਵਾਦ ਵਿੱਚ ਸਾਹਮਣੇ ਆਏ ਹਨ। ਔਰਤ ਨੇ ਖ਼ੁਦ ਆਪਣੀ ਵੀਡੀਓ ਵਿੱਚ ਕਿਹਾ ਹੈ ਕਿ ਉਹ ਆਪਣੀ ਸ਼ਿਕਾਇਤ ਲੈ ਕੇ ਲੋਕਾਂ ਕੋਲ ਗਈ ਸੀ। ਇਸ ਮਾਮਲੇ ਵਿੱਚ ਸੁਖਬੀਰ ਸਿੰਘ ਬਾਦਲ ਅਤੇ ਹਰਜਿੰਦਰ ਸਿੰਘ ਧਾਮੀ ਦੇ ਨਾਂਅ ਲਏ ਗਏ ਹਨ। ਉਨ੍ਹਾ ਪੁੱਛਿਆ ਕੀ ਇਹ ਜੂਨੀਅਰ ਮੈਂਬਰ ਉਨ੍ਹਾਂ ਤੋਂ ਪੁੱਛਗਿੱਛ ਕਰਨਗੇ? ਇਹਨਾਂ ਚਾਰ ਮੈਂਬਰਾਂ ਵਿੱਚੋਂ ਕਿਸੇ ਕੋਲ ਅਜਿਹੇ ਗੰਭੀਰ ਮਾਮਲੇ ਦੀ ਜਾਂਚ ਕਰਨ ਲਈ ਲੋੜੀਂਦੀ ਕਾਨੂੰਨੀ ਮੁਹਾਰਤ ਹੈ?

ਉਨ੍ਹਾ ਕਿਹਾ ਕਿ ਜੇਕਰ ਐੱਸ ਜੀ ਪੀ ਸੀ ਸੱਚਮੁੱਚ ਨਿਰਪੱਖ ਜਾਂਚ ਚਾਹੁੰਦੀ ਹੁੰਦੀ, ਤਾਂ ਉਹ ਕਿਸੇ ਸੇਵਾਮੁਕਤ ਸਿੱਖ ਜੱਜ ਜਾਂ ਕਿਸੇ ਸੇਵਾ-ਮੁਕਤ ਪੁਲਿਸ ਅਧਿਕਾਰੀ ਨੂੰ ਸ਼ਾਮਲ ਕਰ ਸਕਦੀ ਸੀ, ਜੋ • ਬਾਕੀ ਸਫਾ 2 ’ਤੇ

## ਚੰਦ ਫਤਿਹਪੁਰੀ ਦਾ ਤੁਰ ਜਾਣਾ ਖੱਬੀ ਲਹਿਰ ਲਈ ਨਾ ਪੂਰਾ ਹੋਣ ਵਾਲਾ ਘਾਟਾ : ਧੀਰ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬੀ ਪੱਤਰਕਾਰੀ ਤੇ ਖੱਬੀ ਲਹਿਰ ਦੇ ਉੱਘੇ ਪੱਤਰਕਾਰ, 'ਨਵਾਂ ਜ਼ਮਾਨਾ' ਅਖ਼ਬਾਰ ਦੇ ਮੁੱਖ ਸੰਪਾਦਕ ਸੀਪੀਆਈ ਦੇ ਸੀਨੀਅਰ ਆਗੂ ਕਾਮਰੇਡ ਚੰਦ ਫਤਿਹਪੁਰੀ ਦਾ ਤੁਰ ਜਾਣਾ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਜਿਸ ਦੀ ਪਰਵਾਈ ਕਰਨਾ ਬੜਾ ਮੁਸ਼ਕਲ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਦੋਰਾਹਾ ਦੇ ਸਕੱਤਰ ਕਾਮਰੇਡ ਨਿਰੰਜਨ ਸਿੰਘ ਧੀਰ ਨੇ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਜਾਣ ਨਾਲ ਖੱਬੀ ਧਿਰ, ਮਜ਼ਦੂਰ ਤੇ ਕਿਸਾਨ ਅਤੇ ਮਿਹਨਤਕਸ਼ ਲੋਕਾਂ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਵਰਗੇ ਕਾਮਰੇਡ ਦੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਇਸ ਸਮੇਂ ਪਿੰਡ ਬੁਆਣੀ ਦੇ ਸਰਪੰਚ ਕਰਨੈਲ ਸਿੰਘ, ਪਿੰਡ ਲੇਡਾ ਦੇ ਸਰਪੰਚ ਬਲਵਿੰਦਰ ਸਿੰਘ, ਪੰਚ ਰਾਜਵਿੰਦਰ ਸਿੰਘ ਲੇਡਾ, ਕਿਸਾਨ ਆਗੂ ਜਸਬੀਰ ਸਿੰਘ ਝੱਜ, ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਸਟਾਨਾ, ਰਣਜੀਤ ਸਿੰਘ ਮਨਕੂ, ਸਵਰਨ ਸਿੰਘ ਮਨਕੂ, ਦਰਬਾਰਾ ਸਿੰਘ ਪੀਐੱਡਬੀ ਦੋਰਾਹਾ, ਬਲਜੀਤ ਸਿੰਘ ਬੁਆਣੀ, ਹਰਭਜਨ ਸਿੰਘ, ਪੂਰਨ ਚੰਦ ਕਟਾਰੀਆ, ਜਸੀਵ ਆਨੰਦ ਆਦਿ ਸਾਥੀਆਂ ਨੇ ਚੰਦ ਫਤਿਹਪੁਰੀ ਨੂੰ ਲਾਲ ਸਲਾਮ ਕਿਹਾ ਤੇ ਸ਼ਰਧਾਂਜਲੀਆਂ ਭੇਂਟ ਕੀਤੀਆਂ।

## ਰਾਮਗੜ੍ਹੀਆ ਭਾਈਚਾਰੇ ਦੇ ਹੱਕਾਂ ਦੀ ਰਾਖੀ ਲਈ ਪੂਰਾ ਸਮਾਜ ਇਕਜੁੱਟ : ਸੀਹਰਾ/ਨੈਨੀ



**ਜਗਰਾਉਂ (ਸੰਜੀਵ ਅਰੋੜਾ)**-ਅਕਾਲੀ ਦਲ ਦੀ ਸਟੇਜ 'ਤੇ ਬਲਵਿੰਦਰ ਸ਼ਰਮਾ ਵੱਲੋਂ ਰਾਮਗੜ੍ਹੀਆ ਸਮਾਜ ਪ੍ਰਤੀ ਵਰਤੀ ਗਈ ਮਾੜੀ ਤੇ ਭੱਦੀ ਸ਼ਬਦਾਵਲੀ ਖ਼ਿਲਾਫ਼ ਰਾਮਗੜ੍ਹੀਆ ਭਾਈਚਾਰੇ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ। ਇਸ ਮੌਕੇ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਚੇਅਰਮੈਨ ਹਾਕਮ ਸਿੰਘ ਸੀਹਰਾ ਤੇ ਜ਼ਿਲ੍ਹਾ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਨੈਨੀ ਨੇ ਸਾਂਝੇ ਤੌਰ 'ਤੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਬਲਵਿੰਦਰ ਸ਼ਰਮਾ 'ਤੇ ਪੁਲਸ ਵੱਲੋਂ ਮਾਮਲਾ (ਪਰਚਾ) ਦਰਜ ਕਰਨ ਲਈ ਪ੍ਰਸ਼ਾਸਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਬਹੁਤ ਜ਼ਰੂਰੀ ਹਨ ਤਾਂ ਜੋ ਭਵਿੱਖ ਵਿੱਚ ਕੋਈ ਵੀ ਵਿਅਕਤੀ ਕਿਸੇ ਵੀ ਸਮਾਜ ਜਾਂ ਭਾਈਚਾਰੇ ਲਈ ਗਲਤ ਸ਼ਬਦਾਵਲੀ ਵਰਤਣ ਦੀ ਜੁਰੱਅਤ ਨਾ ਕਰ ਸਕੇ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਰਾਮਗੜ੍ਹੀਆ ਸਮਾਜ ਜੇਕਰ ਦੂਜਿਆਂ ਨੂੰ ਇੱਜ਼ਤ ਦੇਣਾ ਜਾਣਦਾ ਹੈ ਤਾਂ ਆਪਣੀ ਇੱਜ਼ਤ ਕਰਵਾਉਣੀ ਵੀ ਚੰਗੀ ਤਰ੍ਹਾਂ ਜਾਣਦਾ ਹੈ। ਸਾਡਾ ਸਮਾਜ ਆਪਣੇ ਮਾਣ-ਸਤਿਕਾਰ ਨਾਲ ਕੋਈ ਸਮਝੌਤਾ ਨਹੀਂ ਕਰੇਗਾ। ਚੇਅਰਮੈਨ ਹਾਕਮ ਸਿੰਘ ਸੀਹਰਾ ਤੇ ਗੁਰਪ੍ਰੀਤ ਸਿੰਘ ਨੈਨੀ ਨੇ ਇੱਕੋ ਕਾਲ 'ਤੇ ਵੱਡੀ ਗਿਣਤੀ ਵਿੱਚ ਥਾਣਾ ਪਹੁੰਚਣ ਲਈ ਸਮੂਹ ਰਾਮਗੜ੍ਹੀਆ ਭਾਈਚਾਰੇ ਦੇ ਸੰਗਠਨਾਂ ਦਾ ਕੋਟਿ-ਕੋਟਿ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਰਾਮਗੜ੍ਹੀਆ ਭਾਈਚਾਰਕ ਸਾਂਝ ਤੇ ਹੱਕਾਂ ਦੀ ਰਾਖੀ ਲਈ ਪੂਰਾ ਸਮਾਜ ਇਕਜੁੱਟ ਤੇ ਚਟਾਨ ਵਾਂਗ ਨਾਲ ਖੜ੍ਹਾ ਹੈ।

## ਐੱਲ ਡੀ ਆਰ ਕਾਨਵੈਂਟ ਸਕੂਲ ਨੇ ਐਥਲੈਟਿਕਸ 'ਚ ਮਾਰੀਆਂ ਮੱਲਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਥਲੈਟਿਕਸ ਦੇ ਜ਼ੋਨ ਲੈਵਲ ਦੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਐੱਲ.ਡੀ.ਆਰ. ਕਾਨਵੈਂਟ ਸਕੂਲ ਦੇ 13 ਬੱਚਿਆਂ ਨੇ ਭਾਗ ਲਿਆ ਤੇ ਵੱਖ-ਵੱਖ ਈਵੈਂਟਾਂ ਵਿੱਚ ਪੁਜ਼ੀਸ਼ਨਾਂ ਹਾਸਲ ਕੀਤੀਆਂ, ਜਿਥੇ ਕਿ ਅੰਡਰ-17 ਲੜਕੀਆਂ ਵਿੱਚ ਪ੍ਰਭਰੂਪ ਕੌਰ ਨੇ 100 ਮੀਟਰ ਦੌੜ 'ਚ ਪਹਿਲਾ ਸਥਾਨ, ਵਰਸ਼ਪ੍ਰੀਤ ਕੌਰ ਨੇ 1500 ਮੀਟਰ ਦੌੜ 'ਚ ਦੂਜਾ, ਤਾਜਵੀਰ ਕੌਰ ਨੇ 400 ਮੀਟਰ ਦੌੜ 'ਚ ਪਹਿਲਾ ਤੇ ਲੰਬੀ ਛਾਲ 'ਚ ਦੂਜਾ, ਦਰਸ਼ਪਰੀਤ ਕੌਰ ਨੇ 800 ਮੀਟਰ ਦੌੜ 'ਚ ਦੂਜਾ, ਏਕਨੂਰ ਬਰਾੜ ਨੇ 200 ਮੀਟਰ ਦੌੜ 'ਚ ਪਹਿਲਾ ਤੇ ਜਸਨੂਰਦੀਪ ਕੌਰ ਨੇ 200 ਮੀਟਰ ਦੌੜ 'ਚ ਦੂਜਾ ਅਤੇ 1500 ਮੀਟਰ ਦੌੜ 'ਚ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-14 ਲੜਕੀਆਂ ਵਿੱਚ ਸਾਬੀਪ੍ਰੀਤ ਕੌਰ ਨੇ 100 ਮੀਟਰ ਦੌੜ 'ਚ ਤੇ ਲੰਬੀ ਛਾਲ 'ਚ ਪਹਿਲਾ, ਅੰਸ਼ਪ੍ਰੀਤ ਕੌਰ ਨੇ 200 ਮੀਟਰ ਦੌੜ 'ਚ ਪਹਿਲਾ ਤੇ ਗੁਰਜੋਤ ਕੌਰ ਨੇ 400 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਵਿੱਚੋਂ 7 ਲੜਕੀਆਂ ਨੇ ਜ਼ਿਲ੍ਹਾ ਲਈ ਕੁਆਲੀਫਾਈ ਕੀਤਾ। ਇਸ ਮੌਕੇ ਸਕੂਲ ਦੇ ਚੇਅਰਮੈਨ ਅਜੇ ਅਰੋੜਾ ਤੇ ਸਕੂਲ ਪ੍ਰਿੰਸੀਪਲ ਮੈਡਮ ਗੁੰਜਨ ਵੱਲੋਂ ਪੀ.ਟੀ.ਆਈ. ਟੀਚਰ, ਗੁਰਜਿੰਦਰ ਸਿੰਘ, ਸਟਾਫ ਤੇ ਸਮੂਹ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਇਸੇ ਤਰ੍ਹਾਂ ਤਰੱਕੀਆਂ ਕਰਨ ਦੀ ਪ੍ਰੇਰਨਾ ਦਿੱਤੀ।

## ਬਲਿਹਾਰ ਸਮਸਪੁਰ ਨੂੰ ਸਨੌਰ ਹਲਕੇ 'ਚ ਮਿਲਿਆ ਭਰਵਾਂ ਹੁੰਗਾਰਾ



**ਸਨੌਰ/ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ ਤੋਂ ਕਾਂਗਰਸ ਦੇ ਸੰਭਾਵੀ ਉਮੀਦਵਾਰ ਅਤੇ ਸੀਨੀਅਰ ਕਾਂਗਰਸੀ ਆਗੂ ਬਲਿਹਾਰ ਸਿੰਘ ਸਮਸਪੁਰ ਨੇ ਕਾਂਗਰਸ ਦੀ ਚੋਣ ਮੁਹਿੰਮ ਵਿੱਚ ਤੇਜ਼ੀ ਲਿਆਉਂਦਿਆਂ ਹਲਕੇ ਦੇ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੀਤੇ ਦਿਨੀ ਉਹਨਾਂ ਨੇ ਪੰਜਾਬ ਕਾਂਗਰਸ ਦੇ ਮੁੱਖੀ ਮੀਡੀਅਨ ਪਾਈਲਟ ਅਤੇ ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਮੁਲਾਕਾਤ ਕਰਕੇ ਸਨੌਰ ਵਿਧਾਨ ਸਭਾ ਹਲਕੇ ਦੀ ਰਾਜਸੀ ਜਾਣਕਾਰੀ ਬਾਰੇ ਵਿਸ਼ੇਸ਼ ਚਰਚਾ ਕੀਤੀ। ਪੱਤਰ ਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਮਸਪੁਰ ਨੇ ਪੰਜਾਬ ਸਰਕਾਰ ਦੇ ਤਮਾਮ ਦਾਅਵਿਆਂ ਦੀ ਫੂਕ ਕੱਢਦੇ ਹੋਏ ਕਿਹਾ ਕਿ ਸਰਕਾਰ ਨੇ ਪੇਂਡੂ ਖੇਤਰਾਂ 'ਚ ਸਥਿਤ ਸਿਹਤ ਕੇਂਦਰਾਂ ਦੀ ਹਾਲਤ ਤਰਸਯੋਗ ਬਣਾ ਦਿੱਤੀ ਹੈ। ਉਹਨਾਂ ਕਿਹਾ ਕਿ ਜਲਦ ਸਨੌਰ ਦੇ ਪੀ. ਐੱਚ. ਸੀ. ਦੁੱਧਨਸਾਧਾਂ ਅਧੀਨ ਆਉਂਦੇ ਸਬ-ਸੈਂਟਰ ਦੇਵੀਗੜ੍ਹ ਦੀ ਬਦਤਰ ਹਾਲਤ ਬਣੀ ਹੋਈ ਹੈ ਅਤੇ ਪਾਰਟੀ ਜਾਂ ਕੋਈ ਸਰਕਾਰੀ ਅਧਿਕਾਰੀ ਸੈਂਟਰ ਦਾ ਜਾਇਜ਼ਾ ਨਹੀਂ ਲੈ ਰਿਹਾ ਸਿਆ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਗਮਾਡਾ ਵਿੱਚ 10 ਹਜ਼ਾਰ ਕਰੋੜ ਦਾ ਵੱਡਾ ਘੁਟਾਲਾ ਕੀਤਾ ਹੈ।

## ਬਾਣੀ ਵਿਚਾਰ ਚੇਤਨਾ ਮੰਚ ਵੱਲੋਂ ਸੈਮੀਨਾਰ ਅੱਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਪੰਜਾਬ ਤੇ ਪੰਜਾਬ ਤੋਂ ਬਾਹਰ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਕਰਵਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਤਹਿਤ ਨੌਵਾਂ ਸੈਮੀਨਾਰ ਪਟਿਆਲਾ ਦੇ ਰਣਜੀਤ ਨਗਰ ਨਿਊਨਾ ਚੌਕ ਵਿਚ ਸਥਿਤ ਸ੍ਰੀ ਗੁਰੂ ਰਵਿਦਾਸ ਭਵਨ ਵਿਖੇ 26 ਸਤੰਬਰ ਨੂੰ ਕਰਵਾਇਆ ਜਾ ਰਿਹਾ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਮੰਚ ਦੇ ਸੀ. ਮੀਤ ਪ੍ਰਧਾਨ ਸੁਰਿੰਦਰ ਕੌਰ ਮਾਜਰੀ ਤੇ ਸ੍ਰੀ ਗੁਰੂ ਰਵਿਦਾਸ ਮਿਸ਼ਨਰੀ ਸੋਸਾਇਟੀ ਰਜਿ. ਦੇ ਪ੍ਰੈੱਸ ਸਕੱਤਰ ਗੁਰਮੁਖ ਸਿੰਘ ਨੇ ਕਿਹਾ ਹੈ ਕਿ ਸ੍ਰੀ ਗੁਰੂ ਰਵਿਦਾਸ ਮਿਸ਼ਨਰੀ ਸੋਸਾਇਟੀ ਰਜਿ. ਦੇ ਸਹਿਯੋਗ ਨਾਲ ਇਹ ਸੈਮੀਨਾਰ ਸਵੇਰੇ 10 ਵਜੇ ਤੋਂ 2 ਵਜੇ ਤੱਕ ਹੋਵੇਗਾ। ਜਿਸ ਵਿਚ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਵਿਦਵਾਨ ਡਾ. ਸੁਰਜੀਤ ਸਿੰਘ ਭੱਟੀ ਕੁੰਜੀਵਤ ਭਾਸ਼ਣ ਦੇਣਗੇ। ਜਦ ਕਿ ਵਿਸ਼ੇਸ਼ ਪੇਪਰ ਡਾ. ਸੁਖਦੇਵ ਸਿੰਘ ਜਗਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਪੜ੍ਹਨਗੇ।ਪ੍ਰਧਾਨ ਨੰਦ ਲਾਲ ਨੇ ਕਿਹਾ ਕਿ ਸੈਮੀਨਾਰ ਦਾ ਸੰਚਾਲਨ ਭਾਸ਼ਾ ਪ੍ਰਬੰਧ ਵਿਦਵਾਨ ਡਾ. ਗੁਰਮੀਤ ਕੌਰ ਮਾਜਰੀ ਕਰੇਗੀ। ਜਦ ਕਿ ਵਿਸ਼ੇਸ਼ ਤੌਰ 'ਤੇ ਸੈਮੀਨਾਰ ਦੀ ਰਹਿਨੁਮਾਈ ਮੰਚ ਦੇ ਪ੍ਰਧਾਨ ਗੁਰਨਾਮ ਸਿੰਘ ਅਕੀਦਾ ਤੇ ਮੰਚ ਦੇ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਸੈਮੀਨਾਰ ਦੀ ਪ੍ਰਧਾਨਗੀ ਕਰਨਗੇ।

## ਐੱਮ ਏ ਐੱਮ ਸਕੂਲ ਦੀ ਐਥਲੈਟਿਕਸ 'ਚ ਸ਼ਾਨਦਾਰ ਕਾਰਗੁਜ਼ਾਰੀ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਦੇ ਵਿਦਿਆਰਥੀਆਂ ਸਕੂਲ ਸਿੱਖਿਆ ਵਿਭਾਗ ਪੰਜਾਬ ਦੀਆਂ 70ਵੀਆਂ ਜ਼ੋਨ ਐਥਲੈਟਿਕ ਮੀਟ ਲੁਧਿਆਣਾ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਖਿਡਾਰੀਆਂ ਨੇ ਐਥਲੈਟਿਕਸ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਤਗਮੇ ਹਾਸਲ ਕੀਤੇ।ਅੰਡਰ-14 ਵਰਗ ਵਿੱਚ ਏਕਮਜੋਤ ਸਿੰਘ ਬੇਨੀਪਾਲ ਨੇ ਸ਼ਾਟ ਪੁਟ ਵਿੱਚ ਦੂਜਾ ਸਥਾਨ ਹਾਸਲ ਕੀਤਾ ਜਦ ਕਿ 100 ਮੀਟਰ ਦੌੜ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।ਅੰਡਰ-17 ਵਰਗ ਵਿੱਚ ਅਭਿਜੀਤ ਸਿੰਘ ਨੇ 100 ਮੀਟਰ ਦੌੜ ਵਿੱਚ ਤੀਜਾ ਸਥਾਨ ਅਤੇ 110 ਮੀਟਰ ਅੜਿੱਕਾ ਦੌੜ ਵਿੱਚ ਦੂਜਾ ਸਥਾਨ ਹਾਸਲ ਕੀਤਾ। ਏਕਮਜੋਤ ਸਿੰਘ ਨੇ 110 ਮੀਟਰ ਅੜਿੱਕਾ ਦੌੜ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਪ੍ਰਤੇਕ ਸਿੰਘ ਨੇ 800 ਮੀਟਰ ਦੌੜ ਅਤੇ 1500 ਮੀਟਰ ਦੌੜ ਵਿੱਚ ਦੂਜਾ ਸਥਾਨ ਹਾਸਲ ਕੀਤਾ। ਕ੍ਰਿਸ਼ਨਾ ਵਰਮਾ ਨੇ 200 ਮੀਟਰ ਦੌੜ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ।ਇਸੇ ਵਰਗ ਦੀ 4-100 ਮੀਟਰ ਰਿਲੇਅ ਟੀਮ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ। ਟੀਮ ਵਿੱਚ ਅਭਿਜੀਤ ਸਿੰਘ, ਸਮਰ ਪ੍ਰਤਾਪ ਸਿੰਘ ਥਾਪਾ, ਏਕਮਜੋਤ ਸਿੰਘ ਅਤੇ ਕ੍ਰਿਸ਼ਨਾ ਵਰਮਾ ਸ਼ਾਮਲ ਸਨ।ਅੰਡਰ-19 ਵਰਗ ਵਿੱਚ ਅਰਸ਼ਦੀਪ ਸਿੰਘ ਬਾਠ ਨੇ ਸ਼ਾਟ ਪੁਟ ਵਿੱਚ ਚੌਥਾ ਸਥਾਨ ਪ੍ਰਾਪਤ ਕੀਤਾ। ਵੰਸ਼ਦੀਪ ਸਿੰਘ ਨੇ ਜੈਵਲਿਨ ਥਰੋ ਵਿੱਚ ਤੀਜਾ ਅਤੇ ਸ਼ਾਟ ਪੁਟ ਵਿੱਚ ਚੌਥਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ ਮੈਡਮ ਦੀਪਤੀ ਅਤੇ ਡਿਪਟੀ ਡਾਇਰੈਕਟਰ ਚਰਨਪ੍ਰੀਤ ਕੌਰ ਸੰਧੂ ਨੇ ਸਾਰੇ ਖਿਡਾਰੀਆਂ, ਖੇਡ ਅਧਿਆਪਕਾਂ ਰਣਪ੍ਰੀਤ ਕੌਰ ਅਤੇ ਹਰਪ੍ਰੀਤ ਸਿੰਘ ਅਤੇ ਮਾਪਿਆਂ ਨੂੰ ਵਧਾਈ ਦਿੱਤੀ।

# ਆੜ੍ਹਤੀਆ ਐਸੋਸੀਏਸ਼ਨ ਨੇ ਖੇਤੀ ਮੰਤਰੀ ਖੁੱਡੀਆਂ ਨੂੰ ਦਿੱਤਾ ਮੰਗ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਆੜ੍ਹਤੀਆਂ ਦੇ ਇੱਕ ਵਫ਼ਦ ਵੱਲੋਂ ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਆੜ੍ਹਤੀਆਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਗਿਆ। ਜਿਸ ਵਿਚ ਵਿਸ਼ੇਸ਼ ਤੌਰ 'ਤੇ ਰਾਹੁਲ ਤਿਵਾੜੀ ਪ੍ਰਮੁੱਖ ਸਕੱਤਰ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਵਰਿੰਦਰ ਸ਼ਰਮਾ ਡਾਇਰੈਕਟਰ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਅਜੀਵੀਰ ਸਿੰਘ ਸਰਾਓ ਜੁਆਇੰਟ ਡਾਇਰੈਕਟਰ, ਖੁਰਾਕ ਤੇ ਸਿਵਲ ਸਪਲਾਈ ਵਿਭਾਗ, ਸਰਵੇਸ਼ ਕੁਮਾਰ ਜਨਰਲ ਮੈਨੇਜਰ (ਵਿੱਤ) ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿਚ ਆੜ੍ਹਤੀਆਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਤੋਂ ਬਾਅਦ ਅਧਿਕਾਰੀਆਂ ਨੇ ਕਈ ਅਹਿਮ ਮਸਲਿਆਂ ਦਾ ਮੌਕੇ 'ਤੇ ਹੀ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ । ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਅਤੇ ਬਾਕੀ ਆਹੁਦੇਦਾਰਾਂ ਨੇ ਇੱਕ ਮੰਗ ਪੱਤਰ ਵੀ ਸੌਂਪਿਆ। ਇਸ ਤੋਂ ਬਾਅਦ ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਰਾਣਾ ਨੇ ਦੱਸਿਆ ਕਿ ਲੰਬਾ ਸਮਾਂ ਬੀਤ ਜਾਣ ਦੇ ਬਾਵਜੂਦ ਵੀ, ਪ੍ਰਵਾਨ ਕੀਤੇ ਗਏ ਮਸਲਿਆਂ ਸਬੰਧੀ ਅਜੇ ਤੱਕ ਕੋਈ ਵੀ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ। ਨੋਟੀਫਿਕੇਸ਼ਨ ਦੀ ਅਣਹੋਂਦ ਕਾਰਨ ਹੇਠਲੇ ਪੱਧਰ 'ਤੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਇਹ ਫੈਸਲੇ ਲਾਗੂ ਨਹੀਂ ਕੀਤੇ ਜਾ ਰਹੇ, ਜਿਸ ਕਾਰਨ ਪੂਰੇ ਪੰਜਾਬ ਦੇ ਆੜ੍ਹਤੀਆਂ ਵਿੱਚ ਭਾਰੀ ਨਿਰਾਸ਼ਾ ਅਤੇ ਵਿੱਤੀ ਸੰਕਟ ਬਣਿਆ ਹੋਇਆ ਹੈ। ਮੀਟਿੰਗ ਵਿਚ ਰਜਿੰਦਰ ਕੁਮਾਰ ਅਰੋੜਾ ਜਨਰਲ ਸਕੱਤਰ, ਪੁਨੀਤ ਜੈਨ (ਬਨੂੜ) ਜਨਰਲ ਸਕੱਤਰ (ਜਥੇਬੰਦਕ), ਗੌਰਵ ਥੰਮਣ ਦਫ਼ਤਰ ਸਕੱਤਰ, ਸੀਨੀਅਰ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਪ੍ਰਧਾਨ, ਦਿਲਬਾਗ ਸਿੰਘ (ਤਰਨ ਤਾਰਨ) ਸੀਨੀਅਰ ਮੀਤ ਪ੍ਰਧਾਨ, ਸਤਵਿੰਦਰ ਸੈਣੀ (ਪਟਿਆਲਾ) ਸੀਨੀਅਰ ਮੀਤ ਪ੍ਰਧਾਨ, ਧੀਰਜ ਕੁਮਾਰ ਸੀਨੀਅਰ ਮੀਤ ਪ੍ਰਧਾਨ, ਨਰਿੰਦਰ ਕੁਮਾਰ ਬਹਿਲ ਜ਼ਿਲ੍ਹਾ ਪ੍ਰਧਾਨ, ਅੰਮ੍ਰਿਤਸਰ, ਦਵਿੰਦਰ ਸਿੰਘ ਵੇਦਵਾਨ ਜ਼ਿਲ੍ਹਾ ਪ੍ਰਧਾਨ, ਪਟਿਆਲਾ, ਅਜਮੇਰ ਸਿੰਘ ਧਾਲੀਵਾਲ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਅਵਤਾਰ ਸਿੰਘ ਜ਼ਿਲ੍ਹਾ ਪ੍ਰਧਾਨ, ਰੋਪੜ, ਪ੍ਰਦੀਪ ਮਿੱਤਲ ਭਵਾਨੀਗੜ੍ਹ, ਕੁਲਵਿੰਦਰ ਸਿੰਘ ਪੂਨੀਆ (ਮਲੋਟ), ਵਿੱਕੀ (ਮਾਛੀਵਾੜਾ), ਅਵਤਾਰ ਸਿੰਘ (ਮਾਛੀਵਾੜਾ), ਸੁਰਿੰਦਰ ਕੁਮਾਰ (ਅਹਿਮਦਗੜ੍ਹ), ਬਲਵਿੰਦਰ ਬਬਲੂ (ਧੂਰੀ), ਨਰਿੰਦਰ ਗਰਗ (ਸਮਾਣਾ), ਭੁਪਿੰਦਰ ਸਿੰਘ (ਦੂਧਨ)-ਕਿਸਾਨ ਯੂਨੀਅਨ ਆਗੂ, ਪ੍ਰਿਥੀਪਾਲ ਸਿੰਘ, ਮੰਡੇਰ ਸਾਹਿਬ, ਸਵਤੰਤਰ ਕੁਮਾਰ, ਅਵਤਾਰ ਸਿੰਘ ਜ਼ਿਲ੍ਹਾ ਪ੍ਰਧਾਨ ਰੋਪੜ, ਕਰਮਜੀਤ ਸਿੰਘ ਪ੍ਰਧਾਨ ਨਾਭਾ, ਕਰਮਜੀਤ ਬਲਬੇੜਾ, ਮੋਹਿੰਦਰ ਸਿੰਘ ਭਾਦਸੋਂ ਅਤੇ ਵੇਦ ਪ੍ਰਕਾਸ਼ ਦੇਵੀਗੜ੍ਹ ਵਿਸ਼ੇਸ ਤੌਰ 'ਤੇ ਹਾਜ਼ਰ ਸਨ

## ਭਾਜਪਾ 'ਚ 4 ਸਾਲਾਂ 'ਚ ਕੁਝ ਵੀ ਹਾਸਲ ਨਹੀਂ ਹੋਇਆ : ਕੈਪਟਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਆਖਿਆ ਹੈ ਕਿ ਭਾਜਪਾ ਵਿਚ ਚਾਰ ਸਾਲਾਂ ਵਿਚ ਕੁੱਝ ਵੀ ਹਾਸਲ ਨਹੀਂ ਹੋ ਸਕਿਆ ਹੈ।ਉਨ੍ਹਾਂ ਕਿਹਾ ਕਿ 2027 ਦੀ ਚੋਣਾਂ ਵਿੱਚ ਕਿਸੇ ਵੀ ਪਾਰਟੀ ਨੂੰ ਸਪੱਸ਼ਟ ਬਹੁਮਤ ਨਹੀਂ ਮਿਲੇਗਾ। ਉਨ੍ਹਾਂ ਤਰਕ ਦਿੱਤਾ ਕਿ ਪੰਜਾਬ ਵਿਚ ਭਾਜਪਾ ਕੋਲ ਕੋਈ ਖ਼ਾਸ ਜ਼ਮੀਨੀ ਸਮਰਥਨ ਨਹੀਂ ਹੈ। ਕੈਪਟਨ ਨੇ ਭਾਜਪਾ-ਸ਼੍ਰੋਮਣੀ ਅਕਾਲੀ ਦਲ ਗੱਠਜੋੜ ਦੀ ਜ਼ੋਰਦਾਰ ਹਮਾਇਤ ਕਰਦਿਆਂ ਕਿਹਾ ਕਿ ਜੇ ਭਾਜਪਾ ਸਰਕਾਰ ਬਣਾਉਣਾ ਚਾਹੁੰਦੀ ਹੈ ਤਾਂ ਭਾਜਪਾ ਨੂੰ ਅਕਾਲੀਆਂ ਨਾਲ ਗੱਠਜੋੜ ਦੀ ਲੋੜ ਹੈ ਜੋ ਉਸ ਦੇ ਪੁਰਾਣੇ ਭਾਈਵਾਲ ਹਨ।ਕੈਪਟਨ ਨੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਉਸ ਨੂੰ ਬਾਹਰ ਆਉਣ ਦਿਓ ਤੇ ਚੋਣ ਲੜਨ ਦਿਓ।ਉਨ੍ਹਾਂ ਕਿਹਾ ਕਿ ਜਿੰਨਾ ਚਿਰ ਉਸ ਨੂੰ ਜੇਲ੍ਹ ਵਿੱਚ ਰੱਖੋਗੇ ਉਹ ਓਨਾ ਹੀ ਪ੍ਰਸਿੱਧ ਹੁੰਦਾ ਜਾਵੇਗਾ।ਉਨ੍ਹਾਂ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਕੈਦ ਕੱਟ ਰਹੇ ਜਗਤਾਰ ਸਿੰਘ ਹਵਾਰਾ ਸਣੇ ਲੰਮੇ ਸਮੇਂ ਤੋਂ ਜੇਲ੍ਹ 'ਚ ਬੰਦ ਬੰਦੀ ਸਿੱਖਾਂ ਦੀ ਰਿਹਾਈ ਦੀ ਹਮਾਇਤ ਵੀ ਕੀਤੀ! ਦੂਸਰੇ ਪਾਸੇ ਬੀਬਾ ਜੈ ਇੰਦਰ ਕੌਰ ਨੇ ਕਿਹਾ ਹੈ ਕਿ ਅਮਰਿੰਦਰ ਸਿੰਘ ਭਾਜਪਾ 'ਚ ਹਨ ਤੇ ਭਾਜਪਾ ਵਿਚ ਹੀ ਰਹਿਣਗੇ!

## ਕੈਨੇਡਾ ਦੀ ਧਰਤੀ 'ਤੇ ਵੀ ਪੰਜਾਬੀਆਂ ਦੇ ਭੰਗੜੇ ਦੀ 'ਗੂੰਜ'

### ਆੜ੍ਹਤੀਆ ਯੂਨੀਅਨ ਦੇ ਆਗੂ ਪੱਪੂ ਪ੍ਰਧਾਨ ਨੇ ਵੀ ਲੁੱਟਿਆ ਨਜ਼ਾਰਾ



**ਬਠਿੰਡਾ (ਰਾਜੀਵ ਗੋਇਲ)**-ਪੰਜਾਬੀ ਭਾਵੇਂ ਕਿਤੇ ਵੀ ਹੋਣ, ਇਹ ਆਪਣੀ ਵੱਖਰੀ ਪਹਿਚਾਣ ਦੁਆਰਾ ਪਛਾਣੇ ਜਾਂਦੇ ਹਨ। ਖਾਣ-ਪੀਣ ਤੇ ਪਹਿਨਣ ਦੇ ਸ਼ੌਕੀਨ ਪੰਜਾਬੀ ਜਿੱਥੇ ਵੀ ਜਾਂਦੇ ਹਨ, ਹਰ ਇੱਕ ਨੂੰ ਆਪਣੇ ਵੱਲ ਖਿੱਚਦੇ ਹਨ ਭਾਵ ਪ੍ਰਭਾਵਿਤ ਕਰਦੇ ਹਨ। ਇਹ ਤਾਂ ਹੋ ਨਹੀਂ ਸਕਦਾ ਕਿ ਪੰਜਾਬੀ ਜਿੱਥੇ ਵੀ ਜਾਣ, ਉੱਥੇ ਆਪਣਾ ਭੰਗੜਾ ਨਾ ਪਾਉਣ। ਬਰੈਂਪਟਨ ਦੀ ਟੀਐੱਮਪੀ ਸੀਨੀਅਰ ਕਲੱਬ ਦੇ ਪੰਜਾਬੀ ਮੈਂਬਰਾਂ ਵੱਲੋਂ ਟੋਰਾਂਟੋ ਦੇ ਸੈਂਟਰਲ ਟਾਪੂ ਦੇ ਇੱਕ-ਦਿਨਾਂ ਟੂਰ ਮੌਕੇ ਉੱਥੋਂ ਦੀ ਫ਼ਿਜ਼ਾ ਵਿੱਚ ਪੰਜਾਬੀ ਸੱਭਿਆਚਾਰ ਦੇ ਰੰਗ ਭਰੇ ਗਏ। ਮਨੋਰੰਜਨ ਵਜੋਂ ਨਾਲ ਲਿਜਾਏ ਗਏ ਸਾਊਂਡ ਸਿਸਟਮ 'ਤੇ ਜਦੋਂ ਗਿੱਧੇ-ਭੰਗੜੇ ਵਾਲੇ ਗੀਤ ਸ਼ੁਰੂ ਹੋਏ ਤਾਂ ਹਰੇਕ ਮਰਦ-ਔਰਤ ਦੇ ਪੈਰ ਥਿਰਕਣੋਂ ਨਾ ਰਹਿ ਸਕੇ ਤੇ ਉੱਥੇ ਪੰਜਾਬ ਦੇ ਕਿਸੇ ਵਿਆਹ ਵਰਗਾ ਮਾਹੌਲ ਸਿਰਜ ਗਿਆ। ਪੰਜਾਬੀ ਸੰਗੀਤ ਨੇ ਆਪਣੀ ਧੁਨ ਤੇ ਕਲਾ ਦਾ ਅਜਿਹਾ ਜਾਦੂ ਬਿਖੇਰਿਆ ਕਿ ਕੋਲੋਂ ਲੰਘਦੇ ਗੋਰੇ-ਗੋਰੀਆਂ ਵੀ ਨਾਲ ਆ ਕੇ ਨੱਚਣ-ਟੱਪਣ ਲਈ ਮਜਬੂਰ ਹੋ ਗਏ। ਤਿੰਨ-ਚਾਰ ਘੰਟੇ ਚੱਲੇ ਇਸ ਪ੍ਰੋਗਰਾਮ ਦਾ ਆਨੰਦ ਉੱਥੇ ਸੈਰ-ਸਪਾਟੇ ਲਈ ਆਏ ਸੈਂਕੜੇ ਲੋਕਾਂ ਨੇ ਮਾਣਿਆ। ਇਸ ਟੂਰ ਵਿੱਚ ਜ਼ਿਲ੍ਹਾ ਬਠਿੰਡਾ ਦੇ ਕਸਬਾ ਭਗਤਾ ਨਾਲ ਸੰਬੰਧਤ ਆੜ੍ਹਤੀਆ ਯੂਨੀਅਨ ਦੇ ਆਗੂ ਵਿਜੈ ਕੁਮਾਰ ਪੱਪੂ ਪ੍ਰਧਾਨ ਵੀ ਆਪਣੀ ਧਰਮ ਪਤਨੀ ਸਮੇਤ ਸ਼ਾਮਲ ਸਨ, ਜਿਨ੍ਹਾਂ ਵੱਲੋਂ ਵੀ ਖੂਬ ਆਨੰਦ ਮਾਣਿਆ ਗਿਆ।

## ਮਾਤਾ ਗੁਜਰੀ ਕਾਲਜ ਵਿਖੇ ਸੌਲਿਡ ਵੇਸਟ ਮੈਨੇਜਮੈਂਟ 'ਤੇ ਵਿਸ਼ੇਸ਼ ਲੈਕਚਰ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੀ ਵੇਸਟ ਮੈਨੇਜਮੈਂਟ ਕਮੇਟੀ ਵੱਲੋਂ ਠੋਸ ਰਹਿੰਦ-ਖੂੰਹਦ ਦੇ ਸਹੀ ਪ੍ਰਬੰਧਨ ਸੰਬੰਧੀ ਜਾਗਰੂਕਤਾ ਪੈਦਾ ਕਰਨ ਲਈ ਸੌਲਿਡ ਵੇਸਟ ਮੈਨੇਜਮੈਂਟ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ।ਇਸ ਵਿੱਚ ਕਾਲਜ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਖੇਤੀਬਾੜੀ ਵਿਭਾਗ ਦੇ ਡਾ. ਜੁਝਾਰ ਸਿੰਘ ਨੇ ਲੈਕਚਰ ਦੌਰਾਨ ਠੋਸ ਰਹਿੰਦ-ਖੂੰਹਦ ਦੀ ਵੱਧ ਰਹੀ ਸਮੱਸਿਆ ਅਤੇ ਇਸ ਦੇ ਖੇਤੀਬਾੜੀ ਤੇ ਮਨੁੱਖੀ ਸਿਹਤ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਖਾਦ ਬਣਾਉਣ ਤੇ ਟਿਕਾਊ ਕੂੜਾ ਪ੍ਰਬੰਧਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਰਹਿੰਦ-ਖੂੰਹਦ ਘਟਾਉਣ ਤੇ ਵਾਤਾਵਰਣ-ਪੱਖੀ ਆਦਤਾਂ ਅਪਨਾਉਣ ਦੀ ਲੋੜ ਦੱਸੀ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕੂੜੇ ਦੇ ਸਹੀ ਪ੍ਰਬੰਧਨ ਦੀ ਮਹੱਤਤਾ ਉਜਾਗਰ ਕਰਦਿਆਂ ਵਿਦਿਆਰਥੀਆਂ ਤੇ ਸਟਾਫ਼ ਨੂੰ ਰੋਜ਼ਾਨਾ ਜੀਵਨ ਵਿੱਚ ਟਿਕਾਊ ਤੇ ਵਾਤਾਵਰਣ-ਪੱਖੀ ਤਰੀਕੇ ਅਪਣਾਉਣ ਲਈ ਪ੍ਰੇਰਿਤ ਕੀਤਾ।ਕਾਲਜ ਦੀ ਵੇਸਟ ਮੈਨੇਜਮੈਂਟ ਕਮੇਟੀ ਦੀ ਕਨਵੀਨਰ ਡਾ. ਮੋਨਿਕਾ ਨੇ ਧੰਨਵਾਦ ਦਾ ਮਤਾ ਪੇਸ਼ ਕਰਦਿਆਂ ਸਭ ਨੂੰ ਕੂੜਾ ਪ੍ਰਬੰਧਨ ਤੇ ਵਾਤਾਵਰਣ ਸੰਭਾਲ ਨਾਲ ਜੁੜੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਭਾਰਤ ਗਰੁੱਪ ਆਫ਼ ਕਾਲਜਿਜ਼ ਵਿੱਚ ਫ੍ਰੈਸ਼ਰ ਪਾਰਟੀ ਦਾ ਸ਼ਾਨਦਾਰ ਆਯੋਜਨ

**ਸਰਦੂਲਗੜ੍ਹ (ਅਵਤਾਰ ਸਿੰਘ)**-ਭਾਰਤ ਗਰੁੱਪ ਆਫ਼ ਕਾਲਜਿਜ਼, ਸਰਦੂਲਗੜ੍ਹ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਆਗਮਨ 2026 ਫ੍ਰੈਸ਼ਰ ਪਾਰਟੀ ਦਾ ਸ਼ਾਨਦਾਰ ਅਤੇ ਯਾਦਗਾਰੀ ਆਯੋਜਨ ਕੀਤਾ ਗਿਆ।ਸਮਾਗਮ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਕਾਲਜ ਨਾਲ ਜੋੜਨਾ ਅਤੇ ਉਨ੍ਹਾਂ ਲਈ ਕਾਲਜ ਜੀਵਨ ਦੀ ਇੱਕ ਚੰਗੀ ਉਤਸ਼ਾਹਪੂਰਨ ਸ਼ੁਰੂਆਤ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਦੀਪ ਜਲਾ ਕੇ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ, ਡਾਂਸ, ਗੀਤ, ਸੰਗੀਤ ਅਤੇ ਮਨੋਰੰਜਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।ਸ੍ਰੀ ਰਾਜੇਸ਼ ਗਰਗ,ਸੀ ਈ ਓ ਅਤੇ ਸ੍ਰੀ ਮੋਹਿਤ, ਐਡਮਿਸ਼ਨ ਡਾਇਰੈਕਟਰ, ਭਾਰਤ ਗਰੁੱਪ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਡਾਇਰੈਕਟਰ-ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ, ਅਨੁਸ਼ਾਸਨ, ਸਮੇਂ ਦੀ ਕਦਰ ਅਤੇ ਸਕਾਰਾਤਮਕ ਸੋਚ ਨੂੰ ਆਪਣੀ ਸਫਲਤਾ ਦਾ ਆਧਾਰ ਬਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੀਆਂ ਵਿੱਦਿਅਕ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।ਡਾ. ਸੁਖਵਿੰਦਰ ਸਿੰਘ ਜੌਲੀ, ਡਾਇਰੈਕਟਰ-ਪ੍ਰਿੰਸੀਪਲ, ਭਾਰਤ ਗਰੁੱਪ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।

'ਮਿਸਟਰ ਐਂਡ ਮਿਸ 2026' ਮੁਕਾਬਲਾ ਫਰੈਸ਼ਰਜ਼ ਪਾਰਟੀ ਦਾ ਇੱਕ ਵਿਸ਼ੇਸ਼ ਆਕਰਸ਼ਣ ਸੀ।ਇਸ ਤੋਂ ਇਲਾਵਾ, 'ਬੈਸਟ ਪਰਫਾਰਮਰ' ਦੀ ਚੋਣ ਵੀ ਕੀਤੀ ਗਈ ।

# 'ਖੇਡਾਂ ਵਤਨ ਪੰਜਾਬ ਦੀਆਂ' 'ਚ ਨਰੋਤਮ ਵਿੱਦਿਆ ਮੰਦਰ ਦੇ ਖਿਡਾਰੀਆਂ ਨੇ ਦਿਖਾਇਆ ਦਮ



**ਖੰਨਾ ਸੁਖਵਿੰਦਰ ਸਿੰਘ ਭਾਦਲਾ)**-ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਨਰੋਤਮ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਵਾਲੀਬਾਲ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਉਮਰ ਵਰਗਾਂ ਵਿੱਚ ਆਪਣੀ ਖੇਡ ਕਲਾ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਪੁਜ਼ੀਸ਼ਨਾਂ ਹਾਸਲ ਕੀਤੀਆਂ।ਵਾਲੀਬਾਲ ਅੰਡਰ-17 ਦੇ ਮੁਕਾਬਲੇ ਵਿੱਚ ਨਰੋਤਮ ਵਿੱਦਿਆ ਮੰਦਿਰ ਦੇ ਖਿਡਾਰੀਆਂ ਤਰਮਨਰੂਪ ਸਿੱਧੂ (+1), ਵੰਸ਼ ਮਲਿਕ (10ਵੀਂ), ਜਸਕਰਨ ਸਿੰਘ (+1), ਸਾਹਿਬਦੀਪ ਸਿੰਘ (9ਵੀਂ), ਜਪਮਨ ਸਿੰਘ (9ਵੀਂ), ਅਰਸ਼ਦੀਪ ਸਿੰਘ (9ਵੀਂ) ਅਤੇ ਅਦਿਤਿਆ (8ਵੀਂ) ਨੇ ਬਿਹਤਰੀਨ ਖੇਡ ਦਾ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਵਾਲੀਬਾਲ ਅੰਡਰ-21 ਵਰਗ ਵਿੱਚ ਨਵਨੀਤ ਸਿੰਘ (+1), ਅੰਸ਼ੁਮਨ (+1), ਕਰਨਵੀਰ (+1), ਅਭੀ (+1), ਜਸ਼ਨਪ੍ਰੀਤ ਸਿੰਘ (9ਵੀਂ) ਅਤੇ ਗੁਰਸ਼ਰਨ ਸਿੰਘ ਪਾਲ (+2) ਨੇ ਆਪਣੀ ਟੀਮ ਲਈ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ।ਸਕੂਲ ਦੇ ਖਿਡਾਰੀਆਂ ਨੇ ਯੂਨੀਕ ਅਕੈਡਮੀ ਵੱਲੋਂ ਵਾਲੀਬਾਲ ਦੇ ਮੁਕਾਬਲਿਆਂ ਵਿੱਚ ਵੀ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ। ਅੰਡਰ-14 ਵਰਗ ਵਿੱਚ ਅੰਸ਼ੁਮਨ (7ਵੀਂ) ਨੇ ਪਹਿਲਾ ਸਥਾਨ, ਅੰਡਰ-17 ਵਿੱਚ ਸਹਿਜਪ੍ਰੀਤ ਸਿੰਘ (+1) ਨੇ ਪਹਿਲਾ ਸਥਾਨ, ਜਦ ਕਿ ਅੰਡਰ-21 ਵਰਗ ਵਿੱਚ ਜਗਮੀਤ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ। ਸਕੂਲ ਦੇ ਮੁੱਖ ਅਧਿਆਪਕ ਆਦਰਸ਼ ਕੁਮਾਰ ਨੇ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਕੋਚ ਅਤੇ ਅਧਿਆਪਕ ਸੁਖਵੀਰ ਸਿੰਘ ਦੀ ਯੋਗ ਅਗਵਾਈ ਨੇ ਖਿਡਾਰੀਆਂ ਦੀ ਤਿਆਰੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਪ੍ਰਦੀਪ ਪੁੰਜ, ਵਾਈਸ ਪ੍ਰਿੰਸੀਪਲ ਕੰਚਨ ਸ਼ਰਮਾ, ਅਧਿਆਪਕ ਤੇ ਕੋਚ ਸੁਖਵੀਰ ਸਿੰਘ, ਗੌਰਵ ਪਾਂਧੀ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

## ਲਾਲਾ ਕਸਤੂਰੀ ਲਾਲ ਸਕੂਲ 'ਚ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਮਨਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਰਵਹਿੱਤਕਾਰੀ ਸਿੱਖਿਆ ਸਮਿਤੀ ਪੰਜਾਬ ਵੱਲੋਂ ਸੰਚਾਲਿਤ ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ, ਰਾਮਪੁਰਾ ਫੂਲ ਵਿਖੇ ਅਖਿਲ ਭਾਰਤੀ ਸਿੱਖਿਆ ਸੰਸਥਾਨ, ਨਵੀਂ ਦਿੱਲੀ ਵੱਲੋਂ ਆਯੋਜਿਤ 'ਨਮਾਮਿ ਭਾਰਤਮ' ਪ੍ਰੋਗਰਾਮ ਤਹਿਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨੂੰ ਸਮਰਪਤ ਸ਼ਾਨਦਾਰ ਸਮਾਗਮ ਕਰਵਾਇਆ ਗਿਆ।ਸਮਾਗਮ ਦੌਰਾਨ ਪੂਰਾ ਵਿੱਦਿਆ ਮੰਦਰ ਦੇਸ਼ ਭਗਤੀ, ਰਾਸ਼ਟਰੀ ਏਕਤਾ ਤੇ ਉਤਸ਼ਾਹ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਸਮਾਗਮ 'ਚ ਮੁੱਖ ਮਹਿਮਾਨ ਵਜੋਂ ਡੀ.ਐੱਸ.ਪੀ. ਰਾਮਪੁਰਾ ਫੂਲ ਮਨੋਜ ਕੁਮਾਰ ਤੇ ਐੱਸ.ਐੱਮ.ਓ. ਸਿਵਲ ਹਸਪਤਾਲ, ਰਾਮਪੁਰਾ ਫੂਲ ਸ੍ਰ. ਗੁਰਪ੍ਰੀਤ ਸਿੰਘ ਮਾਹਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਵਿਦਿਆਲੇ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਮੁੱਖ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡੇ ਤਿਰੰਗੇ ਨੂੰ ਸਲਾਮੀ ਦੇਣ ਨਾਲ ਹੋਈ। ਇਸ ਉਪਰੰਤ ਪ੍ਰਿੰਸੀਪਲ ਸੰਜੀਵ ਕੁਮਾਰ ਨੇ ਪ੍ਰਸਤਾਵਨਾ ਪੇਸ਼ ਕਰਦਿਆਂ 'ਵੰਦੇ ਮਾਤਰਮ' ਦੇ ਇਤਿਹਾਸਕ ਅਤੇ ਰਾਸ਼ਟਰੀ ਮਹੱਤਵ ਬਾਰੇ ਚਾਨਣਾ ਪਾਇਆ।ਨਿਰਧਾਰਤ ਪ੍ਰੋਗਰਾਮ ਅਨੁਸਾਰ ਠੀਕ ਸਵੇਰੇ 11:00 ਵਜੇ ਬਿਗੁਲ ਦੀ ਗੂੰਜ ਨਾਲ ਸਮੂਹਿਕ ਗਾਇਨ ਸ਼ੁਰੂ ਹੋਇਆ।ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਤੇ ਸਕੂਲ ਦੇ ਸਮੂਹ ਸਟਾਫ਼ ਨੇ ਪੂਰੇ ਉਤਸ਼ਾਹ ਨਾਲ ਇਸ ਵਿੱਚ ਹਿੱਸਾ ਲਿਆ।

# ਚੜਿੱਕ 'ਚ ਕਾਂਗਰਸ ਨੂੰ ਝਟਕਾ, ਕਈ ਪਰਵਾਰ ਆਪ 'ਚ ਸ਼ਾਮਲ

### ਪੰਜਾਬ ਦੀ ਤਰੱਕੀ ਲਈ ਮਿਲ ਕੇ ਕੰਮ ਕਰਾਂਗੇ : ਵਿਧਾਇਕ ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹੇ ਦੇ ਪਿੰਡ ਚੜਿੱਕ ਵਿੱਚ ਕਾਂਗਰਸ ਪਾਰਟੀ ਨੂੰ ਉਸ ਸਮੇਂ ਝਟਕਾ ਲੱਗਿਆ, ਜਦੋਂ ਬੂਟਾ ਸਿੰਘ, ਸੁਖਮੰਦਰ ਸਿੰਘ ਤੇ ਪੂਰਨ ਸਿੰਘ ਆਪਣੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਸ੍ਰ. ਰਵਿੰਦਰ ਸਿੰਘ ਗਿੱਲ ਦੇ ਸਹਿਯੋਗ ਨਾਲ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਪਾਰਟੀ ਨਾਲ ਜੁੜ ਰਹੇ ਹਨ।ਵਿਧਾਇਕ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਸਾਥੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਸਾਰਿਆਂ ਨੂੰ ਨਾਲ ਲੈ ਕੇ ਹਲਕੇ ਦੇ ਵਿਕਾਸ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਤੇ ਲੋਕਾਂ ਦੀ ਖੁਸ਼ਹਾਲੀ ਲਈ ਸਾਰਿਆਂ ਨੂੰ ਮਿਲ ਕੇ ਯਤਨ ਕਰਨ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਵਿਕਾਸ ਦੇ ਨਾਲ-ਨਾਲ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡ ਚੜਿੱਕ ਦੇ ਨਵੇਂ ਸਾਥੀਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਮੂਹ ਪਾਰਟੀ ਵਰਕਰਾਂ ਨੂੰ ਇਕਜੁੱਟ ਹੋ ਕੇ ਲੋਕਾਂ ਦੀ ਸੇਵਾ ਕਰਨ ਤੇ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ।ਇਸ ਮੌਕੇ ਪਿੰਡ ਚੜਿੱਕ ਦੀ ਸਮੂਹ ਗ੍ਰਾਮ ਪੰਚਾਇਤ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਵੱਖ-ਵੱਖ ਆਗੂ ਤੇ ਵਰਕਰ ਵੀ ਮੌਜੂਦ ਸਨ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਥੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਤੇ ਇਲਾਕੇ ਦੇ ਵਿਕਾਸ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।

## ਦਿੜ੍ਹਬਾ ਦੇ ਲੋਕ ਪੁੱਛ ਰਹੇ ਨੇ, ਨਸ਼ਾ ਘਟਿਆ ਕਿੱਥੇ : ਗੋਬਿੰਦ ਛਾਜਲੀ



**ਦਿੜ੍ਹਬਾ (ਜਸਵੀਰ ਲਾਡੀ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਦਿੜ੍ਹਬਾ ਹਲਕੇ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਲੈ ਕੇ ਲੋਕਾਂ ਵਿੱਚ ਗੰਭੀਰ ਚਿੰਤਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਲੋਕਾਂ ਦੇ ਤਜਰਬੇ ਤੇ ਨਸ਼ੇ ਨਾਲ ਹੋ ਰਹੀਆਂ ਮੌਤਾਂ ਦੇ ਮਾਮਲੇ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਕਰਦੇ ਹਨ।ਛਾਜਲੀ ਨੇ ਕਿਹਾ ਕਿ ਪੰਜਾਬ ਦੇ ਵਿੱਤ ਮੰਤਰੀ ਤੇ ਦਿੜ੍ਹਬਾ ਦੇ ਵਿਧਾਇਕ ਹਰਪਾਲ ਸਿੰਘ ਚੀਮਾ ਨੂੰ ਸਿਰਫ਼ ਸਰਕਾਰੀ ਬਿਆਨਾਂ ਤੱਕ ਸੀਮਤ ਰਹਿਣ ਦੀ ਬਜਾਏ ਦਿੜ੍ਹਬਾ ਦੇ ਲੋਕਾਂ ਸਾਹਮਣੇ ਨਸ਼ਿਆਂ ਬਾਰੇ ਸਪੱਸ਼ਟ ਤੇ ਅੰਕੜਿਆਂ ਸਮੇਤ ਰਿਪੋਰਟ ਰੱਖਣੀ ਚਾਹੀਦੀ ਹੈ।ਗੋਬਿੰਦ ਛਾਜਲੀ ਨੇ ਕਿਹਾ ਕਿ ਨੌਜਵਾਨਾਂ ਦੀਆਂ ਜ਼ਿੰਦਗੀਆਂ ਨਾਲ ਜੁੜੇ ਇਸ ਗੰਭੀਰ ਮਸਲੇ ਨੂੰ ਸਿਆਸੀ ਪ੍ਰਚਾਰ ਦਾ ਵਿਸ਼ਾ ਬਣਾਉਣ ਦੀ ਬਜਾਏ ਪਾਰਦਰਸ਼ੀ ਕਾਰਵਾਈ ਤੇ ਜਵਾਬਦੇਹੀ ਦੀ ਲੋੜ ਹੈ। ਲੋਕਾਂ ਦੇ ਸਵਾਲਾਂ ਦੇ ਜਵਾਬ ਦੇਣਾ ਸਰਕਾਰ ਤੇ ਚੁਣੇ ਹੋਏ ਨੁਮਾਇੰਦਿਆਂ ਦੀ ਜ਼ਿੰਮੇਵਾਰੀ ਹੈ।ਨਸ਼ਾ ਮੁਕਤ ਪੰਜਾਬ ਦੇ ਨਾਅਰੇ ਬਹੁਤ ਸੁਣ ਲਏ, ਹੁਣ ਦਿੜ੍ਹਬਾ ਦੇ ਲੋਕ ਅੰਕੜਿਆਂ ਤੇ ਜ਼ਮੀਨੀ ਨਤੀਜਿਆਂ ਦਾ ਹਿਸਾਬ ਮੰਗ ਰਹੇ ਹਨ।

## ਸਫਾ 1 ਦੇ ਬਾਕੀ...

### ਭਾਜਪਾ ਯੂਨੀਵਰਸਿਟੀਆਂ 'ਚੋਂ ...

ਦਿੱਤਾ ਹੈ, ਉਦੋਂ ਤੋਂ ਸਿਆਸੀ ਲਾਹੇ ਖਾਤਰ ਅਕਾਲੀ ਦਲ ਖਾਮੋਸ਼ ਹੋ ਗਿਆ ਹੈ। ਡੀ-ਲਿਮੀਟੇਸ਼ਨ ਦੇ ਮੁੱਦਿਆਂ 'ਤੇ ਅਕਾਲੀ ਦਲ ਭਾਜਪਾ ਦੀ ਬੋਲੀ ਬੋਲ ਰਿਹਾ ਹੈ।

ਕਮਿਊਨਿਸਟ ਆਗੂ ਨੇ ਪਹਿਲੀ ਸਤੰਬਰ ਨੂੰ ਦਿੱਲੀ ਦੇ ਰਾਮ ਲੀਲ੍ਹਾ ਮੈਦਾਨ ਵਿੱਚ ਹੋਈ ਇਤਿਹਾਸਕ ਰੈਲੀ ਦੇ ਹਵਾਲੇ ਨਾਲ ਪੰਜਾਬ ਦੇ ਕਮਿਊਨਿਸਟਾਂ ਨੂੰ ਹੋਰ ਸ਼ਿੱਦਤ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਏਟਕ ਪੰਜਾਬ ਦੇ ਐਕਟਿੰਗ ਜਨਰਲ ਸਕੱਤਰ ਕਾਮਰੇਡ ਅਮਰਜੀਤ ਸਿੰਘ ਆਸਲ ਨੇ ਏਟਕ ਦੀ ਕੌਮੀ ਅਤੇ ਸੂਬਾਈ ਕਾਨਫ਼ਰੰਸ ਬਾਰੇ ਜਾਣਕਾਰੀ ਦਿੱਤੀ। ਉਨ੍ਹਾ ਦੱਸਿਆ ਕਿ ਕੌਮੀ ਕਾਨਫ਼ਰੰਸ ਬੰਗਲੌਰ ਵਿਖੇ 22 ਨਵੰਬਰ ਤੋਂ 26 ਨਵੰਬਰ ਤੱਕ ਹੋਵੇਗੀ। ਇਸ ਤੋਂ ਪਹਿਲਾਂ ਸੂਬਾ ਏਟਕ ਦੀ ਕਾਨਫ਼ਰੰਸ 28 ਅਤੇ 29 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਕੀਤੀ ਜਾਵੇਗੀ। ਕਾਮਰੇਡ ਆਸਲ ਨੇ ਨੈਸ਼ਨਲ ਤੇ ਸੂਬਾਈ ਕਾਨਫ਼ਰੰਸ ਵਿੱਚ ਡੈਲੀਗੇਟਾਂ ਦੀ ਸ਼ਮੂਲੀਅਤ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਮੀਟਿੰਗ ਨੂੰ ਵਰਕਿੰਗ ਪ੍ਰਧਾਨ ਸੁਖਦੇਵ ਸ਼ਰਮਾ, ਟ੍ਰਾਂਸਪੋਰਟ ਆਗੂ ਜਗਦੀਸ਼ ਸਿੰਘ ਚਾਹਲ, ਮਜ਼ਦੂਰ ਆਗੂ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਮਨਜੀਤ ਸਿੰਘ ਬਾਸਰਕੇ, ਹਰਵਿੰਦਰ ਸਿੰਘ, ਨਰਿੰਦਰ ਬੱਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਸੁਰਿੰਦਰਪਾਲ ਸਿੰਘ ਲਹੌਰੀਆ ਤੇ ਦਸਵਿੰਦਰ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

### ਧਾਮੀ ਕੀ ਛੁਪਾਉਣ ਦੀ ...

ਅੰਮ੍ਰਿਤਧਾਰੀ ਗੁਰਸਿੱਖ ਹੋਵੇ ਅਤੇ ਜਾਂਚ ਤੇ ਕਾਨੂੰਨ ਦਾ ਤਜਰਬਾ ਰੱਖਦਾ ਹੋਵੇ। ਪੰਨੂ ਨੇ ਸਵਾਲ ਕੀਤਾ ਕਿ ਔਰਤ ਨੂੰ ਏਨੇ ਲੰਮੇ ਸਮੇਂ ਲਈ ਐੱਸ ਜੀ ਪੀ ਸੀ ਦੀ ਸਰਾਂ ਵਿੱਚ ਰਹਿਣ ਦੀ ਇਜਾਜ਼ਤ ਕਿਉਂ ਦਿੱਤੀ ਗਈ ਅਤੇ ਮੰਗ ਕੀਤੀ ਕਿ ਉੱਥੇ ਅਸਲ ਵਿੱਚ ਕੀ ਵਾਪਰਿਆ ਸੀ, ਇਸ ਦਾ ਜਵਾਬ ਦਿੱਤਾ ਜਾਵੇ। ਉਨ੍ਹਾ ਇਹ ਵੀ ਪੁੱਛਿਆ ਕਿ ਸਰਬਜੀਤ ਸਿੰਘ ਝਿੰਜਰ ਅਤੇ ਵਿਰਸਾ ਸਿੰਘ ਵਲਟੋਹਾ ਦੀ ਔਰਤ ਨੂੰ ਉੱਥੇ ਲਿਆਉਣ ਵਿੱਚ ਕੀ ਭੂਮਿਕਾ ਸੀ ਅਤੇ ਕੀ ਕਮੇਟੀ ਉਨ੍ਹਾਂ ਤੋਂ ਉਨ੍ਹਾਂ ਪਰਿਸਥਿਤੀਆਂ ਬਾਰੇ ਪੁੱਛਗਿੱਛ ਕਰੇਗੀ, ਜਿਨ੍ਹਾਂ ਵਿੱਚ ਉਸ ਨੂੰ ਸਰਾਂ ਵਿੱਚ ਲਿਆਂਦਾ ਗਿਆ ਸੀ।

ਪੰਨੂ ਨੇ ਕਿਹਾ—ਸੀਨੀਅਰ ਅਕਾਲੀ ਆਗੂਆਂ ਦੀ ਚੁੱਪ ਵੀ ਬਹੁਤ ਕੁਝ ਬਿਆਨ ਕਰਦੀ ਹੈ। ਸੁਖਬੀਰ ਸਿੰਘ ਬਾਦਲ ਅਤੇ ਹਰਸਿਮਰਤ ਕੌਰ ਬਾਦਲ ਨੇ ਸਵਾਲਾਂ ਦੇ ਜਵਾਬ ਦੇਣ ਤੋਂ ਇਨਕਾਰ ਕਿਉਂ ਕੀਤਾ ਅਤੇ ਬਿਕਰਮ ਸਿੰਘ ਮਜੀਠੀਆ, ਜੋ ਸਿਆਸੀ ਮੁੱਦਿਆਂ 'ਤੇ ਕਈ ਪ੍ਰੈੱਸ ਕਾਨਫਰੰਸਾਂ ਕਰਦੇ ਹਨ, ਉਹ ਵੀ ਇਸ ਮੁੱਦੇ 'ਤੇ ਚੁੱਪ ਕਿਉਂ ਹਨ।ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ ਤੇ ਭਾਜਪਾ ਨੇ ਵੀ ਪੂਰੀ ਤਰ੍ਹਾਂ ਚੁੱਪ ਧਾਰੀ ਹੋਈ ਹੈ।

### ਮੁੱਖ ਮੰਤਰੀ 'ਤੇ ਪੀੜਤਾ...

ਕਾਰਵਾਈ ਅਤੇ ਸਰਕਾਰ ਵੱਲੋਂ ਮਿਲੇ ਸੁਰੱਖਿਆ ਦੇ ਭਰੋਸੇ ਤੋਂ ਸਾਨੂੰ ਰਾਹਤ ਮਿਲੀ ਹੈ।"

ਮੁੱਖ ਮੰਤਰੀ ਨੇ ਪੋਸਟ ਸਾਂਝੀ ਕਰਦਿਆਂ ਲਿਖਿਆ ਸੀ, "ਜਨ ਸੇਵਕ ਦੇ ਨਿਵਾਸ 'ਤੇ ਜਮੂਈ ਦੀ ਪੀੜਤ ਲੜਕੀ ਅਤੇ ਉਸਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਧੀ ਨੂੰ ਨਿਡਰ ਹੋ ਕੇ ਅੱਗੇ ਵਧਣ ਅਤੇ ਪਰਿਵਾਰ ਨੂੰ ਜਲਦੀ ਨਿਆਂ ਦਾ ਭਰੋਸਾ ਦਿੱਤਾ। ਇੱਕ ਮਹੀਨੇ ਦੇ ਅੰਦਰ-ਅੰਦਰ ਤੇਜ਼ੀ ਨਾਲ ਮੁਕੱਦਮਾ ਚਲਾ ਕੇ ਸਾਰੇ ਦੋਸ਼ੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਈ ਜਾਵੇਗੀ।" ਤੇਜਸਵੀ ਨੇ ਐੱਕਸ 'ਤੇ ਲਿਖਿਆ, "ਬਿਹਾਰ ਦਾ ਮੂਰਖ, ਭੋਲਾ ਅਤੇ ਕਾਨੂੰਨ ਤੋੜਨ ਵਾਲਾ ਮੁੱਖ ਮੰਤਰੀ ਖੁਦ ਪੋਕਸੋ ਐਕਟ ਦੀ ਉਲੰਘਣਾ ਕਰ ਰਿਹਾ ਹੈ।

ਪੋਕਸੋ ਐਕਟ ਇਹ ਹੁਕਮ ਦਿੰਦਾ ਹੈ ਕਿ ਨਾਬਾਲਗ ਪੀੜਤ ਦੀ ਪਛਾਣ ਗੁਪਤ ਰੱਖੀ ਜਾਵੇ। ਪੀੜਤ ਦੇ ਪਰਿਵਾਰ ਨਾਲ ਫੋਟੋ ਸਾਂਝੀ ਕਰਨ ਨਾਲ ਉਸਦੀ ਪਛਾਣ ਦਾ ਖੁਲਾਸਾ ਹੋਣ ਦਾ ਖਤਰਾ ਸੀ।"

### ਬਿਹਾਰ 'ਚ ਛੇੜਛਾੜ...

ਕਿਹਾ ਕਿ ਸਰਕਾਰ ਜਵਾਬਦੇਹੀ ਤੋਂ ਭੱਜ ਨਹੀਂ ਸਕਦੀ। ਪਾਸਵਾਨ ਨੇ ਕਿਹਾ ਕਿ ਇਸ ਮੁੱਦੇ ਨੂੰ ਸਿਰਫ ਗ੍ਰਿਫਤਾਰੀਆਂ ਜਾਂ ਮੁਕਾਬਲਿਆਂ ਨਾਲ ਨਹੀਂ ਹੱਲ ਕੀਤਾ ਜਾ ਸਕਦਾ ਅਤੇ ਉਨ੍ਹਾਂ ਅਧਿਕਾਰੀਆਂ ਵਿਰੁੱਧ ਕਾਰਵਾਈ ਕੀਤੀ ਜਾਵੇ ਜਿਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਅਜਿਹੀਆਂ ਘਟਨਾਵਾਂ ਵਾਪਰੀਆਂ। ਉਨ੍ਹਾ ਕਿਹਾ, "ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਕਿ ਸਾਨੂੰ ਇੰਨੀ ਸ਼ਰਮ ਆਉਣੀ ਚਾਹੀਦੀ ਹੈ ਕਿ ਸਾਨੂੰ ਜ਼ਮੀਨ ਵਿੱਚ ਗਰਕਣ ਵਰਗਾ ਮਹਿਸੂਸ ਹੋਵੇ।"

ਅਪੋਜ਼ੀਸ਼ਨ ਦੇ ਨੇਤਾ ਤੇਜਸਵੀ ਯਾਦਵ ਨੇ ਕਿਹਾ ਹੈ ਕਿ ਲਗਾਤਾਰ ਤਿੰਨ ਘਟਨਾਵਾਂ ਦਰਸਾਉਂਦੀਆਂ ਹਨ ਕਿ ਰਾਜ ਵਿੱਚ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਗਈ ਹੈ। ਯਾਦਵ ਨੇ ਦੋਸ਼ ਲਗਾਇਆ ਕਿ ਪ੍ਰਸ਼ਾਸਨ ਅਪਰਾਧਕ ਮਾਮਲਿਆਂ ਨਾਲ ਨਜਿੱਠਣ ਵੇਲੇ ਦੋਸ਼ੀਆਂ ਦੀ ਜਾਤੀ ਅਤੇ ਸਮਾਜਿਕ ਪਿਛੋਕੜ ਤੋਂ ਪ੍ਰਭਾਵਤ ਹੁੰਦਾ ਹੈ।

ਪੁਲਸ ਨੇ ਕਿਹਾ ਕਿ 22 ਸਤੰਬਰ ਨੂੰ ਵਟਸਐਪ ਰਾਹੀਂ ਪ੍ਰਾਪਤ ਹੋਏ ਵੀਡੀਓ ਦਾ ਨੋਟਿਸ ਲੈਣ ਤੋਂ ਬਾਅਦ ਬਾਂਕਾ ਜ਼ਿਲ੍ਹੇ ਦੇ ਬੌਂਸੀ ਪੁਲਸ ਸਟੇਸ਼ਨ ਵਿੱਚ ਮਾਮਲਾ ਦਰਜ ਕੀਤਾ ਗਿਆ ਸੀ। ਇਹ ਫੁਟੇਜ 3 ਜੂਨ ਨੂੰ ਰਿਕਾਰਡ ਕੀਤੀ ਗਈ ਜਾਪਦੀ ਹੈ, ਅਤੇ ਇਸਦੀ ਜਾਂਚ ਚੱਲ ਰਹੀ ਹੈ।

ਐੱਫ ਆਈ ਆਰ ਦੇ ਅਨੁਸਾਰ ਮੁਟਿਆਰ ਦੋ ਦੋਸਤਾਂ ਨਾਲ ਮੰਡਾਰ ਹਿੱਲ ਗਈ ਸੀ ਜਦੋਂ ਤਿੰਨ ਨੌਜਵਾਨਾਂ ਨੇ ਉਨ੍ਹਾਂ ਨਾਲ ਅਸ਼ਲੀਲ ਸਲੂਕ ਕੀਤਾ ਤੇ ਧਮਕੀਆਂ ਦਿੱਤੀਆਂ। ਇੱਕ ਮੁਲਜ਼ਮ ਅਬਦੁੱਲਾ ਨੇ ਮੁਟਿਆਰ ਦੇ ਇੱਕ ਦੋਸਤ ਦੇ ਖਾਤੇ ਵਿੱਚੋਂ 1,500 ਰੁਪਏ ਆਨਲਾਈਨ ਟ੍ਰਾਂਸਫਰ ਕਰਵਾਏ ਅਤੇ ਫਿਰ ਉਸਨੂੰ ਜਾਣ ਦਿੱਤਾ। ਬਾਕੀ ਮੁਲਜ਼ਮਾਂ ਦੀ ਪਛਾਣ ਨਿਤੀਸ਼ ਕੁਮਾਰ ਰਾਏ ਅਤੇ ਵਿਕਾਸ ਕੁਮਾਰ ਵਜੋਂ ਹੋਈ ਹੈ। ਉਨ੍ਹਾਂ ਲੋਕਾਂ ਵਿਰੁੱਧ ਵੀ ਮਾਮਲਾ ਦਰਜ ਕੀਤਾ ਗਿਆ ਹੈ ਜਿਨ੍ਹਾਂ ਨੇ ਕਥਿਤ ਵੀਡੀਓ ਨੂੰ ਸੋਸ਼ਲ ਮੀਡੀਆ 'ਤੇ ਪ੍ਰਸਾਰਤ ਕੀਤਾ ਅਤੇ ਮੁਟਿਆਰ ਦੀ ਪਛਾਣ ਉਜਾਗਰ ਕਰਨ ਦੀ ਕੋਸ਼ਿਸ਼ ਕੀਤੀ।

### ਧਾਂਦਲੀ ਹੋ ਰਹੀ ਤਾਂ ...

ਸੰਸਦ ਮੈਂਬਰਾਂ ਦੀ ਖਰੀਦੋ-ਫਰੋਖ਼ਤ ਅਤੇ ਪਾਰਟੀਆਂ ਦੇ ਦਿਨ-ਦਿਹਾੜੇ ਟੋਟੇ ਹੋਣ ਦੇ ਬਾਵਜੂਦ ਅਜਿਹੇ ਪ੍ਰਬੰਧ ਵਿੱਚ ਹਿੱਸਾ ਲੈਣਾ ਸਿਆਸੀ ਬਚਾਅ ਨਹੀਂ ਹੈ।

ਉਨ੍ਹਾ ਮੈਚ ਫਿਕਸਿੰਗ ਦੀ ਮਿਸਾਲ ਦਿੰਦਿਆਂ ਕਿਹਾ ਕਿ ਜਿਵੇਂ ਫਿਕਸ ਮੈਚ ਨੂੰ ਰੋਚਕ ਬਣਾਉਣ ਲਈ ਕੁਝ ਕੈਚ ਫੜੇ ਜਾਂਦੇ ਹਨ, ਉਸੇ ਤਰ੍ਹਾਂ ਚੋਣਾਂ ਵਿੱਚ ਵੀ ਵਿਰੋਧੀ ਧਿਰ ਨੂੰ ਕੁਝ ਜਿੱਤਾਂ ਦੇ ਕੇ ਮਾਹੌਲ ਨੂੰ ਅਸਲੀ ਦਿਖਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਦੀਪਕੇ ਨੇ ਦੋਸ਼ ਲਾਇਆ ਕਿ ਵਿਰੋਧੀ ਧਿਰਾਂ ਸਿਰਫ ਆਪਣੀ ਪਸੰਦ ਦੇ ਸੂਬਿਆਂ ਵਿੱਚ ਹੀ ਧਾਂਦਲੀ ਦਾ ਮੁੱਦਾ ਚੁੱਕਦੀਆਂ ਹਨ।

ਇਸ ਦੌਰਾਨ, ਕਾਕਰੋਚ ਜਨਤਾ ਪਾਰਟੀ ਨੇ ਕਿਹਾ ਕਿ ਜੇ ਗਿਆਨੇਸ਼ ਕੁਮਾਰ ਅਸਤੀਫਾ ਨਹੀਂ ਦਿੰਦੇ ਹਨ, ਤਾਂ ਉਹ 2 ਅਕਤੂਬਰ ਤੋਂ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨ ਸ਼ੁਰੂ ਕਰਨਗੇ। ਉਸਨੇ ਵੀਰਵਾਰ ਗਿਆਨੇਸ਼ ਕੁਮਾਰ ਨੂੰ 48 ਘੰਟਿਆਂ ਦਾ ਅਲਟੀਮੇਟਮ ਦਿੱਤਾ ਸੀ।

### ਵੋਟ ਚੋਰੀ ਵਿਰੁੱਧ...

ਲਖਨਊ ਵਿੱਚ ਕਾਂਗਰਸੀ ਕਾਰਕੁੰਨਾਂ ਨੂੰ ਹਿਰਾਸਤ ਵਿੱਚ ਲਿਆ ਗਿਆ। ਕੋਲਕਾਤਾ ਵਿੱਚ ਮਾਰਚ ਕੀਤਾ ਗਿਆ। ਅਖਿਲ ਗੋਗੋਈ ਨੂੰ ਗੁਹਾਟੀ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ। ਉੱਤਰਾਖੰਡ ਦੇ ਦੇਹਰਾਦੂਨ ਵਿੱਚ ਕਾਂਗਰਸੀ ਵਰਕਰ ਬੈਰੀਕੇਡਾਂ 'ਤੇ ਚੜ੍ਹ ਗਏ।

ਪਟਨਾ ਵਿੱਚ, ਕਾਂਗਰਸੀ ਵਰਕਰਾਂ ਨੇ ਬੈਰੀਕੇਡ ਤੋੜਨ ਦੀ ਕੋਸ਼ਿਸ਼ ਕੀਤੀ। ਪ੍ਰਸ਼ਾਸਨ ਨੇ ਉਨ੍ਹਾਂ ਨੂੰ ਰੋਕਣ ਲਈ ਪਾਣੀ ਦੀਆਂ ਤੋਪਾਂ ਦੀ ਵਰਤੋਂ ਕੀਤੀ। ਕਾਂਗਰਸੀ ਵਰਕਰਾਂ ਅਤੇ ਪੁਲਸ ਵਿਚਕਾਰ ਝੜਪ ਹੋ ਗਈ। ਰਾਏਪੁਰ ਵਿੱਚ, ਮੀਂਹ ਦੇ ਵਿਚਕਾਰ, ਕਾਂਗਰਸੀ ਵਰਕਰ ਚੋਣ ਕਮਿਸ਼ਨ ਦਾ ਵਿਰੋਧ ਕਰਨ ਲਈ ਸੜਕਾਂ 'ਤੇ ਉਤਰ ਆਏ। ਉਨ੍ਹਾਂ ਨੇ ਰਾਜੀਵ ਗਾਂਧੀ ਚੌਕ ਤੋਂ ਸ਼ਾਸਤਰੀ ਚੌਕ ਵਿਖੇ ਮੁੱਖ ਚੋਣ ਕਮਿਸ਼ਨਰ ਦੇ ਦਫਤਰ ਤੱਕ ਮਾਰਚ ਕੀਤਾ।

## ਵੰਦੇ ਮਾਤਰਮ ਦੇ 150 ਸਾਲ ਪੂਰੇ ਹੋਣ ਦੇ ਸੰਬੰਧ 'ਚ ਸਮਾਗਮ



**ਮੱਖੂ (ਰਛਪਾਲ ਸਿੰਘ ਸੰਧੂ)**-ਸਰਵਹਿੱਤਕਾਰੀ ਵਿੱਦਿਆ ਮੰਦਰ ਹਾਈ ਸਕੂਲ ਮੱਖੂ ਵਿਖੇ 'ਵੰਦੇ ਮਾਤਰਮ' ਦੇ 150 ਸਾਲ ਪੂਰੇ ਹੋਣ 'ਤੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਦੇਸ਼-ਪ੍ਰੇਮ, ਰਾਸ਼ਟਰ ਭਗਤੀ ਤੇ ਰਾਸ਼ਟਰੀ ਮੁੱਲਾਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਦੀਪ ਵੰਦਨਾ ਨਾਲ ਕੀਤੀ ਗਈ।ਉਸ ਤੋਂ ਬਾਅਦ ਵੰਦੇ ਮਾਤਰਮ ਗਾਇਨ ਕਰਵਾਇਆ ਗਿਆ।ਸਮਾਗਮ ਦਾ ਮੰਚ ਸੰਚਾਲਨ ਸਪਨਾ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕ ਸਪਨਾ ਵੱਲੋਂ ਵੰਦੇ ਮਾਤਰਮ ਦੇ ਇਤਿਹਾਸ, ਮਹੱਤਵ ਤੇ ਭਾਰਤੀ ਆਜ਼ਾਦੀ ਸੰਘਰਸ਼ ਵਿੱਚ ਇਸ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਦੇ ਮੈਨੇਜਰ ਸਤਪਾਲ ਦੁਆ, ਸਕੂਲ ਦੇ ਇੰਚਾਰਜ ਸ਼੍ਰੀਮਤੀ ਮਨਦੀਪ ਕੌਰ, ਮੁੱਖ ਮਹਿਮਾਨ ਅਮਿਤ ਅਰੋੜਾ, ਸ਼੍ਰੀਮਤੀ ਨੀਰੂ ਬਾਲਾ, ਡਾ. ਹਰਿੰਦਰ ਪਾਲ ਸੀਨੀਅਰ ਮੈਡੀਕਲ ਅਫ਼ਸਰ ਸਰਕਾਰੀ ਹਸਪਤਾਲ ਮੱਖੂ, ਰਾਕੇਸ਼ ਕੁਮਾਰ, ਸ਼੍ਰੀਮਤੀ ਸੁਮਨ ਬਾਲਾ, ਗੌਰਵ ਕੁਮਾਰ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਮੈਨੇਜਰ ਤੇ ਰਮਨਦੀਪ ਸ਼ਾਮਲ ਹੋਏ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਮਹਿਮਾਨਾਂ, ਅਧਿਆਪਕਾਂ, ਕਰਮਚਾਰੀਆਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

## ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਵਿਚਾਰ-ਚਰਚਾ ਭਲਕੇ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ:) ਇਕਾਈ ਸੰਗਰੂਰ ਵੱਲੋਂ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਇੱਕ ਵਿਸ਼ੇਸ਼ ਵਿਚਾਰ ਚਰਚਾ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਦੀ ਤਿਆਰੀ ਸਬੰਧੀ ਇਕਾਈ ਮੁਖੀ ਸੁਰਿੰਦਰ ਪਾਲ ਦੀ ਪ੍ਰਧਾਨਗੀ ਤੇ ਜ਼ੋਨ ਮੁਖੀ ਮਾਸਟਰ ਪਰਮਵੇਦ ਦੀ ਨਿਗਰਾਨੀ ਵਿੱਚ ਹੋਈ ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਇਕਾਈ ਦੇ ਆਗੂਆਂ ਸੀਤਾ ਰਾਮ ਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਇਹ ਸਮਾਗਮ 27 ਸਤੰਬਰ ਨੂੰ ਸਵੇਰੇ 10:30 ਵਜੇ ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਡੀ.ਸੀ. ਕੰਪਲੈਕਸ ਸੰਗਰੂਰ (ਸ਼ੈੱਡ ਵਾਲਾ ਦਫ਼ਤਰ) ਵਿਖੇ ਹੋਵੇਗਾ।ਸਮਾਗਮ ਵਿੱਚ ਮੁੱਖ ਬੁਲਾਰੇ ਵਜੋਂ ਤਰਕਸ਼ੀਲ ਆਗੂ ਮਾਸਟਰ ਸੁਰਜੀਤ ਸਿੰਘ ਦੋਧਰ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ।ਇਕਾਈ ਵੱਲੋਂ ਆਪਣੀ ਹਰ ਪੱਖੋਂ ਤਿਆਰੀ ਕਰ ਲਈ ਗਈ ਹੈ ਤੇ ਸਾਥੀਆਂ ਦੀਆਂ ਵੱਖ-ਵੱਖ ਕੰਮਾਂ ਲਈ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਗਈਆਂ ਹਨ।ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਪਰਮਿੰਦਰ ਸਿੰਘ, ਅਮਰੀਕ ਸਿੰਘ ਖੋਖਰ, ਗੁਰਦੀਪ ਸਿੰਘ, ਹਰਜੀਤ ਲੌਂਗੋਵਾਲ ਨੇ ਸ਼ਮੂਲੀਅਤ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਮੱਛਰਾਂ ਤੋਂ ਪੈਦਾ ਹੁੰਦੇ ਰੋਗਾਂ ਦੀ ਰੋਕਥਾਮ ਲਈ ਹੱਲਾ ਬੋਲ ਮੁਹਿੰਮ ਜੰਗੀ ਪੱਧਰ 'ਤੇ : ਸਿਵਲ ਸਰਜਨ



**ਗੁਰਦਾਸਪੁਰ (ਜਨਕ ਮਹਾਜਨ)**- ਨੈਸ਼ਨਲ ਵੈਕਟਰ ਬੋਰਨ ਡਿਸੀਜ਼ ਕੰਟਰੋਲ ਪ੍ਰੋਗਰਾਮ ਤਹਿਤ ਸਿਹਤ ਮੰਤਰੀ ਪੰਜਾਬ ਦੀਆਂ ਹਿਦਾਇਤਾਂ ਅਨੁਸਾਰ ਮੱਛਰ ਜਨਿਤ ਰੋਗਾਂ ਦੀ ਰੋਕਥਾਮ ਲਈ ਹੱਲਾ ਬੋਲ ਮੁਹਿੰਮ ਤਹਿਤ ਜਿਲੇ ਵਿੱਚ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਦੀ ਅਗੁਵਾਈ ਹੇਠ ਗਤੀਵਿਧੀਆਂ ਕੀਤੀਆਂ ਗਈਆਂ। ਮੁਹਿੰਮ ਤਹਿਤ ਲਾਰਵਾ ਚੈਕਿੰਗ, ਸਪਰੇਅ , ਫੌਗਿੰਗ ਦੇ ਨਾਲ ਹੀ ਜਾਗਰੂਕਤਾ ਵੀ ਪੈਦਾ ਕੀਤੀ ਗਈ। ਇਸ ਸਬੰਧੀ ਸਿਵਲ ਸਰਜਨ ਪ੍ਰਭਾਕਰ ਨੇ ਦੱਸਿਆ ਕਿ ਸੋਮਵਾਰ ਅਤੇ ਸ਼ੁਕਰਵਾਰ ਨੂੰ ਵਿਸ਼ੇਸ਼ ਤੌਰ 'ਤੇ ਸਿਹਤ ਮੁਲਾਜ਼ਮ ਗਤੀਵਿਧੀਆਂ ਕਰਦੇ ਹਨ ਅਤੇ ਲੋਕਾਂ ਨੂੰ ਜਾਗਰੂਕ ਕਰਦੇ ਹਨ। ਸ਼ੁੱਕਰਵਾਰ ਨੂੰ ਇਸੇ ਲੜੀ ਤਹਿਤ ਜਿਲੇ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਅਦਾਰਿਆਂ ਵਿੱਚ ਮੱਛਰ ਦੇ ਲਾਰਵਾ ਦੀ ਜਾਂਚ ਕੀਤੀ ਗਈ। ਜਿੱਥੇ ਕਿਤੇ ਵੀ ਲਾਰਵਾ ਮਿਲਿਆ ਹੈ ਉਸ ਨੂੰ ਮੌਕੇ 'ਤੇ ਨਸ਼ਟ ਕੀਤਾ ਗਿਆ। ਮੱਛਰ ਦੇ ਖਾਤਮੇ ਲਈ ਸਪਰੇਅ ਅਤੇ ਫੌਗਿੰਗ ਕੀਤੀ ਗਈ। ਲੋਕਾਂ ਨੂੰ ਮੱਛਰ ਜਨਿਤ ਰੋਗਾਂ ਤੋਂ ਬਚਾਅ ਅਤੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਣ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜਿਲਾ ਗੁਰਦਾਸਪੁਰ ਵਿੱਚ ਸ਼ਹਿਰੀ ਖੇਤਰ ਵਿੱਚ 112473 ਘਰਾਂ ਦੀ ਚੈਕਿੰਗ ਕੀਤੀ ਗਈ ਜਿਨ੍ਹਾਂ ਵਿਚੋਂ 2507 ਘਰਾਂ ਵਿੱਚ ਲਾਰਵਾ ਮਿਲਿਆ। ਸ਼ਹਿਰੀ ਖੇਤਰ ਵਿੱਚ 341552 ਕੰਟੇਨਰ ਚੈੱਕ ਕੀਤੇ ਗਏ ਜਿਨਾਂ ਵਿੱਚੋਂ 2783 ਵਿੱਚ ਲਾਰਵਾ ਮਿਲਿਆ ਸੀ। ਇਸ ਲਾਰਵਾ ਨੂੰ ਮੌਕੇ 'ਤੇ ਨਸ਼ਟ ਕਰਕੇ ਘਰ ਵਿੱਚ ਰਹਿ ਰਹੇ ਲੋਕਾਂ ਨੂੰ ਜਰੂਰੀ ਜਾਣਕਾਰੀ ਦਿੱਤੀ ਗਈ।ਪੇਂਡੂ ਖੇਤਰ ਵਿੱਚ 109727 ਘਰਾਂ ਦੀ ਚੈਕਿੰਗ ਵਿੱਚ 957 ਘਰਾਂ ਵਿੱਚ ਲਾਰਵਾ ਮਿਲਿਆ ਜਦ ਕਿ ਪੇਂਡੂ ਖੇਤਰ ਵਿੱਚ 211549 ਕੰਟੇਨਰ ਚੈੱਕ ਕੀਤੇ ਗਏ ਜਿਨਾਂ ਵਿੱਚੋਂ 1100 ਵਿੱਚ ਲਾਰਵਾ ਮਿਲਿਆ ਜਿਸ ਨੂੰ ਮੌਕੇ ਤੇ ਨਸ਼ਟ ਕੀਤਾ ਗਿਆ। ਜਿਲਾ ਅਪਿਡਮੋਲੋਜਿਸਟ ਡਾਕਟਰ ਮਮਤਾ ਅਤੇ ਡਾਕਟਰ ਮਧੂ ਨੇ ਦੱਸਿਆ ਕਿ ਹਰੇਕ ਵਿਅਕਤੀ ਜਿਸ ਨੂੰ ਬੁਖਾਰ ਅਤੇ ਬਦਨ ਦਰਦ ਹੋਵੇ ਉਹ ਆਪਣਾ ਡੇਂਗੂ ਸੰਬੰਧੀ ਟੈਸਟ ਜਰੂਰ ਕਰਵਾਏ। ਇਹ ਟੈਸਟ ਸਮੂਹ ਆਮ ਆਦਮੀ ਕਲੀਨਿਕ ਅਤੇ ਸਰਕਾਰੀ ਹਸਪਤਾਲ਼ ਵਿਖੇ ਮੁਫ਼ਤ ਵਿੱਚ ਹੁੰਦਾ ਹੈ

# ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਨੇ ਡੀ ਸੀ ਨੂੰ ਮੰਗ ਪੱਤਰ ਸੌਂਪਿਆ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਭਾਰਤ ਦੇ ਸੱਦੇ 'ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਵੱਲੋਂ ਡੀ ਸੀ ਤੇ ਏ ਡੀ ਸੀ ਰਾਹੁਲ ਸ਼ਰਮਾ ਰਾਹੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ ਗਿਆ। ਵਫਦ ਦੀ ਅਗਵਾਈ ਸਾਹਿਬ ਸਿੰਘ ਸਭਰਾ, ਬਾਬਾ ਪ੍ਰਗਟ ਸਿੰਘ ਪਿੰਰਗੜੀ ਨੇ ਕੀਤੀ। ਮੰਗ ਪੱਤਰ ਵਿਚ ਸਰਕਾਰ ਤੋਂ ਹੋਰ ਮੰਗਾਂ ਤੋਂ ਇਲਾਵਾ ਮੰਗ ਕੀਤੀ ਹੈ ਕਿ ਝੋਨੇ ਦੀ ਖਰੀਦ ਤੁਰੰਤ ਸ਼ੁਰੂ ਕਰਵਾਈ ਜਾਵੇ ਤੇ ਵਰਾਇਟੀਆਂ ਦੇ ਨਾਮ 'ਤੇ ਮੰਡੀਆਂ ਵਿੱਚ ਹੁੰਦੀ ਲੁੱਟ ਬੰਦ ਕਰਵਾਈ ਜਾਵੇ। ਇਸ ਮੌਕੇ ਲਖਵਿੰਦਰ ਸਿੰਘ,ਮੇਜਰ ਸਿੰਘ ਭੰਗਾਲਾ, ਬਲਦੇਵ ਸਿੰਘ, ਰਾਜਵੀਰ ਸਿੰਘ ਤਲਵੰਡੀ, ਸੋਭਾ ਸਿੰਘ ,ਸੁਖਦੇਵ ਸਿੰਘ ,ਲਖਵਿੰਦਰ ਸਿੰਘ ਗੰਡੀਵਿੰਡ,ਬਲਵਿੰਦਰ ਸਿੰਘ , ਸੁਰਜੀਤ ਸਿੰਘ ਸਰਿਆਲੀ ,ਅਮਰਿੰਦਰ ਸਿੰਘ ,ਸਤਨਾਮ ਸਿੰਘ ਸੋਨੂ ਸਭਰਾ, ਕਾਬਲ ਸਿੰਘ ਵਰਿਆ, ਸੁਖਵਿੰਦਰ ਸਿੰਘ ਪਿੰਰਗੜੀ, ਸੁਖਵਿੰਦਰ ਸਿੰਘ, ਬੁੱਧ ਸਿੰਘ ਰੂੜੀ ਵਾਲਾ, ਪ੍ਰਗਟ ਸਿੰਘ ਚੰਬਾ, ਸੁਖਦੇਵ ਸਿੰਘ ਸਰਹਾਲੀ ਮੰਡ ਆਦਿ ਹਾਜਰ ਸਨ।

# ਕਿਸਾਨੀ ਸਮੱਸਿਆਵਾਂ ਸੰਬੰਧੀ ਏ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)** - ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਭਾਰਤ ਵੱਲੋਂ ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਅਹਿਮ ਮੰਗਾਂ ਸਬੰਧੀ ਸੂਬਾ ਸੀਨੀਅਰ ਮੀਤ ਪ੍ਰਧਾਨ ਸੁਖਚੈਨ ਸਿੰਘ ਅਤੇ ਜ਼ਿਲਾ ਪ੍ਰਧਾਨ ਧਰਮਿੰਦਰ ਸਿੰਘ ਬਾਠ ਦੀ ਅਗਵਾਈ ਹੇਠ ਇੱਕ ਵਫਦ ਵੱਲੋਂ ਏ ਡੀ ਸੀ ਪਲਵੀ ਮਿਸ਼ਰਾ ਨਾਲ ਮੁਲਾਕਾਤ ਕਰਕੇ ਉਹਨਾਂ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ। ਮੰਗ ਪੱਤਰ ਵਿੱਚ ਕਿਸਾਨੀ ਸੰਕਟ ਨਾਲ ਜੁੜੇ ਮੁੱਖ ਮੁੱਦਿਆਂ 'ਤੇ ਤੁਰੰਤ ਠੋਸ ਤੇ ਸਾਰਥਕ ਕਦਮ ਚੁੱਕੇ ਜਾਣ ਲਈ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਗਈ। ਇਸ ਮੌਕੇ ਪ੍ਰੈਸ ਸਕੱਤਰ ਗੁਰਮੁੱਖ ਸਿੰਘ ਮੋਹਣ ਭੰਡਾਰੀਆਂ ਨੇ ਦੱਸਿਆ ਕਿ ਹੋਰ ਮੰਗਾਂ ਤੋਂ ਇਲਾਵਾ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਨ, ਨਮੀ ਦੀ ਸ਼ਰਤ 17% ਤੋਂ ਵਧਾ ਕੇ 20% ਕਰਨ, ਪਰਮਲ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਪ੍ਰਭਾਵ ਨਾਲ ਸ਼ੁਰੂ ਕਰਨ, ਨਮੀ ਚੈੱਕ ਕਰਨ ਲਈ ਸਿਰਫ਼ ਮਾਰਕੀਟ ਬੋਰਡ ਦੀਆਂ ਅਧਿਕਾਰਤ ਮਸ਼ੀਨਾਂ ਹੀ ਵਰਤਣ ਤੇ ਪ੍ਰਾਈਵੇਟ ਸੈਲਰਾਂ ਅਤੇ ਆੜ੍ਹਤੀਆਂ ਦੀਆਂ ਮਸ਼ੀਨਾਂ ਦੀ ਵਰਤੋਂ 'ਤੇ ਤੁਰੰਤ ਰੋਕ ਲਗਾਉਣ, ਖਰੀਦ ਦੌਰਾਨ ਵਰਾਇਟੀ ਦੇ ਨਾਂ 'ਤੇ ਅਣਉਚਿਤ ਕੱਟ ਬੰਦ ਕਰਨ , ਤੋਲ ਵਿੱਚ ਗੜਬੜੀ ਰੋਕਣ ਅਤੇ ਸਮੇਂ ਸਿਰ ਬਾਰਦਾਨੇ ਦਾ ਪ੍ਰਬੰਧ ਕਰਕੇ ਫ਼ਸਲ ਦੀ ਲਿਫ਼ਟਿੰਗ ਨੂੰ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ ਹੈ। ਵਫਦ ਨੂੰ ਏ ਡੀ ਸੀ ਨੇ ਭਰੋਸਾ ਦਵਾਇਆ ਕਿ ਉਹਨਾਂ ਦੀਆਂ ਮੰਗਾਂ ਸਬੰਧੀ ਇਹ ਮੰਗ ਪੱਤਰ ਸਰਕਾਰ ਨੂੰ ਭੇਜ ਦਿੱਤਾ ਜਾਵੇਗਾ। ਇਸ ਮੌਕੇ ਕਮਲਜੀਤ ਸਿੰਘ ਬਲਾਕ ਪ੍ਰਧਾਨ ਮਜੀਠਾ, ਕਿਸਾਨ ਆਗੂ ਸਤਨਾਮ ਸਿੰਘ ਝੰਡੇਰ, ਕਰਨ ਸਿੰਘ ਚੀਮਾ, ਬਲਦੇਵ ਸਿੰਘ ਚੀਮਾ, ਪਰਮਜੀਤ ਸਿੰਘ ਅਤੇ ਝਿਰਮਲ ਸਿੰਘ ਆਦਿ ਹਾਜ਼ਰ ਸਨ।

# ਜੋਧ ਸਿੰਘ ਸਮਰਾ ਅਜਨਾਲਾ ਤੋਂ ਹੋਣਗੇ ਉਮੀਦਵਾਰ : ਸੁਖਬੀਰ ਬਾਦਲ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)** : 'ਪੰਜਾਬ ਬਚਾਓ' ਦੌਰਾਨ ਸ਼੍ਰੋਮਣੀ ਅਕਾਲੀ ਦਲ ਦੀਆਂ ਹੋ ਰਹੀਆਂ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਰੈਲੀਆਂ ਤਹਿਤ ਅਜਨਾਲਾ ਹਲਕੇ ਦੇ ਪਿੰਡ ਉਗਰ ਔਲਖ ਵਿੱਚ ਹੋਈ ਰੈਲੀ 'ਚ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦਾ ਉਤਸ਼ਾਹ ਬਹੁਤ ਜ਼ਿਆਦਾ ਰਿਹਾ। ਰੈਲੀ ਵਿੱਚ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਿਨ੍ਹਾਂ ਨੇ ਅਜਨਾਲੇ ਹਲਕੇ ਤੋਂ 2027 ਦੀਆਂ ਹੋਣ ਜਾ ਰਹੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਉਮੀਦਵਾਰ ਜੋਧ ਸਿੰਘ ਸਮਰਾ ਨੂੰ ਐਲਾਨਿਆ ਅਤੇ ਸੰਗਤ ਨੂੰ ਬੇਨਤੀ ਕਰਦਿਆਂ ਕਿਹਾ ਕਿ ਪਾਰਟੀ ਦੇ ਉਮੀਦਵਾਰ ਜੋਧ ਸਿੰਘ ਸਮਰਾ ਹੋਣਗੇ ਅਤੇ ਤੁਸੀਂ ਇਹਨਾਂ ਨੂੰ ਜਿਤਾ ਕੇ ਵਿਧਾਨ ਸਭਾ ਵਿੱਚ ਭੇਜੋ ਤਾਂ ਕਿ ਸ਼੍ਰੋਮਣੀ ਅਕਾਲੀ ਦਲ ਦੀ ਦੁਬਾਰਾ ਆਪਣੀ ਸਰਕਾਰ ਬਣ ਸਕੇ। ਉਹਨਾਂ ਕਿਹਾ ਕਿ ਜੋ ਵਿਕਾਸ ਪੰਜਾਬ ਵਿੱਚ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੇਲੇ ਹੋਇਆ ਹੈ, ਕਾਂਗਰਸ ਸਰਕਾਰ ਅਤੇ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਲੁੱਟਣ ਤੋਂ ਇਲਾਵਾ ਕੁਝ ਨਹੀਂ ਕੀਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਮਾਝੇ ਦੇ ਜਰਨੈਲ ਬਿਕਰਮ ਸਿੰਘ ਮਜੀਠੀਆ, ਵੀਰ ਸਿੰਘ ਲੋਪੋਕੇ, ਰਾਜਵਿੰਦਰ ਸਿੰਘ ਰਾਜਾ, ਗੁਲਜਾਰ ਸਿੰਘ ਰਣੀਕੇ, ਭਾਈ ਜੋਰਾਵਰ ਸਿੰਘ, ਮਨਜੀਤ ਸਿੰਘ, ਨਿਜਰ, ਰੁਪਿੰਦਰ ਸਿੰਘ, ਸਵਿੰਦਰ ਸਿੰਘ, ਇਕਬਾਲ ਸਿੰਘ ਸਿੱਟੂ, ਅਮੋਲਕ ਸਿੰਘ, ਪਵਿੱਤਰ ਸਿੰਘ, ਬ੍ਰਹਮ ਸਿੰਘ ਝੰਡੇਰ ਆਦਿ ਹਾਜ਼ਰ ਸਨ।

# ਰਾਜਨ ਦੀ ਕਾਵਿ ਪੁਸਤਕ 'ਸਾਰੀ ਧਰਤੀ ਮੇਰੀ' ਲੋਕ ਅਰਪਿਤ ਸਮਾਗਮ ਭਲਕੇ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)** - ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਚਰਚਿਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ 27 ਸਤੰਬਰ ਨੂੰ ਸਵੇਰੇ 10 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ਿਲਿੰਦਰਜੀਤ ਸਿੰਘ ਰਾਜਨ ਦੀ ਕਾਵਿ ਪੁਸਤਕ 'ਸਾਰੀ ਧਰਤੀ ਮੇਰੀ' ਲੋਕ ਅਰਪਿਤ ਕੀਤੀ ਜਾਵੇਗੀ। ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਪ੍ਰਧਾਨ ਮੱਖਣ ਭੈਣੀਵਾਲਾ, ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ ਅਤੇ ਪ੍ਰੈਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਦੀ ਸੂਚਨਾ ਅਨੁਸਾਰ ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸ਼੍ਰੋਮਣੀ ਸ਼ਾਇਰ ਡਾ: ਰਵਿੰਦਰ, ਡਾ: ਆਸਾ ਸਿੰਘ ਘੁੰਮਣ (ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਅਵਤਾਰ ਸਿੰਘ ਭੁੱਲਰ (ਸਾਬਕਾ ਏ.ਡੀ.ਸੀ.), ਮੱਖਣ ਕੁਹਾੜ (ਸੀ: ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗੁਰਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਤਰਕ ਭਗਤ ਯਾਦਗਾਰ ਰਾਸ ਕਮੇਟੀ), ਦੀਪ ਦਵਿੰਦਰ ਸਿੰਘ (ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗਗਨ (ਪ੍ਰਧਾਨ ਮਝੈਲਾਂ ਦੀ ਸੱਥ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ), ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ), ਕੁਲਵਿੰਦਰ ਸਿੰਘ ਗਾਖਲ (ਪੰਜਾਬ ਸਾਹਿਤਕ ਮੰਚ ਜਲੰਧਰ) ਆਦਿ ਸ਼ੁਸ਼ੋਭਿਤ ਹੋਣਗੇ।

# ਸ਼ਿਪਸ ਇੰਸਟੀਚਿਊਟ ਰਾਣੀਵਲਾਹ ਦੇ ਵਿਦਿਆਰਥੀਆਂ ਨੇ ਖੇਡਾਂ 'ਚ ਮਾਰੀਆਂ ਮੱਲਾਂ



**ਚੋਹਲਾ ਸਾਹਿਬ (ਰਮਨ ਚੱਢਾ)**- ਮਾਝੇ ਦੀ ਸਿਰਮੌਰ ਸੰਸਥਾ ਸ਼ਿਪਸ ਇੰਸਟੀਚਿਊਟ ਰਾਣੀਵਲਾਹ ਦੇ ਵਿਦਿਆਰਥੀਆਂ ਨੇ 70 ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਵਿੱਚ ਮੱਲਾਂ ਮਾਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਅਨਮੋਲਪ੍ਰੀਤ ਸਿੰਘ ਜਮਾਤ 10ਵੀਂ ਨੇ 5000 ਮੀਟਰ ਦੌੜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਅਰਮਾਨਪ੍ਰੀਤ ਸਿੰਘ 12ਵੀਂ ਜਮਾਤ ਦੇ ਵਿਦਿਆਰਥੀ ਨੇ 800 ਮੀਟਰ ਦੌੜ ਵਿੱਚ ਦੂਸਰਾ ਸਥਾਨ ਹਾਸਲ ਕੀਤਾ ਅਤੇ ਮਨਰਾਜਪ੍ਰੀਤ ਸਿੰਘ ਦਸਵੀਂ ਜਮਾਤ ਦਾ ਵਿਦਿਆਰਥੀ 400 ਮੀਟਰ ਦੌੜ ਵਿੱਚ ਤੀਜੇ ਸਥਾਨ 'ਤੇ ਰਿਹਾ। ਇਸ ਸਮੇਂ ਕਾਰਜਕਾਰੀ ਪ੍ਰਧਾਨ ਸਸੀ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਦੱਸਿਆ ਕਿ ਖੇਡਾਂ ਸਰੀਰਕ ਤੇ ਮਾਨਸਿਕ ਵਿਕਾਸ ਕਰਦੀਆਂ ਹਨ ਤੇ ਵਿਦਿਆਰਥੀਆਂ ਵਿੱਚ ਆਪਸੀ ਮਿਲਵਰਤਣ ਦੀ ਸਾਂਝ ਵਧਾਉਂਦੀਆ ਹਨ। ਐਜੂਕੇਸ਼ਨਲ ਡਾਇਰੈਕਟਰ ਨਵਦੀਪ ਕੌਰ ਸੰਧੂ, ਮਦਨ ਪਠਾਣੀਆ ਅਤੇ ਸਟਾਫ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਬੱਲ ਸਰਾਏ ਤੇ ਬਾਬਾ ਬਕਾਲਾ ਸਾਹਿਬ ਵਿਖੇ ਸਿਹਤ ਕਾਰਡ ਵੰਡੇ



**ਬਿਆਸ (ਪਰਮਜੀਤ ਸਿੰਘ ਰੱਖੜਾ)** : ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬੱਲ ਸਰਾਏ ਅਤੇ ਕਸਬਾ ਬਾਬਾ ਬਕਾਲਾ ਸਾਹਿਬ ਵਿਖੇ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਟੌਂਗ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਬਿਮਾਰੀ ਦੇ ਸਮੇਂ ਇਲਾਜ ਦਾ ਖ਼ਰਚਾ ਕਿਸੇ ਵੀ ਪਰਵਾਰ ਲਈ ਆਰਥਕ ਬੋਝ ਨਾ ਬਣੇ ਅਤੇ ਹਰ ਲੋੜਵੰਦ ਨੂੰ ਸਮੇਂ ਸਿਰ ਇਲਾਜ ਮਿਲ ਸਕੇ। ਇਸ ਮੌਕੇ ਟੌਂਗ ਨੇ ਆਮ ਲੋਕਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਯੋਜਨਾ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਅਤੇ ਸਿਹਤਮੰਦ ਪੰਜਾਬ ਦੀ ਕਾਮਨਾ ਕੀਤੀ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਕਾਕੀ ਨੂੰ ਹਲਕਾ ਕਾਦੀਆਂ ਦਾ ਇੰਚਾਰਜ ਲਗਾਏ ਜਾਣ 'ਤੇ ਅਕਾਲੀ ਵਰਕਰਾਂ ਅੰਦਰ ਖੁਸ਼ੀ ਦੀ ਲਹਿਰ

**ਧਾਰੀਵਾਲ (ਮਨਦੀਪ ਵਿੱਕੀ)**- ਸਾਬਕਾ ਉੱਪ ਮੁੱਖ ਮੰਤਰੀ ਪੰਜਾਬ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੇ ਵਿਧਾਨ ਸਭਾ ਹਲਕਾ ਕਾਦੀਆਂ ਤੋਂ ਨੌਜਵਾਨ ਅਕਾਲੀ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਕੰਵਲਪ੍ਰੀਤ ਸਿੰਘ ਕਾਕੀ ਨੂੰ ਹਲਕਾ



ਕਾਦੀਆਂ ਦਾ ਇੰਚਾਰਜ ਲਗਾਏ ਜਾਣ 'ਤੇ ਹਲਕਾ ਕਾਦੀਆਂ ਦੇ ਪਿੰਡ ਪਿੰਡ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਕੰਵਲਪ੍ਰੀਤ ਸਿੰਘ ਕਾਕੀ ਨੂੰ ਹਲਕਾ ਕਾਦੀਆਂ ਦਾ ਇੰਚਾਰਜ ਲਗਾਏ ਜਾਣ 'ਤੇ ਜਥੇਦਾਰ ਸੁੱਚਾ ਸਿੰਘ ਲੰਗਾਹ ਜਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਵਿਧਾਨ ਸਭਾ ਹਲਕਾ ਕਾਦੀਆਂ ਦੇ ਸੀਨੀਅਰ ਅਕਾਲੀ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੁਖਜਿੰਦਰ ਸਿੰਘ ਸੋਨੂੰ ਲੰਗਾਹ ਹਲਕਾ ਇੰਚਾਰਜ ਡੇਰਾ ਬਾਬਾ ਨਾਨਕ, ਪਰਮਵੀਰ ਸਿੰਘ ਲਾਡੀ ਸਾਬਕਾ ਜਿਲਾ ਪ੍ਰਧਾਨ ਯੂਥ ਅਕਾਲੀ ਦਲ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕੰਵਲਪ੍ਰੀਤ ਸਿੰਘ ਕਾਕੀ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕਰਦਿਆਂ ਵਧਾਈ ਦਿੰਦਿਆਂ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤੇ ਐਲਾਨ ਦਾ ਭਰਵਾਂ ਸਵਾਗਤ ਕੀਤਾ।ਇਸ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਜਥੇਦਾਰ ਸੁੱਚਾ ਸਿੰਘ ਲੰਗਾਹ ਜਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸਮੇਤ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਜਥੇਦਾਰ ਗੋਰਾ ਨੇ ਦੱਸਿਆ ਕਿ 2027 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਚੋਣਾਂ ਜਿੱਤ ਕੇ ਸ਼੍ਰੋਮਣੀ ਅਕਾਲੀ ਦਲ ਦੀ ਅਗਵਾਈ ਵਿੱਚ ਸਰਕਾਰ ਬਣੇਗੀ।

# ਹਲਕਾ ਇੰਚਾਰਜ ਰੰਧਾਵਾ ਨੇ ਗੰਦੇ ਪਾਣੀ ਦੀ ਨਿਕਾਸੀ ਦਾ ਕੰਮ ਸ਼ੁਰੂ ਕਰਵਾਇਆ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ, ਡਾਕਟਰ ਮਲਵਿੰਦਰ ਸਿੰਘ)**- ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਚੇਅਰਮੈਨ ਜੋਬਨ ਰੰਧਾਵਾ ਦੀ ਅਗਵਾਈ ਹੇਠ ਵਿਕਾਸ ਕਾਰਜ ਜਾਰੀ ਹਨ। ਉਨ੍ਹਾਂ ਵਲੋਂ ਪਿੰਡ ਦਾਬਾਂਵਾਲ ਵਿਖੇ ਗੰਦੇ ਪਾਣੀ ਦੀ ਨਿਕਾਸੀ ਕਰਨ ਲਈ ਸੀਵਰੇਜ ਪਾਈਪ ਪਾ ਕੇ ਡਰੇਨ ਤੱਕ ਪਹੁੰਚਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਸਰਪੰਚ ਰਾਜਿੰਦਰ ਸਿੰਘ ਮੰਡ ਵੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਜੋਬਨ ਰੰਧਾਵਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਦਾ ਸਰਬਪੱਖੀ ਵਿਕਾਸ ਉਨਾਂ ਦੀ ਪਹਿਲੀ ਤਰਜੀਹ ਹੈ ਅਤੇ ਹਲਕੇ ਦੇ ਵਿਕਾਸ ਕੰਮਾਂ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ।

# ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀਆਂ ਹਦਾਇਤਾਂ ਤੇ ਉਪ ਮੰਡਲ ਮੈਜਿਸਟਰੇਟ ਬਟਾਲਾ ਸਾਰੰਗਪ੍ਰੀਤ ਔਜਲਾ ਦੇ ਹੁਕਮਾਂ ਤਹਿਤ ਅਤੇ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਸ਼ਾਹਬਾਜ਼ ਸਿੰਘ ਚੀਮਾ ਦੀ ਰਹਿਨੁਮਾਈ ਹੇਠ ਅਤੇ ਬਲਾਕ ਇੰਚਾਰਜ ਰਜਿੰਦਰ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ ਦੇ ਯਤਨ ਸਦਕਾ ਬਲਾਕ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਗੰਡੇ ਕੇ ਵਿਖੇ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਵਿੱਚ ਖੇਤੀਬਾੜੀ ਉਪਨਿਰੀਖਕ ਗੁਰਸੇਵਕ ਸਿੰਘ ਨੇ ਫਸਲਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਅਤੇ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਹਨਾਂ ਨੇ ਕਿਹਾ ਕਿ ਪਰਾਲੀ ਦੀ ਸਾਂਭਣ ਲਈ ਹੁਣ ਸਾਡੇ ਕੋਲ ਮਸ਼ੀਨਰੀ ਉਪਲਬਧ ਹੈ ਸੋ ਕਿਸਾਨ ਵੀਰ ਪਰਾਲੀ ਨੂੰ ਬਿਲਕੁਲ ਵੀ ਅੱਗ ਨਾ ਲਗਾਉਣ ਸਗੋਂ ਇਸ ਨੂੰ ਖੇਤਾਂ ਵਿੱਚ ਹੀ ਵਾਹ ਕੇ ਕਣਕ ਦੀ ਬਿਜਾਈ ਕਰਨ।ਉਹਨਾਂ ਨੇ ਦੱਸਿਆ ਕਿ ਸਾਨੂੰ ਸਾਰਿਆਂ ਨੂੰ ਪਤਾ ਹੀ ਹੈ ਕਿ ਪਰਾਲੀ ਦੇ ਧੂੰਏ ਨਾਲ ਪੈਦਾ ਹੋਣ ਵਾਲੀਆਂ ਜ਼ਹਰੀਲੀ ਗੈਸਾਂ ਸਾਡੀ ਜ਼ਿੰਦਗੀ 'ਤੇ ਕਿੰਨਾ ਅਸਰ ਪਾਉਂਦੀਆਂ ਹਨ। ਕੈਂਪ ਵਿੱਚ ਮਨਜੀਤ ਸਿੰਘ ਐਸ ਸੀ ਓ ਭੂਮੀ ਰੱਖਿਆ ਵਿਭਾਗ ਵੱਲੋਂ ਵੀ ਆਪਣੇ ਮਹਿਕਮੇ ਦੀਆਂ ਸਕੀਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਉਹਨਾਂ ਵੱਲੋਂ ਵੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਕਿਸਾਨ ਵੀਰ ਪਰਾਲੀ ਨੂੰ ਅੱਗ ਬਿਲਕੁਲ ਵੀ ਨਾ ਲਗਾਉਣ।ਕੈਂਪ ਵਿਚ ਜਗਸੀਰ ਸਿੰਘ ਫੀਡ ਬੈਕ ਫਾਊਂਡੇਸ਼ਨ ਵੱਲੋਂ ਵੀ ਉਹਨਾਂ ਦੀਆਂ ਚੱਲ ਰਹੀਆਂ ਕਿਸਾਨ ਹਿੱਤ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਅਤੇ ਉਹਨਾਂ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਸੁਚੱਜੇ ਢੰਗ ਨਾਲ ਵਰਤ ਕੇ ਆਪਣੀ ਮਿੱਟੀ ਅਤੇ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਚੱਲ ਰਹੀ ਜਾਗਰੂਕਤਾ ਮੁਹਿੰਮ ਵਿੱਚ ਸਾਥ ਦੇਣ ਲਈ ਕਿਹਾ। ਕੈਂਪ ਵਿੱਚ ਆਏ ਕਿਸਾਨਾਂ ਦਾ ਰਣਵੀਰ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ । ਕੈਂਪ ਵਿੱਚ ਹਰਭੰਥ ਸਿੰਘ , ਜਗਰੂਪ ਸਿੰਘ ਸਰਪੰਚ, ਸੁਖਜੀਤ ਨੰਬਰਦਾਰ ਸਿੰਘ ਆਦਿ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਤੀਰਥ ਯਾਤਰਾ ਬੱਸ ਨੂੰ ਰਵਾਨਾ ਕੀਤਾ



**ਬਟਾਲਾ ( ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪਿੰਡ ਕਲੇਰ ਖੁਰਦ ਤੋਂ ਸ੍ਰੀ ਅਨੰਦਪੁਰ ਸਾਹਿਬ ਅਤੇ ਨੈਣਾ ਦੇਵੀ ਦੇ ਦਰਸ਼ਨਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਬੱਸ ਰਵਾਨਾ ਕੀਤੀ।ਇਸ ਬੱਸ ਰਾਹੀਂ ਸ਼ਰਧਾਲੂਆਂ ਨੂੰ ਸ਼੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ -ਏ-ਖਾਲਸਾ, ਸ਼੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।

ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।

# ਆਈ ਡੀ ਐਫ ਸੀ ਵੱਲੋਂ ਨੈੱਟ ਬੈਂਕਿੰਗ ਤੇ ਸ਼ਾਖਾਵਾਂ ਰਾਹੀਂ ਸਿੱਧੇ ਟੈਕਸ ਦੀ ਅਦਾਇਗੀ

**ਅੰਮ੍ਰਿਤਸਰ** : ਆਈ ਡੀ ਐਫ ਸੀ ਫਰਸਟ ਬੈਂਕ ਨੇ ਸੈਂਟਰਲ ਬੋਰਡ ਆਫ ਡਾਇਰੈਕਟ ਟੈਕਸਿਜ਼ (ਸੀਬੀਡੀਟੀ) ਦੀਆਂ ਕਲੈਕਸ਼ਨਾਂ ਲਈ ਆਪਣੇ ਪੇਮੈਂਟ ਗੇਟਵੇਅ ਦਾ ਏਕੀਕਰਨ ਪੂਰਾ ਕਰ ਲਿਆ ਹੈ।ਇਸ ਨਾਲ ਦੇਸ਼ ਭਰ ਦੇ ਟੈਕਸਦਾਤਾ ਹੁਣ ਕਈ ਡਿਜੀਟਲ ਅਤੇ ਫਿਜ਼ਿਕਲ ਮਾਧਿਅਮਾਂ ਰਾਹੀਂ ਸਿੱਧੇ ਟੈਕਸਾਂ ਦੀ ਅਦਾਇਗੀ ਕਰ ਸਕਦੇ ਹਨ। ਸਿੱਧੇ ਟੈਕਸਾਂ ਦੀ ਅਦਾਇਗੀ ਨੂੰ ਸਰਲ ਅਤੇ ਸੁਵਿਧਾਜਨਕ ਬਣਾਉਣ ਲਈ ਟੈਕਸਦਾਤਾ ਕਈ ਪੇਮੈਂਟ ਵਿਕਲਪਾਂ ਵਿੱਚੋਂ ਚੋਣ ਕਰ ਸਕਦੇ ਹਨ।ਇਨ੍ਹਾਂ ਵਿੱਚ ਯੂਪੀਆਈ, ਕ੍ਰੈਡਿਟ ਕਾਰਡ, ਡੈਬਿਟ ਕਾਰਡ ਅਤੇ ਆਈਡੀਐਫਸੀ ਫਰਸਟ ਬੈਂਕ ਦੇ ਰਿਟੇਲ ਅਤੇ ਕਾਰਪੋਰੇਟ ਇੰਟਰਨੈੱਟ ਬੈਂਕਿੰਗ ਪਲੇਟਫਾਰਮ ਸ਼ਾਮਲ ਹਨ।ਜਿਹੜੇ ਗਾਹਕ ਆਫਲਾਈਨ ਭੁਗਤਾਨ ਕਰਨਾ ਪਸੰਦ ਕਰਦੇ ਹਨ, ਉਹ ਆਈਡੀਐਫਸੀ ਫਰਸਟ ਬੈਂਕ ਦੀ ਕਿਸੇ ਵੀ ਸ਼ਾਖਾ ਵਿੱਚ ਜਾ ਕੇ ਚੈੱਕ, ਡਿਮਾਂਡ ਡਰਾਫਟ ਜਾਂ ਨਕਦ ਰਾਹੀਂ ਭੁਗਤਾਨ ਕਰ ਸਕਦੇ ਹਨ। ਇਸ ਤੋਂ ਇਲਾਵਾ, ਹੋਰ ਬੈਂਕਾਂ ਦੇ ਗਾਹਕ ਵੀ ਆਪਣੇ ਸਬੰਧਤ ਬੈਂਕਾਂ ਦੀਆਂ ਇੰਟਰਨੈੱਟ ਬੈਂਕਿੰਗ ਸਹੂਲਤਾਂ ਦੀ ਵਰਤੋਂ ਕਰਦੇ ਹੋਏ ਆਈਡੀਐਫਸੀ ਫਰਸਟ ਬੈਂਕ ਦੇ ਪੇਮੈਂਟ ਗੇਟਵੇਅ ਰਾਹੀਂ ਸਿੱਧੇ ਟੈਕਸਾਂ ਦੀ ਅਦਾਇਗੀ ਆਸਾਨੀ ਨਾਲ ਕਰ ਸਕਦੇ ਹਨ।ਸ਼ਿਰੀਸ਼ ਭੰਡਾਰੀ, ਹੈੱਡ, ਰਿਟੇਲ ਲਾਇਬਿਲਿਟੀਜ਼, ਕਾਰਡਸ ਅਤੇ ਪੇਮੈਂਟਸ, ਆਈਡੀਐਫਸੀ ਫਰਸਟ ਬੈਂਕ ਨੇ ਕਿਹਾ ਕਿ ਅੱਜ ਗਾਹਕ ਇਹ ਉਮੀਦ ਕਰਦੇ ਹਨ ਕਿ ਉਨ੍ਹਾਂ ਨੂੰ ਭੁਗਤਾਨ ਕਰਨ ਦੇ ਤਰੀਕੇ ਵਿੱਚ ਲਚਕਤਾ ਅਤੇ ਚੋਣ ਮਿਲੇ।

# ਤਲਬੀਰ ਸਿੰਘ ਗਿੱਲ ਨੇ ਸਾਧਪੁਰ 'ਚ ਪੀੜਤਾਂ ਨਾਲ ਦੁੱਖ ਪ੍ਰਗਟਾਇਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਸ਼ੁੱਕਰਵਾਰ ਨੂੰ ਹਲਕੇ ਦੇ ਪਿੰਡ ਸਾਧਪੁਰ ਵਿੱਚ ਹੋਈਆਂ ਮੌਤਾਂ 'ਤੇ ਵੱਖ ਵੱਖ ਪਰਿਵਾਰਾਂ ਦੇ ਨਾਲ ਅਫਸੋਸ ਕਰਨ ਦੇ ਲਈ ਪਹੁੰਚੇ । ਉਨ੍ਹਾਂ ਵੱਲੋਂ ਪੰਚਾਇਤ ਸੈਕਟਰੀ ਮੇਵਾ ਸਿੰਘ ਸਾਧਪੁਰ ਬੇਟੀ ਦੀ ਮੌਤ, ਗੁਰਦੁਆਰਾ ਬਾਬਾ ਬੇਰ ਸਾਹਿਬ ਦੇ ਪ੍ਰਧਾਨ ਭਾਈ ਸੁਚੇਤ ਸਿੰਘ ਦੀ ਮਾਤਾ, ਗਗਨਦੀਪ ਸਿੰਘ ਦੀ ਮਾਤਾ ਅਤੇ ਜਲਵੰਤ ਸਿੰਘ ਆਧੀ ਦੀ ਹੋਈ ਅਚਨਚੇਤ ਮੌਤ 'ਤੇ ਦੁੱਖ ਪ੍ਰਗਟ ਕਰਦਿਆਂ ਪਰਿਵਾਰਾਂ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਪਰਮਿੰਦਰ ਸਿੰਘ ਉੱਪਲ ਰਮਾਣਾ ਚੱਕ, ਤਰਵਿੰਦਰ ਸਿੰਘ ਸਾਧਪੁਰ, ਹਰਦੀਪ ਸਿੰਘ ਫੌਜੀ, ਹਰਪ੍ਰੀਤ ਸਿੰਘ ਯੋਨੂ ਮੈਂਬਰ ਪੰਚਾਇਤ, ਸਰਪੰਚ ਸਰਬਜੀਤ ਸਿੰਘ, ਧਰਮਿੰਦਰ ਸਿੰਘ, ਤਲਵਿੰਦਰ ਸਿੰਘ ਸੋਨੀ, ਕਰਮਜੀਤ ਸਿੰਘ ਆੜਤੀਆ, ਸੁਖਦੇਵ ਸਿੰਘ ਆਧੀ, ਦਲਬੀਰ ਸਿੰਘ ਟੀਟਾ ਮੈਂਬਰ ਪੰਚਾਇਤ, ਪਰਗਟ ਸਿੰਘ ਬਾਰਵਾਲਾ, ਸਾਬਕਾ ਸਰਪੰਚ ਭੋਲਾ ਸਿੰਘ, ਡਾਕਟਰ ਗੱਜਣ ਸਿੰਘ, ਬੂਟਾ ਸਿੰਘ ਸਰਪੰਚ, ਜਗਦੀਪ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ ।

# ਨੈਸ਼ਨਲ ਲੋਕ ਸੇਵਾ ਪਾਰਟੀ ਦੀ ਅਹਿਮ ਮੀਟਿੰਗ



**ਵੇਰਕਾ (ਰਾਣਾ)**-ਬੈਥਲ ਇੰਡੀਆ ਗੋਸਪਲ ਚਰਚ ਚਿੰਤਕੋਟ ਵਿਖੇ ਨੈਸ਼ਨਲ ਲੋਕ ਸੇਵਾ ਪਾਰਟੀ (ਰਜਿਸਟਰ) ਦੀ ਰਾਜਾਸਾਂਸੀ ਦੇ ਬਲਾਕ ਪ੍ਰਧਾਨ ਪਾਸਟਰ ਮੰਗਲ ਸਿੰਘ ਦੀ ਅਗਵਾਈ ਵਿੱਚ ਮੀਟਿੰਗ ਹੋਈ। ਜਿਸ ਵਿੱਚ ਪਾਰਟੀ ਦੇ ਜਨਰਲ ਸਕੱਤਰ ਪੰਜਾਬ ( ਸਗੰਠਨ ) ਸ੍ਰੀ ਪੂਰਨ ਸਫਰੀ ਉਚੇਚੇ ਤੌਰ 'ਤੇ ਪਾਹੁੰਚੇ। ਮੰਗਲ ਸਿੰਘ ਬਲਾਕ ਪ੍ਰਧਾਨ ਨੇ ਪੂਰਨ ਸਫਰੀ ਅਤੇ ਰਾਜਾਸਾਂਸੀ ਹਲਕਾ ਪਾਰਟੀ ਦੇ ਇੰਚਾਰਜ ਪਾਸਟਰ ਨਿਰਮਲ ਬੁੱਟਰ ਨੂੰ ਬੁੱਕੇ ਦੇ ਕੇ ਸਨਮਾਨਿਤ ਕੀਤਾ। ਪੂਰਨ ਸਫਰੀ ਨੇ ਮੀਟਿੰਗ ਵਿੱਚ ਸ਼ਾਮਿਲ ਪਾਸਟਰ ਸਹਿਬਾਨਾ, ਭਰਾਵਾਂ, ਭੈਣਾਂ ਨੂੰ ਰਾਜਾਸਾਂਸੀ ਹਲਕੇ ਵਿੱਚ ਪਾਰਟੀ ਦੇ ਵਿਧਾਨ ਸਭਾ ਲਈ ਉਮੀਦਵਾਰ ਨਿਰਮਲ ਬੁੱਟਰ ਨੂੰ ਵੱਧ ਤੋਂ ਵੱਧ ਵੋਟਾਂ ਪਵਾ ਕੇ ਜਿਤਾਉਣ ਦੀ ਅਪੀਲ ਕੀਤੀ ਤਾਂ ਜੋ ਤਾਮਿਲਨਾਡੂ ਦੇ ਮੁੱਖ ਮੰਤਰੀ ਵਿਜੇ ਥਾਲਾਪਤੀ ਦੀ ਤਰਾਂ ਪੰਜਾਬ ਦੇ ਵਿਕਾਸ ਲਈ ਕੰਮ ਕੀਤਾ ਜਾ ਸਕੇ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਪਾਸਟਰ ਤਰਸੇਮ ਗਿੱਲ, ਪਾਸਟਰ ਅਜੇਪਾਲ, ਪਾਸਟਰ ਕਾਰਜ ਮਸੀਹ ,ਪਾਸਟਰ ਅਮਰਜੀਤ ,ਪਾਸਟਰ ਗੁਰਮੀਤ ਰਾਜ ,ਪਾਸਟਰ ਮੰਗਾ ਮਸੀਹ ,ਪਾਸਟਰ ਕੇਵਲ ਮਸੀਹ ਸਮੇਤ ਸਾਰੇ ਆਏ ਹੋਏ ਸਮਰਥਕਾਂ ਵੱਲੋਂ ਰਾਜਾਸਾਂਸੀ ਤੋਂ ਪਾਰਟੀ ਲਈ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ।

# ਕੋਟਲਾ ਨੇ ਕਿਸਾਨਾਂ ਦੀਆਂ ਮੁਸ਼ਕਲਾਂ ਸੁਣੀਆਂ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਭਾਈ ਬਿਕਰਮਜੀਤ ਸਿੰਘ ਕੋਟਲਾ ਵੱਲੋਂ ਸ਼ੁੱਕਰਵਾਰ ਨੂੰ ਜੰਡਿਆਲਾ ਗੁਰੂ ਵਿਖੇ ਗਹਿਰੀ ਦਾਣਾ ਮੰਡੀ ਦਾ ਦੌਰਾ ਕੀਤਾ ਅਤੇ ਕਿਸਾਨਾਂ ਦੀਆਂ ਮੁਸ਼ਕਿਲਾਂ ਸੁਣੀਆਂ। ਇਸ ਦੌਰਾਨ ਕਿਸਾਨਾਂ ਨੇ ਦੱਸਿਆ ਕਿ ਜ਼ਿਮੀਦਾਰਾਂ ਨਾਲ ਵੱਡੇ ਪੱਧਰ 'ਤੇ ਲੁੱਟ ਖਸੁੱਟ ਹੋ ਰਹੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੋਟਲਾ ਨੇ ਦੱਸਿਆ ਕਿ ਕਿਸਾਨਾਂ ਨੇ ਉਨਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਸਰਕਾਰੀ ਖਰੀਦ ਜਾਣ ਬੁਝ ਕੇ ਸਰਕਾਰ ਲਟਕਾ ਰਹੀ ਹੈ, ਪਹਿਲਾਂ ਸਰਕਾਰ ਨੇ 25 ਸਤੰਬਰ ਨੂੰ ਕਿਹਾ ਸੀ ਕਿ ਸਰਕਾਰੀ ਖਰੀਦ ਸ਼ੁਰੂ ਹੋਏਗੀ ਪਰ ਹੁਣ ਅੱਗੇ ਫਿਰ ਇਸ ਨੂੰ ਤਰੀਕ ਨੂੰ ਵਧਾ ਕੇ 1 ਅਕਤੂਬਰ ਕਰ ਦਿੱਤੀ ਗਈ ਹੈ ਅਤੇ ਝੋਨਾ ਮੰਡੀਆਂ ਵਿੱਚ ਰੁਲ ਰਿਹਾ ਹੈ। ਸਰਕਾਰੀ ਰੇਟ 2461 ਰੁਪਏ ਹੋਣ ਦੇ ਬਾਵਜੂਦ ਵੀ ਕਿਸਾਨਾਂ ਨੂੰ ਬਹੁਤ ਘੱਟ ਰੇਟ 'ਤੇ ਫਸਲ ਮੰਡੀ ਵਿੱਚ ਮਜਬੂਰਨ ਵੇਚਣੀ ਪੈ ਰਹੀ ਹੈ।ਇਸ ਮੌਕੇ ਧਿਆਨ ਸਿੰਘ ਛੀਨਾ , ਲਖਵਿੰਦਰ ਸਿੰਘ ਜੌਲ, ਬਾਬਾ ਅਵਤਾਰ ਸਿੰਘ , ਮਨਧੀਰ ਸਿੰਘ, ਕੇਵਲ ਸਿੰਘ ਬੰਮਾ , ਸਰਦੂਲ ਸਿੰਘ , ਹਰਵਿੰਦਰ ਸਿੰਘ, ਗੁਲਜਾਰ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ

# ਪੁਲਸ ਵਲੋਂ ਵੱਖ-ਵੱਖ ਮਾਮਲਿਆਂ 'ਚ 4 ਨਸ਼ਾ ਤਸਕਰ ਕਾਬੂ

**ਗੁਰਦਾਸਪੁਰ (ਜਨਕ ਮਹਾਜਨ)**- ਜਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਵੱਖ-ਵੱਖ ਥਾਣਿਆਂ ਦੀ ਪੁਲਿਸ ਵਲੋਂ ਨਸ਼ਾ ਖ਼ਿਲਾਫ਼ ਵਿਢੀ ਮੁਹਿੰਮ ਤਹਿਤ ਕਾਰਵਾਈ ਕਰਦਿਆਂ 4 ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਧਾਰੀਵਾਲ ਦੇ ਏ.ਐਸ.ਆਈ. ਕੁਲਦੀਪ ਸਿੰਘ ਨੇ ਸਮੇਤ ਪੁਲਿਸ ਪਾਰਟੀ ਨੇੜੇ ਮਿੱਲ ਗਰਾਂਊਡ ਧਾਰੀਵਾਲ ਤੋਂ ਮਨੀਸ਼ ਪੁੱਤਰ ਸੁਰਿੰਦਰ ਕੁਮਾਰ ਵਾਸੀ ਗੋਲਡਨ ਐਵਨਿਊ ਡੱਡਵਾਂ ਰੋਡ , ਥਾਣਾ ਕਾਹਨੂੰਵਾਨ ਦੇ ਐਸ.ਆਈ.ਦਿਲਪ੍ਰੀਤ ਸਿੰਘ ਨੇ ਸਮੇਤ ਪੁਲਿਸ ਪਾਰਟੀ ਨੇੜੇ ਬਿਜਲੀ ਘਰ ਕਾਹਨੂੰਵਾਨ ਤੋਂ ਜੀਵਨ ਸਿੰਘ ਉਰਫ ਬੰਟੀ ਪੁੱਤਰ ਕਸ਼ਮੀਰ ਸਿੰਘ ਵਾਸੀ ਕੋਟ ਟੋਡਰ ਮੱਲ ਥਾਣਾ ਕਾਦੀਆਂ , ਥਾਣਾ ਬਹਿਰਾਮਪੁਰ ਦੇ ਐਚ.ਸੀ. ਮੁਨੀਸ਼ ਕੁਮਾਰ ਨੇ ਸਮੇਤ ਪੁਲਿਸ ਪਾਰਟੀ ਪਿੰਡ ਰਾਮਪੁਰ ਨੇੜੇ ਮਸਜਿਦ ਤੋਂ ਲਵਲੀ ਕੁਮਾਰ ਉਰਫ ਲੱਭਾ ਪੁੱਤਰ ਧਰਮਪਾਲ ਵਾਸੀ ਕਠਿਆਲੀ ਤੇ ਥਾਣਾ ਦੋਰਾਂਗਲਾ ਦੇ ਇੰਸਪੈਕਟਰ ਭੁਪਿੰਦਰ ਸਿੰਘ ਨੇ ਸਮੇਤ ਪੁਲਿਸ ਪਾਰਟੀ ਪਿੰਡ ਉਮਰਪੁਰ ਖੁਰਦ ਤੋਂ ਮਨਪ੍ਰੀਤ ਕੌਰ ਪਤਨੀ ਅਮਰੀਕ ਸਿੰਘ ਵਾਸੀ ਦੋਰਾਂਗਲਾ ਨੂੰ ਕਾਬੂ ਕੀਤਾ ਹੈ। ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਦਿੱਤੀ ਹੈ।

# ਐੱਨ ਐੱਸ ਐੱਸ ਸਥਾਪਨਾ ਦਿਵਸ 'ਤੇ ਨਸ਼ੇ ਨਾਲ ਸੰਬੰਧਤ ਜਾਗਰੂਕਤਾ ਲੈਕਚਰ

**ਧਾਰੀਵਾਲ, (ਮਨਦੀਪ ਵਿੱਕੀ)**- ਸਥਾਨਕ ਹਿੰਦੂ ਕੰਨਿਆ ਮਹਾਂ ਵਿਦਿਆਲਿਆਂ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਨ.ਡੀ ਆਨੰਦ, ਸਕੱਤਰ ਰਮੇਸ਼ ਕੋਹਲੀ, ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐਨ.ਐਸ.ਐਸ ਵਿਭਾਗ ਅਤੇ ਰੈਡ ਰਿਬਨ ਵਿਭਾਗ ਵੱਲੋਂ ਕਾਲਜ ਵਿਖੇ ਐਨ ਐਸ ਐਸ ਸਥਾਪਨਾ ਦਿਵਸ ਅਤੇ ਨਸ਼ੇ ਨਾਲ ਸੰਬੰਧਿਤ ਜਾਗਰੂਕਤਾ ਲੈਕਚਰ ਕਰਵਾਇਆ ਗਿਆ।ਜਿਸ




ਵਿੱਚ ਵੱਖ-ਵੱਖ ਵਿਦਿਆਰਥਣਾਂ ਵੱਲੋਂ ਨਸ਼ਿਆਂ ਦਾ ਯੁਵਾ ਪੀੜੀ ਵਿੱਚ ਵੱਧ ਰਿਹਾ ਪ੍ਰਭਾਵ ਅਤੇ ਇਸ ਦੇ ਸਿਹਤ ਉੱਪਰ ਪੈਣ ਵਾਲੇ ਬੁਰੇ ਪ੍ਰਭਾਵਾਂ ਸੰਬੰਧੀ ਆਪਣੇ ਵਿਚਾਰਾਂ ਨੂੰ ਬਿਆਨ ਕੀਤਾ ਗਿਆ। ਇਸ ਦੌਰਾਨ ਪ੍ਰਿੰਸੀਪਲ ਡਾਕਟਰ ਰਜਵਿੰਦਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਐਨ.ਐਸ.ਐਸ ਸਥਾਪਨਾ ਦਿਵਸ ਦੀ ਮੁਬਾਰਕਬਾਦ ਦਿੱਤੀ ਗਈ।ਇਸ ਮੌਕੇ ਵਿਦਿਆਰਥਣਾਂ ਵੱਲੋਂ ਨਸ਼ਿਆਂ ਨਾਲ ਸੰਬੰਧਿਤ ਚਾਰਟ ਅਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ ਅਤੇ ਨਸ਼ਿਆਂ ਤੋਂ ਦੂਰ ਰਹਿਣ ਸਬੰਧੀ ਸੁਹੰ ਵੀ ਚੁੱਕੀ ਗਈ।

# ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਲਗਾਇਆ 2 ਰੋਜ਼ਾ ਕੈਂਪ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ)** - ਸਥਾਨਕ ਪੀ ਐਮ ਸ਼੍ਰੀ ਸਰਕਾਰੀ ਗ੍ਰਲਜ ਸੀਨੀ. ਸੈਕੰ. ਸਕੂਲ ਗਾਂਧੀ ਕੈਂਪ ਵਿਖੇ ਪ੍ਰਿੰਸੀਪਲ ਤੇਜਿੰਦਰ ਕੌਰ ਦੀ ਅਗਵਾਈ 'ਚ 2-ਰੋਜ਼ਾ ਕੈਂਪ ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਲਗਾਇਆ ਗਿਆ। ਜਿਸ ਵਿਚ ਰਿਸੋਰਸ ਪਰਸਨ ਵਜੋਂ ਸਿਵਲ ਡਿਫੈਂਸ ਦੇ ਹਰਬਖਸ਼ ਸਿੰਘ ਤੇ ਮਨਿੰਦਰ ਕੌਰ ਸਮੇਤ ਅਧਿਆਪਕ ਤੇ ਵਿਦਿਆਰਥਣਾਂ ਨੇ



ਹਿੱਸਾ ਲਿਆ।ਸ਼ੁਰੂਆਤ ਵਿਚ ਵਿਸ਼ਵ ਮੁਢੱਲੀ ਸਹਾਇਤਾ ਦੇ ਬਾਨੀ ਭਾਈ ਘਨੱਈਆ ਜੀ ਦੇ 308ਵੇਂ ਪ੍ਰਲੋਕ ਗਮਨ ਦਿਵਸ (ਮਲ੍ਹਮ ਪੱਟੀ ਦਿਵਸ) ਮੌਕੇ 'ਤੇ ਸੇਵਾ ਦੇ ਪੁੰਜ ਭਗਤ ਪੂਰਨ ਸਿੰਘ ਤੇ ਬੀਬੀ ਜੋਗਿੰਦਰ ਕੌਰ ਕੋਹਲੀ ਨੇ ਮੁੰਬਈ ਦੇ ਜੀਵਨ ਤੇ ਸੇਵਾਵਾਂ ਬਾਰੇ ਦਸਿਆ ਤੇ ਦੇਸ਼ ਦੀ ਸੇਵਾ ਕਰਨ ਲਈ ਸਿਵਲ ਡਿਫੈਂਸ ਵਲੰਟੀਅਰ ਬਨਣ ਲਈ ਪ੍ਰੇਰਤ ਕੀਤਾ। ਬਾਅਦ ਵਿਚ ਸਕੂਲ ਆਫਤ ਪ੍ਰਬੰਧਕ ਯੋਜਨਾ ਵਿਸ਼ੇ 'ਤੇ ਜਾਣਕਾਰੀ ਦਿੱਤੀ ਗਈ ਕਿ ਕੋਈ ਵੀ ਘਟਨਾ ਜਾਂ ਦੁਰਘਟਨਾ ਕਦੇ ਵੀ ਦਸ ਕੇ ਨਹੀ ਆਉਂਦੀ ਪਰ ਪਹਿਲਾਂ ਸਿੱਖਿਅਤ ਹੋ ਕੇ ਹੀ ਜਾਨ ਮਾਲ ਦੇ ਨੁਕਸਾਨ ਨੂੰ ਘੱਟ ਜ਼ਰੂਰ ਕੀਤਾ ਜਾ ਸਕਦਾ ਹੈ । ਆਖਰ ਵਿਚ ਪ੍ਰਿੰਸੀਪਲ ਤੇ ਸਮੂਹ ਸਟਾਫ ਵਲੋਂ ਸਨਮਾਨ ਚਿੰਨ੍ਹ ਦੇਂਦੇ ਹੋਏ ਟੀਮ ਸਿਵਲ ਡਿਫੈਂਸ ਦਾ ਧੰਨਵਾਦ ਕੀਤਾ। ਇਸ ਮੌਕੇ ਅਧਿਆਪਕਾ ਪਰਦੀਪ ਕੌਰ, ਡਾ. ਸਤਿੰਦਰਜੀਤ ਕੌਰ, ਪ੍ਰੋਮਿਲਾ, ਨੀਟਾ ਭਾਟੀਆ, ਇੰਦੂ ਬਾਲਾ, ਜਤਿੰਦਰ ਕੌਰ, ਨਵਨੀਤ ਕੌਰ, ਚੰਦਨਪ੍ਰੀਤ, ਸਰਬਜੀਤ ਕੌਰ, ਗੁਰਜੀਤ ਕੌਰ, ਸ਼ਿਵਾਨੀ ਪੁਰੀ, ਜਗਮਨਜੀਤ ਕੌਰ, ਆਦਿ ਵੀ ਹਾਜ਼ਰ ਸਨ।

# 500 ਤੋਂ ਵੱਧ ਕੈਡਿਟਾਂ ਵੱਲੋਂ ਪੰਜਾਬ ਪੁਲਸ ਅਕੈਡਮੀ ਦਾ ਦੌਰਾ



**ਫਿਲੌਰ (ਨਿਰਮਲ)**- ਪੰਜਾਬ ਪੁਲਿਸ ਦੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਨੇ ਅੰਮ੍ਰਿਤਸਰ ਅਤੇ ਤਰਨ ਤਾਰਨ ਜ਼ਿਲ੍ਹਿਆਂ ਦੇ 500 ਵਿਦਿਆਰਥੀ ਪੁਲਿਸ ਕੈਡਿਟਾਂ ਦਾ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ, ਫਿਲੌਰ ਦਾ ਵਿਸ਼ੇਸ਼ ਵਿਦਿਅਕ ਦੌਰਾ ਕਰਵਾਇਆ। ਕੈਡਿਟ ਆਪਣੇ-ਆਪਣੇ ਜ਼ਿਲ੍ਹਿਆਂ ਦੇ ਨੋਡਲ ਐਸ.ਪੀ.ਸੀ. ਅਧਿਆਪਕਾਂ ਅਤੇ ਅਧਿਕਾਰੀਆਂ ਨਾਲ ਅਕੈਡਮੀ ਪਹੁੰਚੇ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੁਲਿਸ ਵਿਭਾਗ ਦੇ ਕੰਮਕਾਜ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਸਾਈਬਰ ਸੁਰੱਖਿਆ ਅਤੇ ਜ਼ਿੰਮੇਵਾਰ ਆਨਲਾਈਨ ਵਿਵਹਾਰ ਬਾਰੇ ਜਾਗਰੂਕ ਕਰਨਾ ਸੀ।ਅਕੈਡਮੀ ਵਿੱਚ ਵਿਦਿਆਰਥੀ ਪੁਲਿਸ ਕੈਡਿਟਾਂ ਨੂੰ ਪੁਲਿਸ ਅਧਿਕਾਰੀਆਂ ਨਾਲ ਗੱਲਬਾਤ ਕਰਨ ਦਾ ਮੌਕਾ ਮਿਲਿਆ। ਵਿਦਿਆਰਥੀਆਂ ਨੇ ਪੁਲਿਸ ਵਿਭਾਗ ਦੇ ਕੰਮਕਾਜ, ਪੁਲਿਸ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਅਤੇ ਪੁਲਿਸ ਦੇ ਭਾਈਚਾਰੇ ਨਾਲ ਸਬੰਧਾਂ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਲਈ। ਕੈਡਿਟਾਂ ਨੂੰ ਡਿਜੀਟਲ ਪਲੇਟਫਾਰਮਾਂ ਦੀ ਵਰਤੋਂ ਕਰਦੇ ਸਮੇਂ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਅਤੇ ਆਨਲਾਈਨ ਗਤੀਵਿਧੀਆਂ ਦੌਰਾਨ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ ਗਈ।ਆਈ ਟੀ ਟੀਮ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਨਾਲ ਵਿਵਹਾਰ ਕਰਨ ਅਤੇ ਡਿਜੀਟਲ ਦੁਨੀਆ ਵਿੱਚ ਸੁਰੱਖਿਅਤ ਅਤੇ ਸਮਝਦਾਰੀ ਨਾਲ ਇੰਟਰਨੈੱਟ ਦੀ ਵਰਤੋਂ ਕਰਨ ਦੇ ਮਹੱਤਵ ਬਾਰੇ ਜਾਗਰੂਕ ਕੀਤਾ।

# ਰਹਿੰਦ-ਖੂੰਹਦ ਨੂੰ ਸਾੜਨ 'ਤੇ ਪਾਬੰਦੀ ਦੇ ਹੁਕਮ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਸਿਮਰਨ ਸਿੰਘ ਢਿੱਲੋਂ ਵਧੀਕ ਜ਼ਿਲਾ ਮੈਜਿਸਟਰੇਟ ਗੁਰਦਾਸਪੁਰ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਦੀ ਕਟਾਈ ਉਪਰੰਤ ਇਸ ਦੀ ਪਰਾਲੀ/ ਰਹਿੰਦ-ਖੂੰਹਦ ਨੂੰ ਅੱਗ ਲਾ ਕੇ ਸਾੜਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ



ਕੀਤੇ ਹਨ। ਜਾਰੀ ਕੀਤੇ ਹੁਕਮ ਵਿੱਚ ਕਿਹਾ ਗਿਆ ਹੈ ਕਿ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਝੋਨੇ ਦੀ ਫਸਲ ਦੀ ਕਟਾਈ ਜ਼ਿਆਦਾਤਰ ਕੰਬਾਇਨ ਮਸ਼ੀਨ ਦੁਆਰਾ ਹੀ ਕੀਤੀ ਜਾਂਦੀ ਹੈ ਅਤੇ ਝੋਨੇ ਦੀ ਪਰਾਲੀ/ ਰਹਿੰਦ-ਖੂੰਹਦ ਨੂੰ ਜ਼ਮੀਨ ਵਿੱਚ ਹੀ ਛੱਡ ਦਿੱਤਾ ਜਾਂਦਾ ਹੈ ਅਤੇ ਬਾਅਦ ਵਿਚ ਇਸ ਪਰਾਲੀ/ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਸਾੜਿਆ ਜਾਂਦਾ ਹੈ ਜਿਸ ਕਾਰਨ ਧਰਤੀ ਵਿਚੋਂ ਕੀਮਤੀ ਤੱਤ ਵੀ ਤਬਾਹ ਹੋ ਜਾਂਦੇ ਹਨ ਅਤੇ ਧਰਤੀ ਦੀ ਉਪਜਾਓ ਸ਼ਕਤੀ 'ਤੇ ਵੀ ਅਸਰ ਪੈਂਦਾ ਹੈ, ਸਿੱਟੇ ਵਜੋਂ ਜਨ-ਜੀਵਨ ਅਤੇ ਵਾਤਾਵਰਣ 'ਤੇ ਬਹੁਤ ਬੁਰਾ ਪ੍ਰਭਾਵ ਪੈਂਦਾ ਹੈ। ਇਹ ਹੁਕਮ 15 ਸਤੰਬਰ ਤੋਂ 15 ਨਵੰਬਰ 2026 ਤੱਕ ਲਾਗੂ ਰਹਿਣਗੇ।

# ਸੰਘਰ ਵਿਖੇ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ




**ਧਾਰੀਵਾਲ, (ਮਨਦੀਪ ਵਿੱਕੀ )**- ਪੰਜਾਬ ਡੇਅਰੀ ਵਿਕਾਸ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਅਤੇ ਡਿਪਟੀ ਡਾਇਰੈਕਟਰ ਡੇਅਰੀ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਡੀ.ਡੀ.-6 ਸਕੀਮ ਅਧੀਨ 23 ਸਤੰਬਰ 2026 ਨੂੰ ਪਿੰਡ ਸੰਘਰ, ਬਲਾਕ ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਵੱਖ-ਵੱਖ ਬਿਮਾਰੀਆਂ, ਉਨ੍ਹਾਂ ਦੀ ਰੋਕਥਾਮ ਤੇ ਇਲਾਜ, ਪਸ਼ੂਆਂ ਦੀ ਸਿਹਤ ਸੰਭਾਲ ਅਤੇ ਸੰਤੁਲਿਤ ਚਾਰੇ ਸੰਬੰਧੀ ਮਾਹਿਰਾਂ ਵੱਲੋਂ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਦੇ ਨਾਲ ਹੀ ਡੇਅਰੀ ਵਿਕਾਸ ਵਿਭਾਗ ਵੱਲੋਂ ਪੰਜਾਬ ਸਰਕਾਰ ਦੁਆਰਾ ਪਸ਼ੂ ਪਾਲਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ, ਸਬਸਿਡੀਆਂ ਅਤੇ ਪਸ਼ੂ ਬੀਮਾ ਯੋਜਨਾਵਾਂ ਬਾਰੇ ਵੀ ਜਾਣੂ ਕਰਵਾਇਆ ਗਿਆ।ਕੈਂਪ ਦੌਰਾਨ ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ, ਡੇਅਰੀ ਇੰਸਪੈਕਟਰ ਸ੍ਰੀਮਤੀ ਅਨੂੰ, ਕਰਨਦੀਪ ਭਗਤ, ਡਾ. ਅਸ਼ੋਕ ਸਿੰਘ ਬਸਰਾ, ਅਸਿਸਟੈਂਟ ਡਾਇਰੈਕਟਰ ਪਸ਼ੂ ਪਾਲਣ, ਬਲਕਾਰ ਸਿੰਘ, ਮਿਲਕਫੈੱਡ ਅਤੇ ਕਮਲ ਕਿਸ਼ੋਰ, ਨਿਊਟਰਾਂਟਾ ਕੰਪਨੀ ਸਮੇਤ ਵੱਡੀ ਗਿਣਤੀ ਵਿੱਚ ਅਗਾਂਹਵਧੂ ਦੁੱਧ ਉਤਪਾਦਕ ਹਾਜ਼ਰ ਸਨ।

ਨਵਾਂ ਜ਼ਮਾਨਾ
ਸ਼ਨੀਵਾਰ, 26 ਸਤੰਬਰ 2026

# ਗਯਾ ਲਾਲ ਨਹੀਂ ਟਲਦਾ

*1967 ਵਿੱਚ ਹਰਿਆਣਾ ਦੀ ਹਸਨਪੁਰ ਸੀਟ (ਹੁਣ ਹੋਡਲ) ਤੋਂ ਚੁਣੇ ਗਏ ਆਜ਼ਾਦ ਵਿਧਾਇਕ ਗਯਾ ਲਾਲ ਨੇ ਦੋ ਹਫਤਿਆਂ ਵਿੱਚ ਕਈ ਟਪੂਸੀਆਂ ਮਾਰੀਆਂ ਸਨ। ਪਹਿਲਾਂ ਕਾਂਗਰਸ 'ਚ ਸ਼ਾਮਲ ਹੋਏ, ਫਿਰ ਯੂਨਾਈਟਿਡ ਫਰੰਟ ਵਿੱਚ ਗਏ, ਫਿਰ ਕਾਂਗਰਸ 'ਚ ਮੁੜ ਆਏ ਤੇ ਓੜਕ ਯੂਨਾਈਟਿਡ ਫਰੰਟ 'ਚ ਚਲੇ ਗਏ। ਜਦੋਂ ਯੂਨਾਈਟਿਡ ਫਰੰਟ ਤੋਂ ਕਾਂਗਰਸ ਵਿੱਚ ਪਰਤੇ ਸਨ ਤਾਂ ਕਾਂਗਰਸ ਆਗੂ ਰਾਓ ਵੀਰੇਂਦਰ ਸਿੰਘ ਨੇ ਚੰਡੀਗੜ੍ਹ ਵਿੱਚ ਪ੍ਰੈੱਸ ਕਾਨਫਰੰਸ ਲਾ ਕੇ ਗਯਾ ਲਾਲ ਨੂੰ ਮੀਡੀਆ ਦੇ ਸਾਹਮਣੇ ਪੇਸ਼ ਕਰਦੇ ਹੋਏ ਕਿਹਾ ਸੀ-ਗਯਾ ਰਾਮ ਹੁਣ ਆਯਾ ਰਾਮ ਹੋ ਗਏ ਹਨ। ਉਦੋਂ ਤੋਂ 'ਆਯਾ ਰਾਮ ਗਯਾ ਰਾਮ' ਦਾ ਜੁਮਲਾ ਮਸ਼ਹੂਰ ਹੋਇਆ। ਬੋਲਣ ਨੂੰ ਤਾਂ ਇਹ ਜੁਮਲਾ ਚੰਗਾ ਲੱਗਦਾ ਹੈ, ਪਰ ਹੈ ਇਹ ਭਾਰਤੀ ਲੋਕਤੰਤਰ ਲਈ ਕਲੰਕ। ਇਸ ਕਲੰਕ ਨੂੰ ਧੋਣ ਲਈ 1985 ਵਿੱਚ ਰਾਜੀਵ ਗਾਂਧੀ ਸਰਕਾਰ ਨੇ ਦਲ-ਬਦਲੀ ਵਿਰੋਧੀ ਕਾਨੂੰਨ ਪਾਸ ਕੀਤਾ ਸੀ। ਉਮੀਦ ਸੀ ਕਿ ਦਲ-ਬਦਲੀ ਦੇ ਕੋਹੜ ਤੋਂ ਛੁਟਕਾਰਾ ਮਿਲ ਜਾਵੇਗਾ, ਪਰ ਸਿਆਸਤਦਾਨਾਂ ਨੇ ਕਾਨੂੰਨ ਦੀ ਐਸੀ ਦੁਰਗਤ ਕੀਤੀ ਕਿ ਇਹ ਨਾਂਅ ਦਾ ਹੀ ਕਾਨੂੰਨ ਰਹਿ ਗਿਆ। ਮੋਦੀ-ਸ਼ਾਹ ਦੀ ਜੋੜੀ ਨੇ ਸੱਤਾ ਸੰਭਾਲਣ ਤੋਂ ਬਾਅਦ ਤਾਂ ਇਸ ਦਾ ਬੁਰੀ ਤਰ੍ਹਾਂ ਜਨਾਜ਼ਾ ਕੱਢ ਦਿੱਤਾ।*

*ਲੋਕ ਸਭਾ, ਰਾਜ ਸਭਾ ਅਤੇ ਰਾਜ ਵਿਧਾਨ ਸਭਾਵਾਂ ਲਈ ਚੁਣੇ ਜਾਣ ਤੋਂ ਬਾਅਦ 111 ਮੌਜੂਦਾ ਸੰਸਦ ਮੈਂਬਰਾਂ/ਵਿਧਾਇਕਾਂ ਨੇ ਦਲ-ਬਦਲੀ ਵਿਰੋਧੀ ਕਾਨੂੰਨ ਦਾ ਮਜ਼ਾਕ ਉਡਾਉਂਦੇ ਹੋਏ ਪਾਰਟੀਆਂ ਬਦਲ ਲਈਆਂ। ਇਨ੍ਹਾਂ ਵਿੱਚੋਂ 26 ਲੋਕ ਸਭਾ ਸੰਸਦ ਮੈਂਬਰ, ਸੱਤ ਰਾਜ ਸਭਾ ਸੰਸਦ ਮੈਂਬਰ ਅਤੇ 78 ਵਿਧਾਇਕ ਸਨ। ਇਹ ਖੁਲਾਸਾ ਜਮਹੂਰੀ ਸੁਧਾਰਾਂ ਲਈ ਯਤਨਸ਼ੀਲ ਜਥੇਬੰਦੀ ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ (ਏ ਡੀ ਆਰ) ਦੀ ਤਾਜ਼ਾ ਰਿਪੋਰਟ ਵਿੱਚ ਕੀਤਾ ਗਿਆ ਹੈ। ਰਿਪੋਰਟ ਮੁਤਾਬਕ 17 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਦਲ-ਬਦਲੀ ਦੇ ਮਾਮਲੇ ਸਾਹਮਣੇ ਆਏ ਹਨ। ਨਾਗਾਲੈਂਡ ਸੂਚੀ ਵਿੱਚ ਸਭ ਤੋਂ ਉੱਪਰ ਹੈ, ਜਿੱਥੇ 32 ਪ੍ਰਤੀਨਿਧੀਆਂ ਨੇ ਪਾਰਟੀਆਂ ਬਦਲੀਆਂ ਹਨ। ਇਸ ਤੋਂ ਬਾਅਦ ਪੱਛਮੀ ਬੰਗਾਲ ਵਿੱਚ 20, ਤੇਲੰਗਾਨਾ ਵਿੱਚ ਨੌਂ, ਗੋਆ ਤੇ ਪੰਜਾਬ ਵਿੱਚ ਅੱਠ-ਅੱਠ, ਮਹਾਰਾਸ਼ਟਰ ਤੇ ਮੇਘਾਲਿਆ ਵਿੱਚ ਛੇ-ਛੇ ਅਤੇ ਮਨੀਪੁਰ ਵਿੱਚ ਪੰਜ ਪ੍ਰਤੀਨਿਧੀਆਂ ਨੇ ਇਹ ਕਾਰਾ ਕੀਤਾ। ਦਿਲਚਸਪ ਗੱਲ ਇਹ ਹੈ ਕਿ ਨਾਗਾਲੈਂਡ ਅਤੇ ਪੱਛਮੀ ਬੰਗਾਲ ਵਿੱਚ ਕੁੱਲ ਦਲ-ਬਦਲੀ ਦੇ ਮਾਮਲਿਆਂ ਵਿੱਚੋਂ ਲੱਗਭੱਗ 47 ਪ੍ਰਤੀਸ਼ਤ ਦਾ ਯੋਗਦਾਨ ਰਿਹਾ। 2022 ਅਤੇ 2026 ਦੇ ਵਿਚਕਾਰ ਇਸ ਵੱਡੀ ਸਿਆਸੀ ਹਿਜਰਤ ਨੇ ਨਾਗਾਲੈਂਡ, ਪੱਛਮੀ ਬੰਗਾਲ, ਤੇਲੰਗਾਨਾ, ਗੋਆ, ਮਹਾਰਾਸ਼ਟਰ ਅਤੇ ਮਨੀਪੁਰ ਸਮੇਤ ਕਈ ਰਾਜਾਂ ਵਿੱਚ ਹੁਕਮਰਾਨ ਅਤੇ ਵਿਰੋਧੀ ਧਿਰ ਦੀ ਤਸਵੀਰ ਬਦਲ ਦਿੱਤੀ ਹੈ।*

*ਰਿਪੋਰਟ ਦਰਸਾਉਂਦੀ ਹੈ ਕਿ ਨੈਸ਼ਨਲ ਡੈਮੋਕਰੇਟਿਕ ਪ੍ਰੋਗ੍ਰੈਸਿਵ ਪਾਰਟੀ (ਐੱਨ ਡੀ ਪੀ ਪੀ) ਨੂੰ ਸਭ ਤੋਂ ਵੱਧ ਨੁਕਸਾਨ ਹੋਇਆ। ਇਸ ਪਾਰਟੀ ਦੇ 25 ਚੁਣੇ ਹੋਏ ਪ੍ਰਤੀਨਿਧੀਆਂ ਨੇ ਪਾਰਟੀ ਛੱਡ ਦਿੱਤੀ, ਜੋ ਕਿ ਕੁੱਲ ਦਲ-ਬਦਲੀਆਂ ਦਾ 23 ਪ੍ਰਤੀਸ਼ਤ ਹੈ। ਇਸ ਤੋਂ ਬਾਅਦ ਆਲ ਇੰਡੀਆ ਤ੍ਰਿਣਮੂਲ ਕਾਂਗਰਸ ਤੇ ਕਾਂਗਰਸ ਦਾ ਨੰਬਰ ਆਉਂਦਾ ਹੈ, ਜਿਨ੍ਹਾਂ ਦੇ 20 ਅਤੇ 19 ਚੁਣੇ ਹੋਏ ਪ੍ਰਤੀਨਿਧਾਂ ਨੇ ਦਲ-ਬਦਲੀ ਕੀਤੀ। ਇਸ ਤੋਂ ਇਲਾਵਾ ਭਾਰਤ ਰਾਸ਼ਟਰ ਸਮਿਤੀ ਦੇ 9 ਪ੍ਰਤੀਨਿਧੀਆਂ, ਆਮ ਆਦਮੀ ਪਾਰਟੀ ਤੇ ਨੈਸ਼ਨਲਿਸਟ ਕਾਂਗਰਸ ਪਾਰਟੀ ਦੇ 7-7, ਸ਼ਿਵ ਸੈਨਾ (ਯੂ ਬੀ ਟੀ) ਦੇ 6, ਜੇ ਡੀ (ਯੂ) ਦੇ 5 ਅਤੇ ਮੇਘਾਲਿਆ ਦੀ ਨੈਸ਼ਨਲ ਪੀਪਲਜ਼ ਪਾਰਟੀ ਦੇ 4 ਪ੍ਰਤੀਨਿਧਾਂ ਨੇ ਪਾਰਟੀਆਂ ਬਦਲੀਆਂ। ਸਭ ਤੋਂ ਹੈਰਾਨ ਕਰਨ ਵਾਲੀ ਗੱਲ ਇਹ ਹੈ ਕਿ ਐੱਨ ਡੀ ਪੀ ਪੀ, ਤ੍ਰਿਣਮੂਲ ਕਾਂਗਰਸ ਅਤੇ ਕਾਂਗਰਸ ਤੋਂ ਆਉਣ ਵਾਲੇ ਨੇਤਾਵਾਂ ਦੀ ਗਿਣਤੀ 64 ਸੀ, ਜੋ ਕਿ ਕੁੱਲ ਦਲ-ਬਦਲੀਆਂ ਦੇ ਮਾਮਲਿਆਂ ਦਾ 58 ਪ੍ਰਤੀਸ਼ਤ ਹੈ। ਪਾਰਟੀ ਬਦਲਣ ਵਾਲਿਆਂ ਲਈ ਨਾਗਾਲੈਂਡ ਦੀ ਪਾਰਟੀ ਨਾਗਾ ਪੀਪਲਜ਼ ਫਰੰਟ (ਐੱਨ ਪੀ ਐੱਫ) ਮੁੱਖ ਪਸੰਦ ਰਹੀ, ਜਿਸ ਵਿੱਚ 32 ਨੇਤਾ ਸ਼ਾਮਲ ਹੋਏ। ਇਸ ਤੋਂ ਬਾਅਦ ਭਾਜਪਾ ਨੇ 29 ਅਤੇ ਨੈਸ਼ਨਲਿਸਟ ਸਿਟੀਜ਼ਨਜ਼ ਪਾਰਟੀ ਆਫ ਇੰਡੀਆ (ਐੱਨ ਸੀ ਪੀ ਆਈ) ਨੇ 20 ਆਗੂ ਸ਼ਾਮਲ ਕਰਵਾਏ। ਕਾਂਗਰਸ ਨੇ ਨੌਂ, ਸ਼ਿਵ ਸੈਨਾ ਨੇ ਅੱਠ, ਐੱਨ ਪੀ ਪੀ ਨੇ ਛੇ ਅਤੇ ਪੀ ਪੀ ਏ ਨੇ ਚਾਰ ਪ੍ਰਤੀਨਿਧੀ ਖਿੱਚੇ। ਐੱਨ ਪੀ ਐੱਫ, ਭਾਜਪਾ ਅਤੇ ਨੈਸ਼ਨਲਿਸਟ ਸਿਟੀਜ਼ਨਜ਼ ਪਾਰਟੀ ਆਫ ਇੰਡੀਆ ਨੇ ਮਿਲ ਕੇ 111 ਵਿੱਚੋਂ 81 ਆਗੂਆਂ ਨੂੰ ਆਪਣੇ ਵੱਲ ਖਿੱਚਿਆ। ਇਹ ਕੁੱਲ ਦਲ-ਬਦਲੀ ਦਾ 73 ਪ੍ਰਤੀਸ਼ਤ ਹੈ।*

*ਹਾਲ ਹੀ ਦੇ ਸਾਲਾਂ ਵਿੱਚ, ਕੁਝ ਰਾਜਾਂ ਵਿੱਚ ਸਰਕਾਰਾਂ ਦੇ ਡਿੱਗਣ ਜਾਂ ਸਿਆਸੀ ਤਬਦੀਲੀਆਂ ਵਿੱਚ ਵਿਧਾਇਕਾਂ ਵੱਲੋਂ ਦਲ ਬਦਲਣਾ ਇੱਕ ਮਹੱਤਵਪੂਰਨ ਕਾਰਕ ਰਿਹਾ ਹੈ। ਨਾਗਾਲੈਂਡ ਵਿੱਚ ਸਭ ਤੋਂ ਵੱਧ ਦਲ-ਬਦਲੀਆਂ ਹੋਈਆਂ, 32 ਪ੍ਰਤੀਨਿਧੀਆਂ ਨੇ ਪੱਖ ਬਦਲਿਆ, ਜਿਸ ਨਾਲ ਉੱਥੇ ਸਿਆਸੀ ਤਾਕਤਾਂ ਦਾ ਇੱਕ ਨਵਾਂ ਸੰਤੁਲਨ ਬਣਿਆ। ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਤੋਂ 20 ਸੰਸਦ ਮੈਂਬਰਾਂ ਦੇ ਜਾਣ ਨਾਲ ਵਿਰੋਧੀ ਰਾਜਨੀਤੀ ਦੀ ਦਿਸ਼ਾ ਬਦਲ ਗਈ। ਤੇਲੰਗਾਨਾ ਵਿੱਚ ਨੌਂ ਬੀ ਆਰ ਐੱਸ ਵਿਧਾਇਕ ਕਾਂਗਰਸ ਵਿੱਚ ਸ਼ਾਮਲ ਹੋਏ, ਜਿਸ ਨਾਲ ਵਿਧਾਨ ਸਭਾ ਵਿੱਚ ਪਾਰਟੀ ਦੀ ਤਾਕਤ ਕਮਜ਼ੋਰ ਹੋਈ ਅਤੇ ਕਾਂਗਰਸ ਦੀ ਸਥਿਤੀ ਮਜ਼ਬੂਤ ਹੋਈ। ਗੋਆ ਵਿੱਚ ਅੱਠ ਕਾਂਗਰਸੀ ਵਿਧਾਇਕ ਭਾਜਪਾ ਵਿੱਚ ਸ਼ਾਮਲ ਹੋਏ। ਮਨੀਪੁਰ ਵਿੱਚ ਪੰਜ ਜੇ ਡੀ (ਯੂ) ਵਿਧਾਇਕ ਭਾਜਪਾ ਵਿੱਚ ਸ਼ਾਮਲ ਹੋਏ, ਜਦੋਂ ਕਿ ਮਹਾਰਾਸ਼ਟਰ ਵਿੱਚ ਛੇ ਸ਼ਿਵ ਸੈਨਾ (ਯੂ ਬੀ ਟੀ) ਸੰਸਦ ਮੈਂਬਰ ਸ਼ਿੰਦੇ ਧੜੇ ਦੀ ਸ਼ਿਵ ਸੈਨਾ ਵਿੱਚ ਸ਼ਾਮਲ ਹੋਏ। ਬਹੁਤ ਸਾਰੇ ਰਾਜਾਂ ਵਿੱਚ ਦਲ-ਬਦਲੀਆਂ ਨੇ ਚੋਣਾਂ ਦੇ ਸਮੇਂ ਵੋਟਰਾਂ ਵੱਲੋਂ ਬਣਾਏ ਗਏ ਸਿਆਸੀ ਦ੍ਰਿਸ਼ ਨੂੰ ਬਦਲ ਦਿੱਤਾ।*

*ਲੋਕਤੰਤਰ ਦਾ ਸਿਧਾਂਤ 'ਲੋਕਾਂ ਦੀ ਸਰਕਾਰ, ਲੋਕਾਂ ਵੱਲੋਂ ਅਤੇ ਲੋਕਾਂ ਲਈ' ਉੱਤੇ ਨਿਰਭਰ ਹੈ, ਜਿੱਥੇ 'ਨਾਗਰਿਕਾਂ ਦੇ ਹਿੱਤ' ਸਭ ਤੋਂ ਵੱਧ ਮਹੱਤਵ ਰੱਖਦੇ ਹਨ, ਪਰ ਇਸ ਬੁਨਿਆਦੀ ਸਿਧਾਂਤ ਦਾ ਮੋਦੀ ਸਰਕਾਰ ਆਉਣ ਤੋਂ ਬਾਅਦ ਰੋਜ਼ ਜਨਾਜ਼ਾ ਨਿਕਲ ਰਿਹਾ ਹੈ।*

*ਕਦੇ ਨਾ ਖਤਮ ਹੋਣ ਵਾਲੀ 'ਸੱਤਾ ਅਤੇ ਪੈਸੇ ਦੀ ਭੁੱਖ' ਸਾਡੇ ਵਿਧਾਇਕਾਂ ਅਤੇ ਸਿਆਸੀ ਪਾਰਟੀਆਂ ਵਿੱਚ ਇੱਕ ਆਮ ਅਭਿਆਸ ਬਣ ਗਿਆ ਹੈ। ਵਰਤਮਾਨ ਦਲ-ਬਦਲੀ ਕਾਨੂੰਨ ਬੇਬੱਸ ਹੈ, ਪਰ ਉਮੀਦ ਦੀ ਇੱਕ ਨਵੀਂ ਕਿਰਨ ਨਜ਼ਰ ਆਈ ਹੈ। ਦੇਸ਼ ਦਾ ਨੌਜਵਾਨ ਜਾਗ ਪਿਆ ਹੈ ਤੇ ਹੁਣ ਉਹ ਹੀ ਦੱਸੇਗਾ ਕਿ ਦਲ-ਬਦਲੂਆਂ ਨਾਲ ਕਿਵੇਂ ਨਜਿੱਠਣਾ ਹੈ।*

## ਰੱਬ ਦੇ ਮਾਡਰਨ ਦੂਤ !

ਚਿਤਰ ਗੁਪਤ ਜੀ ਬਹੁਤ ਨਿਰਾਸ਼ ਹੋ ਕੇ,
ਦੋਵੇਂ ਉੱਤਰ ਗਏ ਜੀਆਂ ਦੇ ਮੋਢਿਆਂ ਤੋਂ।
ਧਰਮਰਾਜ ਦੇ ਪਹੁੰਚ ਫਰਿਆਦ ਕੀਤੀ,
ਕਹਿੰਦੇ ਤੋਬਾ ਐ ਪ੍ਰਾਣੀਆਂ ਥੋਡਿਆਂ ਤੋਂ।
ਰਹਿੰਦਾ 'ਦੀਨ ਈਮਾਨ' ਨੂੰ ਸਮਝਦੇ ਜੋ,
ਥੱਲੇ ਆਪਣੇ ਗਿੱਟਿਆਂ-ਗੋਡਿਆਂ ਤੋਂ।
ਦੇਖੀ ਕਦੇ ਨਾ ਕਿਸੇ ਨੇ 'ਸਜ਼ਾ' ਮਿਲਦੀ,
ਆਖਰ ਵੇਲੇ 'ਸਵਾਸਾਂ' ਦੇ ਛੋਡਿਆਂ ਤੋਂ।
ਸੀ ਸੀ ਟੀ ਵੀ ਹੁਣ ਕਰਦੇ ਐ ਕੰਮ ਸਾਡਾ,
ਮੰਨਿਆ ਜਾਂਦਾ ਅਕੱਟ 'ਸਬੂਤ' ਭਾਈ।
ਧਰਮ ਅਸਥਾਨਾਂ ਦੇ ਵਿੱਚ ਵੀ ਫਿੱਟ ਹੋਏ,
ਹੁਣ ਤਾਂ ਓਹੀ ਹਨ 'ਰੱਬ ਦੇ ਦੂਤ' ਭਾਈ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਜਮਹੂਰੀਅਤ ਦੀ ਰਾਖੀ ਲਈ ਲੋਕ ਅੰਦੋਲਨ ਜ਼ਰੂਰੀ



ਜਸਵੰਤ ਜੀਰਖ

ਸਾਡੇ ਦੇਸ਼ ਵਿੱਚ ਹਰ ਪਾਸੇ ਹੋ ਰਹੀਆਂ ਸੰਵਿਧਾਨਿਕ ਉਲੰਘਣਾਵਾਂ ਰਾਹੀਂ ਮਨੁੱਖੀ ਜਮਹੂਰੀਅਤ ਦਾ ਮਲੀਆਮੇਟ ਕਰਨ ਦਾ ਦੌਰ ਪੂਰੇ ਜ਼ੋਰ ਨਾਲ ਆਪਣੇ ਰੰਗ ਵਿਖਾ ਰਿਹਾ ਹੈ।ਸੱਤਾ 'ਤੇ ਬਿਰਾਜਮਾਨ ਸਿਆਸਤਦਾਨ ਜੋ ਚੋਣਾਂ ਸਮੇਂ ਆਪਣੇ ਆਪ ਨੂੰ ਲੋਕਾਂ ਦੇ ਸੇਵਕ ਹੋਣ ਦਾ ਦੰਭ ਕਰਕੇ ਲੋਕਾਂ ਨੂੰ ਭਰਮਾਉਂਦੇ ਹਨ, ਪਰ ਜਦੋਂ ਰਾਜ ਸਤਾ ਉੱਪਰ ਕਾਬਜ਼ ਹੋ ਕੇ ਸੇਵਕ ਦੀ ਬਜਾਏ ਦੇਸ਼ ਦੇ ਮਾਲਕ ਸਮਝ ਕੇ ਲੋਕਾਂ ਦੀ ਥਾਂ ਕਿਹਨਾਂ ਦੀ ਸੇਵਾ ਕਰਦੇ ਹਨ, ਸਭ ਨੰਗਾ ਹੋ ਜਾਂਦਾ ਹੈ। ਹਰ ਵਿਭਾਗ ਦੇ ਛੋਟੇ-ਵੱਡੇ ਅਧਿਕਾਰੀਆਂ, ਇੱਥੋਂ ਤੱਕ ਕਿ ਇਨਸਾਫ਼ ਦੇ ਫਰਿਸ਼ਤੇ ਅਖਵਾਉਣ ਵਾਲੇ ਜੱਜਾਂ ਵੱਲੋਂ ਵੀ ਦੇਸ਼ ਦੇ ਅਸਲ ਮਾਲਕ ਲੋਕਾਂ ਨੂੰ ਕਿਵੇਂ ਕੀੜੇ-ਮਕੌੜੇ ਸਮਝ ਕੇ ਉਹਨਾਂ ਪ੍ਰਤੀ ਕੀਤਾ ਜਾਂਦਾ ਦੁਰਵਿਹਾਰ ਜਮਹੂਰੀਅਤ ਦੇ ਸ਼ਬਦ ਨੂੰ ਹੀ ਸ਼ਰਮਸਾਰ ਕਰ ਰਿਹਾ ਹੈ। ਲੋਕਾਂ ਵੱਲੋਂ ਹਰ ਰੋਜ਼ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਅਤੇ ਸੱਤਾ 'ਤੇ ਬਿਰਾਜਮਾਨ ਮੰਤਰੀਆਂ/ ਮੁੱਖ ਮੰਤਰੀਆਂ ਨੂੰ ਮੰਗ ਪੱਤਰ ਦੇਣ ਦੀ ਜਮਹੂਰੀ ਪ੍ਰਕਿਰਿਆ ਬਾਰ-ਬਾਰ ਦੋਹਰਾਈ ਜਾਂਦੀ ਹੈ, ਪਰ ਇਸ ਦੇ ਬਾਵਜੂਦ ਇਹਨਾਂ ਸਾਰੇ ਜ਼ੁੰਮੇਵਾਰਾਂ ਵੱਲੋਂ ਕੋਈ ਠੋਸ ਕਾਰਵਾਈ ਕਰਨ ਦੀ ਬਜਾਏ ਸਿਰਫ ਗੋਂਗਲੂਆਂ ਤੋਂ ਮਿੱਟੀ ਝਾੜਨ ਦੀ ਕਹਾਵਤ ਅਨੁਸਾਰ ਹਾਂ-ਹੂੰ ਕਰਕੇ ਲੋਕਾਂ ਨੂੰ ਟਾਲ-ਮਟੋਲ ਕਰਨ ਦੀ ਨੀਤੀ ਰਾਹੀਂ ਟਾਲਣ ਤੋਂ ਵੱਧ ਕੁਝ ਵੀ ਪੱਲੇ ਨਹੀਂ ਪਾਇਆ ਜਾ ਰਿਹਾ। ਜਦੋਂ ਬਾਰ-ਬਾਰ ਅਜਿਹਾ ਵਾਪਰਨ ਨਾਲ ਦੇਸ਼ ਦੇ ਅਸਲ ਮਾਲਕ, ਭਾਵ ਲੋਕ ਆਪਣੇ ਚੁਣੇ ਹੋਏ ਨੁਮਾਇੰਦਿਆਂ ਅਤੇ ਅਫਸਰਸ਼ਾਹੀ ਨੂੰ ਪੁੱਛਣ ਲਈ ਆਪਣੇ ਜਮਹੂਰੀ ਅਧਿਕਾਰ ਦੀ ਵਰਤੋਂ ਕਰਦੇ ਹਨ ਤਾਂ ਇਹਨਾਂ ਦੇਸ਼ ਦੇ ਮਾਲਕ ਬਣ ਬੈਠੇ ਮੌਕਾਪ੍ਰਸਤਾਂ ਵੱਲੋਂ ਸੱਤਾ ਦੇ ਗਰੂਰ ਵਿੱਚ ਸ਼ਾਂਤਮਈ ਰੋਸ ਪ੍ਰਗਟਾਉਂਦੇ ਲੋਕਾਂ ਨਾਲ ਜੋ ਵਰਤਾਓ ਕੀਤਾ ਜਾਂਦਾ ਹੈ, ਉਹ ਦੇਸ਼ ਦੇ ਹਰ ਖੇਤਰ ਵਿੱਚ ਹਰ ਰੋਜ਼ ਹੁੰਦਾ ਵੇਖ ਰਹੇ ਹਾਂ। ਕਿਵੇਂ ਕਿਸਾਨਾਂ, ਮਜ਼ਦੂਰਾਂ, ਬੇਰੋਜ਼ਗਾਰਾਂ, ਵਿਦਿਆਰਥੀਆਂ, ਮੁਲਾਜ਼ਮਾਂ, ਪੈਨਸ਼ਨਰਾਂ ਉੱਪਰ ਪਾਣੀ ਦੀਆਂ ਬੁਛਾੜਾਂ, ਲਾਠੀਆਂ, ਅੱਥਰੂ ਗੈਸ ਗੋਲਿਆਂ ਰਾਹੀਂ ਹਮਲੇ ਹੀ ਨਹੀਂ ਕੀਤੇ ਜਾਂਦੇ, ਸਗੋਂ ਝੂਠੇ ਕੇਸ ਮੜ੍ਹ ਕੇ ਜੇਲ੍ਹੀਂ ਡੱਕਿਆ ਜਾ ਰਿਹਾ ਹੈ।ਇਸੇ ਤਰ੍ਹਾਂ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਸੂਬਾ ਤੇ ਕੇਂਦਰ ਸਰਕਾਰਾਂ ਵੱਲੋਂ ਅਜਿਹੇ ਅੱਤਿਆਚਾਰ ਕਰਨ ਲਈ ਪੁਲਸ ਨੂੰ ਖੁੱਲ੍ਹੀ ਛੁੱਟੀ ਦੇ ਕੇ ਦੇਸ਼ ਨੂੰ ਪੁਲਸ ਰਾਜ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ। 34 ਸਾਲਾ ਟਿਊਟਰ ਨਰਿੰਦਰਦੀਪ ਸਿੰਘ ਦੀ ਪੁਲਸ ਤਸ਼ੱਦਦ ਕਾਰਨ ਹੋਈ ਮੌਤ ਦੀ ਘਟਨਾ ਸਮੇਤ ਹੋਰ ਅਨੇਕਾਂ ਹੀ ਅਜਿਹੇ ਦਰਦਨਾਕ ਵਰਤਾਰੇ ਹਨ, ਜਿਹੜੇ ਇਸ ਜੰਗਲ ਰਾਜ ਦੀ ਗਵਾਹੀ ਭਰਦੇ ਹਨ। ਇਸੇ ਤਰ੍ਹਾਂ ਆਏ ਦਿਨ ਪੁਲਸ ਮੁਕਾਬਲੇ ਦੇ ਨਾਂਅ ਹੇਠ ਮਨੁੱਖੀ ਜ਼ਿੰਦਗੀਆਂ ਦਾ ਘਾਣ ਹੋ ਰਿਹਾ ਹੈ।

ਲੋਕਾਂ ਉਪਰ ਹੋ ਰਹੇ ਅਜਿਹੇ ਅੱਤਿਆਚਾਰਾਂ ਦਾ ਦੇਸ਼ ਦੀਆਂ ਉੱਚ ਅਦਾਲਤਾਂ ਨੂੰ ਨੋਟਿਸ ਲੈਣਾ ਬਣਦਾ ਹੈ, ਪਰ ਕਿਸੇ ਨੇ ਵੀ ਸਰਕਾਰ ਵੱਲੋਂ ਲੋਕਾਂ ਉਪਰ ਕੀਤੇ ਅੱਤਿਆਚਾਰਾਂ ਬਾਰੇ ਪੁੱਛਣ ਤੱਕ ਦੀ ਵੀ ਲੋੜ ਨਹੀਂ ਸਮਝੀ। ਮਾਨਯੋਗ ਕਹੇ ਜਾਂਦੇ ਜੱਜਾਂ ਦੀ ਮਾਨਸਿਕਤਾ ਕੁਝ ਕੁ ਮਾਮਲਿਆਂ ਨੂੰ ਛੱਡ, ਸੱਤਾਧਾਰੀਆਂ ਦੀ ਰੱਖਿਆ ਕਰਨ ਵਾਲੀ ਬਣ ਰਹੀ ਹੈ, ਕਿਉਂਕਿ ਉਹਨਾਂ ਨੂੰ ਸੇਵਾ ਮੁਕਤੀ ਉਪਰੰਤ ਸਰਕਾਰ ਵੱਲੋਂ ਕੋਈ ਉੱਚ ਅਹੁਦਾ ਮਿਲਣ ਦੀ ਝਾਕ ਹੁੰਦੀ ਹੈ।ਲੋਕ ਜੋ ਕਿ ਦੇਸ਼ ਦੇ ਮਾਲਕ ਹੁੰਦੇ ਹਨ ਅਤੇ ਹੋਰ ਸਾਰੇ ਹਾਕਮ ਇਹਨਾਂ ਦੇ ਨੌਕਰ, ਜਿਹਨਾਂ ਨੇ ਦੇਸ਼ ਦੇ ਮਾਲਕਾਂ ਭਾਵ ਲੋਕਾਂ ਦੇ ਜਾਨ ਮਾਲ ਦੀ ਰਾਖੀ ਕਰਨੀ ਹੁੰਦੀ ਹੈ, ਉਹਨਾਂ ਦੇ ਮੌਲਿਕ ਅਧਿਕਾਰਾਂ ਸਮੇਤ ਇੱਥੋਂ ਦੇ ਵਾਤਾਵਰਣ, ਕੁਦਰਤੀ ਸਰੋਤਾਂ ਦੀ ਰੱਖਿਆ ਅਤੇ ਦੇਸ਼ ਦੇ ਵਿਕਾਸ ਲਈ ਨੀਤੀਆਂ ਤਹਿ ਕਰਨੀਆਂ ਹੁੰਦੀਆਂ ਹਨ, ਪਰ ਹਵਾ ਨੂੰ ਗੁਰੂ ਅਤੇ ਪਾਣੀ ਨੂੰ ਪਿਤਾ ਮੰਨ ਕੇ ਇਹਨਾਂ ਵਿੱਚ ਜ਼ਹਿਰ ਘੋਲਣ ਵਾਲੇ, ਮੁਲਕ ਦੀਆਂ ਨਦੀਆਂ ਦੇ ਪਾਣੀਆਂ ਸਮੇਤ ਸ਼ੁੱਧ ਹਵਾਵਾਂ ਵਿੱਚ ਧਰਮ ਦੇ ਪਰਦੇ ਹੇਠ ਤੀਰਥਾਂ ਅਤੇ ਤਿਉਹਾਰਾਂ ਸਮੇਂ ਗੰਧਲਾ ਕਰਨ ਦੀ ਕੋਈ ਕਸਰ ਨਹੀਂ ਛੱਡਦੇ। ਲੋਕਾਂ ਦੀ ਗੈਰ-ਵਿਗਿਆਨਿਕ ਅੰਧਵਿਸ਼ਵਾਸੀ ਧਰਮ ਅਧਾਰਤ ਆਸਥਾ ਨੂੰ ਸਰਕਾਰ ਵੱਲੋਂ ਮਾਨਤਾ ਦੇ ਕੇ ਵਾਤਾਵਰਣ ਗੰਧਲਾ ਕਰਨ ਦੀ ਪੂਰੀ ਖੁੱਲ੍ਹ ਦਿੱਤੀ ਜਾਂਦੀ ਹੈ। ਗੰਗਾ ਨਦੀ ਵਿੱਚ ਹਜਾਰਾਂ ਕਵਿੰਟਲ ਕਚਰੇ ਰਾਹੀਂ ਗੰਦ ਪਾਉਣ ਵਾਲੇ ਇਹਨਾਂ ਧਰਮੀ ਅਖਵਾਉਣ ਵਾਲਿਆਂ ਵੱਲੋਂ ਪਾਏ ਕੂੜੇ-ਕਰਕਟ ਨੂੰ ਚੁੱਕਣ ਉਪਰ ਲੋਕਾਂ ਦੀ ਕਿਰਤ ਰਾਹੀਂ ਭਰੇ ਖਜ਼ਾਨੇ ਵਿੱਚੋਂ ਕਰੋੜਾਂ ਰੁਪਏ ਦਾ ਖਰਚ ਕੀਤਾ ਗਿਆ। ਇਸ ਖਰਚ ਨੂੰ ਹੋਰ ਉਸਾਰੂ ਕੰਮਾਂ ਲਈ ਵਰਤਿਆ ਜਾ ਸਕਦਾ ਸੀ, ਪਰ ਇੱਥੇ ਅਜਿਹੇ ਕਰਮ ਕਾਂਡਾਂ ਰਾਹੀਂ ਗੰਦਗੀ ਫੈਲਾਉਣ ਵਿਰੁੱਧ ਕਾਨੂੰਨ ਬਣਾ ਕੇ ਲੋਕਾਂ ਨੂੰ ਚੰਗੀ ਜ਼ਿੰਦਗੀ ਦੇਣ ਦੀ ਬਜਾਏ, ਉਹਨਾਂ ਨੂੰ ਹੋਰ ਮਾਨਸਿਕ ਗੁਲਾਮ ਅਤੇ ਕੰਗਾਲ ਬਣਾ ਕੇ ਪੂੰਜੀਪਤੀਆਂ/ਦੇਸੀ-ਵਿਦੇਸ਼ੀ ਕੰਪਨੀਆਂ / ਕਾਰਪੋਰੇਟਾਂ ਨੂੰ ਹੋਰ ਮਾਲੋ-ਮਾਲ ਕਰਨ ਲਈ ਨੀਤੀਆਂ ਬਣਾਈਆਂ ਜਾ ਰਹੀਆਂ ਹਨ।

ਆਦਿ ਵਾਸੀ ਇਲਾਕਿਆਂ ਵਿੱਚ ਵਿਕਾਸ ਦੇ ਨਾਂਅ ਹੇਠ ਉਹਨਾਂ ਦੀ ਰੋਜ਼ੀ-ਰੋਟੀ ਦੇ ਸਾਧਨ ਖਤਮ ਕਰਕੇ ਹਜ਼ਾਰਾਂ ਏਕੜ ਜੰਗਲਾਂ ਦੇ ਉਜਾੜੇ ਨੂੰ ਵਿਕਾਸ ਦਾ ਨਾਂਅ ਦੇ ਕੇ, ਕਾਰਪੋਰੇਟਾਂ ਦੇ ਮੁਨਾਫੇ ਵਧਾਉਣ ਲਈ ਮਨੁੱਖੀ ਤਬਾਹੀ ਕੀਤੀ ਜਾ ਰਹੀ ਹੈ। ਅਜਿਹੇ ਵਰਤਾਰਿਆਂ ਨੂੰ ਰੋਕਣ ਲਈ ਸਿਆਸਤਦਾਨਾਂ, ਉੱਚ ਅਧਿਕਾਰੀਆਂ ਅਤੇ ਅਦਾਲਤਾਂ ਵੱਲੋਂ ਕੋਈ ਕਦਮ ਨਹੀਂ ਚੁੱਕੇ ਜਾ ਰਹੇ, ਜਿਸ ਕਰਕੇ ਦੇਸ਼ ਦੇ ਹਿਤ ਵਿੱਚ ਅਗਾਂਹਵਧੂ ਮਨੁੱਖਤਾ ਪੱਖੀ ਲੋਕਾਂ ਨੂੰ ਅੱਗੇ ਆਉਣ ਦੀ ਲੋੜ ਹੈ।

ਦੇਸ਼ ਦੇ ਸਾਰੇ ਕਮਾਊ ਅਦਾਰੇ ਇੱਕ-ਇੱਕ ਕਰਕੇ ਵਿਉਪਾਰਕ ਅਦਾਰਿਆਂ/ ਕਾਰਪੋਰੇਟਾਂ ਦੀ ਝੋਲੀ ਪਾਏ ਗਏ ਅਤੇ ਜੋ ਬਚਦੇ ਹਨ, ਉਹਨਾਂ ਲਈ ਵੀ ਤਿਆਰੀਆਂ ਜਾਰੀ ਹਨ। ਪੈਟਰੋਲ, ਡੀਜ਼ਲ ਦੇ ਰੇਟਾਂ ਵਿੱਚ ਵਿਸ਼ਵ ਮਾਰਕੀਟ ਵਿੱਚ ਵੱਡੀ ਪੱਧਰ 'ਤੇ ਹੇਠਾਂ ਆਣ ਦੇ ਬਾਵਜੂਦ ਤੇਲ ਕੰਪਨੀਆਂ ਦੇ ਮੁਨਾਫੇ ਘਟਾਉਣ ਦੀ ਥਾਂ ਉਚੇ ਭਾਅ ਵੇਚ ਕੇ ਲੋਕਾਂ ਦੀ ਲੁੱਟ ਕਰਨ ਲਈ ਦਿੱਤੀ ਖੁੱਲ੍ਹੀ ਛੋਟ ਪ੍ਰਤੱਖ ਹੈ। ਇਸ ਤਰ੍ਹਾਂ ਲੋਕਾਂ ਰਾਹੀਂ ਚੁਣੀਆਂ ਸਰਕਾਰਾਂ ਵੱਲੋਂ ਦੇਸ਼ ਦੇ ਕਾਰੋਬਾਰ ਆਪਣੇ ਪ੍ਰਬੰਧਾਂ ਹੇਠੋਂ ਕੱਢ ਵੱਡੇ-ਵੱਡੇ ਪੂੰਜੀਪਤੀਆਂ ਨੂੰ ਦਿੱਤੇ ਜਾ ਰਹੇ ਹਨ, ਜਿਸ ਦੇ ਸਿੱਟੇ ਆਮ ਲੋਕਾਂ ਨੂੰ ਬੇਰੁਜ਼ਗਾਰੀ, ਘੱਟ ਵੇਤਨ, ਗਰੀਬੀ, ਮਹਿੰਗਾਈ, ਅਨਪੜ੍ਹਤਾ ਆਦਿ ਦੇ ਰੂਪ ਵਿੱਚ ਭਗਤਣੇ ਪੈ ਰਹੇ ਹਨ।

ਦੇਸ਼ ਨੂੰ ਸਭ ਤੋਂ ਵੱਡਾ ਲੋਕਤੰਤਰ ਕਹੇ ਜਾਣ ਵਾਲੇ ਰਾਜ ਪ੍ਰਬੰਧ ਅਧੀਨ ਸੱਤਾ 'ਤੇ ਕਾਬਜ਼ ਸਿਆਸੀ ਧਿਰ ਅਤੇ ਸੱਤਾ ਉੱਪਰ ਕਾਬਜ਼ ਹੋਣ ਦੇ ਯਤਨ ਕਰ ਰਹੀ ਸੱਤਾਹੀਣ ਧਿਰ ਵੱਲੋਂ ਵੋਟਾਂ ਵੇਲੇ ਜੋ ਧੱਕੇਸ਼ਾਹੀ, ਬਦਮਾਸ਼ੀ, ਕੁੱਟਮਾਰ ਅਤੇ ਚੋਣ ਬੂਥਾਂ 'ਤੇ ਕਬਜ਼ੇ ਕਰਨ ਵਰਗੇ ਕਾਂਡ, ਲੋਕ ਅਕਸਰ ਹੀ ਵੇਖ ਰਹੇ ਹਨ। ਚੋਣ ਕਮਿਸ਼ਨ ਅਤੇ ਅਦਾਲਤਾਂ ਵੱਲੋਂ ਇਹ ਸਭ ਕੁਝ ਵੇਖਦੇ ਅਤੇ ਜਾਣਦੇ ਹੋਣ ਦੇ ਬਾਵਜੂਦ ਗਲਤ ਦੇ ਖਿਲਾਫ ਕੋਈ ਕਾਰਵਾਈ ਕਰਨੀ ਕਿਉਂ ਉਚਿੱਤ ਨਹੀਂ ਸਮਝੀ ਜਾਂਦੀ? ਵੱਡੇ ਸਵਾਲ ਹਨ।ਜਦੋਂ ਵੋਟ ਚੋਰੀ ਇਲੈਕਸ਼ਨ ਕਮਿਸਨ ਕਰ ਰਿਹਾ ਸੀ, ਪਰ ਕਿਸੇ ਵੀ ਅਦਾਲਤ ਵੱਲੋਂ ਉਸ ਨੂੰ ਰੋਕਣ ਦੀ ਬਣਦੀ ਜ਼ੁੰਮੇਵਾਰੀ ਨਹੀਂ ਨਿਭਾਈ।ਇਲੈਕਸ਼ਨ ਕਮਿਸਨ ਸਰਕਾਰ ਦੇ ਪਿੰਜਰੇ ਦਾ ਤੋਤਾ ਬਣ ਕੇ ਕੰਮ ਕਰ ਰਿਹਾ ਹੈ, ਸੋਸ਼ਲ ਅਤੇ ਪ੍ਰਿੰਟ ਮੀਡੀਆ ਰਾਹੀਂ ਸਭ ਸਾਹਮਣੇ ਆ ਰਿਹਾ ਹੈ। ਜਿਸ ਨੂੰ ਮਰਜ਼ੀ ਚੋਣ ਪ੍ਰਕਿਰਿਆ 'ਚੋਂ ਬਾਹਰ ਕਰ ਦੇਣ, ਜਿਸ ਦੀ ਮਰਜੀ ਵੋਟ ਕੱਟ ਦੇਣ, ਲੋਕ ਪ੍ਰੇਸ਼ਾਨ ਹੋਈ ਜਾਣ, ਕੋਈ ਕਾਨੂੰਨ ਪੁੱਛਣ ਵਾਲਾ ਨਹੀਂ। ਸੁਪਰੀਮ ਕੋਰਟ ਵੱਲੋਂ ਲੋਕਾਂ ਦੀਆਂ ਨਜ਼ਾਇਜ ਕੱਟੀਆਂ ਗਈਆਂ ਵੋਟਾਂ ਬਾਰੇ ਇਹ ਕਹਿ ਕੇ ਪੱਲਾ ਝਾੜ ਲੈਣਾ ਕਿ ਕੋਈ ਗੱਲ ਨਹੀਂ, ਅਗਲੀ ਵਾਰੀ ਠੀਕ ਕਰਵਾ ਲੈਣਾ, ਹੁਣ ਸਮਾਂ ਨਿਕਲ ਗਿਆ ਹੈ, ਜਦੋਂ ਕਿ ਉਹਨਾਂ ਦਾ ਮੁੱਖ ਕੰਮ ਗਲਤ ਹੋ ਰਹੇ ਨੂੰ ਰੋਕ ਕੇ ਦੋਸ਼ੀ ਖਿਲਾਫ ਕਾਨੂੰਨੀ ਕਾਰਵਾਈ ਕਰਨਾ ਹੈ।

ਇਸੇ ਤਰ੍ਹਾਂ ਬਲਾਤਕਾਰ ਵਰਗੇ ਸੰਗੀਨ ਕੇਸਾਂ ਵਿੱਚ ਉਮਰ ਕੈਦ ਭੁਗਤ ਰਹੇ ਰਾਮ ਰਹੀਮ, ਆਸਾ ਰਾਮ ਵਰਗੇ ਬਲਾਤਕਾਰੀ ਬਾਬਿਆਂ ਨੂੰ ਦੋਸ਼ ਮੁਕਤ ਕਰਵਾਉਣ ਲਈ ਹੋ ਰਹੇ ਯਤਨ ਕੀ ਦਰਸਾਉਂਦੇ ਹਨ? ਕਿਉਂਕਿ ਇਹ ਸਭ ਸਰਕਾਰੀ ਛਤਰ ਛਾਇਆ ਹੇਠ ਪਲ਼ ਰਹੇ ਉਹ ਬਾਬੇ ਹਨ, ਜਿਹਨਾਂ ਦੇ ਡੇਰਿਆਂ ਨੂੰ ਸਰਕਾਰਾਂ ਆਪਣੇ ਵੋਟ ਬੈਂਕ ਸਮਝਦੀਆਂ ਹਨ। ਮਨੀਪੁਰ ਵਿੱਚ ਔਰਤਾਂ ਨੂੰ ਬੇਪੱਤ ਕਰਨ ਵਰਗੀਆਂ ਘਟਨਾਵਾਂ ਸਰਕਾਰੀ ਤੰਤਰ ਦੇ ਝੂਠੇ ਦਾਅਵਿਆਂ ਤੋਂ ਪਰਦਾ ਉਠਾਉਣ ਦਾ ਜ਼ਾਹਰਾ ਸਬੂਤ ਹਨ। ਇਸੇ ਤਰ੍ਹਾਂ ਬਿਲਕਸ ਬਾਨੋ ਦੇ ਬਲਾਤਕਾਰੀਆਂ ਨੂੰ ਸੰਸਕਾਰੀ ਬ੍ਰਾਹਮਣ ਦੇ ਸਰਟੀਫਿਕੇਟ ਦੇ ਕੇ ਬਰੀ ਕਰਵਾਉਣਾ, ਮਠਿਆਈਆਂ ਵੰਡ ਕੇ ਉਹਨਾਂ ਦੇ ਗਲਾਂ 'ਚ ਹਾਰ ਪਾ ਕੇ ਸੁਆਗਤ ਕਰਨਾ ਅਤੇ ਵਿਧਾਇਕ ਬਲਵੰਤ ਸੇਂਗਰ ਵਰਗੇ ਬਲਾਤਕਾਰੀ ਨੂੰ ਬਰੀ ਕਰਵਾਉਣਾ ਆਦਿ ਸਰਕਾਰ ਅਤੇ ਧਰਮ ਦੇ ਪਾਜ ਉਧੇੜਦੇ ਹਨ।

ਦੂਜੇ ਪਾਸੇ ਲੋਕਾਂ ਉੱਪਰ ਹੋ ਰਹੇ ਸਰਕਾਰੀ ਅੱਤਿਆਚਾਰਾਂ ਅਤੇ ਬੇਇਨਸਾਫੀ ਖਿਲਾਫ ਆਵਾਜ਼ ਉਠਾ ਕੇ ਸਵਾਲ ਕਰਨ ਵਾਲੇ ਦੇਸ਼ ਹਿੱਤੂ ਬੁੱਧੀਜੀਵੀ ਵਰਗ ਨੂੰ 'ਦਿਮਾਗੀ ਨਕਸਲ' ਕਹਿ ਕੇ ਸੱਚ ਨੂੰ ਲੋਕਾਂ ਤੋਂ ਦੂਰ ਰੱਖਣ ਲਈ ਦਿੱਤੇ ਗੁੰਮਰਾਹਕੁੰਨ ਫੁਰਮਾਨਾਂ ਰਾਹੀਂ ਹੱਕੀ ਆਵਾਜ਼ ਦਬਾਉਣ ਦੇ ਕੋਝੇ ਯਤਨ ਕੀਤੇ ਜਾ ਰਹੇ ਹਨ।ਉਮਰ ਖਾਲਿਦ ਵਰਗੇ ਕੇਸਾਂ ਵਿੱਚ ਜ਼ਮਾਨਤ ਦੇਣ ਲਈ ਜਮਹੂਰੀ ਪ੍ਰਕਿਰਿਆ ਨੂੰ ਤਿਆਗ ਕੇ ਮਨਘੜਤ ਦੋਸ਼ ਮੜ੍ਹ ਕੇ ਸਰਾਸਰ ਬੇਇਨਸਾਫੀ ਹੋ ਰਹੀ ਹੈ। ਬਿਨਾਂ ਕੋਈ ਕੇਸ ਚਲਾਏ ਉਹਨਾਂ ਦੀ ਜ਼ਿੰਦਗੀ ਜੇਲ੍ਹਾਂ ਵਿੱਚ ਬਰਬਾਦ ਕੀਤੀ ਜਾ ਰਹੀ ਹੈ। ਜੇਕਰ ਦੇਸ਼ ਵਿੱਚ ਮਨੁੱਖੀ ਜਮਹੂਰੀਅਤ ਦੀ ਰਾਖੀ ਲਈ ਮਾਨ ਯੋਗ ਅਦਾਲਤਾਂ ਵੱਲੋਂ ਸਰਕਾਰੀ ਪ੍ਰਭਾਵ ਹੇਠ ਮਨੁੱਖੀ ਬਰਾਬਰਤਾ ਦੇ ਸੰਵਿਧਨਿਕ ਅਧਿਕਾਰ ਨਾਲ ਇਸੇ ਤਰ੍ਹਾਂ ਪੱਖਪਾਤ ਅਤੇ ਖਿਲਵਾੜ ਜਾਰੀ ਰਿਹਾ ਤਾਂ ਲੋਕਾਂ ਦੇ ਜਥੇਬੰਦਕ ਅੰਦੋਲਨਾਂ ਦਾ ਵਿਕਸਤ ਹੋਣਾ ਲਾਜ਼ਮੀ ਹੈ।

# ਸੰਪਰਕ : 98151-69825

# ਮੈਂ ਪੋਸਟ ਕਾਰਡ ਬੋਲਦਾਂ....

ਪ੍ਰਿੰਸੀਪਲ ਤਰਸੇਮ ਸਿੰਘ

ਜਦੋਂ ਦਾ ਮਨੁੱਖੀ ਜੀਵਨ ਹੋਂਦ ਵਿੱਚ ਆਇਆ ਹੈ, ਉਦੋਂ ਤੋਂ ਹੀ ਉਸ ਨੂੰ ਆਪਣੀ ਹੋਂਦ ਬਚਾਏ ਰੱਖਣ ਲਈ ਪਹਿਲਾਂ ਭੋਜਨ, ਕੱਪੜੇ ਅਤੇ ਰਿਹਾਇਸ਼ ਲਈ ਸੰਘਰਸ਼ ਕਰਨਾ ਪਿਆ। ਜਦੋਂ ਇਹ ਜ਼ਰੂਰਤਾਂ ਪੂਰੀਆਂ ਹੋ ਗਈਆਂ ਤਾਂ ਫਿਰ ਉਸ ਨੂੰ ਆਪਣੀਆਂ ਭਾਵਨਾਵਾਂ ਨਾਲ ਜੂਝਣਾ ਪਿਆ। ਭਾਵਨਾਵਾਂ ਦਾ ਸੰਘਰਸ਼ ਇੱਕ ਅਜਿਹਾ ਸੰਘਰਸ਼ ਹੈ, ਜਿਸ 'ਤੇ ਜੇਕਰ ਅਸੀਂ ਕਾਬੂ ਨਾ ਪਾ ਸਕੀਏ ਤਾਂ ਫਿਰ ਬੇਸ਼ੱਕ ਜਿੰਨਾ ਵੀ ਵਧੀਆ ਤੇ ਸੁਆਦੀ ਭੋਜਨ ਖਾ ਲਈਏ, ਜਿੰਨੇ ਵੀ ਵਧੀਆ ਤੇ ਮਹਿੰਗੇ ਕੱਪੜੇ ਪਹਿਨ ਲਈਏ ਜਾਂ ਕਿੰਨੇ ਵੀ ਵਧੀਆ ਮਕਾਨ ਵਿੱਚ ਰਹਿ ਲਈਏ, ਸਾਰੇ ਦੇ ਸਾਰੇ ਬੇਕਾਰ ਹਨ। ਅੱਜ ਦੇ ਸਮੇਂ ਦੀ ਜੇਕਰ ਗੱਲ ਕਰੀਏ ਤਾਂ ਸਾਡੇ ਕੋਲ ਵਧੀਆ ਸਹੂਲਤਾਂ ਤਾਂ ਹਨ, ਪਰ ਫਿਰ ਵੀ ਲੋਕ ਡਿਪਰੈਸ਼ਨ ਦਾ ਸ਼ਿਕਾਰ ਜ਼ਿਆਦਾ ਹੋ ਰਹੇ ਹਨ। ਮੋਬਾਈਲ ਫੋਨ ਦੇ ਇਸ ਯੁੱਗ ਨੇ ਕੇਵਲ ਸਮਾਜਿਕ ਢਾਂਚੇ ਨੂੰ ਹੀ ਤਹਿਸ-ਨਹਿਸ ਨਹੀਂ ਕੀਤਾ, ਬਲਕਿ ਪਰਵਾਰਕ ਢਾਂਚੇ ਨੂੰ ਵੀ ਲੀਰੋ -ਲੀਰ ਕਰ ਦਿੱਤਾ ਹੈ।

ਹਾਂ, ਮੈਂ ਸਹੀ ਕਹਿ ਰਿਹਾਂ ਹਾਂ। ਮੈਂ ਉਹੀ ਹਾਂ, ਜਿਸ ਨੇ ਸੰਸਾਰ ਦੇ ਲੋਕਾਂ ਨੂੰ ਇਕ-ਦੂਜੇ ਦੇ ਕਰੀਬ ਲਿਆਂਦਾ।ਮੇਰੇ ਜਨਮ ਤੋਂ ਪਹਿਲਾਂ ਵੀ ਲੋਕ ਉਦਾਸ ਰਹਿੰਦੇ ਸਨ। ਕਈ ਵਿਚਾਰੇ ਤਾਂ ਏਨੇ ਬਦਨਸੀਬ ਸਨ ਕਿ ਉਨ੍ਹਾਂ ਦੀਆਂ ਭਾਵਨਾਵਾਂ ਉਹਨਾਂ ਦੀ ਮੌਤ ਨਾਲ ਹੀ ਕਬਰਾਂ ਵਿਚ ਦਫ਼ਨ ਹੋ ਗਈਆਂ। ਕਈ ਆਪਣੇ ਸਕੇ ਸਬੰਧੀਆਂ ਦੇ ਕੁਸ਼ਲ ਮੰਗਲ ਦੀ ਖ਼ਬਰ ਉਡੀਕਦੇ ਹੀ ਇਸ ਦੁਨੀਆ ਤੋਂ ਵਿਦਾ ਹੋ ਗਏ। ਕਈ ਦੂਰ - ਦਰਾਡੇ ਜਾਂ ਵਿਦੇਸ਼ਾਂ ਵਿੱਚ ਗਏ ਆਪਣੇ ਪੁੱਤਰਾਂ ਨੂੰ ਆਪਣੀ ਬੀਮਾਰੀ ਦੀ ਖ਼ਬਰ ਪਹੁੰਚਾਏ ਬਿਨਾਂ ਹੀ ਇਸ ਦੁਨੀਆ ਨੂੰ ਅਲਵਿਦਾ ਕਹਿ ਗਏ।

ਮੇਰੇ ਜਨਮ ਤੋਂ ਪਹਿਲਾਂ ਰਾਜੇ-ਮਹਾਰਾਜੇ ਜਾ ਕੁਝ ਅਮੀਰਜ਼ਾਦੇ ਹੀ ਆਪਣੇ ਸੁਨੇਹੇ ਜਾਂ ਭਾਵਨਾਵਾਂ ਆਪਣਿਆਂ ਕੋਲ ਪਹੁੰਚਾ ਪਾਉਂਦੇ ਸਨ। ਮੈਂ ਬਚਪਨ ਤੋਂ ਹੀ ਲੋਕਾਂ ਦਾ ਲਾਡਲਾ ਬਣਿਆ ਅਤੇ ਮੈਂ ਜਿਸ ਘਰ ਵੀ ਗਿਆ, ਉਹਨਾਂ ਮੈਨੂੰ ਆਪਣਾ ਪਰਿਵਾਰਕ ਮੈਂਬਰ ਬਣਾ ਲਿਆ। ਮੈਂ ਗਰੀਬ ਘਰ ਦੀ ਧੂੜ ਵੀ ਫੱਕੀ ਹੈ ਅਤੇ ਅਮੀਰ ਦੀ ਮਹਿਫੂਜ਼ ਅਲਮਾਰੀ ਵਿੱਚ ਵੀ ਸੁੱਤਾ ਹਾਂ। ਮੈਂ ਬੱਚਿਆਂ ਦਾ ਵੀ ਦੋਸਤ ਰਿਹਾਂ ਹਾਂ ਅਤੇ ਬੁੱਢਿਆਂ ਦਾ ਸਹਾਰਾ ਵੀ। ਮੈਨੂੰ ਹਸੀਨ ਮਹਿਬੂਬਾ ਨੇ ਆਪਣੇ ਸੀਨੇ ਨਾਲ ਵੀ ਲਗਾਇਆ ਹੈ ਅਤੇ ਮਾਵਾਂ ਨੇ ਮੇਰੇ ਮੱਥੇ ਨੂੰ ਵਾਰ-ਵਾਰ ਚੁੰਮਿਆ ਹੈ। ਮੈਂ ਇੱਕ ਫੌਜੀ ਜਵਾਨ ਲਈ ਪਤਨੀ ਵੀ ਬਣਿਆ ਹਾਂ ਅਤੇ ਇੱਕ ਬੁੱਢੇ ਬਾਪੂ ਲਈ ਪੁੱਤ ਵੀ। ਮੈਂ ਕਰਜ਼ਦਾਰ ਲਈ ਸਿਰਦਰਦ ਵੀ ਬਣਿਆ ਹਾਂ ਅਤੇ ਸ਼ਾਹੂਕਾਰ ਲਈ ਥਾਣੇਦਾਰ ਵੀ। ਮੈਂ ਆਪਣਾ ਮੋਢਾ ਕਟਵਾ ਕੇ ਸ਼ੋਕ ਦਾ ਸੰਦੇਸ਼ਵਾਹਕ ਵੀ ਬਣਿਆਂ ਹਾਂ ਅਤੇ ਆਪਣੇ 'ਤੇ ਫੁੱਲ ਬਣਵਾ ਕੇ ਮਹਿਬੂਬਾ ਦਾ ਪਿਆਰ ਵੀ।

ਮੇਰਾ ਜਨਮ 1ਅਕਤੂਬਰ, 1869 ਨੂੰ ਅਸਟਰੀਆ ਵਿੱਚ ਹੋਇਆ। ਮੇਰੇ ਪਿਤਾ ਦਾ ਨਾਂਅ ਡਾਕਟਰ ਇਮਾਨਿਉਲ ਹੇਰਮਨ ਹੈ, ਜੋ ਕਿ ਇਕਨਾਮਿਕਸ ਦੇ ਪ੍ਰੋਫੈਸਰ ਸਨ। ਸ਼ੁਰੂ ਵਿੱਚ ਮੇਰਾ ਸਰੀਰਕ ਆਕਾਰ 8.5ਸਮ 12 ਸਮ ਸੀ। 1880 ਤੱਕ ਪਹੁੰਚਦੇ-ਪਹੁੰਚਦੇ ਮੈਂ ਕਾਲੇ ਤੋਂ ਰੰਗੀਨ ਵੀ ਹੋਇਆ। 1889 ਵਿੱਚ ਫਰਾਂਸ ਦੇ ਆਇਫਲ ਟਾਵਰ ਨੇ ਵੀ ਮੇਰੇ 'ਤੇ ਰਿਹਾਇਸ਼ ਬਣਾਈ ਅਤੇ ਲੋਕਾਂ ਦਾ ਲਾਡਲਾ ਬਣ ਕੇ ਮੈਂ ਲਿਵੋਨਿਸ ਨਾਂਅ ਨਾਲ ਵੀ ਪੁਕਾਰਿਆ ਜਾਣ ਲੱਗਾ।

1893 ਵਿੱਚ ਮੈਂ ਸ਼ਿਕਾਗੋ ਵਿੱਚ ਹੋਈ ਕੋਲੰਬੀਅਨ ਪ੍ਰਦਰਸ਼ਨੀ (ਜਿਸ ਵਿੱਚ 46 ਦੇਸ਼ਾਂ ਨੇ ਭਾਗ ਲਿਆ) ਦੀ ਸੈਰ ਕਰਨ ਵੀ ਗਿਆ। ਜੂਨ 1897 ਵਿੱਚ ਮੈਨੂੰ ਪਿਆਰ ਕਰਨ ਵਾਲਿਆਂ ਨੇ ਨਿਉਰਮਬਰਗ ਵਿੱਚ ਇਕੱਠੇ ਹੋ ਕੇ ਕੋਸਮੋਪੋਲਿਟ ਨਾਂਅ ਦੀ ਵਿਸ਼ਵ ਸੰਸਥਾ ਬਣਾਈ, ਜਿਸ ਦੇ ਹਜ਼ਾਰਾਂ ਮੈਂਬਰ ਬਣੇ। ਇਹਨਾਂ ਮੈਂਬਰਾਂ ਦਾ ਮੁੱਖ ਮੰਤਵ ਮੈਨੂੰ ਦੁਨੀਆ ਭਰ ਵਿੱਚ ਹਰਮਨ-ਪਿਆਰਾ ਬਣਾਉਣਾ ਸੀ। ਸੰਸਥਾ ਦੇ ਮੈਂਬਰਾਂ ਨੇ ਪੂਰੇ ਸੰਸਾਰ ਵਿੱਚ ਮੇਰੀ ਹਿੱਕ ਤੇ ਸ਼ੁਭ ਇੱਛਾਵਾਂ ਲਿਖ ਕੇ ਮੈਨੂੰ ਇਸ ਬੇਨਤੀ ਨਾਲ ਆਪਣੇ ਸਨੇਹੀਆਂ ਕੋਲ ਭੇਜਿਆ ਕਿ ਉਹ ਵੀ ਉਹਨਾਂ ਨੂੰ ਵਾਪਸ ਇਸੇ ਤਰ੍ਹਾਂ ਮੇਰੇ ਤੇ ਸ਼ੁਭ ਇੱਛਾਵਾਂ ਲਿਖ ਕੇ ਭੇਜਣ। ਇਹਨਾਂ ਸਨੇਹੀਆਂ ਦੇ ਪਿਆਰ ਸਦਕਾ ਮੈਂ ਅੱਧ ਤੋਂ ਵੱਧ ਸੰਸਾਰ ਦੀ ਯਾਤਰਾ ਵੀ ਕਰ ਲਈ।

ਮੇਰੀ ਲੋਕਪ੍ਰਿਅਤਾ ਨੂੰ ਵੇਖਦੇ ਹੋਏ ਬਰਤਾਨਵੀ ਮੁੱਖ ਅਖ਼ਬਾਰ ਸਟੈਂਡਰਡ ਨੇ 21 ਅਗਸਤ, 1899 ਨੂੰ ਮੇਰੇ ਬਾਰੇ ਲਿਖਿਆ -

ਇਸ ਦੀ ਦੀਵਾਨਗੀ ਇਨਫਲੂਏਂਜਾ ਵਾਂਗ ਮਹਾਂਦੀਪ ਤੋਂ ਟਾਪੂਆਂ ਤੱਕ ਫੈਲ ਗਈ ਹੈ ਅਤੇ ਇਹ ਤੇਜ਼ੀ ਨਾਲ ਫੈਲ ਰਿਹਾ ਹੈ। ਭਾਵੇਂ ਅਖ਼ਬਾਰ ਨੇ ਮੇਰੀ ਤੁਲਨਾ ਇਨਫਲੂਏਂਜਾ ਨਾਲ ਹੀ ਕੀਤੀ, ਪਰ ਇਸ ਤੁਲਨਾ 'ਤੇ ਮੈਨੂੰ ਮਾਣ ਮਹਿਸੂਸ ਹੋਇਆ। ਮੈਨੂੰ ਇਹ ਵੀ ਮਾਣ ਹੈ ਕਿ ਉਸ ਵੇਲੇ ਮੈਂ ਸਸਤਾ ਤੇ ਆਸਾਨੀ ਨਾਲ ਪ੍ਰਯੋਗ ਹੋਣ ਕਰਕੇ ਕਰੋੜਾਂ ਲੋਕਾਂ ਦੀ ਪਸੰਦ ਸੀ।

ਜਿਵੇਂ ਹੀ ਮੋਬਾਈਲ ਫੋਨ ਦਾ ਜਨਮ ਹੋਇਆ, ਲੋਕਾਂ ਦਾ ਮੇਰੇ ਤੋਂ ਮੋਹ ਭੰਗ ਹੋਣਾ ਸ਼ੁਰੂ ਹੋ ਗਿਆ ਅਤੇ ਮੇਰੀ ਹਾਲਤ ਉਂਞ ਹੋ ਗਈ, ਜਿਵੇਂ ਘਰ ਦੀ ਡਿਓੜੀ ਵਿੱਚ ਪਏ ਕਿਸੇ ਬਜ਼ੁਰਗ ਦੀ ਹੁੰਦੀ ਹੈ। 2005 ਵਿੱਚ ਪੁਰਤਗਾਲੀ ਸਾਫਟਵੇਅਰ ਇੰਜੀਨੀਅਰ ਪਾਲੋ ਮਗਲਹੇਜ (ਜਿਹੜਾ ਮੇਰੇ ਨਾਲ ਬਹੁਤ ਪਿਆਰ ਕਰਦਾ ਸੀ), ਮੇਰੀ ਘਟਦੀ ਲੋਕਪ੍ਰਿਅਤਾ ਤੋਂ ਥੋੜ੍ਹਾ ਉਦਾਸ ਸੀ। ਉਸ ਨੇ ਇਹ ਸੋਚ ਕੇ ਪੋਸਟ ਕਰਾਸਿੰਗ ਨਾਂਅ ਦੀ ਇੱਕ ਵੈੱਬਸਾਈਟ ਤਿਆਰ ਕਰਕੇ ਅਪੀਲ ਕੀਤੀ ਕਿ ਉਹ ਲੋਕ ਜੋ ਮੈਨੂੰ ਪਿਆਰ ਕਰਦੇ ਹਨ, ਇਸ ਵੈੱਬਸਾਈਟ 'ਤੇ ਮੈਨੂੰ ਸਾਂਝਾ ਕਰਨਗੇ। ਮੈਨੂੰ ਇਹ ਦੱਸਦੇ ਹੋਏ ਖੁਸ਼ੀ ਮਹਿਸੂਸ ਹੋ ਰਹੀ ਹੈ ਕਿ ਹੁਣ ਤੱਕ 58 ਮਿਲੀਅਨ ਲੋਕਾਂ ਨੇ ਮੈਨੂੰ ਇਸ ਪਲੇਟਫਾਰਮ 'ਤੇ ਸਾਂਝਾ ਕੀਤਾ ਹੈ।

2019 ਵਿੱਚ ਮੇਰੀ 150ਵੀਂ ਵਰ੍ਹੇਗੰਢ ਪੋਸਟ ਕਰਾਸਿੰਗ ਨੇ ਮੇਰਾ ਜਨਮ ਦਿਨ ਮਨਾਉਣ ਲਈ ਵਿਸ਼ਵ ਮੁਹਿੰਮ ਚਲਾਈ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ ਅਤੇ ਮੈਂ ਅਕਤੂਬਰ 2019 ਦੀ ਸਵਿਟਜ਼ਰਲੈਂਡ ਵਿੱਚ ਹੋਈ ਯੂਨੀਵਰਸਲ ਪੋਸਟਲ ਯੂਨੀਅਨ ਦੀ ਪ੍ਰਦਰਸ਼ਨੀ ਦਾ ਹਿੱਸਾ ਵੀ ਬਣਿਆ। 2019 ਦਾ ਜਨਮ ਦਿਨ ਸਫ਼ਲਤਾਪੂਰਵਕ ਮਨਾਉਣ ਤੋਂ ਬਾਅਦ 2020 ਵਿੱਚ ਪੋਸਟ ਕਰਾਸਿੰਗ ਨੇ ਇੱਕ ਹੋਰ ਸੰਸਥਾ ਫਾਇਨ ਪੇਪਰ ਦੀ ਸਹਾਇਤਾ ਨਾਲ ਹਰ ਸਾਲ 1 ਅਕਤੂਬਰ ਨੂੰ ਮੇਰਾ ਜਨਮ ਦਿਨ ਮਨਾਉਣ ਦਾ ਫੈਸਲਾ ਕੀਤਾ ਹੈ।

ਦੋਸਤੋ, ਮੈਂ ਤੁਹਾਡੇ ਬਾਬੇ, ਪੜਦਾਦੇ ਅਤੇ ਨੱਕੜਦਾਦੇ ਦੇ ਵੇਲੇ ਤੋਂ ਤੁਹਾਡੇ ਪਰਵਾਰ ਦੇ ਸੁੱਖ- ਦੁੱਖ ਦਾ ਹਿੱਸਾ ਰਿਹਾ ਹਾਂ ਅਤੇ ਅਗਾਂਹ ਵੀ ਰਹਿਣਾ ਚਾਹੁੰਦਾ ਹਾਂ। ਬੇਸ਼ੱਕ ਮੋਬਾਇਲ ਫੋਨ ਦੇ ਇਸ ਯੁੱਗ ਨੇ ਤੁਹਾਨੂੰ ਮੇਰੇ ਤੋਂ ਦੂਰ ਕਰ ਦਿੱਤਾ ਹੈ, ਪਰ ਮੈਨੂੰ ਭੁਲਾ ਨਾ ਦੇਇਓ। ਕਦੇ-ਕਦੇ ਮੈਨੂੰ ਯਾਦ ਕਰ ਲਿਆ ਕਰੋ। ਹਾਂ, ਮੇਰੇ ਜਨਮ ਦਿਨ 'ਤੇ ਮੈਨੂੰ ਜ਼ਰੂਰ ਯਾਦ ਕਰਿਓ। ਹੁਣ ਤੱਕ ਤੁਸੀਂ ਸਮਝ ਹੀ ਗਏ ਹੋਵੋਗੇ ਮੈਂ ਕੌਣ ਬੋਲ ਰਿਹਾ ਹਾਂ, ਪਰ ਫਿਰ ਵੀ ਮੈਂ ਆਪਣੀ ਤਸੱਲੀ ਵਾਸਤੇ ਦੱਸ ਦਿਆਂ, ਮੈਂ ਪੋਸਟ ਕਾਰਡ ਬੋਲ ਰਿਹਾ ਹਾਂ।

# ਸੰਪਰਕ : 94647-30770

# ਪੰਜਾਬ ਦੀ ਸਿਆਸੀ ਹਵਾ ਦੇ ਮੁਢਲੇ ਸਮੀਕਰਣ

ਭੋਲਾ ਸਿੰਘ ਸ਼ਮੀਰੀਆ

ਪੰਜਾਬ ਦੀਆਂ ਆ ਰਹੀਆਂ ਵਿਧਾਨ ਸਭਾ ਦੀਆਂ ਚੋਣਾਂ ਦੇ ਮੱਦੇਨਜਰ ਸਾਰੀਆਂ ਹੀ ਸਿਆਸੀ ਪਾਰਟੀਆਂ ਨੇ ਆਪੋ-ਆਪਣੇ ਪਰ ਤੋਲਣੇ ਸ਼ੁਰੂ ਕਰ ਦਿੱਤੇ ਹਨ। ਅਨੁਸ਼ਾਸਨ ਦੇ ਪੱਖੋਂ ਆਮ ਆਦਮੀ ਪਾਰਟੀ ਅਜੇ ਤੀਕ ਸੰਗਠਤ ਹੋ ਕੇ ਚੱਲ ਰਹੀ ਹੈ। ਭਾਜਪਾ ਦੂਜੀਆਂ ਪਾਰਟੀਆਂ ਦੀ ਹਿਲਜੁੱਲ ਨੂੰ ਦੇਖ ਰਹੀ ਹੈ, ਕਿਉਂਕਿ ਭਾਜਪਾ ਦਾ ਪੰਜਾਬ ਦੇ ਵੋਟਰਾਂ ਉਪਰ ਅਜੇ ਤੀਕ ਕੋਈ ਬਹੁਤਾ ਪ੍ਰਭਾਵ ਨਹੀਂ। ਹਾਂ, ਇਹ ਗੱਲ ਜ਼ਰੂਰ ਹੈ ਕਿ ਕਈ ਸਿਰਕੱਢ ਲੀਡਰਾਂ ਦਾ ਭਾਜਪਾ ਵਿੱਚ ਜਾਣ ਕਰਕੇ ਭਾਜਪਾ ਦਾ ਪਹਿਲਾਂ ਨਾਲੋਂ ਵੋਟ ਬੈਂਕ ਜ਼ਰੂਰ ਵਧਿਆ ਹੈ, ਕਿਉਂਕਿ ਆਮ ਆਦਮੀ ਪਾਰਟੀ ਵੱਲੋਂ ਬੇਨਿਯਮੀਆਂ ਜਾਂ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਨੇ ਅਕਾਲੀਆਂ ਤੇ ਕਾਂਗਰਸੀਆਂ ਨੂੰ ਕੁਝ ਭੈਭੀਤ ਜ਼ਰੂਰ ਕਰ ਦਿੱਤਾ ਹੈ। ਇਹਨਾਂ ਦੋਹਾਂ ਪਾਰਟੀਆਂ ਦੇ ਵਰਕਰਾਂ ਜਾਂ ਚੋਟੀ ਦੇ ਲੀਡਰਾਂ ਨੇ ਆਪਣੀ-ਆਪਣੀ ਪਾਰਟੀ ਨੂੰ ਅਲਵਿਦਾ ਕਹਿ ਕੇ ਭਾਜਪਾ ਨੂੰ ਜੁਆਇਨ ਕੀਤਾ ਹੈ। ਇਨਾਂ ਲੀਡਰਾਂ ਦੇ ਭਾਜਪਾ ਵੱਲ ਹੱਥ ਵਧਾਉਣ ਦੇ ਕਈ ਕਾਰਨ ਹਨ। ਇੱਕ ਤਾਂ ਆਪਣੀ ਮਾਂ ਪਾਰਟੀ ਨਾਲ ਕਿਸੇ ਨਾ ਕਿਸੇ ਕਾਰਨ ਨਰਾਜਗੀ ਹੈ, ਦੂਜਾ ਕਾਰਨ, ਦੂਜੀਆਂ ਪਾਰਟੀਆਂ ਦੇ ਲੀਡਰਾਂ ਵੱਲੋਂ ਭਾਜਪਾ ਵਿਚ ਜਾਣ ਨਾਲ ਭਾਜਪਾ ਦਾ ਵੋਟ ਬੈਂਕ ਵਧ ਰਿਹਾ ਹੈ। ਤੀਜਾ ਕਾਰਨ ਆਮ ਆਦਮੀ ਪਾਰਟੀ ਦੇ ਦਬਕਿਆਂ ਨਾਲ ਭੈਅਭੀਤ ਹੋਏ ਲੀਡਰ ਵੀ ਭਾਜਪਾ ਵੱਲ ਸਰਕ ਰਹੇ ਹਨ, ਤਾਂ ਕਿ ਸੰਕਟ ਦੇ ਸਮੇਂ ਭਾਜਪਾ ਨੂੰ ਸੁਰੱਖਿਆ ਦੇ ਹਥਿਆਰ ਵਜੋਂ ਵਰਤ ਸਕਣ। ਚੌਥਾ ਕਾਰਨ ਭਾਜਪਾ ਨੇ ਅਜੇ ਤੱਕ ਮੁੱਖ ਮੰਤਰੀ ਦੇ ਅਹੁਦੇ ਲਈ ਆਪਣੇ ਪੱਤੇ ਨਹੀਂ ਖੋਹਲੇ। ਦੂਜੀਆਂ ਪਾਰਟੀਆਂ ਵਿੱਚੋਂ ਆਉਣ ਵਾਲੇ ਸਾਰੇ ਹੀ ਅਰਜਨਾਂ ਦੇ ਤੀਰਾਂ ਦੀ ਨੋਕ ਮੱਛੀ ਦੀ ਅੱਖ (ਮੁੱਖ ਮੰਤਰੀ ਦੀ ਕੁਰਸੀ) ਵੱਲ ਵੱਲ ਹੈ। ਕੁਝ ਲੀਡਰ ਇਸ ਆਸ ਨਾਲ ਵੀ ਭਾਜਪਾ ਵੱਲ ਖਿਸਕ ਰਹੇ ਹਨ, ਪਰੰਤੂ ਭਾਜਪਾ ਅਜੇ ਤੱਕ ਤੇਲ ਦੀ ਧਾਰ ਵੱਲ ਦੇਖ ਰਹੀ ਹੈ। ਕਾਂਗਰਸ ਦੇ ਅਮਰਿੰਦਰ ਸਿੰਘ, ਸੁਨੀਲ ਜਖੜ, ਕੇਵਲ ਢਿੱਲੋਂ ਤੇ ਮਨਪ੍ਰੀਤ ਬਾਦਲ ਵਰਗੇ ਚੋਟੀ ਦੇ ਲੀਡਰ ਪਹਿਲਾਂ ਹੀ ਭਾਜਪਾ ਵਿੱਚ ਜਾ ਚੁੱਕੇ ਹਨ।

ਕਾਂਗਰਸ ਦਾ ਕਾਟੋ-ਕਲੇਸ ਅਜੇ ਵੀ ਮੁੱਕਿਆ ਨਹੀਂ। ਅਜੇ ਵੀ ਭਾਜਪਾ ਨੂੰ ਹੋਰ ਉਮੀਦ ਹੈ। ਇਸੇ ਲਈ ਭਾਜਪਾ ਨੇ ਕਿਸੇ ਵੀ ਪਾਰਟੀ ਨਾਲ ਅਜੇ ਤੱਕ ਗੱਠਜੋੜ ਨਹੀਂ ਕੀਤਾ। ਭਾਵੇਂ ਅਕਾਲੀ ਦਲ ਨਾਲ ਗੱਠਜੋੜ ਦੀ ਚੁੰਝ-ਚਰਚਾ ਚਲ ਰਹੀ ਹੈ, ਕਿਉਂਕਿ ਅਕਾਲੀ ਦਲ ਦਾ ਬੇਅਦਬੀਆਂ ਦੇ ਮਾਮਲੇ ਵਿੱਚ ਕਾਫੀ ਵੋਟ ਬੈਂਕ ਖੁਸ ਚੁੱਕਾ ਹੈ। ਬੇਸ਼ੱਕ ਅਕਾਲੀ ਦਲ ਨੇ ਧਰਮ ਤੰਤਰ ਨੂੰ ਵੀ ਸਿਆਸੀ ਤੌਰ 'ਤੇ ਵਰਤ ਕੇ ਦੇਖ ਲਿਆ ਹੈ, ਪਰੰਤੂ ਲੋਕਾਂ ਵੱਲੋਂ ਫਿਰ ਵੀ ਕਈ ਖਾਸ ਹੁੰਗਾਰਾ ਨਹੀਂ ਆਇਆ ਹੈ। ਹੁਣ ਅਕਾਲੀ ਦਲ ਕੋਲ ਵੋਟ ਪ੍ਰਾਪਤੀ ਦਾ ਕੋਈ ਠੋਸ ਏਜੰਡਾ ਨਹੀਂ, ਸਗੋਂ ਬੇਅਦਬੀਆਂ ਅਤੇ ਡੇਰਾ ਸੱਚਾ ਸੌਦਾ ਦਾ ਮਾਮਲਾ ਅਕਾਲੀ ਦਲ ਦੇ ਵੋਟ ਬੈਂਕ ਨੂੰ ਖੋਰਾ ਲਾ ਚੁੱਕਾ ਹੈ। ਰਹਿੰਦੀ ਕਸਰ ਹੁਣ ਲੰਗਾਹ ਤੋਂ ਬਾਅਦ ਅਮਰਜੀਤ ਚਾਵਲਾ ਐਂਡ ਕੰਪਨੀ ਨੇ ਕੱਢ ਦਿੱਤੀ ਹੈ। ਅਜੇ ਚਾਵਲਾ ਵੱਲੋਂ ਹੋਰ ਨਵੇਂ ਸੱਪ ਕੱਢਣ ਦਾ ਇਸ਼ਾਰਾ ਆਇਆ ਹੈ। ਭਾਜਪਾ ਨੂੰ ਅਕਾਲੀ ਦਲ ਦੇ ਖੁਰ ਚੁੱਕੇ ਵੋਟ ਬੈਂਕ ਦਾ ਭਲੀਭਾਂਤ ਪਤਾ ਹੈ। ਅਕਾਲੀ ਦਲ ਦੇ ਚੋਟੀ ਦੇ ਲੀਡਰਾਂ ਨੂੰ ਬੇਅਦਬੀ ਵਾਲਾ ਕਾਨੂੰਨ ਅਤੇ ਭਗਵੰਤ ਮਾਨ ਦੇ 'ਤਰੀ ਵਾਲੇ ਬੈਂਗਣ' ਕਿਤੇ ਨਾ ਕਿਤੇ ਜ਼ਰੂਰ ਅੰਦਰੋ-ਅੰਦਰੀ ਭੈਅਭੀਤ ਕਰ ਰਹੇ ਹਨ। ਇਸ ਲਈ ਅਕਾਲੀ ਦਲ ਭਾਜਪਾ ਨਾਲ ਗੱਠਜੋੜ ਲਈ ਪੂਰਾ ਉਤਾਵਲਾ ਹੈ। ਭਾਜਪਾ ਨੂੰ ਵੀ ਅਕਾਲੀ ਦਲ ਦੀ ਕਮਜ਼ੋਰੀ ਦਾ ਪਤਾ ਲੱਗ ਚੁੱਕਾ ਹੈ। ਹੁਣ ਜੇਕਰ ਗੱਠਜੋੜ ਹੁੰਦਾ ਵੀ ਹੈ ਤਾਂ ਭਾਜਪਾ ਪਹਿਲਾਂ ਵਾਂਗ ਛੋਟੇ ਭਾਈ ਦੇ ਤੌਰ 'ਤੇ ਨਹੀਂ ਆਵੇਗੀ, ਸਗੋਂ ਵੱਡੇ ਭਾਈ ਦੇ ਤੌਰ 'ਤੇ ਵਿਚਰੇਗੀ। ਹਾਲਾਤ ਅਤੇ ਸਥਿਤੀ ਨੂੰ ਭਾਂਪਦਿਆਂ ਸ਼ਾਇਦ ਅਕਾਲੀ ਦਲ ਵੀ ਇਹ ਸ਼ਰਤ ਮੰਨ ਜਾਵੇ, ਕਿਉਕਿ ਅਕਾਲੀ ਦਲ ਇਸ ਸਮੇਂ ਘੋਰ ਸੰਕਟ ਵਿੱਚ ਹੈ। ਸ਼ਰਤ ਭਾਵੇਂ ਕੋਈ ਵੀ ਹੋਵੇ, ਅਕਾਲੀ ਦਲ ਦਾ ਮਨੋਰਥ ਭਗਵੰਤ ਮਾਨ ਨੂੰ ਸੱਤਾ ਤੋਂ ਲਾਂਭੇ ਕਰਨਾ ਹੈ। ਜੇਕਰ ਭਗਵੰਤ ਮਾਨ ਦੁਬਾਰਾ ਆਉਂਦਾ ਹੈ ਤਾਂ ਅਕਾਲੀ ਦਲ ਲਈ ਇਹ ਸਮਾਂ ਘੋਰ ਸੰਕਟ ਵਾਲਾ ਹੋ ਸਕਦਾ ਹੈ। ਇਸ ਲਈ ਅਕਾਲੀ ਦਲ ਗਠਜੋੜ ਲਈ ਹਰ ਸ਼ਰਤ ਮੰਨਣ ਲਈ ਤਿਆਰ ਹੋ ਸਕਦਾ ਹੈ।

ਕਾਂਗਰਸੀਆਂ ਨੂੰ ਵੀ ਮੁੱਖ ਮੰਤਰੀ ਦਾ ਅਹੁਦਾ ਥਾਲ ਵਿੱਚ ਪਏ ਲੱਡੂ ਵਾਂਗ ਦਿਸ ਰਿਹਾ ਹੈ। ਇਸ ਲਈ ਮੁੱਖ ਮੰਤਰੀ ਬਣਨ ਲਈ ਉਨ੍ਹਾਂ ਦਾ ਕਾਟੋ-ਕਲੇਸ਼ ਅਜੇ ਵੀ ਜਾਰੀ ਹੈ। ਵੜਿੰਗ ਤੇ ਚੰਨੀ ਗਰੁੱਪ ਇੱਕ-ਦੂਜੇ ਦੇ ਵਿਰੁੱਧ ਡਟ ਕੇ ਖੜੇ ਹਨ। ਸੁਖਜਿੰਦਰ ਰੰਧਾਵੇ ਦਾ ਅਮਿੱਤ ਸ਼ਾਹ ਨਾਲ ਦਿੱਲੀ ਮੁਲਾਕਾਤ ਕਰਨਾ ਅਤੇ ਚੰਨੀ ਦਾ ਅੜ ਕੇ ਬੈਠਾ ਰਹਿਣਾ ਕਈ ਸੁਆਲ ਖੜ੍ਹੇ ਕਰਦਾ ਹੈ। ਪਾਰਟੀ ਵਿੱਚ ਉਲਟ-ਪੁਲਟ ਹੋਣ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ। ਇਹ ਵੀ ਇੱਕ ਫੈਕਟਰ ਹੈ ਕਿ ਚੰਨੀ ਦੇ ਉਲਟ-ਪੁਲਟ ਨਾਲ ਐੱਸ ਸੀ ਵੋਟ ਵੀ ਪ੍ਰਭਾਵਿਤ ਹੋਵੇਗੀ।

ਅਕਾਲੀ ਦਲ ਪੁਨਰ-ਸੁਰਜੀਤ ਵੀ ਇਸ ਵਾਰ ਕਿਸੇ ਨਾ ਕਿਸੇ ਧੜੇ ਨਾਲ ਜ਼ਰੂਰ ਗੱਠਜੋੜ ਕਰੇਗਾ। ਇਕੱਲਾ ਅਕਾਲੀ ਦਲ ਪੁਨਰ-ਸੁਰਜੀਤ ਕੋਈ ਬਹੁਤਾ ਪ੍ਰਭਾਵ ਨਹੀਂ ਛੱਡ ਸਕਦਾ, ਕਿਉਂਕ ਇਸ ਦੇ ਕੋਲ ਦਲੀਲ ਤਾਂ ਹੈ, ਪਰ ਹੇਠਲੇ ਪੱਧਰ 'ਤੇ ਵਰਕਰਾਂ ਦੀ ਫੌਜ ਨਹੀਂ ਹੈ। 'ਵਾਰਿਸ ਪੰਜਾਬ ਦੇ' ਪਾਰਟੀ ਨੂੰ ਗਰਮ ਖਿਆਲੀ ਤੇ ਨੌਜੁਆਨ ਵਰਗ ਕਾਫੀ ਸਰਗਰਮੀ ਨਾਲ ਅੱਗੇ ਵਧਾ ਰਹੇ ਹਨ। ਖਾਸ ਕਰਕੇ ਮਾਝੇ ਦੀ ਧਰਤੀ ਵੱਲ ਇਹ ਪਾਰਟੀ ਜ਼ਰੂਰ ਆਪਣਾ ਪ੍ਰਭਾਵ ਦਿਖਾਵੇਗੀ। ਸ਼੍ਰੋਮਣੀ ਅਕਾਲੀ ਦਲ ਦੀ ਕਾਫੀ ਵੋਟ ਇਸ ਪਾਰਟੀ ਨਾਲ ਜੁੜ ਚੁੱਕੀ ਹੈ। ਅੰਮ੍ਰਿਤਪਾਲ ਸਿੰਘ ਖਾਲਸਾ ਤੇ ਸਰਬਜੀਤ ਸਿੰਘ ਦਾ ਜਿੱਤਣਾ ਇਸ ਗੱਲ ਦਾ ਪ੍ਰਤੱਖ ਸਬੂਤ ਹੈ। ਇਸ ਪਾਰਟੀ ਦੇ ਪ੍ਰਸਾਰ ਤੇ ਵਿਕਾਸ ਬਾਰੇ ਅੱਗੇ ਵੇਖਣਾ ਹੋਵੇਗਾ ਕਿ ਇਹ ਪਾਰਟੀ ਕਿੰਨਾ ਕੁ ਪ੍ਰਭਾਵ ਪਾਉਂਦੀ ਹੈ। ਹਾਲ ਦੀ ਘੜੀ ਇਹ ਪਾਰਟੀ ਇਕੱਲਿਆਂ ਸੱਤਾ ਤੋਂ ਦੂਰ ਖੜੀ ਹੈ। ਜਜ਼ਬਾਤੀ ਵੋਟ ਬੈਂਕ ਇਸ ਪਾਰਟੀ ਨਾਲ ਜ਼ਰੂਰ ਖੜ੍ਹਾ ਹੈ। ਸੁਖਬੀਰ ਬਾਦਲ ਵੱਲੋਂ ਅੰਮ੍ਰਿਤਪਾਲ ਸਿੰਘ ਦੀ ਅਲੋਚਨਾ ਅਤੇ ਹਵਾਰਾ ਦੀ ਪੈਰੋਲ ਸਬੰਧੀ ਚੁੱਪੀ ਧਾਰਨਾ ਵੀ ਸਿੱਖ ਵੋਟਰਾਂ ਦੀ ਨਰਾਜ਼ਗੀ ਦਾ ਕਾਰਨ ਬਣ ਰਹੀ ਹੈ।

ਆਮ ਆਦਮੀ ਪਾਰਟੀ ਇਸ ਸਮੇਂ ਪ੍ਰਚਾਰ ਵਿੱਚ ਸਭ ਤੋਂ ਅੱਗੇ ਚੱਲ ਰਹੀ ਹੈ। ਰਿਸ਼ਵਤਖੋਰੀ ਨੂੰ ਕੰਟਰੋਲ ਕਰਨਾ, ਨਿਯੁਕਤੀਆਂ ਵਿਚ ਪਾਰਦ੍ਰਸ਼ਤਾ, ਟੇਲਾਂ ਉਪਰ ਪਾਣੀ ਪਹੁੰਚਾਉਣਾ, ਪੱਕੇ ਖਾਲਾਂ ਦਾ ਮਾਮਲਾ, ਥਾਂ-ਥਾਂ ਆਮ ਆਦਮੀ ਕਲੀਨਿਕ ਖੋਲ੍ਹਣੇ, ਨਸ਼ਿਆਂ ਵਿਰੁੱਧ ਮੁਹਿੰਮ ਦੀ ਸਰਗਰਮੀ ਆਦਿ ਏਜੰਡਿਆਂ ਨਾਲ ਆਪਣਾ ਪ੍ਰਚਾਰ ਕਰ ਰਹੀ ਹੈ। ਮਾਵਾਂ-ਭੈਣਾਂ ਸਤਿਕਾਰ ਯੋਜਨਾ ਤਹਿਤ ਹਰ ਔਰਤ ਨੂੰ ਇੱਕ ਹਜ਼ਾਰ ਰੁਪਏ ਦੇਣਾ, ਤੀਰਥ ਯਾਤਰਾ ਯੋਜਨਾ ਤਹਿਤ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰਾਉਣੀ ਅਤੇ ਮੁੜਦਿਆਂ ਨੂੰ ਇੱਕ ਪਿੱਤਲ ਦਾ ਗਿਲਾਸ ਦੇਣਾ, ਉਸ ਦੀ ਵੋਟ-ਬਟੋਰੂ ਨੀਤੀ ਦਾ ਹਿੱਸਾ ਹਨ। ਉਸ ਦੀਆਂ ਰੈਲੀਆਂ ਵਿੱਚ ਲੋਕ ਹੁੰਮ-ਹੁੰਮਾ ਕੇ ਆ ਰਹੇ ਹਨ। ਕੁਝ ਲੋਕ ਉਸ ਦੀਆਂ ਮਜ਼ਾਕੀਆ ਤਕਰੀਰਾਂ ਵੀ ਸੁਣਨੀਆਂ ਪਸੰਦ ਕਰਦੇ ਹਨ। ਕੁਲਦੀਪ ਸਿੰਘ ਗੜਗੱਜ ਦੀਆਂ ਅਪੀਲਾਂ ਤੇ ਪੰਥ ਦੋਖੀ ਵਰਗੇ ਮਾਮਲੇ ਲੋਕਾਂ 'ਤੇ ਕੋਈ ਬਹੁਤਾ ਪ੍ਰਭਾਵ ਨਹੀਂ ਪਾ ਸਕੇ। ਆਮ ਆਦਮੀ ਪਾਰਟੀ ਦੀ ਜ਼ਿਆਦਾ ਨਿਗ੍ਹਾ ਔਰਤ ਵੋਟਰ ਤੇ ਹੀ ਕੇਂਦਰਿਤ ਹੈ। ਹੁਣ ਦੇਖਣਾ ਹੋਵੇਗਾ ਕਿ ਔਰਤ ਵੋਟ ਕਿੰਨੀ ਕੁ ਭੁਗਤਦੀ ਹੈ। ਲੋਕਤੰਤਰਕ ਪ੍ਰਣਾਲੀ ਵਿਚ ਪਸਰਿਆ ਭ੍ਰਿਸ਼ਟਾਚਾਰ ਵੀ ਵੋਟ ਬੈਂਕ ਨੂੰ ਪ੍ਰਭਾਵਤ ਕਰੇਗਾ। ਪੈਸੇ ਦੇ ਜ਼ੋਰ 'ਤੇ ਵੋਟਾਂ ਦੀ ਖਰੀਦੋ-ਫਰੋਖਤ ਕਿਸੇ ਵੀ ਲੋਕਤੰਤਰਿਕ ਅਡੋਲ ਥੰਮ੍ਹ ਨੂੰ ਡੇਗ ਸਕਦੀ ਹੈ। ਇਹ ਸਾਡੀ ਪ੍ਰਣਾਲੀ ਦਾ ਦੁਖਾਂਤਕ ਪੱਖ ਹੈ। ਨਸ਼ੇੜੀ ਵਰਗ ਦਾ ਵੋਟਤੰਤਰ ਨੋਟਤੰਤਰ ਵਿੱਚ ਜ਼ਰੂਰ ਬਦਲੇਗਾ। ਇਖਲਾਕੀ ਗਿਰਾਵਟ ਕਿਸੇ ਵੀ ਵੋਟ ਬੈਂਕ ਦੇ ਸਮੀਕਰਣਾਂ ਨੂੰ ਉਲਟਾ ਸਕਦਾ ਹੈ। ਤਿੰਨੇ ਪ੍ਰਮੁੱਖ ਪਾਰਟੀਆਂ ਇਸ ਸਮੇਂ ਕਿਸੇ ਨਾ ਕਿਸੇ ਮੁੱਦੇ ਕਰਕੇ ਚਰਚਾ ਵਿੱਚ ਹਨ। ਆਮ ਆਦਮੀ ਪਾਰਟੀ ਕੱਚੇ ਮੁਲਾਜ਼ਮਾਂ ਦੇ ਵਿਰੋਧ ਦਾ ਸ਼ਿਕਾਰ ਹੈ। ਕਾਂਗਰਸ ਆਪਸੀ ਕਲੇਸ਼ ਵਿੱਚ ਉਲਝੀ ਹੋਈ ਹੈ, ਅਕਾਲੀ ਦਲ ਦੀ ਵਿਚਾਰਧਾਰਾ ਮੁੱਦਾ ਰਹਿਤ ਹੈ ਅਤੇ ਉਹ ਭਾਜਪਾ ਦੀਆਂ ਵੈਸਾਖੀਆਂ ਦਾ ਸਹਾਰਾ ਲੱਭ ਰਹੀ ਹੈ। ਭਾਜਪਾ ਅਜੇ 'ਤੇਲ ਦੇਖੋ ਤੇ ਤੇਲ ਦੀ ਧਾਰ ਦੇਖੋ' ਦੀ ਨੀਤੀ 'ਤੇ ਚੱਲ ਰਹੀ ਹੈ। ਚੋਣ ਮਨੋਰਥ ਪੱਤਰਾਂ ਦੇ ਜਾਰੀ ਹੋਣ 'ਤੇ ਹੀ ਸਿਆਸੀ ਹਵਾ ਦੇ ਰੁੱਖ ਦਾ ਪਤਾ ਲੱਗੇਗਾ। ਬਹੁਜਨ ਸਮਾਜ ਪਾਰਟੀ ਅਜੇ ਤੀਕ ਖਾਮੋਸ਼ ਬੈਠੀ ਹੈ। ਦਲਿਤ ਵੋਟ ਨੂੰ ਇਸ ਵਾਰ ਕੌਣ ਆਪਣੇ ਹੱਕ ਵਿੱਚ ਭੁਗਤਾਉਣ ਵਿੱਚ ਸਫਲ ਹੋਵੇਗਾ, ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ। ਹਾਲ ਦੀ ਘੜੀ ਇਹ ਤਾਂ ਚੋਣਾਂ ਤੋਂ ਪਹਿਲਾਂ ਦੇ ਪਿੜ ਦੀ ਸਮੀਖਿਆ ਹੈ।

# ਸੰਪਰਕ : 95010-12199

# ਏਟਕ ਦੀ ਅਗਵਾਈ 'ਚ ਕੰਸਟ੍ਰਕਸ਼ਨ ਵਰਕਰ ਯੂਨੀਅਨ ਦਾ ਵਫ਼ਦ ਏ ਐੱਲ ਸੀ ਨੂੰ ਮਿਲਿਆ

- ਪੁਰਾਣੇ ਵਜ਼ੀਫਿਆਂ ਨੂੰ ਮਹੀਨੇ 'ਚ ਪਾਸ ਕੀਤਾ ਜਾਵੇ : ਢਾਬਾਂ, ਬਨਵਾਲਾ
- ਵਿੱਦਿਅਕ ਅਦਾਰਿਆਂ ਨੂੰ ਡਬਲ ਵਜ਼ੀਫ਼ੇ ਸੰਬੰਧੀ ਪੱਤਰ ਤੁਰੰਤ ਜਾਰੀ ਕੀਤੇ ਜਾਣ : ਧੁੰਨਕੀਆਂ, ਸੋਹਣਾ ਸਾਂਦੜ



**ਜਲਾਲਾਬਾਦ/ਫਾਜ਼ਿਲਕਾ (ਬਲਵਿੰਦਰ ਸਿੰਘ, ਜੀਤ ਕੁਮਾਰ)**-ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਜ਼ਿਲ੍ਹਾ ਫਾਜ਼ਿਲਕਾ ਦਾ ਵਫਦ ਅਸਿਸਟੈਂਟ ਲੇਬਰ ਕਮਿਸ਼ਨਰ ਫਾਜ਼ਿਲਕਾ ਨੂੰ ਮਿਲਿਆ ਤੇ ਉਨ੍ਹਾਂ ਨਾਲ ਉਸਾਰੀ ਕਿਰਤੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਮੀਟਿੰਗ ਕਰਕੇ ਵਿਸਥਾਰਪੂਰਵਕ ਚਰਚਾ ਕੀਤੀ ਗਈ।ਏਐੱਲਸੀ ਸ੍ਰੀ ਕਰਨ ਗਿੱਲ ਨੇ ਯੂਨੀਅਨ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਤੁਹਾਡੀਆਂ ਮੰਗਾਂ ਜਾਇਜ਼ ਹਨ ਤੇ ਇਨ੍ਹਾਂ ਮੰਗਾਂ ਨੂੰ ਤੁਰੰਤ ਹੱਲ ਕੀਤਾ ਜਾਵੇਗਾ।ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਨੀਅਨ ਦੇ ਸੂਬਾਈ ਡਿਪਟੀ ਜਨਰਲ ਸੈਕਟਰੀ ਐਡਵੋਕੇਟ ਪਰਮਜੀਤ ਢਾਬਾਂ ਤੇ ਜ਼ਿਲ੍ਹਾ ਪ੍ਰਧਾਨ ਜੰਮੂ ਰਾਮ ਬਨਵਾਲਾ ਨੇ ਕਿਹਾ ਕਿ ਏਐੱਲਸੀ ਨਾਲ ਮੀਟਿੰਗ ਬਹੁਤ ਵਧੀਆ ਸੁਖਾਵੇਂ ਮਾਹੌਲ ਵਿੱਚ ਕੀਤੀ ਗਈ ਹੈ।ਯੂਨੀਅਨ ਵੱਲੋਂ ਉਨ੍ਹਾਂ ਸਾਹਮਣੇ ਮੰਗਾਂ ਰੱਖੀਆਂ ਗਈਆਂ ਹਨ ਕਿ ਕਾਨੂੰਨ ਮੁਤਾਬਿਕ ਪੁਰਾਣੇ ਵਜ਼ੀਫਿਆਂ ਨੂੰ ਇੱਕ ਮਹੀਨੇ ਵਿੱਚ ਮੁਕੰਮਲ ਤੌਰ 'ਤੇ ਪਾਸ ਕੀਤਾ ਜਾਵੇ ਤੇ ਉਸਾਰੀ ਕਿਰਤੀਆਂ ਨੂੰ ਆਪਣੇ ਵਜ਼ੀਫੇ ਪਾਸ ਕਰਵਾਉਣ ਲਈ ਦਫਤਰਾਂ ਦੇ ਵਾਰ-ਵਾਰ ਚੱਕਰ ਨਾ ਕੱਢਣੇ ਪੈਣ।ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ ਤੇ ਬਲਾਕ ਜਲਾਲਾਬਾਦ ਦੇ ਸਕੱਤਰ ਪਰਮਜੀਤ ਸਿੰਘ ਸੋਹਣਾ ਸਾਂਦੜ ਨੇ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਰਾਹੀਂ ਜ਼ਿਲ੍ਹੇ ਦੇ ਸਾਰੇ ਵਿੱਦਿਅਕ ਅਦਾਰਿਆਂ ਨੂੰ ਡਬਲ ਵਜ਼ੀਫੇ ਸੰਬੰਧੀ ਪੱਤਰ ਤੁਰੰਤ ਜਾਰੀ ਕੀਤਾ ਜਾਵੇ।ਕਾਨੂੰਨ ਮੁਤਾਬਿਕ ਔਨਲਾਈਨ ਪੁਰਾਣੇ ਵਜ਼ੀਫਿਆਂ ਨੂੰ ਇੱਕ ਮਹੀਨੇ ਵਿੱਚ ਮੁਕੰਮਲ ਤੌਰ 'ਤੇ ਅਪਰੂਵ/ਪਾਸ ਕਰੇ।ਆਗੂਆਂ ਨੇ ਮੀਟਿੰਗ ਵਿੱਚ ਹੋਈ ਚਰਚਾ ਬਾਰੇ ਵਿਸਥਾਰ ਸਹਿਤ ਗੱਲਬਾਤ ਕਰਦਿਆਂ ਦੱਸਿਆ ਕਿ ਯੂਨੀਅਨ ਵੱਲੋਂ ਮੰਗ ਕੀਤੀ ਗਈ ਹੈ ਕਿ ਸਰਜਰੀ ਕੇਸਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਉਸਾਰੀ ਕਿਰਤੀਆਂ ਨੂੰ ਫਾਰਮਾਂ ਦੀ ਸੂਚੀ ਦੱਸੀ ਜਾਵੇ, ਕਿਰਤੀ ਦਾ ਹੈਂਡੀਕੈਪ/ਅਪੰਗ ਬੱਚਿਆਂ ਨੂੰ ਮਿਲਣ ਸਕੀਮ ਬਾਰੇ ਸੰਖੇਪ ਵਿੱਚ ਦੱਸਿਆ ਜਾਵੇ, ਸ਼ਗਨ ਸਕੀਮ ਦੀ ਵੈਰੀਫਿਕੇਸ਼ਨ ਵੈੱਲਫੇਅਰ ਬੋਰਡ (ਪੰਜਾਬ ਸਰਕਾਰ) ਤੋਂ ਇੰਸਪੈਕਟਰ ਖੁਦ ਤਸਦੀਕ ਕਰਵਾਏ, ਏਐੱਲਸੀ ਪੋਰਟਲ 'ਚੋਂ ਪਾਸ ਵਜ਼ੀਫ਼ੇ ਦਾ ਬੈਚ ਬਣਾਉਣ ਮੌਕੇ ਮੈਰਿਟ/ਪਾਰਦਰਸ਼ਤਾ ਦਾ ਖ਼ਿਆਲ ਰੱਖਦੇ ਹੋਏ ਤੁਰੰਤ ਬੀ ਓ ਸੀ ਡਬਲ ਵੈੱਲਫ਼ੇਅਰ ਬੋਰਡ, ਕਿਰਤ ਭਵਨ ਮੋਹਾਲੀ ਨੂੰ ਭੇਜੇ ਜਾਣ।ਕਿਰਤੀ ਦੀ ਮੌਤ ਹੋਣ 'ਤੇ ਬਕਾਇਆ ਭਰੇ ਹੋਏ ਵਜ਼ੀਫ਼ੇ ਦਾ ਬੈਂਕ ਖਾਤਾ ਬੰਦ ਹੋ ਜਾਣ ਦੀ ਸੂਰਤ ਵਿੱਚ ਮ੍ਰਿਤਕ ਉਸਾਰੀ ਕਿਰਤੀ ਦੇ ਵਾਰਸ ਦਾ ਖਾਤਾ ਤੁਰੰਤ ਨਾਲ ਅਟੈਚ ਕੀਤਾ ਜਾਵੇ।ਐਕਸ ਗਰੇਸ਼ੀਆ ਦਾ ਪੂਰਾ/ਮੁਕੰਮਲ ਕਾਗਜ਼ਾਤ ਦੀ ਸੂਚੀ ਦਿੱਤੀ ਜਾਵੇ, ਜਿਹੜੇ ਡਾਕੂਮੈਂਟ ਡਿਪਾਰਟਮੈਂਟ ਨੂੰ ਲੋੜੀਂਦੇ ਹਨ।ਕਿਰਤੀ ਦੀ ਮੌਤ ਤੋਂ ਬਾਅਦ ਉਸ ਦੀ ਕਿਰਤੀ ਪਤਨੀ ਦੀ ਕਾਪੀ ਬਣਾਉਣ ਲਈ ਉਸ ਦੀ ਖੱਜਲ ਖੁਆਰੀ ਨੂੰ ਰੋਕਿਆ ਜਾਵੇ।ਐੱਨ ਆਰ ਆਈ ਦੀ ਸਾਈਟ, ਜੋ ਲਗਾਤਾਰ ਵਾਰ-ਵਾਰ ਬੰਦ ਹੋ ਰਹੀ ਹੈ, ਉਸਾਰੀ ਕਿਰਤੀਆਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਇਸ ਦਾ ਮੁਕੰਮਲ ਹੱਲ ਕੀਤਾ ਜਾਵੇ।ਯੂਨੀਅਨ ਦੇ ਆਗੂਆਂ ਨੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਯੂਨੀਅਨ ਦੇ ਮੈਂਬਰ ਬਣਨ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਸਮੇਂ ਸਿਰ ਨਿਪਟਾਰਾ ਕਰਵਾਇਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਯੂਨੀਅਨ ਦੇ ਆਗੂ ਖੇਤਾ ਸਿੰਘ ਡੰਗਰ ਖੇੜਾ ਤੇ ਜਸਪਾਲ ਸਿੰਘ ਲਮੋਚੜ ਖੁਰਦ ਵੀ ਹਾਜ਼ਰ ਸਨ।

# ਭੰਡਾਰੇ ਦੌਰਾਨ ਕਰੰਟ ਦੀ ਲਪੇਟ 'ਚ ਆਏ ਕਈ ਸ਼ਰਧਾਲੂ, ਦੋ ਦੀ ਮੌਤ

## ਪੰਜ ਵਿਅਕਤੀ ਇਲਾਜ ਅਧੀਨ, ਘਟਨਾ ਨਾਲ ਇਲਾਕੇ 'ਚ ਮਚੀ ਹਾਹਾਕਾਰ

**ਸੁਨਾਮ ਊਧਮ ਸਿੰਘ ਵਾਲਾ (ਰਾਕਸ਼ ਭੱਟੀ/ਅਸ਼ੋਕ ਬਾਂਸਲ)**-ਸੁਨਾਮ ਵਿੱਚ ਪੀਰ ਬਾਬਾ ਜੁਗਨਾ ਸ਼ਾਹ ਜੀ ਦੇ ਸਾਲਾਨਾ ਭੰਡਾਰੇ ਦੌਰਾਨ ਬੀਤੀ ਰਾਤ ਉਸ ਸਮੇਂ ਵੱਡਾ ਹਾਦਸਾ ਵਾਪਰ ਗਿਆ, ਜਦੋਂ ਕਥਿਤ ਤੌਰ 'ਤੇ ਬਿਜਲੀ ਦੀ ਲਾਈਟਿੰਗ ਨਾਲ ਜੁੜੀ ਤਾਰ ਵਿੱਚ ਨੁਕਸ ਪੈਣ ਕਾਰਨ ਟੈਂਟ ਦੇ ਲੋਹੇ ਦੇ ਪਾਈਪਾਂ ਵਿੱਚ ਕਰੰਟ ਆ ਗਿਆ।ਇਸ ਦੌਰਾਨ ਉੱਥੇ ਮੌਜੂਦ ਸੰਗਤ ਵਿੱਚ ਹਫੜਾ-ਦਫੜੀ ਮਚ ਗਈ।ਮੁੱਢਲੀ ਜਾਣਕਾਰੀ ਅਨੁਸਾਰ ਹਾਦਸੇ ਵਿੱਚ ਕਰੀਬ 25-26 ਵਿਅਕਤੀਆਂ ਨੂੰ ਕਰੰਟ ਲੱਗਣ ਦੀ ਸੂਚਨਾ ਹੈ।ਇਨ੍ਹਾਂ ਵਿੱਚੋਂ ਦੋ ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ ਪੰਜ ਵਿਅਕਤੀ ਇਲਾਜ ਅਧੀਨ ਦੱਸੇ ਜਾ ਰਹੇ ਹਨ।ਕੁਝ ਜ਼ਖ਼ਮੀਆਂ ਨੂੰ ਗੰਭੀਰ ਹਾਲਤ ਦੇ ਮੱਦੇਨਜ਼ਰ ਅੱਗੇ ਰੈਫਰ ਕੀਤੇ ਜਾਣ ਦੀ ਵੀ ਜਾਣਕਾਰੀ ਹੈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਵੱਖ-ਵੱਖ ਸਿਆਸੀ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸੁਨਾਮ ਸਿਵਲ ਹਸਪਤਾਲ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਤੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ।ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਗੋਲਡੀ, ਭਾਜਪਾ ਆਗੂ ਦਾਮਨ ਥਿੰਦ ਬਾਜਵਾ, ਆਮ ਆਦਮੀ ਪਾਰਟੀ ਦੇ ਆਗੂ ਕੈਬਨਟ ਮੰਤਰੀ ਅਮਨ ਅਰੋੜਾ ਸਮੇਤ ਕਈ ਹੋਰ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ ਮੌਕੇ 'ਤੇ ਅਤੇ ਹਸਪਤਾਲ ਵਿੱਚ ਪਹੁੰਚੇ।ਆਗੂਆਂ ਨੇ ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਵਾਰਾਂ ਨਾਲ ਹਮਦਰਦੀ ਜਤਾਈ ਤੇ ਜ਼ਖ਼ਮੀਆਂ ਦੇ ਇਲਾਜ ਸੰਬੰਧੀ ਜਾਣਕਾਰੀ ਹਾਸਲ ਕੀਤੀ।ਹਾਦਸੇ ਦੇ ਕਾਰਨਾਂ ਸੰਬੰਧੀ ਸਥਿਤੀ ਅਜੇ ਸਪੱਸ਼ਟ ਨਹੀਂ ਹੋ ਸਕੀ।

ਬਿਜਲੀ ਦੀ ਤਾਰ ਵਿੱਚ ਨੁਕਸ ਕਿਵੇਂ ਪਿਆ ਤੇ ਟੈਂਟ ਦੇ ਢਾਂਚੇ ਵਿੱਚ ਕਰੰਟ ਕਿਵੇਂ ਫੈਲਿਆ, ਇਸ ਸੰਬੰਧੀ ਅਧਿਕਾਰਤ ਜਾਂਚ ਤੋਂ ਬਾਅਦ ਹੀ ਸਪੱਸ਼ਟ ਜਾਣਕਾਰੀ ਸਾਹਮਣੇ ਆਉਣ ਦੀ ਉਮੀਦ ਹੈ।

# ਨਸ਼ੇ ਦੀਆਂ ਗੋਲੀਆਂ ਸਮੇਤ 2 ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 2 ਵਿਅਕਤੀਆਂ ਨੂੰ ਨਸ਼ੇ ਦੀਆਂ 20 ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਨੀਲ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਦਾਣਾ ਮੰਡੀ ਜਲਾਲਾਬਾਦ ਵਿੱਚ ਪੁੱਜੇ ਤਾਂ ਪੁਲਸ ਪਾਰਟੀ ਨੂੰ ਜਸਵੰਤ ਸਿੰਘ ਵਾਸੀ ਘੁਬਾਇਆ ਤੇ ਸੰਦੀਪ ਸਿੰਘ ਵਾਸੀ ਫਤਿਹਗੜ੍ਹ ਦਿਖਾਈ ਦਿੱਤੇ, ਜੋ ਪੁਲਸ ਪਾਰਟੀ ਨੂੰ ਵੇਖ ਕੇ ਹੱਥ ਵਿੱਚ ਫੜਿਆ ਲਿਫਾਫਾ ਸੁੱਟ ਦਿੱਤਾ ਤੇ ਮੌਕੇ ਤੋਂ ਖਿਸਕਣ ਲੱਗੇ, ਪੁਲਸ ਨੇ ਲਿਫਾਫੇ ਨੂੰ ਚੁੱਕ ਕੇ ਤਲਾਸ਼ੀ ਕੀਤੀ ਗਈ ਤਾਂ ਉਸ ਵਿੱਚੋਂ 2 ਪੱਤਿਆਂ ਵਿੱਚੋਂ 20 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।

ਪੁਲਸ ਪਾਰਟੀ ਨੇ ਜਸਵੰਤ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਘੁਬਾਇਆ ਤੇ ਸੰਦੀਪ ਸਿੰਘ ਪੁੱਤਰ ਗੁਰਜੀਤ ਸਿੰਘ ਵਾਸੀ ਫਤਿਹਗੜ੍ਹ ਨੂੰ ਗ੍ਰਿਫਤਾਰ ਕਰਕੇ ਥਾਣਾ ਸਿਟੀ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਕੂੜੇ ਦੇ ਢੇਰਾਂ ਤੋਂ ਮੁਕਤ ਹੋਇਆ ਇਨਵਾਇਰਨਮੈਂਟ ਪਾਰਕ



**ਸਮਾਣਾ (ਇਕਬਾਲ ਸਿੰਘ ਢੱਲ)**-ਸਮਾਣਾ ਦੇ ਇਨਵਾਇਰਮੈਂਟ ਪਾਰਕ ਨੂੰ ਪਿਛਲੇ ਕਰੀਬ 12-13 ਸਾਲਾਂ ਤੋਂ ਇਕੱਠੇ ਪਏ ਪੱਤਿਆਂ ਤੇ ਕੂੜੇ ਦੇ ਡੰਪਾਂ ਤੋਂ ਮੁਕਤ ਕਰਵਾਉਣ ਲਈ ਨਗਰ ਕੌਂਸਲ ਸਮਾਣਾ ਵੱਲੋਂ ਪ੍ਰਧਾਨ ਕਪੂਰ ਚੰਦ ਬਾਂਸਲ ਦੀ ਅਗਵਾਈ ਹੇਠ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਗਈ।ਇਸ ਦੌਰਾਨ ਪਾਰਕ ਵਿੱਚ ਲੰਮੇ ਸਮੇਂ ਤੋਂ ਇਕੱਠੇ ਹੋਏ ਕੂੜੇ ਤੇ ਪੱਤਿਆਂ ਦੇ ਢੇਰ ਚੁਕਵਾ ਕੇ ਪਾਰਕ ਦੀ ਸਫ਼ਾਈ ਕਰਵਾਈ ਗਈ।ਸਫ਼ਾਈ ਮੁਹਿੰਮ ਦੌਰਾਨ ਨਗਰ ਕੌਂਸਲ ਦੇ ਇੰਸਪੈਕਟਰ ਦੀਪਕ ਕੁਮਾਰ ਸਮੇਤ ਸਫ਼ਾਈ ਕਰਮਚਾਰੀ ਮੌਜੂਦ ਰਹੇ।ਇਸ ਮੌਕੇ ਸੰਭਾਵਨਾਏ ਮੰਚ ਪੰਜਾਬ ਦੇ ਪ੍ਰਧਾਨ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ, ਜਨਰਲ ਸਕੱਤਰ ਇਕਬਾਲ ਸਿੰਘ ਢੱਲ ਤੇ ਪ੍ਰੈੱਸ ਸਕੱਤਰ ਹਰਜਿੰਦਰ ਫਤਿਹਪੁਰ ਵੱਲੋਂ ਇਸ ਸਫ਼ਾਈ ਕਾਰਜ ਲਈ ਨਗਰ ਕੌਂਸਲ ਪ੍ਰਧਾਨ ਕਪੂਰ ਚੰਦ ਬਾਂਸਲ ਤੇ ਸਮੁੱਚੀ ਨਗਰ ਕੌਂਸਲ ਟੀਮ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਪ੍ਰਧਾਨ ਕਪੂਰ ਚੰਦ ਬਾਂਸਲ ਨੇ ਪੱਤਰਕਾਰ ਹਰਜਿੰਦਰ ਸਿੰਘ ਜਵੰਦਾ ਤੇ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਇਨਵਾਇਰਮੈਂਟ ਪਾਰਕ ਦੀ ਸਾਂਭ-ਸੰਭਾਲ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪਾਰਕ ਦੀ ਸਾਫ਼-ਸਫ਼ਾਈ ਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਭਵਿੱਖ ਵਿੱਚ ਵੀ ਲਗਾਤਾਰ ਸਹਿਯੋਗ ਦਿੱਤਾ ਜਾਵੇਗਾ।

# ਸਾਬਕਾ ਵਿਧਾਇਕ ਰਾਜਿੰਦਰ ਨੇ ਲਿਆ ਢੱਡਰੀਆਂ ਵਾਲਿਆਂ ਤੋਂ ਅਸ਼ੀਰਵਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੀਨੀਅਰ ਕਾਂਗਰਸੀ ਆਗੂ ਤੇ ਵਿਧਾਨ ਸਭਾ ਹਲਕਾ ਸਮਾਣਾ ਦੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ, ਉਨ੍ਹਾਂ ਦੀ ਧਰਮ ਪਤਨੀ, ਪੰਜਾਬ ਪਬਲਿਕ ਸਰਵਿਸ ਕਮਿਸ਼ਨ ਦੇ ਸਾਬਕਾ ਮੈਂਬਰ ਬੀਬਾ ਰਵਿੰਦਰ ਕੌਰ ਰਵੀ ਨੇ ਪਰਵਾਰ ਸਮੇਤ ਉੱਘੇ ਸਿੱਖ ਪ੍ਰਚਾਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨਾਲ ਮੁਕਕਾਤ ਕੀਤੀ ਤੇ ਉਨ੍ਹਾਂ ਤੋਂ ਅਸ਼ੀਰਵਾਦ ਲਿਆ। ਇਸ ਸਮੇਂ ਉਨ੍ਹਾਂ ਨਾਲ ਹਲਕਾ ਸਮਾਣਾ ਦੇ ਕਈ ਕਾਂਗਰਸੀ ਆਗੂ ਤੇ ਵਰਕਰ ਵੀ ਨਾਲ ਸਨ। ਇਸ ਮੌਕੇ ਰਾਜਿੰਦਰ ਸਿੰਘ ਨੇ ਕਿਹਾ ਕਿ ਉੱਘੇ ਸਿੱਖ ਪ੍ਰਚਾਰਕ ਭਾਈ ਰਣਜੀਤ ਸਿੰਘ ਢੱਡਰੀਆਂ ਵਾਲਿਆਂ ਨਾਲ ਮੁਲਾਕਾਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਤੇ ਉਹ ਉਨ੍ਹਾਂ ਵੱਲੋਂ ਮਿਲੇ ਪਿਆਰ, ਸਤਿਕਾਰ ਤੇ ਆਸ਼ੀਰਵਾਦ ਲਈ ਦਿਲੋਂ ਸ਼ੁਕਰਗੁਜ਼ਾਰ ਹਨ।ਇਸ ਮੌਕੇ ਬਲਾਕ ਪ੍ਰਧਾਨ ਨਾਇਬ ਸਿੰਘ ਭਾਨਰੀ, ਸਿੱਪੀ ਧਾਲੀਵਲ, ਰਾਜਸੀ ਸਕੱਤਰ ਮੇਜਰ ਕੰਬੋਜ, ਸਚਿਨ ਕੰਬੋਜ ਤੋਂ ਇਲਾਵਾ ਕਈ ਹੋਰ ਆਗੂ ਸਨ।

# ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇ ਰਹੀ : ਕਟਾਰੀਆ



**ਮੱਖੂ (ਰਛਪਾਲ ਸਿੰਘ ਸੰਧੂ)**-ਸਿਵਲ ਸਰਜਨ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਵੰਡਣ ਦਾ ਆਗਾਜ਼ ਸਰਕਾਰੀ ਹਸਪਤਾਲ ਮੱਖੂ ਵਿਖੇ ਕੈਂਪ ਲਗਾ ਕੇ ਕੀਤਾ ਗਿਆ।ਇਸ ਮੌਕੇ ਡਾ. ਹਰਿੰਦਰ ਪਾਲ ਸਿੰਘ, ਨਰਿੰਦਰ ਮੋਹਨ ਕਟਾਰੀਆ ਸਾਬਕਾ ਪ੍ਰਧਾਨ ਨਗਰ ਪੰਚਾਇਤ ਮੱਖੂ, ਬਲਵੀਰ ਸਿੰਘ ਲਹਿਰਾ ਪ੍ਰਧਾਨ ਪ੍ਰੈੱਸ ਐਸੋਸੀਏਸ਼ਨ ਮਖੂ, ਦਵਿੰਦਰ ਸਿੰਘ ਕੌਂਸਲਰ, ਹੀਰਾ ਗਿੱਲ ਕੌਂਸਲਰ, ਪਵਨ ਖੰਨਾ ਠੇਕੇਦਾਰ, ਯਸ਼ਵੀਰ ਮਨਚੰਦਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਨਗਰ ਪੰਚਾਇਤ ਮੱਖੂ ਦੇ ਸਾਬਕਾ ਪ੍ਰਧਾਨ ਨਰਿੰਦਰ ਕਟਾਰੀਆ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ 'ਚ ਵਿਕਾਸ ਦੇ ਨਾਲ ਲੋਕਾਂ ਦੀ ਸਿਹਤ ਸਹੂਲਤਾਂ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ।ਡਾ. ਹਰਿੰਦਰ ਪਾਲ ਸਿੰਘ ਨੇ ਸਮੂਹ ਮੈਡੀਕਲ ਸਟਾਫ ਨੂੰ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਉਸ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਜੋੜਿਆ ਜਾਵੇ ਤੇ ਜੋ ਸਿਹਤ ਯੋਜਨਾ ਦੇ ਕਾਰਡ ਸਾਡੇ ਕੋਲ ਬਣ ਕੇ ਪਹੁੰਚ ਗਏ ਨੇ, ਉਹ ਘਰ ਘਰ ਜਾ ਕੇ ਵੰਡੇ ਜਾਣ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਦਾ ਫਾਇਦਾ ਲੈ ਸਕਣ।ਇਸ ਮੌਕੇ ਪ੍ਰੈੱਸ ਐਸੋਸੀਏਸ਼ਨ ਮੱਖੂ ਦੇ ਪ੍ਰਧਾਨ ਬਲਵੀਰ ਲਹਿਰਾ ਨੇ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਦੇ ਸਿਹਤ ਯੋਜਨਾ ਵਾਲੇ ਕਾਰਡ ਬਣਨ ਵਾਲੇ ਰਹਿ ਗਏ ਹਨ, ਉਨ੍ਹਾਂ ਦੇ ਵੀ ਜਲਦ ਬਣਾਏ ਜਾਣ ਤਾਂ ਜੋ ਲੋਕ ਇਸ ਸਕੀਮ ਦਾ ਲਾਭ ਲੈ ਸਕਣ।

## ਕਾਤਰਾਂ

### ਦਲਬੀਰ ਯੂ ਕੇ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਦਿੱਤਾ ਥਾਪੜਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅੰਤਰਰਾਸ਼ਟ੍ਰੀ ਕੱਬਡੀ ਖਿਡਾਰੀ ਦਲਬੀਰ ਸਿੰਘ ਗਿੱਲ ਯੂ ਕੇ ਜੋ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿੱਕਟ ਵਰਤੀਆਂ ਵਜੋਂ ਜਾਣੇ ਜਾਂਦੇ ਹਨ, ਨੇ ਬੀਤੇ ਦਿਨੀ ਭਗਵੰਤ ਨਾਲ ਮੁਲਾਕਾਤ ਕਰ ਕੇ ਘਨੌਰ ਵਿਧਾਨ ਸਭਾ ਹਲਕੇ ਦੀ ਰਾਜਸੀ ਸਥਿਤੀ ਬਾਰੇ ਵਿਸਥਾਰ ਪੂਰਵਕ ਚਰਚਾ ਕੀਤੀ! ਮੁੱਖ ਮੰਤਰੀ ਵੱਲੋਂ ਉਹਨਾਂ ਨੂੰ ਆਪਣਾ ਥਾਪੜਾ ਦੇ ਗਿਆ ਹੈ! ਮਿਲੀ ਜਾਣਕਾਰੀ ਅਨੁਸਾਰ ਬੇਸ਼ਕ ਪਾਰਟੀ ਵੱਲੋਂ ਘਨੌਰ ਹਲਕੇ ਤੋਂ ਅਜੇ ਆਪਣੇ ਉਮੀਦਵਾਰ ਦਾ ਕੋਈ ਐਲਾਨ ਤਾਂ ਨਹੀ ਕੀਤਾ ਪ੍ਰੰਤੂ ਦਲਬੀਰ ਸਿੰਘ ਗਿੱਲ ਯੂ ਕੇ ਨੂੰ ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਵਿਧਾ ਸਭਾ ਚੋਣਾਂ ਚ ਘਨੌਰ ਹਲਕੇ ਤੋਂ ਆਪਣੇ ਉਮੀਦਵਾਰ ਵਜੋਂ ਉਤਾਰਨ ਦੀਆਂ ਕਿਆਸ ਅਰਾਈਆਂ ਨੇ ਜ਼ੋਰ ਫੜ ਲਿਆ ਹੈ! ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਨੇ ਉਹਨਾਂ ਨੂੰ ਘਨੌਰ ਹਲਕੇ 'ਚ ਕੰਮ ਕਰਨ ਦਾ ਕੀਤਾ ਇਸ਼ਾਰਾ ਇਹ ਦਰਸਾਉਂਦਾ ਹੈ ਕਿ ਉਹ ਜਲਦ ਮੌਜੂਦਾ ਵਿਧਾਇਕ ਗੁਰਲਾਲ ਘਨੌਰ ਦੀ ਥਾਂ ਘਨੌਰ ਹਲਕੇ ਦੇ ਇੰਚਾਰਜ ਹੋਣਗੇ!

### ਬਹਾਦਰਗੜ੍ਹ ਵਿਖੇ ਰਾਕੇਸ਼ ਬੱਗਾ ਦੇ ਹੱਕ 'ਚ ਇੱਕਤਰਤਾ ਭਲਕੇ

**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਕਸਬਾ ਬਹਾਦਰਗੜ੍ਹ ਵਿਖੇ ਡਾਇਮੰਡ ਪੈਲਿਸ ਵਿਚ 27 ਸਤੰਬਰ ਨੂੰ ਹੋਣ ਜਾ ਰਹੀ ਮੀਟਿੰਗ ਨੂੰ ਲੈ ਕੇ ਰਾਕੇਸ਼ ਬੱਗਾ ਦੇ ਸਮਰਥਕਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਮੀਟਿੰਗ ਦੀਆਂ ਤਿਆਰੀਆਂ ਸਬੰਧੀ ਇਲਾਕੇ ਵਿੱਚ ਲੋਕਾਂ ਨਾਲ ਸੰਪਰਕ ਦਾ ਸਿਲਸਿਲਾ ਜਾਰੀ ਹੈ ਅਤੇ ਵੱਖ-ਵੱਖ ਵਰਗਾਂ ਦੇ ਲੋਕ ਮੀਟਿੰਗ ਵਿੱਚ ਸ਼ਮੂਲੀਅਤ ਨੂੰ ਲੈ ਕੇ ਰੁਚੀ ਦਿਖਾ ਰਹੇ ਹਨ। ਰਾਕੇਸ਼ ਬੱਗਾ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਨਾ ਅਤੇ ਉਨ੍ਹਾਂ ਦੇ ਵਿਚਾਰਾਂ ਤੇ ਸੁਝਾਵਾਂ ਨੂੰ ਸੁਣਨਾ ਉਨ੍ਹਾਂ ਦੀ ਪਹਿਲ ਰਹੀ ਹੈ।

### ਹੈੱਡਮਾਸਟਰ ਸ਼ਰਮਾ ਦਾ ਸਨਮਾਨ



**ਨਾਭਾ (ਅਮਨ ਗਰਗ)**-ਪੰਜਾਬ ਪਬਲਿਕ ਸਕੂਲ, ਨਾਭਾ ਦੇ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੂੰ 6 ਸਤੰਬਰ 2026 ਨੂੰ ਨਵੀਂ ਦਿੱਲੀ ਵਿਖੇ ਆਯੋਜਿਤ 'ਨੈਸ਼ਨਲ ਸਕੂਲ ਕਨਕਲੇਵ ਐਂਡ ਅਵਾਰਡ ਸਮਾਰੋਹ' ਦੌਰਾਨ 'ਸਿੱਖਿਆ ਦੇ ਮਿਆਰਾਂ ਨੂੰ ਉੱਚਾ ਚੁੱਕਣ ਵਿੱਚ ਸ਼ਾਨਦਾਰ ਯੋਗਦਾਨ-2026, ਰਾਜ ਪੰਜਾਬ' ਦੇ ਵੱਕਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।ਡਾ. ਡੀ.ਸੀ. ਸ਼ਰਮਾ ਨੇ ਸਕੂਲ ਦੀ ਤਰਫੋਂ ਇਹ ਸਨਮਾਨ ਪ੍ਰਾਪਤ ਕੀਤਾ।ਸਕੂਲ ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਆਪਣਾ ਧੰਨਵਾਦ ਪ੍ਰਗਟ ਕਰਦਿਆਂ ਬੋਰਡ ਆਫ਼ ਗਵਰਨਰਜ਼ ਦੇ ਚੇਅਰਮੈਨ, ਬੋਰਡ ਮੈਂਬਰਾਂ, ਸਟਾਫ, ਵਿਦਿਆਰਥੀਆਂ ਅਤੇ ਮਾਪਿਆਂ ਦਾ ਜ਼ਿਕਰ ਕੀਤਾ ਅਤੇ ਸਕੂਲ ਦੀਆਂ ਲਗਾਤਾਰ ਪ੍ਰਾਪਤੀਆਂ ਦਾ ਸਿਹਰਾ ਉਨ੍ਹਾਂ ਦੇ ਸਮੂਹਿਕ ਯਤਨਾਂ ਅਤੇ ਅਟੁੱਟ ਸਹਿਯੋਗ ਨੂੰ ਦਿੱਤਾ।

# ਮੁਲਾਜ਼ਮ ਆਗੂ ਜਸਮੇਲ ਅਤਲਾ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਭੀਖੀ/ਮਾਨਸਾ (ਧਰਮਵੀਰ ਸ਼ਰਮਾ/ਆਤਮਾ ਸਿੰਘ ਪਮਾਰ)**

ਉੱਘੇ ਮੁਲਾਜ਼ਮ ਆਗੂ ਜਸਮੇਲ ਸਿੰਘ ਅਤਲਾ ਦੀ ਅੰਤਿਮ ਅਰਦਾਸ ਉਪਰੰਤ ਸ਼ਰਧਾਂਜਲੀ ਸਮਾਗਮ ਵਿੱਚ ਵੱਖ-ਵੱਖ ਆਗੂਆਂ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ (ਵਿਗਿਆਨਕ) ਦੇ ਸੂਬਾਈ ਪ੍ਰਧਾਨ ਸਾਥੀ ਗਗਨਦੀਪ ਸਿੰਘ ਭੁੱਲਰ, ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨਜ਼ (ਸੀਟੂ) ਦੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਸੀਪੀਆਈ (ਐੱਮ) ਦੇ ਤਹਿਸੀਲ ਸਕੱਤਰ ਕਾਮਰੇਡ ਅਮਰਜੀਤ ਸਿੰਘ ਸਿੱਧੂ ਰਿਟਾਇਰਡ ਐੱਸ ਡੀ ਓ, ਕਾਂਗਰਸ ਪਾਰਟੀ ਦੇ ਆਗੂ ਤੇ ਸਿੱਧੂ ਮੂਸੇਵਾਲਾ ਦੇ ਤਾਇਆ ਚਮਕੌਰ ਸਿੰਘ ਮੂਸਾ, ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸਾਹੀਆ, ਪੈਨਸ਼ਨਰ ਐਸੋਸ਼ੀਏਸਨ ਦੇ ਆਗੂ ਕਰਨੈਲ ਸਿੰਘ ਭੀਖੀ, ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ (ਵਿਗਿਆਨਕ) ਦੇ ਸੂਬਾਈ ਪ੍ਰਧਾਨ ਬਿੱਕਰ ਸਿੰਘ ਮਾਖਾ, ਜਰਨਲ ਸਕੱਤਰ ਹਰਦੀਪ ਕੁਮਾਰ ਸ਼ਰਮਾ ਸੰਗਰੂਰ, ਕੈਸ਼ੀਅਰ ਹਿੰਮਤ ਸਿੰਘ ਦੂਲੋਵਾਲ, ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤੀ) ਦੇ ਹਿੰਮਤ ਸਿੰਘ ਅਤਲਾ, ਸੀਟੂ ਦੇ ਸੂਬਾਈ ਆਗੂ ਸਾਧੂ ਸਿੰਘ ਰਾਮਾਨੰਦੀ ਤੇ ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਦੇ ਸੂਬਾਈ ਆਗੂ ਜਗਦੇਵ ਸਿੰਘ ਘੁਰਕਣੀ, ਟੀਐੱਸਯੂ ਦੇ ਸੂਬਾਈ ਆਗੂ ਪ੍ਰਦੀਪ ਖੋਖਰ ਨੇ ਕਿਹਾ ਕਿ ਸਾਥੀ ਜਸਮੇਲ ਅਤਲਾ ਦੇ ਬੇਵਕਤ ਸਦੀਵੀ ਵਿਛੋੜੇ ਨਾਲ ਨਾ ਸਿਰਫ ਉਨ੍ਹਾ ਦੇ ਨਿੱਜੀ ਪਰਵਾਰ ਨੂੰ, ਬਲਕਿ ਸਾਡੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾ ਕਿਹਾ ਕਿ ਸਾਥੀ ਜਸਮੇਲ ਅਤਲਾ ਨੇ ਈਮਾਨਦਾਰੀ ਨਾਲ ਆਪਣੀ ਨੌਕਰੀ ਕਰਦੇ ਹੋਏ, ਆਪਣੇ ਬੱਚਿਆਂ ਦੀ ਚੰਗੀ ਪਰਵਰਿਸ਼ ਕੀਤੀ ਤੇ ਮੁਲਾਜ਼ਮ ਲਹਿਰ ਦੇ ਨਾਲ-ਨਾਲ ਆਪਣੇ ਹੱਕੀ ਲਈ ਜੂਝਣ ਵਾਲੇ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਮੂਹਰਲੀ ਕਤਾਰ ਵਿੱਚ ਖੜ੍ਹੇ ਹੋ ਕੇ ਸੰਘਰਸ਼ ਕੀਤਾ।ਆਗੂਆਂ ਨੇ ਕਿਹਾ ਕਿ ਪੰਜਾਬ ਦੀ ਮੁਲਾਜ਼ਮ ਲਹਿਰ ਦੇ ਇਤਿਹਾਸ ਵਿੱਚ ਸਾਥੀ ਜਸਮੇਲ ਸਿੰਘ ਅਤਲਾ ਦਾ ਨਾਮ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ।ਇਸ ਮੌਕੇ ਵੱਡੀ ਤਦਾਦ ਵਿੱਚ ਉਨ੍ਹਾ ਦੇ ਹਮਦਰਦ, ਰਿਸ਼ਤੇਦਾਰ, ਜਨਤਕ ਜਥੇਬੰਦੀਆਂ ਦੇ ਕਾਰਕੁੰਨ, ਰਿਸ਼ਤੇਦਾਰ ਤੇ ਪਿੰਡ ਵਾਸੀਆਂ ਨੇ ਜਸਮੇਲ ਅਤਲਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪਹੁੰਚੇ ਹੋਏ ਸਨ।

# ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਮਨਾਉਣ ਦੀਆਂ ਤਿਆਰੀਆਂ ਜੋਬਨ 'ਤੇ

## ਜਵਾਨੀ ਨੂੰ ਭਗਤ ਸਿੰਘ ਦੇ ਜੀਵਨ ਫਲਸਫੇ ਤੋਂ ਅਗਵਾਈ ਲੈਣੀ ਚਾਹੀਦੀ : ਛਾਂਗਾ ਰਾਏ



**ਗੁਰੂ ਹਰਸਹਾਏ (ਪੱਤਰ ਪ੍ਰੇਰਕ)**-ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ 28 ਸਤੰਬਰ ਨੂੰ ਪਰਮਗੁਣੀ ਭਗਤ ਸਿੰਘ ਦੇ ਜਨਮ ਦਿਨ ਮੌਕੇ ਮੋਗਾ ਵਿਖੇ ਕੀਤੇ ਜਾ ਰਹੇ ਬਨੇਗਾ ਵਲੰਟੀਅਰ ਸੰਮੇਲਨ ਤੇ ਮਾਰਚ ਦੀਆਂ ਤਿਆਰੀਆ ਪੂਰੇ ਪੰਜਾਬ ਵਿੱਚ ਇਨਕਲਾਬੀ ਉਤਸ਼ਾਹ ਨਾਲ ਕੀਤੀਆਂ ਜਾ ਰਹੀਆਂ ਹਨ, ਜਿਸ ਵਿੱਚ ਹਜ਼ਾਰਾਂ ਨੌਜਵਾਨ ਤੇ ਵਿਦਿਆਰਥੀ ਸ਼ਾਮਲ ਹੋਣਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਨੇ ਵੱਖ ਵੱਖ ਪਿੰਡਾਂ ਬੂਲਾ ਰਾਏ ਉਤਾੜ ਤੇ ਤਾਰੇ ਵਾਲਾ ਖੂਹ ਵਿੱਚ ਨੌਜਵਾਨਾਂ ਅਤੇ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਸੂਬਾਈ ਆਗੂ ਨੇ ਅੱਗੇ ਸੰਬੋਧਨ ਕਰਦਿਆਂ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿਮ (ਹੁਣ ਬਨੇਗਾ ਪ੍ਰਾਪਤੀ ਮੁਹਿੰਮ) ਵੱਲੋਂ 29 ਸਾਲ ਪਹਿਲਾਂ ਭਗਤ ਸਿੰਘ ਦਾ ਜਨਮ ਦਿਨ ਮਨਾਉਣ ਦੀ ਕੀਤੀ ਸ਼ੁਰੂਆਤ ਤੇ ਕੋਸ਼ਿਸ਼ ਅੱਜ ਦੇਸ਼ ਦੁਨੀਆਂ ਵਿੱਚ ਭਗਤ ਸਿੰਘ ਦਿਨ ਨੂੰ ਮੇਲੇ ਦੇ ਰੂਪ ਵਿੱਚ ਮਨਾਉਣ ਤੱਕ ਸਫਲ ਹੋਈ ਹੈ।

ਉਨ੍ਹਾਂ ਕਿਹਾ ਕਿ ਨੌਜਵਾਨਾਂ ਵੱਲੋਂ ਕੀਤੇ ਇਸ ਉਪਰਾਲੇ ਨਾਲ ਭਗਤ ਸਿੰਘ ਦੇ ਸ਼ਹਾਦਤ ਵਾਲੇ ਪੱਖ ਦੇ ਨਾਲ ਨਾਲ ਉਸ ਦੇ ਵਿਚਾਰਕ ਪੱਖ ਨੂੰ ਵਿਸ਼ਵ ਵਿਆਪੀ ਮਾਨਤਾ ਮਿਲਣਾ ਬਹੁਤ ਵੱਡੀ ਪ੍ਰਾਪਤੀ ਹੈ।ਨੌਜਵਾਨਾਂ ਦੇ ਸੂਬਾਈ ਆਗੂ ਨੇ ਇਹ ਵੀ ਕਿਹਾ ਕਿ ਅੱਜ ਜਦੋਂ ਵਿਗਿਆਨਕ ਤੱਰਕੀ ਨਾਲ ਏ.ਆਈ. ਮਨੁੱਖ ਦੀ ਜਗ੍ਹਾ ਲੈਣ ਲਈ ਦੌੜ ਵਿੱਚ ਹੈ ਤਾਂ ਦੂਜੇ ਪਾਸੇ ਅਸਲੀ ਮਨੁੱਖ ਦੀ ਹਾਲਾਤ ਬਦ ਤੋਂ ਬਦਤਰ ਹੁੰਦੀ ਜਾ ਰਹੀ ਹੈ, ਖਾਸ ਕਰਕੇ ਜਵਾਨੀ ਜੋ ਪਹਿਲਾਂ ਹੀ ਬੇਰੁਜ਼ਗਾਰੀ ਦਾ ਸੰਤਾਪ ਹੰਢਾ ਰਹੀ ਸੀ, ਨੂੰ ਏ.ਆਈ. ਦੀ ਆਮਦ ਨੇ ਹੋਰ ਚਿੰਤਾਵਾਂ ਵਿੱਚ ਪਾ ਦਿੱਤਾ ਹੈ, ਪਰ ਬਨੇਗਾ ਪ੍ਰਾਪਤੀ ਮੁਹਿੰਮ ਜਵਾਨੀ ਦੀਆਂ ਚਿੰਤਾਵਾਂ ਦੇ ਮੁਕੰਮਲ ਹੱਲ ਦਾ ਦਾਅਵਾ ਕਰਦੀ ਹੈ।ਉਨ੍ਹਾਂ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਐਕਟ ਏ. ਆਈ. ਦੇ ਬਾਵਜੂਦ ਹਰ ਇਕ ਲਈ ਰੁਜ਼ਗਾਰ ਦੀ ਗਰੰਟੀ ਕਰਕੇ ਅਣ-ਸਿੱਖਿਅਤ ਨੂੰ 35,000/-, ਅਰਧ ਸਿੱਖਿਅਤ ਨੂੰ 40,000/-, ਸਿੱਖਿਅਤ ਨੂੰ 45,000/- ਤੇ ਉੱਚ ਸਿੱਖਿਅਤ ਨੂੰ 60,000/- ਪ੍ਰਤੀ ਮਹੀਨਾ ਤਨਖਾਹ ਅਤੇ ਕੰਮ ਨਾ ਮਿਲਣ ਦੀ ਹਾਲਤ ਵਿੱਚ ਉਕਤ ਤਨਖਾਹ ਦਾ ਅੱਧਾ ਹਿਸਾ ਕੰਮ ਇੰਤਜ਼ਾਰ ਭੱਤਾ ਦੇਣ ਦੀ ਗਰੰਟੀ ਕਰਦਾ ਹੈ।ਸੂਬਾਈ ਆਗੂ ਨੇ ਨੌਜਵਾਨਾਂ ਨੂੰ ਭਗਤ ਸਿੰਘ ਦੇ ਜਨਮ ਦਿਨ ਮੌਕੇ ਮੋਗੇ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਲਈ ਅਪੀਲ ਕੀਤੀ।ਇਸ ਮੌਕੇ ਉਹਨਾਂ ਨਾਲ ਮਨੋਜ ਬੂਲਾ ਰਾਏ, ਰਾਜ ਛਿੱਲੀਆਂ, ਰਾਜ ਕੁਮਾਰ ਬਹਾਦਰ ਕੇ, ਜਸਵਿੰਦਰ ਬੂਲਾ ਰਾਏ, ਲਵੀਸ਼ ਸਿੰਘ ਆਦਿ ਹਾਜ਼ਰ ਸਨ।

# ਸਰਕਾਰ ਵੱਲੋਂ ਵਪਾਰਕ ਬਾਜ਼ਾਰਾਂ ਦੇ ਵਿਕਾਸ ਲਈ 40 ਕਰੋੜ ਦਾ ਵਿਸ਼ੇਸ਼ ਫੰਡ ਮਨਜ਼ੂਰ

## ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਉੱਪ ਚੇਅਰਮੈਨ ਵੱਲੋਂ ਮੁੱਖ ਮੰਤਰੀ ਤੇ ਵਿੱਤ ਮੰਤਰੀ ਦਾ ਧੰਨਵਾਦ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰਕ ਬਾਜ਼ਾਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਵਪਾਰੀਆਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਮੰਗਾਂ ਦੇ ਨਿਪਟਾਰੇ ਲਈ ਸਮੁੱਚੇ ਪੰਜਾਬ ਵਾਸਤੇ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ ਕੀਤਾ ਗਿਆ ਹੈ।ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਉੱਪ-ਚੇਅਰਮੈਨ ਅਨਿਲ ਠਾਕੁਰ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਸ੍ਰ. ਹਰਪਾਲ ਸਿੰਘ ਚੀਮਾ ਦਾ ਧੰਨਵਾਦ ਪ੍ਰਗਟਾਇਆ।ਸ੍ਰੀ ਅਨਿਲ ਠਾਕੁਰ ਨੇ ਕਿਹਾ ਕਿ ਇਸ ਵਿਸ਼ੇਸ਼ ਫੰਡ ਰਾਹੀਂ ਸੂਬੇ ਦੇ ਵਪਾਰਕ ਬਾਜ਼ਾਰਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਬੁਨਿਆਦੀ ਸਮੱਸਿਆਵਾਂ ਦੇ ਹੱਲ ਲਈ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਫੰਡ ਤਹਿਤ ਬਾਜ਼ਾਰਾਂ ਵਿੱਚ ਆਧੁਨਿਕ ਵਾਸ਼ਰੂਮਾਂ ਦੀ ਉਸਾਰੀ ਤੇ ਮੁਰੰਮਤ, ਸੜਕਾਂ ਦੀ ਉਸਾਰੀ ਤੇ ਮੁਰੰਮਤ, ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦੇ ਨਿਪਟਾਰੇ ਤੋਂ ਇਲਾਵਾ ਹੋਰ ਲੋੜੀਂਦੀਆਂ ਨਾਗਰਿਕ ਸਹੂਲਤਾਂ ਦੇ ਵਿਕਾਸ ਲਈ ਵੀ ਕੰਮ ਕਰਵਾਏ ਜਾਣਗੇ।ਇਸ ਨਾਲ ਵਪਾਰੀਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਲਾਭ ਮਿਲੇਗਾ।ਅਨਿਲ ਠਾਕੁਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਤੇ ਜ਼ਿਲ੍ਹਾ ਪੱਧਰੀ ਟ੍ਰੇਡਰਜ਼ ਕਮਿਸ਼ਨਾਂ ਵੱਲੋਂ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੀ ਅਗਵਾਈ ਹੇਠ ਹੁਣ ਤੱਕ ਸੂਬੇ ਭਰ ਵਿੱਚ ਵਪਾਰੀਆਂ ਨਾਲ 800 ਤੋਂ ਵੱਧ ਮੀਟਿੰਗਾਂ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਵਪਾਰੀਆਂ ਵੱਲੋਂ ਬੁਨਿਆਦੀ ਢਾਂਚੇ ਵਿੱਚ ਸੁਧਾਰ ਸਬੰਧੀ ਉਠਾਈਆਂ ਗਈਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਹੀ ਇਹ 40 ਕਰੋੜ ਰੁਪਏ ਦਾ ਵਿਸ਼ੇਸ਼ ਫੰਡ ਮਨਜ਼ੂਰ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ, ਵਪਾਰਕ ਸਰਗਰਮੀਆਂ ਨੂੰ ਹੋਰ ਪ੍ਰੋਤਸਾਹਨ ਦੇਣ ਤੇ ਬਾਜ਼ਾਰਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਇਹ ਵਿਸ਼ੇਸ਼ ਫੰਡ ਇਸ ਦਿਸ਼ਾ ਵਿੱਚ ਇੱਕ ਅਹਿਮ ਕਦਮ ਸਾਬਿਤ ਹੋਵੇਗਾ।ਇਸ ਮੌਕੇ ਸਹਾਇਕ ਕਮਿਸ਼ਨਰ ਜਨਰਲ-ਕਮ-ਐੱਸ ਡੀ ਐੱਮ ਗੁਰਕਿਰਨਦੀਪ ਸਿੰਘ, ਐੱਸ ਡੀ ਐੱਮ ਮਲੋਟ ਪੰਕਜ ਕੁਮਾਰ, ਜ਼ਿਲ੍ਹਾ ਟ੍ਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੋਂਟੀ, ਵਿਧਾਨ ਸਭਾ ਟ੍ਰੇਡਰਜ਼ ਕਮਿਸ਼ਨ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਕੁਲਵਿੰਦਰ ਕੰਡਾ, ਵਿਧਾਨ ਸਭਾ ਟ੍ਰੇਡਰਜ਼ ਕਮਿਸ਼ਨ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਕੁਮਾਰ ਬੁੱਟਰ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਚੌਕੀਦਾਰ 'ਤੇ ਹਮਲਾ ਕਰਨ ਵਾਲੇ ਕੁਝ ਹੀ ਘੰਟਿਆਂ ਅੰਦਰ ਕਾਬੂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਦੇ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਦੇ ਤਹਿਤ ਰਾਤ ਸਮੇਂ ਘੰਟਾਘਰ ਚੌਂਕ ਨੇੜੇ ਇੱਕ ਚੌਂਕੀਦਾਰ 'ਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਹਮਲਾ ਕਰਕੇ ਸੱਟਾਂ ਮਾਰਨ ਦੀ ਵਾਰਦਾਤ ਨੂੰ ਕੁਝ ਹੀ ਘੰਟਿਆਂ ਅੰਦਰ ਹੀ ਟਰੇਸ ਕਰਕੇ ਘਟਨਾ ਨੂੰ ਅੰਜਾਮ ਦੇਣ ਵਾਲੇ 3 ਮੁਲਜ਼ਮਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਬੀਤੀ 23 ਸਤੰਬਰ ਨੂੰ ਰਾਤ ਕਰੀਬ 11:30 ਵਜੇ ਘੰਟਾਘਰ ਚੌਂਕ ਫਾਜਿਲਕਾ ਦੇ ਨੇੜੇ ਕੱਪੜਾ ਮਾਰਕਿਟ ਵਿੱਚ ਚੌਂਕੀਦਾਰ ਵਜੋਂ ਡਿਊਟੀ ਕਰਦੇ ਪਾਲਾ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਕੌੜਿਆਂ ਵਾਲੀ ਤੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ ਕਰਕੇ ਸੱਟਾਂ ਮਾਰੀਆਂ ਗਈਆਂ, ਜਿਸ ਕਾਰਨ ਪਾਲਾ ਸਿੰਘ ਉਕਤ ਜ਼ਖਮੀਂ ਹੋ ਗਿਆ, ਜਿਸ ਦਾ ਬਿਆਨ ਹਾਸਲ ਕਰਕੇ ਨਾਮਾਲੂਮ ਵਿਅਕਤੀਆਂ ਦੇ ਖਿਲਾਫ ਮੁਕੱਦਮਾ ਥਾਣਾ ਸਿਟੀ ਫਾਜ਼ਿਲਕਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।ਤਫਤੀਸ਼ ਦੌਰਾਨ ਮੁੱਖ ਅਫਸਰ ਥਾਣਾ ਸਿਟੀ ਫਾਜ਼ਿਲਕਾ ਦੀ ਨਿਗਾਰਨੀ ਹੇਠ ਵੱਖ ਵੱਖ ਟੀਮਾਂ ਬਣਾ ਕੇ ਟੈਕਨੀਕਲ ਤੇ ਹਿਊਮਨ ਇੰਟੈਲੀਜੈਂਸ ਦੀ ਮਦਦ ਨਾਲ ਵਾਰਦਾਤ ਤੋਂ ਕੁਝ ਹੀ ਘੰਟਿਆਂ ਦੇ ਅੰਦਰ 3 ਮੁੱਖ ਦੋਸ਼ੀਆਂ ਨੂੰ ਵਾਰਦਾਤ ਲਈ ਵਰਤੇ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ ਹੈ, ਜਦਕਿ ਉਨ੍ਹਾਂ ਦੇ ਬਾਕੀ ਸਾਥੀਆਂ ਦੀ ਗ੍ਰਿਫਤਾਰੀ ਲਈ ਰੇਡ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਬਹੁਤ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ।ਮਾਮਲੇ ਦੀ ਅਗਲੇਰੀ ਤਫ਼ਤੀਸ਼ ਜਾਰੀ ਹੈ।

# ਨਵੀਂ ਵਿਸ਼ਵ ਵਿਵਸਥਾ ਬਣਾਉਣ 'ਚ ਬ੍ਰਿਕਸ ਦੀ ਭੂਮਿਕਾ ਬਾਰੇ ਗੋਸ਼ਟੀ




**ਲੁਧਿਆਣਾ (ਐਮ ਐਸ ਭਾਟੀਆ)**-ਨਵੀਂ ਦਿੱਲੀ ਸਥਿਤ ਏਟਕ ਭਵਨ ਵਿਖੇ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ, ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ, ਪ੍ਰਗਤੀਸ਼ੀਲ ਲੇਖਕ ਸੰਘ ਅਤੇ ਜੋਸ਼ੀ-ਅਧਿਕਾਰੀ ਇੰਸਟੀਚਿਊਟ ਆਫ ਸੋਸ਼ਲ ਸਟਡੀਜ਼ ਵੱਲੋਂ ਸਾਂਝੇ ਤੌਰ 'ਤੇ ਇੱਕ ਵਿਚਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ।ਇਸ ਗੋਸ਼ਟੀ ਵਿੱਚ ਮੌਜੂਦਾ ਭੂ-ਰਾਜਨੀਤਿਕ ਹਾਲਾਤ ਵਿੱਚ ਵਿਸ਼ਵ ਵਿੱਚ ਸ਼ਾਂਤੀ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਵਿੱਚ ਬ੍ਰਿਕਸ ਦੀ ਭੂਮਿਕਾ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਬੋਲਦਿਆਂ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਦੇ ਸਕੂਲ ਆਫ ਇੰਟਰਨੈਸ਼ਨਲ ਸਟਡੀਜ਼ ਦੇ ਸਾਬਕਾ ਪ੍ਰੋਫੈਸਰ ਪ੍ਰੋ. ਅਜੇ ਪਟਨਾਇਕ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੂਰੀ ਵਿਸ਼ਵ ਰਾਜਨੀਤਿਕ ਸਥਿਤੀ ਇੱਕ ਨਵੇਂ ਮੋੜ ਵਿੱਚੋਂ ਲੰਘ ਰਹੀ ਹੈ। ਦੁਨੀਆ ਦੇ ਵਿਕਾਸਸ਼ੀਲ ਦੇਸ਼ ਅੱਜ ਆਪਣੇ ਹੱਕਾਂ ਲਈ ਆਵਾਜ਼ ਬੁਲੰਦ ਕਰ ਰਹੇ ਹਨ ਅਤੇ ਅਮਰੀਕੀ ਦਬਦਬੇ ਨੂੰ ਸਵੀਕਾਰ ਕਰਨ ਤੋਂ ਲਗਾਤਾਰ ਇਨਕਾਰ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਸੁਭਾਵਿਕ ਹੈ ਕਿ ਪੂੰਜੀਵਾਦੀ ਵਿਵਸਥਾ ਦਾ ਪ੍ਰਮੁੱਖ ਕੇਂਦਰ ਅਮਰੀਕਾ, ਜਿਸ ਦੀ ਅਰਥਵਿਵਸਥਾ ਦਾ ਇੱਕ ਵੱਡਾ ਹਿੱਸਾ ਹਥਿਆਰ ਉਦਯੋਗ 'ਤੇ ਨਿਰਭਰ ਹੈ, ਮੌਜੂਦਾ ਵਿਵਸਥਾ ਵਿੱਚ ਬਦਲਾਅ ਨਹੀਂ ਚਾਹੁੰਦਾ। ਇਸੇ ਕਾਰਨ ਉਹ ਦੁਨੀਆਂ ਉੱਤੇ ਆਪਣਾ ਦਬਦਬਾ ਕਾਇਮ ਰੱਖਣ ਲਈ ਵੱਖ-ਵੱਖ ਖੇਤਰਾਂ ਵਿੱਚ ਜੰਗਾਂ ਸ਼ੁਰੂ ਕਰਨ ਜਾਂ ਉਨ੍ਹਾਂ ਨੂੰ ਉਤਸ਼ਾਹਿਤ ਕਰਨ ਵਿੱਚ ਲੱਗਾ ਹੋਇਆ ਹੈ।ਦੂਜੇ ਪਾਸੇ, ਨਾਟੋ ਵੱਲੋਂ ਯੂਕਰੇਨ ਨੂੰ ਪੂਰਨ ਸਮਰਥਨ ਅਤੇ ਨਾਟੋ ਦੇ ਵਿਸਥਾਰ ਦੀ ਨੀਤੀ ਕਾਰਨ ਯੂਕਰੇਨ ਜੰਗ ਵੀ ਦਿਨੋ-ਦਿਨ ਗੰਭੀਰ ਹੁੰਦੀ ਜਾ ਰਹੀ ਹੈ।ਅਜਿਹੇ ਹਾਲਾਤ ਵਿੱਚ ਹਾਲ ਹੀ ਵਿੱਚ ਹੋਏ ਬ੍ਰਿਕਸ ਸਿਖਰ ਸੰਮੇਲਨ ਵੱਲੋਂ ਜਾਰੀ ਕੀਤਾ ਗਿਆ ਐਲਾਨਨਾਮਾ ਇੱਕ ਸਕਾਰਾਤਮਕ ਦਿਸ਼ਾ ਦਾ ਸੰਕੇਤ ਹੈ।ਪ੍ਰਸਿੱਧ ਅਰਥਸ਼ਾਸਤਰੀ ਪ੍ਰੋਫੈਸਰ ਜਯਾ ਮਹਿਤਾ ਨੇ ਕਿਹਾ ਕਿ ਬ੍ਰਿਕਸ ਦੇ ਦੇਸ਼ ਸਿਰਫ਼ ਆਪਸ ਵਿੱਚ ਹੀ ਨਹੀਂ, ਸਗੋਂ ਪੂਰੀ ਦੁਨੀਆ ਵਿੱਚ ਅਮਰੀਕੀ ਆਰਥਿਕ ਦਬਦਬੇ ਨੂੰ ਚੁਣੌਤੀ ਦੇਣ ਵਿੱਚ ਯੋਗਦਾਨ ਪਾ ਸਕਦੇ ਹਨ।ਆਈ ਡੀ ਪੀ ਡੀ ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਨੇ ਕਿਹਾ ਕਿ ਮੌਜੂਦਾ ਭੂ-ਰਾਜਨੀਤਿਕ ਸਥਿਤੀ ਬਾਰੇ ਸਕਾਰਾਤਮਕ ਅਤੇ ਲੋਕ-ਪੱਖੀ ਦ੍ਰਿਸ਼ਟੀਕੋਣ ਨਾਲ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਦੀ ਬਹੁਤ ਲੋੜ ਹੈ।ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੀ ਜਨਰਲ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਕਿਹਾ ਕਿ ਮਜ਼ਦੂਰ ਵਰਗ ਨੂੰ ਇੱਕ ਪਾਸੇ ਆਪਣੇ ਹੱਕਾਂ ਲਈ ਸੰਘਰਸ਼ ਕਰਨਾ ਹੋਵੇਗਾ ਅਤੇ ਦੂਜੇ ਪਾਸੇ ਮੌਜੂਦਾ ਰਾਜਨੀਤਿਕ ਹਾਲਾਤ ਵਿੱਚ ਭਾਰਤ ਦੀ ਭੂਮਿਕਾ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਜਨਚੇਤਨਾ ਪੈਦਾ ਕਰਨ ਦਾ ਕੰਮ ਜਾਰੀ ਰੱਖਣਾ ਹੋਵੇਗਾ।ਪ੍ਰਗਤੀਸ਼ੀਲ ਲੇਖਕ ਸੰਘ, ਦਿੱਲੀ ਵੱਲੋਂ ਬੋਲਦਿਆਂ ਅਰਜੁਮੰਦ ਆਰਾ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਲੇਖਕਾਂ ਅਤੇ ਬੁੱਧੀਜੀਵੀਆਂ ਦੀ ਬਹੁਤ ਮਹੱਤਵਪੂਰਨ ਭੂਮਿਕਾ ਹੈ।ਪ੍ਰੋਫੈਸਰ ਦਿਨੇਸ਼ ਵਾਰਸ਼ਣੇਯ ਨੇ ਜਨ ਸੰਗਠਨਾਂ ਨੂੰ ਇਨ੍ਹਾਂ ਮੁੱਦਿਆਂ 'ਤੇ ਮਜ਼ਬੂਤੀ ਨਾਲ ਵਿਚਾਰ-ਵਟਾਂਦਰਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਸੰਬੋਧਨ ਕਰਨ ਵਾਲਿਆਂ ਵਿੱਚ ਭਾਰਤੀ ਮਹਿਲਾ ਫੈਡਰੇਸ਼ਨ ਦੀ ਜਨਰਲ ਸਕੱਤਰ ਨਿਸ਼ਾ ਸਿੱਧੂ, ਡਾ. ਇੰਦਰਵੀਰ, ਡਾ. ਜਸਵਿੰਦਰ ਸਿੰਘ, ਗੁਰਮੁਖ ਸਿੰਘ ਅਤੇ ਹਸਨ ਅਬਦੁੱਲਾ ਵੀ ਸ਼ਾਮਲ ਸਨ।

# ਸਰਕਾਰੀ ਹਸਪਤਾਲ 'ਚ ਅਤਿ-ਆਧੁਨਿਕ ਫੇਕੋ ਮਸ਼ੀਨ ਦੀ ਸਹੂਲਤ

## ਲਾਡੀ ਢੋਸ ਨੇ ਕੀਤਾ ਉਦਘਾਟਨ, ਸਿਹਤ ਬੀਮਾ ਕਾਰਡ ਵੀ ਵੰਡੇ



**ਕੋਟ ਈਸੇ ਖਾਂ (ਅਰੋੜਾ)**-ਵਿਧਾਨ ਸਭਾ ਹਲਕਾ ਧਰਮਕੋਟ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵੱਡੀ ਸਹੂਲਤ ਪ੍ਰਦਾਨ ਕਰਦਿਆਂ ਸੀਐੱਚਸੀ ਕੋਟ ਈਸੇ ਖਾਂ ਵਿਖੇ 50 ਲੱਖ ਰੁਪਏ ਤੋਂ ਵੱਧ ਦੀ ਲਾਗਤ ਵਾਲੀ ਆਧੁਨਿਕ ਫੇਕੋ ਮਸ਼ੀਨ ਸਥਾਪਤ ਕੀਤੀ ਗਈ, ਜਿਸ ਦਾ ਉਦਘਾਟਨ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ।ਇਸ ਮੌਕੇ ਵਿਧਾਇਕ ਵੱਲੋਂ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਸਿਹਤ ਬੀਮਾ ਕਾਰਡ ਵੀ ਵੰਡੇ ਗਏ।ਫੇਕੋ ਮਸ਼ੀਨ ਦੀ ਸਹੂਲਤ ਸ਼ੁਰੂ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਅੱਖਾਂ ਦੇ ਇਲਾਜ ਤੇ ਚਿੱਟੇ ਮੋਤੀਏ ਦੇ ਆਪ੍ਰੇਸ਼ਨਾਂ ਲਈ ਹੋਰ ਬਿਹਤਰ ਸਿਹਤ ਸੇਵਾਵਾਂ ਮਿਲਣ ਦੀ ਉਮੀਦ ਹੈ।ਵਿਧਾਇਕ ਲਾਡੀ ਢੋਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਤੇ ਆਧੁਨਿਕ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਸੀਨੀਅਰ ਮੈਡੀਕਲ ਅਫਸਰ (ਐੱਸਐੱਮਓ) ਸੁਖਪ੍ਰੀਤ ਸਿੰਘ ਬਰਾੜ ਨੇ ਇਸ ਸਹੂਲਤ ਲਈ ਪੰਜਾਬ ਸਰਕਾਰ ਤੇ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਵਿਸ਼ੇਸ਼ ਧੰਨਵਾਦ ਕੀਤਾ।ਐੱਸਡੀਐੱਮ ਗੁਰਵਿੰਦਰ ਸਿੰਘ ਜੌਹਲ ਨੇ ਵੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਸਰਕਾਰੀ ਉਪਰਾਲਿਆਂ ਦੀ ਸ਼ਲਾਘਾ ਕੀਤੀ।ਇਸ ਮੌਕੇ ਅੱਖਾਂ ਦੀ ਮਾਹਰ ਡਾਕਟਰ ਮਨਿੰਦਰ ਕੌਰ ਨੇ ਫੇਕੋ ਮਸ਼ੀਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਆਧੁਨਿਕ ਤਕਨੀਕ 'ਤੇ ਅਧਾਰਤ ਮਸ਼ੀਨ ਹੈ, ਜੋ ਚਿੱਟੇ ਮੋਤੀਏ ਦੇ ਆਪ੍ਰੇਸ਼ਨਾਂ ਵਿੱਚ ਸਹਾਇਕ ਸਾਬਿਤ ਹੋਵੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਵਿਜੇ ਧੀਰ, ਨਗਰ ਪੰਚਾਇਤ ਕੋਟ ਈਸੇ ਖਾਂ ਪ੍ਰਧਾਨ ਸਚਿਨ ਧੀਰ, ਬਿਕਰਮਜੀਤ, ਐੱਮ ਸੀ ਮੁਕੇਸ਼ ਕੁਮਾਰ, ਆਪ ਆਗੂ ਸੁਰਿੰਦਰ ਪਾਲ ਭੱਟੀ, ਐੱਮ ਸੀ ਸੁੱਚਾ ਸਿੰਘ ਪੁਰਬਾ ਤੋਂ ਇਲਾਵਾ ਹੋਰ ਪਤਵੰਤੇ, ਸਿਹਤ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਰਹੇ।

# ਪੀ ਐੱਸ ਸੀ ਪੀ ਐੱਲ ਨੇ ਪੈਨਸ਼ਨਰਾਂ ਤੇ ਫੈਮਿਲੀ ਪੈਨਸ਼ਨਰਾਂ ਦੇ ਹਿੱਤਾਂ ਨੂੰ ਦਿੱਤੀ ਤਰਜੀਹ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਪੈਨਸ਼ਨਰਾਂ ਤੇ ਫੈਮਿਲੀ ਪੈਨਸ਼ਨਰਾਂ ਨੂੰ ਬਣਦੇ ਵਿੱਤੀ ਲਾਭ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਪੈਨਸ਼ਨ ਪੈਕੇਜ 'ਚ ਲੋੜੀਂਦਾ ਰਿਕਾਰਡ ਅਪਡੇਟ ਕਰਨ ਸਬੰਧੀ ਸਮੂਹ ਡੀ.ਡੀ.ਓਜ਼ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ।ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਗੁਰਕਿਰਤ ਕਿਰਪਾਲ ਸਿੰਘ, ਪੀ.ਐੱਸ.ਈ.ਬੀ. ਜੁਆਇੰਟ ਫੋਰਮ ਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦਰਮਿਆਨ ਹੋਈ ਮੀਟਿੰਗ ਦੌਰਾਨ ਇਹ ਮਾਮਲਾ ਸਾਹਮਣੇ ਆਇਆ ਸੀ ਕਿ ਪੈਨਸ਼ਨ ਪੈਕੇਜ 'ਚ ਕੁਝ ਪੈਨਸ਼ਨਰਾਂ ਦੀ ਮੌਤ ਦੀ ਮਿਤੀ ਤੇ ਕੁਝ ਫੈਮਿਲੀ ਪੈਨਸ਼ਨਰਾਂ ਦੀ ਜਨਮ ਮਿਤੀ ਦਰਜ ਨਾ ਹੋਣ ਕਾਰਨ ਬੁਢਾਪਾ ਭੱਤਾ ਤੇ ਐੱਲ.ਟੀ.ਸੀ. ਵਰਗੇ ਬਣਦੇ ਲਾਭਾਂ ਦੀ ਅਦਾਇਗੀ ਵਿੱਚ ਦਿੱਕਤ ਆ ਰਹੀ ਹੈ।ਪੜਤਾਲ ਕਰਨ 'ਤੇ ਸਾਹਮਣੇ ਆਇਆ ਕਿ 2109 ਪੈਨਸ਼ਨਰਾਂ ਦੀ ਮੌਤ ਦੀ ਮਿਤੀ ਤੇ 876 ਫੈਮਿਲੀ ਪੈਨਸ਼ਨਰਾਂ ਦੀ ਜਨਮ ਮਿਤੀ ਦਾ ਡਾਟਾ ਅਪਡੇਟ ਨਹੀਂ ਹੈ।ਇਸ ਕਾਰਨ ਕੁਝ ਯੋਗ ਪੈਨਸ਼ਨਰਾਂ ਨੂੰ ਐੱਲ ਟੀ ਸੀ ਤੇ ਬੁਢਾਪਾ ਭੱਤੇ ਸਮੇਤ ਹੋਰ ਬਣਦੇ ਲਾਭ ਪ੍ਰਾਪਤ ਕਰਨ ਵਿੱਚ ਮੁਸ਼ਕਲ ਆ ਰਹੀ ਸੀ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੀ.ਐੱਸ.ਪੀ.ਸੀ.ਐੱਲ. ਦੇ ਸੀਐੱਮਡੀ ਗੁਰਕਿਰਤ ਕਿਰਪਾਲ ਸਿੰਘ ਵੱਲੋਂ ਸਮੂਹ ਸਬੰਧਤ ਡੀ.ਡੀ.ਓਜ਼ ਨੂੰ ਉਕਤ ਕਾਰਵਾਈ 15 ਦਿਨਾਂ ਦੇ ਅੰਦਰ ਮੁਕੰਮਲ ਕਰਨ ਦੀ ਹਦਾਇਤ ਕੀਤੀ ਗਈ ਹੈ, ਤਾਂ ਜੋ ਪੈਨਸ਼ਨਰਾਂ ਤੇ ਫੈਮਿਲੀ ਪੈਨਸ਼ਨਰਾਂ ਨੂੰ ਬਣਦੇ ਵਿੱਤੀ ਲਾਭਾਂ ਦੀ ਅਦਾਇਗੀ ਸੁਚਾਰੂ ਢੰਗ ਨਾਲ ਯਕੀਨੀ ਬਣਾਈ ਜਾ ਸਕੇ।

# ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਵੱਲੋਂ ਸਬ-ਡਵੀਜ਼ਨ ਦਫਤਰ ਅੱਗੇ ਰੋਸ ਧਰਨਾ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**-ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਵਿੱਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਤੇ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਜਲ ਸਪਲਾਈ ਤੇ ਸੈਨੀਟੇਸ਼ਨ ਸਬ-ਡਵੀਜ਼ਨ ਦਫਤਰ ਜਲਾਲਾਬਾਦ (ਗੁੰਮਾਨੀਵਾਲਾ) ਵਿਖੇ ਰੋਸ ਧਰਨਾ ਦਿੱਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸਰਕਲ ਸਕੱਤਰ ਜਸਵਿੰਦਰ ਸਿੰਘ ਚੱਕ ਜਾਨੀਸਰ, ਜ਼ਿਲ੍ਹਾ ਜਨਰਲ ਸਕੱਤਰ ਬਲਵਿੰਦਰ ਸਿੰਘ ਨੂਰ ਸੁਮੰਦ, ਜ਼ਿਲ੍ਹਾ ਖਜ਼ਾਨਚੀ ਮਹਿੰਦਰ ਸਿੰਘ ਮੰਨੇਵਾਲਾ, ਦਫਤਰੀ ਸਟਾਫ ਤੋਂ ਸੁਖਚੈਨ ਸਿੰਘ ਸੋਢੀ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਧਰਨੇ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਵਾਟਰ ਸਪਲਾਈ ਸਕੀਮਾਂ ਤੇ ਫੀਲਡ ਵਿੱਚ ਕੰਮ ਕਰਦੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਮੁਸ਼ਕਲਾਂ ਜਿਵੇਂ ਕਿ ਰਿਪੇਅਰ ਦੇ ਕੰਮ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਧੀਨ ਫੰਡ ਨਾ ਆਉਣ ਕਾਰਨ ਘੋਰ ਮੁਸ਼ਕਲਾਂ ਸਾਹਮਣਾ ਕਰਨਾ ਪੈ ਰਿਹਾ ਹੈ। ਲੀਕੇਜ ਜਾਂ ਟੰਕੀ ਤੇ ਰਿਪੇਅਰ ਦੇ ਕੰਮ ਕਰਵਾਉਣ ਲਈ ਵਰਕਰਾਂ ਵੱਲੋਂ ਮਹਿਕਮੇ ਦੇ ਜੇਈ ਨਾਲ ਸੰਪਰਕ ਕੀਤਾ ਜਾਂਦਾ ਹੈ ਤਾਂ ਅੱਗੋਂ ਇਹੋ ਜਵਾਬ ਮਿਲਦਾ ਹੈ ਕਿ ਇਹ ਰਿਪੇਅਰ ਦੇ ਕੰਮ ਕਰਵਾਉਣ ਲਈ ਪਿੰਡ ਦੀ ਗ੍ਰਾਮ ਪੰਚਾਇਤ ਨਾਲ ਸੰਪਰਕ ਕੀਤਾ ਜਾਵੇ, ਜਿਸਦੇ ਚਲਦੇ ਵਾਟਰ ਸਪਲਾਈ ਸਕੀਮਾਂ ਤੇ ਤੈਨਾਤ ਵਰਕਰਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਵਰਕਰਾਂ ਵੱਲੋਂ ਵਾਟਰ ਸਪਲਾਈ ਸਕੀਮਾਂ ਤੇ ਰਿਪੇਅਰ ਦੇ ਕੰਮ ਕਰਵਾਉਣ ਲਈ ਪੱਲਿਓਂ ਲਗਾਏ ਪੈਸੇ ਤੁਰੰਤ ਦਿੱਤੇ ਜਾਣ। ਇਸ ਦੌਰਾਨ ਯੂਨੀਅਨ ਵੱਲੋਂ ਇਹ ਵੀ ਫੈਸਲਾ ਕੀਤਾ ਗਿਆ ਕਿ ਰਿਪੇਅਰ ਦੇ ਕੰਮ ਕਰਵਾਉਣ ਲਈ ਵਰਕਰ ਆਪਣੇ ਪੱਲਿਓਂ ਪੈਸੇ ਨਾ ਲਗਾਏ ਤੇ ਇਸ ਸਬੰਧੀ ਮਹਿਕਮੇ ਨੂੰ ਲਿਖਤੀ ਰੂਪ ਵਿੱਚ ਜਾਣਕਾਰੀ ਦਿੱਤੀ ਜਾਵੇ। ਇਸ ਧਰਨੇ ਦੌਰਾਨ ਯੂਨੀਅਨ ਦੇ ਆਗੂਆਂ ਨਾਲ ਜੇ.ਈ. ਸੁਖਵਿੰਦਰ ਸਿੰਘ ਵੱਲੋਂ ਮੀਟਿੰਗ ਕੀਤੀ ਗਈ ਤੇ ਜੇਈ ਵੱਲੋਂ ਇਹ ਕਿਹਾ ਕਿ ਰਿਪੇਅਰ ਦੇ ਕੰਮ ਕਰਵਾਉਣ ਲਈ ਹੁਣ ਪੰਜਾਬ ਸਰਕਾਰ ਵੱਲੋਂ ਪੰਚਾਇਤਾਂ ਨੂੰ ਵਿੱਤ ਕਮਿਸ਼ਨ ਅਧੀਨ ਗ੍ਰਾਂਟ ਭੇਜੀ ਜਾਂਦੀ ਹੈ ਤੇ ਇਸ ਲਈ ਵਾਟਰ ਸਪਲਾਈ ਸਕੀਮਾਂ ਤੇ ਰਿਪੇਅਰ ਦੇ ਕੰਮ ਕਰਵਾਉਣ ਲਈ ਸਰਪੰਚਾਂ ਨਾਲ ਤਾਲਮੇਲ ਕੀਤਾ ਜਾਵੇ ਅਤੇ ਲੋੜ ਪੈਣ 'ਤੇ ਸਾਡੇ ਵੱਲੋਂ ਐਸਟੀਮੇਟ ਤਿਆਰ ਕਰਕੇ ਸੰਬੰਧਤ ਪਿੰਡ ਦੀ ਪੰਚਾਇਤ ਨੂੰ ਭੇਜਿਆ ਜਾਵੇਗਾ।

# ਨੀਤੂ ਕਪੂਰ ਸਿੰਗਲਾ ਨੇ ਚੇਅਰਪਰਸਨ ਮਾਰਕਿਟ ਕਮੇਟੀ ਸਾਦਿਕ ਵਜੋਂ ਅਹੁਦਾ ਸੰਭਾਲਿਆ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਨੀਤੂ ਕਪੂਰ ਸਿੰਗਲਾ ਨੇ ਸ਼ੁੱਕਰਵਾਰ ਨੂੰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ, ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ, ਸ.ਬਲਤੇਜ ਸਿੰਘ ਪੰਨੂ ਪੰਜਾਬ ਮੀਡੀਆ ਇੰਚਾਰਜ ਤੇ ਵਿਧਾਇਕ ਜੈਤੋ ਸ. ਅਮੋਲਕ ਸਿੰਘ ਅਤੇ ਇਲਾਕੇ ਦੇ ਸਮੂਹ ਮੋਹਤਬਰ ਅਤੇ ਭਾਰੀ ਮਾਤਰਾ ਵਿੱਚ ਪਹੁੰਚੇ ਪ੍ਰਸੰਸ਼ਕਾ ਦੀ ਮੌਜੂਦਗੀ ਵਿੱਚ ਮਾਰਕਿਟ ਕਮੇਟੀ ਸਾਦਿਕ ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲਿਆ।ਇਸ ਮੌਕੇ ਸ. ਸੁਖਵੀਰ ਸਿੰਘ ਸੁੱਖੀ ਓ.ਐਸ.ਡੀ ਮੁੱਖ ਮੰਤਰੀ ਪੰਜਾਬ ਤੇ ਸ.ਸ਼ਮਿੰਦਰ ਸਿੰਘ ਖਿੰਡਾ ਚੇਅਰਮੈਨ ਪੰਜਾਬ ਐਗਰੋ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਡਾ.ਬਲਜੀਤ ਕੌਰ ਨੇ ਨਵ ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਨੇ ਪਹਿਲੇ ਦਿਨ ਤੋਂ ਹੀ ਲੋਕ ਹਿੱਤ ਵਿੱਚ ਅਣਗਿਣਤ ਫੈਸਲੇ ਲੈ ਕੇ ਕੰਮ ਕੀਤੇ ਹਨ ਅਤੇ ਅੱਗੇ ਵੀ ਜਾਰੀ ਹਨ।ਸ.ਬਲਤੇਜ ਸਿੰਘ ਪੰਨੂ ਸਟੇਟ ਸਕੱਤਰ ਪੰਜਾਬ ਅਤੇ ਪੰਜਾਬ ਮੀਡੀਆ ਇੰਚਾਰਜ 'ਆਪ' ਨੇ ਵੀ ਨੀਤੂ ਕਪੂਰ ਸਿੰਗਲਾ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਅਤੇ ਸ.ਅਮੋਲਕ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਮਾਨਦਾਰ, ਮਿਹਨਤੀ ਅਤੇ ਵਫਾਦਾਰ ਵਲੰਟੀਅਰਾਂ ਨੂੰ ਮਾਣ-ਸਤਿਕਾਰ ਦੇਣ ਲਈ ਵਚਨਬੱਧ ਹੈ।ਨੀਤੂ ਕਪੂਰ ਸਿੰਗਲਾ ਨੇ ਕਿਹਾ ਕਿ ਪਾਰਟੀ ਨੇ ਉਨ੍ਹਾਂ ਦੀ ਵਫ਼ਾਦਾਰੀ ਅਤੇ ਮਿਹਨਤ ਦਾ ਮੁੱਲ ਪਾਇਆ ਹੈ।ਉਨ੍ਹਾਂ ਮੁੱਖ ਮੰਤਰੀ ਸ.ਭਗਵੰਤ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਪੂਰੀ ਮਿਹਨਤ ਨਾਲ ਮਾਰਕੀਟ ਕਮੇਟੀ ਦੇ ਕੰਮਾਂ ਨੂੰ ਪੂਰਾ ਕਰਨ ਦਾ ਭਰੋਸਾ ਦਿਵਾਇਆ।ਇਸ ਮੌਕੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਵੀਰਪਾਲ ਕੌਰ, ਚੇਅਰਮੈਨ ਪਲਾਨਿੰਗ ਬੋਰਡ ਗੁਰਤੇਜ ਸਿੰਘ ਖੋਸਾ, ਚੇਅਰਮੈਨ ਨਗਰ ਸੁਧਾਰ ਟਰੱਸਟ ਗਗਨਦੀਪ ਸਿੰਘ ਧਾਲੀਵਾਲ, ਚੇਅਰਮੈਨ ਅਮਨਦੀਪ ਸਿੰਘ ਬਾਬਾ, ਐਡਵੋਕੇਟ ਬੀਰਇੰਦਰ ਸਿੰਘ,ਚੇਅਰਮੈਨ ਸ. ਧਰਮਜੀਤ ਸਿੰਘ ਰਾਮੇਆਣਾ,ਸ੍ਰੀ ਸੁਖਜੀਤ ਸਿੰਘ ਢਿੱਲਵਾਂ ਵਾਈਸ ਚੇਅਰਮੈਨ ਪੇਡਾ,ਸ੍ਰੀ ਰਜਿੰਦਰ ਸਿੰਘ ਰਿੰਕੂ, ਸੁਖਵੰਤ ਪੱਕਾ, ਗੁਰਸੇਵਕ ਸਿੰਘ, ਲਾਡੀ ਢੂਡੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

## ਸਿੱਧੂ ਪਰਿਵਾਰ ਵੱਲੋਂ ਮੱਲ੍ਹਾ ਖੇਡ ਗਰਾਊਂਡ ਨੂੰ ਫਰਿਜ ਦਾਨ



**ਜਗਰਾਉਂ (ਸੰਜੀਵ ਅਰੋੜਾ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਪੰਜਾਬ ਦੇ ਜਥੇਬੰਦਕ ਸਕੱਤਰ ਕੰਵਲਜੀਤ ਸਿੰਘ ਮੱਲ੍ਹਾ, ਹਰਪਾਲ ਸਿੰਘ ਸਿੱਧੂ ਯੂ ਕੇ, ਯੂਥ ਆਗੂ ਜਗਦੀਪ ਸਿੰਘ ਸਿੱਧੂ ਕੈਨੇਡਾ ਨੇ ਸਰਕਾਰੀ ਹਾਈ ਸਕੂਲ ਮੱਲ੍ਹਾ ਦੇ ਖੇਡ ਗਰਾਊਂਡ ਲਈ ਠੰਡੇ ਪਾਣੀ ਵਾਲੀ ਫਰਿਜ ਦਾਨ ਕੀਤੀ। ਇਸ ਮੌਕੇ ਯੂਥ ਆਗੂ ਨਵਦੀਪ ਸਿੰਘ ਧਾਲੀਵਾਲ ਤੇ ਕੁਲਜੀਤ ਸਿੰਘ ਸਿੱਧੂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਖਿਡਾਰੀਆਂ ਦੀ ਮੰਗ ਸੀ ਕਿ ਗਰਾਊਂਡ ਵਿੱਚ ਠੰਡੇ ਪਾਣੀ ਵਾਲੀ ਫਰਿਜ ਲਾਈ ਜਾਵੇ, ਜਿਸ ਨੂੰ ਪੂਰਨ ਕਰਦਿਆਂ ਅੱਜ ਕੰਵਲਜੀਤ ਸਿੰਘ ਮੱਲ੍ਹਾ ਦੇ ਪਰਿਵਾਰ ਵੱਲੋਂ ਖਿਡਾਰੀਆਂ ਤੇ ਖੇਡ ਪ੍ਰੇਮੀਆਂ ਲਈ ਫਰਿਜ ਦਾਨ ਕਰ ਦਿੱਤੀ ਹੈ, ਜਿਨ੍ਹਾਂ ਦਾ ਅਸੀਂ ਪਿੰਡ ਮੱਲ੍ਹਾ ਵਾਸੀ ਧੰਨਵਾਦ ਕਰਦੇ ਹਾਂ। ਇਸ ਮੌਕੇ ਸਮੂਹ ਖਿਡਾਰੀਆਂ ਨੇ ਜੱਥੇਬੰਦਕ ਸਕੱਤਰ ਕੰਵਲਜੀਤ ਸਿੰਘ ਮੱਲ੍ਹਾ ਨੂੰ ਸਨਮਾਨਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨ ਸੰਦੀਪ ਸਿੰਘ ਮੱਲ੍ਹਾ, ਯੂਥ ਆਗੂ ਜੋਤੀ ਧਾਲੀਵਾਲ, ਪੰਚ ਇੰਦਰਜੀਤ ਸਿੰਘ, ਪੰਚ ਗੋਰਾ ਸਿੰਘ, ਪੰਚ ਜਗਰਾਜ ਸਿੰਘ, ਪੰਚ ਨਛੱਤਰ ਸਿੰਘ, ਪੰਚ ਬਿੰਦਰ ਸਿੰਘ, ਯੂਥ ਆਗੂ ਰਾਮ ਸਿੰਘ ਸਰਾਂ, ਸਾਬਕਾ ਐਕਸੀਅਨ ਕੁਲਦੀਪ ਸਿੰਘ ਮੱਲ੍ਹਾ, ਗਿਆਨੀ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## 2 ਨੂੰ ਸੰਗਰੂਰ 'ਚ ਗੂੰਜੇਗੀ ਹੱਕਾਂ ਦੀ ਆਵਾਜ਼ : ਸੁਭਾਸ਼ ਰਾਣੀ



**ਲੁਧਿਆਣਾ (ਰਾਜ ਸਿੰਗਲਾ)**-ਆਂਗਣਵਾੜੀ ਮੁਲਾਜ਼ਮ ਪੰਜਾਬ ਦੀ ਇੱਕ ਵਿਸ਼ਾਲ ਜ਼ਿਲ੍ਹਾ ਕਨਵੈਨਸ਼ਨ ਲੁਧਿਆਣਾ ਵਿਖੇ ਹੋਈ, ਜਿਸ ਵਿੱਚ 15 ਬਲਾਕਾਂ ਦੇ ਸੈਂਕੜੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਸ਼ਮੂਲੀਅਤ ਕੀਤੀ। ਇਸ ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਭਾਸ਼ ਰਾਣੀ ਨੇ ਕਿਹਾ ਕਿ ਜੇਕਰ ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ, ਜੋ ਕਿ ਲੰਬੇ ਸਮੇਂ ਤੋਂ ਆਪਣੇ ਹੱਕੀ ਤੇ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੀਆਂ ਹਨ, ਉਨ੍ਹਾਂ ਦਾ ਸਰਕਾਰ ਵੱਲੋਂ ਕੋਈ ਠੋਸ ਹੱਲ ਨਹੀਂ ਕੀਤਾ ਗਿਆ ਤਾਂ ਉਹ ਮਜਬੂਰਨ ਦੋ ਅਕਤੂਬਰ ਨੂੰ ਸੰਗਰੂਰ ਵਿਖੇ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨਗੇ ਤੇ ਇਸ ਘਰਾਓ ਵਿੱਚ ਲੁਧਿਆਣਾ ਤੋਂ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਤੇ ਹੈਲਪਰ ਕਈ ਸਾਲਾਂ ਤੋਂ ਬੱਚਿਆਂ, ਮਹਿਲਾਵਾਂ ਤੇ ਸਮਾਜ ਦੇ ਕਮਜ਼ੋਰ ਵਰਗਾਂ ਨਾਲ ਜੁੜੀਆਂ ਮਹੱਤਵਪੂਰਨ ਸੇਵਾਵਾਂ ਨਿਭਾਅ ਰਹੇ ਹਨ, ਪਰ ਇਸ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੋਂ ਲਟਕਾਇਆ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਿੰਦਰ ਕੌਰ, ਸੁਰਜੀਤ ਕੌਰ, ਆਸ਼ਾਰਾਣੀ, ਵਾਈਸ ਪ੍ਰਧਾਨ ਅੰਜੂ, ਚਰਨਜੀਤ ਕੌਰ, ਸੁਰਜੀਤ ਕੌਰ ਆਦਿ ਆਗੂ ਮੌਜੂਦ ਸਨ।

## ਦਸਮੇਸ਼ ਮਿਸ਼ਨ ਸਕੂਲ ਵਿਖੇ ਐੱਨ ਐੱਸ ਐੱਸ ਡੇ ਨੂੰ ਸਮਰਪਤ ਵਣ ਮਹਾਉਤਸਵ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀਨੌ ਵਿਖੇ ਐੱਨ ਐੱਸ ਐੱਸ ਯੂਨਿਟ ਵੱਲੋਂ ਵਾਤਾਵਰਨ ਦੀ ਸੰਭਾਲ ਤੇ ਹਰਿਆਵਲ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਪੌਦੇ ਲਗਾਏ ਗਏ।ਇਸ ਮੌਕੇ ਵਿਦਿਆਰਥੀਆਂ ਤੇ ਸਕੂਲ ਸਟਾਫ਼ ਵੱਲੋਂ ਪੌਦੇ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਬਲਜੀਤ ਸਿੰਘ, ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸ਼੍ਰੀਮਤੀ ਸ਼ਮਿੰਦਰ ਕੌਰ, ਸਕੂਲ ਦੇ ਡੀਪੀਈ ਸ੍ਰ. ਜਸਕਰਨ ਸਿੰਘ ਤੇ ਸ੍ਰ. ਜਸ਼ਨਦੀਪ ਸਿੰਘ ਹਾਜ਼ਰ ਸਨ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਬਲਜੀਤ ਸਿੰਘ ਨੇ ਕਿਹਾ ਕਿ ਵਾਤਾਵਰਨ ਨੂੰ ਹਰਿਆ-ਭਰਿਆ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੀ ਸੰਭਾਲ ਕਰਨਾ ਵੀ ਸਾਡੀ ਜ਼ਿੰਮੇਵਾਰੀ ਹੈ।ਐਨਐਸਐਸ ਯੂਨਿਟ ਵੱਲੋਂ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਜਾਗਰੂਕ ਕਰਦਿਆਂ ਪੌਦਿਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਵੱਲੋਂ ਵਾਤਾਵਰਨ ਦੀ ਸੁਰੱਖਿਆ ਲਈ ਅਜਿਹੀਆਂ ਗਤੀਵਿਧੀਆਂ ਲਗਾਤਾਰ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ। ਐੱਨ ਐੱਸ ਐੱਸ ਡੇ ਦੇ ਸਬੰਧ ਵਿੱਚ ਸਕੂਲ ਦੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਦੱਸਿਆ ਕਿ ਐੱਨ ਐੱਸ ਐੱਸ ਭਾਰਤ ਸਰਕਾਰ ਦੇ ਯੁਵਕ ਮਾਮਲੇ ਤੇ ਖੇਡ ਮੰਤਰਾਲੇ ਦੁਆਰਾ ਚਲਾਇਆ ਜਾਂਦਾ ਇੱਕ ਬਹੁਤ ਹੀ ਮਹੱਤਵਪੂਰਨ ਪ੍ਰੋਗਰਾਮ ਹੈ, ਜੋ ਨੌਜਵਾਨਾਂ ਵਿੱਚ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨ ਲਈ ਬਣਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਐੱਨ ਐੱਸ ਐੱਸ ਦਾ ਮਨੋਰਥ ਹੈ 'ਮੈਂ ਨਹੀਂ, ਤੁਸੀਂ' ਇਹ ਸਿਧਾਂਤ ਨਿਰਸਵਾਰਥ ਸੇਵਾ ਦੀ ਭਾਵਨਾ ਨੂੰ ਦਰਸਾਉਂਦਾ ਹੈ ਤੇ ਲੋਕਤੰਤਰੀ ਜੀਵਨ-ਸ਼ੈਲੀ ਨੂੰ ਬੜਾਵਾ ਦਿੰਦਾ ਹੈ।

## ਪੈਨਸ਼ਨ ਅਦਾਲਤ 'ਚ 33 ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪੈਨਸ਼ਨਰਾਂ ਦੀਆਂ ਸਮੱਸਿਆਵਾਂ ਤੇ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਡੀ. ਸੀ. ਕੰਪਲੈਕਸ ਸ਼੍ਰੀ ਮੁਕਤਸਰ ਸਾਹਿਬ ਦੀ ਪਹਿਲੀ ਮੰਜ਼ਿਲ ਵਿਖੇ ਪੈਨਸ਼ਨ ਅਦਾਲਤ ਦਾ ਆਯੋਜਨ ਕੀਤਾ ਗਿਆ।ਪੈਨਸ਼ਨ ਅਦਾਲਤ ਦੌਰਾਨ ਕੁੱਲ 36 ਪੈਨਸ਼ਨਰਾਂ ਵੱਲੋਂ ਆਪਣੀਆਂ ਸ਼ਿਕਾਇਤਾਂ ਪੇਸ਼ ਕੀਤੀਆਂ ਗਈਆਂ।ਇਨ੍ਹਾਂ ਵਿੱਚੋਂ 33 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਏ. ਜੀ. ਦਫ਼ਤਰ ਦੀ ਟੀਮ ਵੱਲੋਂ ਕਰ ਦਿੱਤਾ ਗਿਆ।ਬਾਕੀ 3 ਸ਼ਿਕਾਇਤਾਂ, ਜਿਨ੍ਹਾਂ ਨਾਲ ਸਬੰਧਤ ਲੋੜੀਂਦੇ ਦਸਤਾਵੇਜ਼ ਪ੍ਰਾਪਤ ਹੋਏ ਹਨ, ਨੂੰ ਵਿਸਥਾਰਪੂਰਵਕ ਜਾਂਚ ਤੇ ਲੋੜੀਂਦੀ ਕਾਰਵਾਈ ਲਈ ਵਿਚਾਰ ਅਧੀਨ ਲਿਆ ਗਿਆ ਹੈ।ਇਨ੍ਹਾਂ ਮਾਮਲਿਆਂ ਦਾ ਲਾਗੂ ਨਿਯਮਾਂ ਤੇ ਹਦਾਇਤਾਂ ਅਨੁਸਾਰ ਸਮਾਂਬੱਧ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ।ਇਸ ਪੈਨਸ਼ਨ ਅਦਾਲਤ ਵਿੱਚ ਏ.ਜੀ. ਦਫ਼ਤਰ ਵੱਲੋਂ ਸ਼੍ਰੀ ਮਨੰਜੈ ਕੁਮਾਰ ਉਪਾਧਿਆਏ, ਸੀਨੀਅਰ ਅਕਾਊਂਟਸ ਅਫ਼ਸਰ, ਸ਼੍ਰੀ ਸੁਮਿਤ ਪੰਚਾਲ, ਅਸਿਸਟੈਂਟ ਅਕਾਊਂਟਸ ਅਫ਼ਸਰ ਤੇ ਸ਼੍ਰੀ ਹਰਿਓਮ ਭੂਰਾ, ਡਾਟਾ ਐਂਟਰੀ ਓਪਰੇਟਰ ਨੇ ਸ਼ਮੂਲੀਅਤ ਕੀਤੀ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼੍ਰੀ ਗੁਰਕਿਰਨ ਦੀਪ ਸਿੰਘ, ਏ.ਸੀ.ਜੀ. ਤੇ ਸ਼੍ਰੀ ਜੁਗਰਾਜ ਸਿੰਘ, ਸੁਪਰਡੈਂਟ ਗ੍ਰੇਡ-9 ਮੌਜੂਦ ਰਹੇ।ਇਸ ਤੋਂ ਇਲਾਵਾ ਐੱਲ.ਡੀ.ਐੱਮ., ਸ਼੍ਰੀ ਮੁਕਤਸਰ ਸਾਹਿਬ, ਸ਼੍ਰੀ ਨਰੇਸ਼ ਕੁਮਾਰ, ਜ਼ਿਲ੍ਹਾ ਖਜ਼ਾਨਾ ਅਫ਼ਸਰ ਤੇ ਸ਼੍ਰੀ ਸਾਹਿਬ ਸਿੰਘ ਸੀਨੀਅਰ ਸਹਾਇਕ ਹਾਜ਼ਰ ਸਨ।

## ਬਾਵਨ ਦੁਆਦਸ਼ੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਸਥਾਨਕ ਅਗਰਵਾਲ ਧਰਮਸ਼ਾਲਾ ਸਮਾਣਾ ਵਿਖੇ ਭਗਵਾਨ ਵਾਮਨ ਅਵਤਾਰ ਦੇ ਪ੍ਰਗਟ ਦਿਵਸ ਵਜੋਂ ਮਨਾਇਆ ਜਾਣ ਵਾਲਾ ਬਾਵਨ ਦੁਆਦਸ਼ੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਅਗਵਾਈ ਅਗਰਵਾਲ ਸਭਾ ਦੇ ਪ੍ਰਧਾਨ ਦਰਸ਼ਨ ਮਿੱਤਲ ਤੇ ਸਮੂਹ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਗਈ।ਇਸ ਸ਼ੁਭ ਮੌਕੇ ਭਗਵਾਨ ਵਾਮਨ ਜੀ ਦੀ ਵਿਸ਼ੇਸ਼ ਪੂਜਾ-ਅਰਚਨਾ ਕੀਤੀ ਗਈ ਤੇ ਹਵਨ-ਯੱਗ ਕਰਵਾਇਆ ਗਿਆ, ਸ਼ਾਮ ਸਮੇਂ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਧਾਰਮਿਕ ਪ੍ਰੋਗਰਾਮ ਪੇਸ਼ ਕੀਤੇ, ਜਿਸ ਦਾ ਦਰਸ਼ਕਾਂ ਨੇ ਖੂਬ ਆਨੰਦ ਲਿਆ।ਇਸ ਪ੍ਰੋਗਰਾਮ ਵਿੱਚ ਸ਼ਰਧਾਲੂਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਈ।ਪ੍ਰਬੰਧਕ ਕਮੇਟੀ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਧਾਰਮਿਕ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਰਿਚਾ ਗੋਇਲ ਐੱਸ.ਡੀ.ਐੱਮ. ਸਮਾਣਾ ਵਿਸ਼ੇਸ਼ ਤੌਰ 'ਤੇ ਪਹੁੰਚੇ, ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਸ਼੍ਰੀ ਸਤਪਾਲ ਸਿੰਗਲਾ ਐਕਸ ਐੱਮ.ਸੀ. ਫਕਰੱਬੇ ਵਾਲੇ, ਮੋਹਨ ਲਾਲ ਚੀਕਾ ਵਾਲੇ ਤੇ ਰਜਿੰਦਰ ਗੁਪਤਾ ਚਾਨਣ ਦੀ ਹੱਟੀ ਵਾਲੇ ਹਾਜ਼ਰ ਹੋਏ।ਸਟੇਜ ਦੀ ਸੇਵਾ ਪ੍ਰਿੰਸੀਪਲ ਅਨਿਰੁੱਧ ਗਰਗ ਤੇ ਸ਼ਸ਼ੀ ਭੂਸ਼ਣ ਸਿੰਗਲਾ ਨੇ ਬਾਖੂਬੀ ਨਾਲ ਨਿਭਾਈ।ਆਏ ਹੋਏ ਮਹਿਮਾਨਾਂ ਦਾ ਪ੍ਰਧਾਨ ਦਰਸ਼ਨ ਮਿੱਤਲ ਤੇ ਕਮੇਟੀ ਮੈਂਬਰਾਂ ਵੱਲੋਂ ਸਨਮਾਨ ਚਿੰਨ ਭੇਟ ਕਰਕੇ ਸਨਮਾਨ ਕੀਤਾ ਗਿਆ।ਅੰਤ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਆਏ ਹੋਏ ਸਾਰੇ ਪਤਵੰਤਿਆਂ ਤੇ ਸ਼ਰਧਾਲੂਆਂ ਦਾ ਧੰਨਵਾਦ ਕੀਤਾ ਗਿਆ ਤੇ ਲੰਗਰ ਦਾ ਆਯੋਜਨ ਕੀਤਾ ਗਿਆ।

## ਟੀ ਐੱਸ ਯੂ ਸਬ ਡਵੀਜ਼ਨ ਸ਼ਹਿਰੀ ਕਮੇਟੀ ਦੀ ਚੋਣ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਡਵੀਜ਼ਨ ਦੋਰਾਹਾ ਦੇ ਸਕੱਤਰ ਬਲਵੀਰ ਸਿੰਘ ਤੇ ਮੀਤ ਪ੍ਰਧਾਨ ਜਸਵਿੰਦਰ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਵਰਕਿੰਗ ਕਮੇਟੀ ਦੇ ਕੀਤੇ ਚੋਣ ਨੋਟੀਫਿਕੇਸ਼ਨ ਤੇ ਡਵੀਜ਼ਨ ਕਮੇਟੀ ਵੱਲੋਂ ਕੀਤੇ ਚੋਣ ਨੋਟੀਫਿਕੇਸ਼ਨ ਅਨੁਸਾਰ ਅੱਜ ਸਬ ਡਵੀਜ਼ਨ ਸ਼ਹਿਰੀ ਦੋਰਾਹਾ ਦਾ ਡੈਲੀਗੇਟ ਅਜਲਾਸ ਕੀਤਾ ਗਿਆ, ਜਿਸ ਵਿੱਚ ਸਬ ਡਵੀਜ਼ਨ ਮੈਂਬਰਾਂ ਤੇ ਡਵੀਜ਼ਨ ਕਮੇਟੀ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ।ਸਬ ਡਵੀਜ਼ਨ ਸਕੱਤਰ ਵੱਲੋਂ ਜਥੇਬੰਦੀ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ ਗਈ।ਸਬ ਡਵੀਜ਼ਨ ਕੈਸ਼ੀਅਰ ਵੱਲੋਂ ਵਿੱਤ ਰਿਪੋਰਟ ਪੇਸ਼ ਕੀਤੀ ਗਈ।ਹਾਜ਼ਰ ਮੈਂਬਰਾਂ ਨੇ ਦੋਵੇਂ ਰਿਪੋਰਟਾਂ ਤੇ ਅਪਣੇ ਅਪਣੇ ਵਿਚਾਰ ਪੇਸ਼ ਕੀਤੇ।ਦੋਵੇਂ ਰਿਪੋਰਟਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਸਬ ਡਵੀਜ਼ਨ ਪ੍ਰਧਾਨ ਸਾਥੀ ਪ੍ਰੇਮ ਸਿੰਘ ਵੱਲੋਂ ਪਹਿਲੀ ਕਮੇਟੀ ਨੂੰ ਭੰਗ ਕਰਕੇ ਅਗਲੀ ਕਾਰਵਾਈ ਚੋਣ ਨਿਗਰਾਨ ਕਮੇਟੀ ਕੋਲ ਸੰਭਾਲੀ ਗਈ।ਚੋਣ ਨਿਗਰਾਨ ਕਮੇਟੀ ਆਗੂਆਂ ਬਲਵੀਰ ਸਿੰਘ, ਜਸਵਿੰਦਰ ਸਿੰਘ, ਬੁੱਧ ਸਿੰਘ, ਜਗਦੀਸ਼ ਸਿੰਘ ਨੇ ਅਗਲੀ ਕਾਰਵਾਈ ਨੂੰ ਜਮਹੂਰੀ ਕਾਰਜਵਿਧੀ ਨਾਲ ਚਲਾਉਂਦਿਆਂ ਆਗੂਆਂ ਨੇ ਅਜਲਾਸ ਵਿੱਚ ਸ਼ਾਮਲ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਕਮੇਟੀ ਤੇ ਸਰਕਲ ਕਮੇਟੀ ਵੱਲੋਂ ਪਾਸ ਕੀਤੀ ਮੈਂਬਰਸ਼ਿਪ ਦੀ ਜਾਣਕਾਰੀ ਦਿੱਤੀ।ਸਬ ਡਵੀਜ਼ਨ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪੰਜ ਮੈਂਬਰੀ ਕਮੇਟੀ ਦਾ ਪੈਨਲ ਪੇਸ਼ ਕੀਤਾ ਗਿਆ, ਜਿਸ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਸਬ ਡਵੀਜ਼ਨ ਸ਼ਹਿਰੀ ਦੋਰਾਹਾ ਦੀ ਕਮੇਟੀ ਵਿੱਚ ਪ੍ਰਧਾਨ ਬੇਅੰਤ ਸਿੰਘ ਲਾਈਨਮੈਨ, ਮੀਤ ਪ੍ਰਧਾਨ ਜਸਵਿੰਦਰ ਸਿੰਘ ਦੁਗਰੀ ਲਾਈਨਮੈਨ, ਸਕੱਤਰ ਸਰਬਜੀਤ ਸਿੰਘ ਜੇ ਈ, ਸਹਾਇਕ ਸਕੱਤਰ ਮਨਿੰਦਰ ਸਿੰਘ ਲਾਈਨਮੈਨ, ਕੈਸ਼ੀਅਰ ਸੰਦੀਪ ਕੁਮਾਰ ਸਹਾਇਕ ਲਾਈਨਮੈਨ ਦੀ ਚੋਣ ਕੀਤੀ ਗਈ।ਚੋਣ ਨਿਗਰਾਨ ਕਮੇਟੀ ਆਗੂਆਂ ਵੱਲੋਂ ਪੇਸ਼ ਕੀਤੇ ਪੈਨਲ ਨੂੰ ਮਾਨਤਾ ਦਿੰਦੇ ਹੋਏ ਨਵੀਂ ਚੁਣੀ ਕਮੇਟੀ ਨੂੰ ਜਥੇਬੰਦੀ ਦਾ ਕਾਰਵਾਈ ਰਜਿਸਟਰ ਸੰਭਾਲਿਆ ਗਿਆ।

## ਵਰਲਡ ਯੂਨੀਵਰਸਿਟੀ ਵਿਖੇ ਐੱਨ ਐੱਸ ਐੱਸ ਦਿਵਸ ਮਨਾਇਆ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵਿਖੇ ਐੱਨ.ਐੱਸ.ਐੱਸ. ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਮਾਜ ਸੇਵਾ, ਵਾਤਾਵਰਣ ਸੰਭਾਲ, ਸਫ਼ਾਈ, ਸਰੀਰਕ ਤੰਦਰੁਸਤੀ ਤੇ ਰਾਸ਼ਟਰ ਨਿਰਮਾਣ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਸੁਪਰੀਮ ਕੋਰਟ ਆਫ਼ ਇੰਡੀਆ ਦੇ ਸੀਨੀਅਰ ਐਡਵੋਕੇਟ ਸ੍ਰ. ਜਤਿੰਦਰ ਸਿੰਘ ਚੀਮਾ ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਨੂੰ ਆਤਮ-ਚਿੰਤਨ, ਜੀਵਨ ਦੇ ਉਦੇਸ਼ ਦੀ ਪਛਾਣ ਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਲੰਟੀਅਰਾਂ ਨੇ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਭਾਗ ਲਿਆ।ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਦੀ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਐੱਨ.ਐੱਸ.ਐੱਸ. ਵਿਦਿਆਰਥੀਆਂ ਨੂੰ ਪਾਠਸ਼ਾਲੀ ਸਿੱਖਿਆ ਤੋਂ ਅੱਗੇ ਵਧ ਕੇ ਸਮਾਜ ਨਾਲ ਜੁੜਨ ਤੇ ਸੇਵਾ ਦੀ ਭਾਵਨਾ ਵਿਕਸਿਤ ਕਰਨ ਦਾ ਸਾਰਥਕ ਮੰਚ ਪ੍ਰਦਾਨ ਕਰਦਾ ਹੈ।ਡਾ. ਹਰਨੇਤ ਬਿਲਿੰਗ, ਐੱਨ.ਐੱਸ.ਐੱਸ. ਪ੍ਰੋਗਰਾਮ ਕੋਆਰਡੀਨੇਟਰ ਨੇ ਦੱਸਿਆ ਕਿ ਵਲੰਟੀਅਰਾਂ ਵੱਲੋਂ ਸਮਾਜਿਕ ਜ਼ਿੰਮੇਵਾਰੀ, ਵਾਤਾਵਰਣ ਸੰਭਾਲ ਤੇ ਰਾਸ਼ਟਰ ਨਿਰਮਾਣ ਪ੍ਰਤੀ ਆਪਣੀ ਵਚਨਬੱਧਤਾ ਦੀ ਸਹੁੰ ਚੁੱਕੀ ਗਈ।ਇਸ ਮੌਕੇ ਡਾ. ਬਹਾਦਰ ਸਿੰਘ ਦੀ ਅਗਵਾਈ ਹੇਠ ਸਰੀਰਕ ਸਿੱਖਿਆ ਤੇ ਖੇਡ ਤਕਨਾਲੋਜੀ ਵਿਭਾਗ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਵਾਲੀਬਾਲ ਮੈਚ ਕਰਵਾਇਆ ਗਿਆ।ਡਾ. ਰਮਨਦੀਪ ਕੌਰ ਦੀ ਅਗਵਾਈ ਹੇਠ ਸਮਾਜਿਕ ਵਿਗਿਆਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਸਮਾਜਿਕ ਕਦਰਾਂ-ਕੀਮਤਾਂ ਤੇ ਵਿਸ਼ਵਾਸ ਵਿਸ਼ੇ 'ਤੇ ਵਿਚਾਰ-ਵਟਾਂਦਰਾ ਕਰਵਾਇਆ ਗਿਆ।ਡਾ. ਰੁਚੀ ਮਲਹੋਤਰਾ ਦੀ ਅਗਵਾਈ ਹੇਠ ਵਣਜ ਤੇ ਪ੍ਰਬੰਧਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਵਿਸ਼ੇ 'ਤੇ ਭਾਸ਼ਣ ਮੁਕਾਬਲਾ ਕਰਵਾਇਆ ਗਿਆ।ਸ੍ਰੀਮਤੀ ਰਮਨਦੀਪ ਕੌਰ ਸਹਾਇਕ ਪ੍ਰੋਫੈਸਰ ਨੇ ਵਿਕਸਿਤ ਰਾਸ਼ਟਰ ਪ੍ਰਤੀ ਨੌਜਵਾਨਾਂ ਦੀ ਜ਼ਿੰਮੇਵਾਰੀ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਡਾ. ਸੁਮਨ ਪ੍ਰੀਤ ਕੌਰ ਦੀ ਅਗਵਾਈ ਹੇਠ ਸਫ਼ਾਈ ਜਾਗਰੂਕਤਾ ਮੁਹਿੰਮ ਚਲਾਈ ਗਈ।ਇਸੇ ਤਰ੍ਹਾਂ ਡਾ. ਮੋਨਿਕਾ ਏਰੀ ਦੀ ਅਗਵਾਈ ਹੇਠ ਮੁੱਢਲੇ ਤੇ ਲਾਗੂ ਵਿਗਿਆਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਵਿਸ਼ਾਲ ਕੈਂਪਸ ਸਫ਼ਾਈ ਮੁਹਿੰਮ ਚਲਾਈ ਗਈ।

## ਸਪਰਿੰਗ ਡਿਊ ਪਬਲਿਕ ਸਕੂਲ ਵਿਖੇ ਪੰਜਾਬੀ ਦਿਵਸ ਮਨਾਇਆ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**- ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਵਿਖੇ ਪੰਜਾਬੀ ਭਾਸ਼ਾ ਦੀ ਮਹੱਤਤਾ, ਸਤਿਕਾਰ ਤੇ ਪ੍ਰਚਾਰ-ਪ੍ਰਸਾਰ ਨੂੰ ਸਮਰਪਤ ਪੰਜਾਬੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਪ੍ਰਤੀ ਆਪਣਾ ਪਿਆਰ ਪ੍ਰਗਟ ਕਰਦਿਆਂ ਆਪਣੇ ਦਸਤਖ਼ਤ ਪੰਜਾਬੀ ਭਾਸ਼ਾ ਵਿੱਚ ਕੀਤੇ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਆਪਣੀ ਮਾਂ-ਬੋਲੀ ਨਾਲ ਜੁੜਨ ਤੇ ਗੁਰਮੁਖੀ ਲਿਪੀ ਦੀ ਵਰਤੋਂ ਨੂੰ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਪੰਜਾਬੀ ਦਿਵਸ ਮੌਕੇ ਐਲੀਮੈਂਟਰੀ ਵਿੰਗ ਦੇ ਵਿਦਿਆਰਥੀਆਂ ਲਈ ਪੰਜਾਬੀ ਕਵਿਤਾ ਪਾਠ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਵਿਤਾ ਪੇਸ਼ਕਾਰੀ ਰਾਹੀਂ ਪੰਜਾਬੀ ਭਾਸ਼ਾ ਦੀ ਸੁੰਦਰਤਾ ਨੂੰ ਉਜਾਗਰ ਕੀਤਾ। ਜੂਨੀਅਰ ਵਿੰਗ ਵਿੱਚ ਗੁਰਮੁਖੀ ਵਰਣਮਾਲਾ (ਪੈਂਤੀ ਅੱਖਰੀ) ਦੀ ਸੁੰਦਰ ਲਿਖਾਈ ਦਾ ਮੁਕਾਬਲਾ ਵੀ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ ਨਾਲ ਪੰਜਾਬੀ ਨੂੰ ਜੋੜਨ ਲਈ ਕੰਪਿਊਟਰ ਵਿੱਚ ਪੰਜਾਬੀ ਫੌਂਟ ਦੀ ਵਰਤੋਂ ਕਰਨ ਤੇ ਪੰਜਾਬੀ ਵਿੱਚ ਟਾਈਪ ਕਰਨ ਦੇ ਢੰਗ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਕੂਲ ਵਿੱਚ ਪੰਜਾਬੀ ਪੁਸਤਕ ਮੇਲਾ ਵੀ ਲਗਾਇਆ ਗਿਆ, ਜਿਸ ਵਿੱਚ ਕੇਵਲ ਪੰਜਾਬੀ ਭਾਸ਼ਾ ਨਾਲ ਸਬੰਧਤ ਪੁਸਤਕਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਪੁਸਤਕ ਮੇਲੇ ਵਿੱਚ ਵਿਸ਼ੇਸ਼ ਰੁਚੀ ਦਿਖਾਈ ਤੇ ਪੰਜਾਬੀ ਸਾਹਿਤ ਦੀਆਂ ਪੁਸਤਕਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਦੀ ਪ੍ਰਿੰਸੀਪਲ ਗੀਨਾ ਜੈਦਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਕਿਹਾ ਕਿ ਪੰਜਾਬੀ ਸਾਡੀ ਮਾਂ-ਬੋਲੀ ਅਤੇ ਸਭਿਆਚਾਰ ਦੀ ਪਛਾਣ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪੰਜਾਬੀ ਨੂੰ ਪੜ੍ਹਨ, ਲਿਖਣ ਤੇ ਰੋਜ਼ਾਨਾ ਜੀਵਨ ਵਿੱਚ ਵੱਧ ਤੋਂ ਵੱਧ ਵਰਤਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਧਾਨ ਮਨਜੀਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਸਿੱਧੂ ਯੂ.ਐਸ.ਏ. ਆਦਿ ਹਾਜ਼ਰ ਸਨ।

## ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਵਿਖੇ ਐਥਲੈਟਿਕਸ ਮੁਕਾਬਲੇ ਜਾਰੀ



**ਤਲਵੰਡੀ ਸਾਬੋ (ਜਗਦੀਪ ਗਿੱਲ)** ਸਿੱਖਿਆ ਵਿਭਾਗ ਦੇ ਸਰਦ ਰੁੱਤ ਟੂਰਨਾਮੈਂਟ ਮਾਣਯੋਗ ਜ਼ਿਲਾ ਸਿੱਖਿਆ ਅਫਸਰ ਸ੍ਰੀਮਤੀ ਮਮਤਾ ਖੁਰਾਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਜਸਵੀਰ ਸਿੰਘ ਗਿੱਲ ਦੀ ਯੋਗ ਅਗਵਾਈ ਵਿੱਚ ਜ਼ੋਨ ਤਲਵੰਡੀ ਸਾਬੋ ਦਾ ਸਰਦ ਰੁੱਤ ਟੂਰਨਾਮੈਂਟ ਸਥਾਨਕ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਤਲਵੰਡੀ ਸਾਬੋ ਵਿਖੇ ਚੱਲ ਰਿਹਾ ਹੈ।ਇਸ ਸਮੇਂ ਟੂਰਨਾਮੈਂਟ ਕਮੇਟੀ ਵੱਲੋਂ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਖਾਲਸਾ ਸੀਨੀਅਰ ਸੈਕੰਡਰੀ ਸੈਕੰਡਰੀ ਸਕੂਲ (ਲੜਕੀਆਂ), ਸ਼ਹੀਦ ਭਗਤ ਸਿੰਘ ਸਸ ਸਕੂਲ ਮਲਕਾਣਾ, ਮਾਸਟਰ ਮਾਈਂਡ ਪਬਲਿਕ ਸਕੂਲ ਬੰਗੀ ਰੁਘੂ ਦੇ ਮੁਖੀਆਂ ਅਤੇ ਰਿਟਾਇਰਡ ਪੀਟੀਆਈ ਕਰਮਜੀਤ ਕੌਰ ਤੇ ਗੁਰਤੇਜ ਸਿੰਘ ਡੀਪੀਈ ਯੂਨੀਵਰਸਲ ਪਬਲਿਕ ਸਾਬੋ ਨੂੰ ਟੂਰਨਾਮੈਂਟ ਕਮੇਟੀ ਨੂੰ ਦਿੱਤੇ ਜਾ ਰਹੇ ਸਹਿਯੋਗ ਬਦਲੇ ਸਨਮਾਨਤ ਕੀਤਾ ਗਿਆ।ਜ਼ੋਨ ਸਕੱਤਰ ਹਰਮੰਦਰ ਸਿੰਘ ਪੀਟੀਆਈ ਲਾਲੇਆਣਾ ਨੇ ਦੱਸਿਆ ਕਿ ਅੰਡਰ 19 ਸਾਲ 400 ਮੀ. ਲੜਕੇ ਪਹਿਲਾ ਸਥਾਨ ਸੁਨੀਲ ਦੱਤ ਖਾਲਸਾ ਸਸਸ ਤਲਵੰਡੀ ਸਾਬੋ, ਦੂਜਾ ਸਥਾਨ ਨਵਦੀਪ ਸਿੰਘ ਯੂਨੀਵਰਸਲ ਪਬਲਿਕ ਸਕੂਲ ਤਲਵੰਡੀ ਸਾਬੋ, ਹੈਮਰ ਥਰੋਅ ਅੰਡਰ 17 ਪਹਿਲਾ ਸਥਾਨ ਏਕਮ ਖਾਲਸਾ ਸਸਸ ਤਲਵੰਡੀ ਸਾਬੋ, ਦੂਜਾ ਹਰਵਿੰਦਰ ਸਿੰਘ ਦ ਸੰਸਕਾਰ ਤਲਵੰਡੀ ਸਾਬੋ, ਜੈਵਲਿਨ ਥਰੋਅ ਅੰਡਰ 17 ਰਣਦੀਪ ਸਿੰਘ ਸਸਸਸ ਕੋਟਬਖਤੂ ਪਹਿਲਾ ਤੇ ਦੂਜਾ ਸਥਾਨ ਹਰਮਨਪ੍ਰੀਤ ਸਿੰਘ ਮਾਸਟਰ ਮਾਈਂਡ ਬੰਗੀ ਰੁਘੂ, ਜੈਵਲਿਨ ਥਰੋਅ ਅੰਡਰ 19 ਪਹਿਲਾ ਸਥਾਨ ਜਗਤ ਸਿੰਘ ਯੂਨੀਵਰਸਲ ਪਬਲਿਕ ਸਕੂਲ ਤਲਵੰਡੀ ਸਾਬੋ, ਦੂਜਾ ਸਥਾਨ ਜਸਕਰਨ ਸਿੰਘ ਸਸਸਸ ਬੰਗੀ ਕਲਾਂ, ਟਰਿਪਲ ਜੰਪ ਅੰਡਰ 17 ਪਹਿਲਾ ਸਥਾਨ ਅਨਮੋਲ ਸਿੰਘ ਅਕਾਲ ਅਕੈਡਮੀ ਬਾਘਾਸ ਦੂਜਾ ਸਗਨਦੀਪ ਸਿੰਘ ਸਹਸ ਮਲਕਾਣਾ, 200 ਮੀਟਰ ਅੰਡਰ 17 ਪਹਿਲਾ ਸਥਾਨ ਦੀਪਇੰਦਰ ਸਿੰਘ ਸੰਸਕਾਰ ਸਕੂਲ ਤਲਵੰਡੀ ਸਾਬੋ, ਦੂਜਾ ਸਥਾਨ ਪੁਨੀਤ ਸਿੰਘ ਖਾਲਸਾ ਸਸਸ ਤਲਵੰਡੀ ਸਾਬੋ, 100 ਮੀਟਰ ਅੰਡਰ 17 ਸਾਲ ਲੜਕੇ ਪਹਿਲਾ ਸਥਾਨ ਖੁਸ਼ਪ੍ਰੀਤ ਕੌਰ ਸਸਸਸ ਕੋਟਬਖਤੂ, ਦੂਜਾ ਸਥਾਨ ਰੇਸ਼ਮਜੀਤ ਕੌਰ ਸਸਸਸ ਬੰਗੀ ਕਲਾਂ, ਉੱਚੀ ਛਾਲ ਅੰਡਰ 17 ਪਹਿਲਾ ਸਥਾਨ ਜੈਸਮੀਨ ਕੌਰ ਸਹਸ ਮਲਕਾਣਾ, ਦੂਜਾ ਸਥਾਨ ਗਗਨਦੀਪ ਕੌਰ ਸਹਸ ਮਲਕਾਣਾ ਨੇ ਪ੍ਰਾਪਤ ਕੀਤਾ। ਟੂਰਨਾਮੈਂਟ ਦੌਰਾਨ ਲੈਕਚਰਾਰ ਸਿੰਘ ਖਾਲਸਾ ਸਸਸ ਜੀਵਨ ਸਿੰਘ ਵਾਲਾ, ਹਰਪਾਲ ਸਿੰਘ ਡੀਪੀਈ ਜੱਜਲ, ਸੁਖਪ੍ਰੀਤ ਸਿੰਘ ਡੀਪੀਈ ਕੋਟ ਬਖਤੂ, ਜਸਦੀਪ ਕੌਰ ਡੀਪੀਈ ਰਾਮਾਂ, ਗੁਰਤੇਜ ਸਿੰਘ ਪੀਟੀਆਈ ਮਲਕਾਣਾ, ਚਰਨਜੀਤ ਸਿੰਘ ਪੀਟੀਆਈ ਮਿਰਜ਼ੇਆਣਾ, ਕਮਲਪ੍ਰੀਤ ਸਿੰਘ ਪੀਟੀਆਈ ਨਥੇਹਾ, ਸੰਦੀਪ ਸਿੰਘ ਪੀਟੀਆਈ ਕੌਰੇਆਣਾ, ਜਸਵੀਰ ਕੌਰ ਪੀਟੀਆਈ ਲੇਲੇਵਾਲਾ ਤੇ ਹੋਰ ਸਕੂਲਾਂ ਦੇ ਸਰੀਰਕ ਸਿੱਖਿਆ ਅਧਿਆਪਕ ਵੱਖ ਵੱਖ ਖੇਡ ਮੈਦਾਨਾਂ ਵਿੱਚ ਆਪਣੀਆਂ ਡਿਊਟੀਆਂ ਤਨਦੇਹੀ ਨਾਲ ਨਿਭਾ ਰਹੇ ਹਨ।ਖਿਡਾਰੀਆਂ ਨੂੰ ਜ਼ੋਨ ਪ੍ਰਧਾਨ ਰਮੇਸ਼ ਕੁਮਾਰ ਮੁੱਖ ਅਧਿਆਪਕ ਸਹਸ ਲੇਲੇਵਾਲਾ ਵੱਲੋਂ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਗੁਰਜੰਟ ਸਿੰਘ ਡੀਪੀਈ ਸਹਸ ਚੱਠੇਵਾਲਾ ਬਾਖੂਬੀ ਨਿਭਾ ਰਹੇ ਹਨ।

## ਮਜ਼ਦੂਰਾਂ ਦੇ ਏਕੇ ਅੱਗੇ ਝੁਕਿਆ ਪ੍ਰਸ਼ਾਸਨ, ਵਜੀਦਕੇ ਖੁਰਦ ਦੀ ਨਰਸਰੀ ਬਚੀ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ)**- ਵਿਧਾਨ ਸਭਾ ਹਲਕਾ ਮਹਿਲ ਕਲਾਂ ਅਧੀਨ ਪੈਂਦੇ ਪਿੰਡ ਵਜੀਦਕੇ ਖੁਰਦ ਵਿਖੇ ਨਹਿਰੀ ਵਿਭਾਗ ਦੀ 32 ਕਨਾਲਾਂ (4 ਕਿੱਲੇ) ਜ਼ਮੀਨ ਵਿੱਚ ਚੱਲ ਰਹੀ ਨਰਸਰੀ ਨੂੰ ਖ਼ਾਲੀ ਕਰਵਾ ਕੇ ਲੀਜ਼ 'ਤੇ ਦੇਣ ਦੇ ਮਾਮਲੇ ਵਿੱਚ ਮਜ਼ਦੂਰ ਜਥੇਬੰਦੀਆਂ ਦੇ ਸੰਘਰਸ਼ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦੋਂ ਪ੍ਰਸ਼ਾਸਨਕ ਅਧਿਕਾਰੀਆਂ ਨੇ ਨਰਸਰੀ ਨੂੰ ਪਹਿਲਾਂ ਵਾਂਗ ਬਰਕਰਾਰ ਰੱਖਣ ਦਾ ਲਿਖਤੀ ਭਰੋਸਾ ਦਿੱਤਾ।ਇਸ ਮੌਕੇ ਮਜ਼ਦੂਰਾਂ ਦੇ ਸੰਘਰਸ਼ ਤੇ ਜਥੇਬੰਦੀਆਂ ਨੇ ਜਿੱਤ ਦੀ ਖ਼ੁਸ਼ੀ ਸਾਂਝੀ ਕਰਦਿਆਂ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਪਿੰਡ ਵਜੀਦਕੇ ਖੁਰਦ ਵਿਖੇ ਗੁਰਦੁਆਰਾ ਬਾਬਾ ਸਤਿਕਰਤਾਰ ਜੀ ਨੇੜੇ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਨਰਸਰੀ ਨੂੰ ਬਚਾਉਣ ਲਈ ਧਰਨਾ ਦਿੱਤਾ ਜਾ ਰਿਹਾ ਸੀ।ਧਰਨੇ ਦੌਰਾਨ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਧਰਨਾਕਾਰੀਆਂ ਨਾਲ ਗੱਲਬਾਤ ਕੀਤੀ ਗਈ।ਇਸ ਮੌਕੇ ਬਿਜਲੀ ਬੋਰਡ ਦੇ ਅਧਿਕਾਰੀ ਗੁਰਮੇਲ ਸਿੰਘ ਤੇ ਜੇ.ਈ. ਕੁਲਵੀਰ ਸਿੰਘ ਮੌਕ ਨੇ ਵਿਭਾਗ ਵੱਲੋਂ ਭੇਜਿਆ ਲਿਖਤੀ ਪੱਤਰ ਧਰਨਾਕਾਰੀਆਂ ਨੂੰ ਸੌਂਪਿਆ ਭਰੋਸਾ ਦਿਵਾਇਆ ਕਿ ਨਰਸਰੀ ਪਹਿਲਾਂ ਵਾਂਗ ਬਰਕਰਾਰ ਰਹੇਗੀ।ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਹਰਜੀਤ ਸਿੰਘ ਖਿਆਲੀ, ਨਰੇਗਾ ਰੁਜ਼ਗਾਰ ਪ੍ਰਾਪਤੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਗਰਾਜ ਸਿੰਘ ਰਾਮਾ, ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ ਬਰਨਾਲਾ ਤੇ ਲਿਬਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਗੁਰਪ੍ਰੀਤ ਸਿੰਘ ਰੁੜਕੇ ਨੇ ਸੰਘਰਸ਼ ਦੀ ਸਫ਼ਲਤਾ 'ਤੇ ਧਰਨਾਕਾਰੀਆਂ ਨੂੰ ਵਧਾਈ ਦਿੱਤੀ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਨਹਿਰੀ ਵਿਭਾਗ ਵੱਲੋਂ ਭਵਿੱਖ ਵਿੱਚ ਨਰਸਰੀ ਨੂੰ ਹਟਾਉਣ ਜਾਂ ਖ਼ਾਲੀ ਕਰਵਾਉਣ ਦੇ ਹੁਕਮ ਜਾਰੀ ਕੀਤੇ ਗਏ ਤਾਂ ਇਸ ਦੇ ਵਿਰੋਧ ਵਿੱਚ ਹੋਰ ਵੀ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਭਾਈ ਹਰਜੀਤ ਸਿੰਘ ਖਾਲਸਾ ਵਜੀਦਕੇ ਤੇ ਐੱਮ.ਪੀ. ਵਜੀਦਕੇ ਨੇ ਵੀ ਮਜ਼ਦੂਰਾਂ ਨੂੰ ਆਪਣੇ ਹੱਕਾਂ ਦੀ ਰਾਖੀ ਲਈ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਸਬੰਧੀ ਗੱਲਬਾਤ ਕਰਦਿਆਂ ਐਕਸੀਅਨ ਨਹਿਰੀ ਵਿਭਾਗ ਬਰਨਾਲਾ ਨੇ ਕਿਹਾ ਕਿ ਪਿੰਡ ਵਜੀਦਕੇ ਖੁਰਦ ਵਿਖੇ ਨਹਿਰੀ ਵਿਭਾਗ ਦੀ ਜ਼ਮੀਨ ਵਿੱਚ ਚੱਲ ਰਹੀ ਨਰਸਰੀ ਨੂੰ ਅਗਲੇ ਹੁਕਮਾਂ ਤੱਕ ਪੁੱਟਣ ਦਾ ਕੋਈ ਪ੍ਰੋਗਰਾਮ ਨਹੀਂ ਹੈ।ਇਸ ਮੌਕੇ ਬੂਟਾ ਸਿੰਘ ਦੀਵਾਨਾ, ਕੁਲਦੀਪ ਕੌਰ ਚੂਹਾਨਕੇ ਕਲਾਂ, ਸੁਖਪ੍ਰੀਤ ਕੌਰ ਕੁਤਬ, ਜਗਸੀਰ ਸਿੰਘ ਵਜੀਦਕੇ, ਕਰਮਜੀਤ ਕੌਰ ਵਜੀਦਕੇ ਖੁਰਦ, ਕਾਕਾ ਸਿੰਘ ਮਹਿਲ ਕਲਾਂ, ਹਰਵਿੰਦਰ ਸਿੰਘ ਛੀਨੀਵਾਲ ਤੇ ਜੀਤ ਕੌਰ ਸਮੇਤ ਵੱਡੀ ਗਿਣਤੀ ਵਿੱਚ ਮਜ਼ਦੂਰ ਹਾਜ਼ਰ ਸਨ।

## ਹੈਰੋਇਨ ਸਮੇਤ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**

ਥਾਣਾ ਵੈਰੋਕੇ ਦੀ ਪੁਲਸ ਵੱਲੋਂ 2 ਗ੍ਰਾਮ ਹੈਰੋਇਨ ਸਣੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸੇਮਨਾਲਾ ਬਾਹਮਣੀਵਾਲਾ ਦੇ ਕੋਲ ਪੁੱਜੀ ਤਾਂ ਇੱਕ ਵਿਅਕਤੀ ਪੱਟੜੀ ਸੇਮਨਾਲੇ ਦੇ ਕੋਲ ਨਸ਼ੇ ਦੀ ਹਾਲਤ ਵਿੱਚ ਆਉਂਦਾ ਦਿਖਾਈ ਦਿੱਤਾ, ਪੁਲਸ ਨੇ ਜਸਵਿੰਦਰ ਸਿੰਘ ਉਰਫ ਮੰਗੂ ਪੁੱਤਰ ਮਲਕੀਤ ਸਿੰਘ ਵਾਸੀ ਬਸਤੀ ਸੁੱਕੜ ਨੂੰ 2 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ। ਥਾਣਾ ਵੈਰੋਕੇ ਦੀ ਪੁਲਸ ਨੇ ਮੁਕੱਦਮਾ ਦਰਜ ਕੀਤਾ ਗਿਆ ਹੈ।


### ਉੱਤਰ ਰੇਲਵੇ
**ਈ-ਨਿਵਿਦਾ ਸੂਚਨਾ**

ਖੁਲ੍ਹੀ ਨਿਵਿਦਾ ਸੂਚਨਾ ਪੱਤਰ ਨੰ.:– OP-08-GSU-FZR-2026-27 — ਤਾਰੀਕ 25.09.2026

ਉਪ ਮੁੱਖ ਇੰਜੀਨੀਅਰ/ਜੀ.ਐਸ.ਯੂ., ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 15.10.2026 ਸਮਾਂ 11.30 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਜਗ੍ਹਾ ''ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ'' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ 'ਤੇ ਨਥੀ ਕਰੇਗਾ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹੀ ਨਿਵਿਦਾ | ਗਤੀ ਸ਼ਕਤੀ ਯੂਨਿਟ | ਇਕ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ/ਸਮਾਂ |
| 23.09.2026 | 01.10.2026 | 15.10.2026 11:30 Hrs |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| i | OP-08-GSU-FZR-2026-27 Date: 23.09.2026 | ਪੀਜੀਡਬਲਯੂ (03 ਨੰਬਰ), ਐਫਜੇਡਆਰ (03 ਨੰਬਰ), ਐਚਐਸਐਕਸ (01 ਨੰਬਰ), ਕੇਕੇਪੀ (02 ਨੰਬਰ) ਰੇਲਵੇ ਸਟੇਸ਼ਨਾਂ ਉਤੇ 09 ਲਿਫਟਾਂ ਦੀ ਉਸਾਰੀ ਦੇ ਨਾਲ-ਨਾਲ ਕੰਮ ਅਤੇ ਐਫਜੇਡਆਰ (04 ਨੰਬਰ), ਪੀਜੀਡਬਲਯੂ (04 ਨੰਬਰ) ਰੇਲਵੇ ਸਟੇਸ਼ਨਾਂ ਉਤੇ 08 ਅਸਕੇਲੇਟਰਾਂ ਦੀ ਉਸਾਰੀ ਦੇ ਨਾਲ-ਨਾਲ ਕੰਮ, ਫਿਰੋਜਪੁਰ ਡਵੀਜਨ ਦੇ ਤਹਿਤ ਅੰਮ੍ਰਿਤ ਭਾਰਤ ਸਟੇਸ਼ਨ ਸਕੀਮ (ABSS) ਦੇ ਤਹਿਤ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਸਮਾਪਨ ਦੀ ਅਵਧੀ | ਆਫਰ ਦੀ ਵੈਲੇਡਿਟੀ |
|---|---|---|---|
| 45878623.81/- | 917600.00/- | 60 ਦਿਨ | 04 ਮਹੀਨੇ |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

3342/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



# CFM ASSET RECONSTRUCTION PRIVATE LIMITED
thoughtful regeneration

CIN: U67100GJ2015PTC083994

Address: 1st Floor, Wakefield House, Sprott Road, Ballard Estate, Mumbai 400038

### ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2021 ਦੇ ਰੂਲ 3 (1) ਨਾਲ ਪੜ੍ਹੇ ਜਾਂਦੇ ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ

ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਲਿਮਟਿਡ ਨੇ 30.09.2025 ਨੂੰ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ ਦੇ ਹੱਕ 'ਚ ਅਸਾਈਨਮੈਂਟ ਡੀਡ ਰਾਹੀਂ ਹੋਰ ਗੱਲਾਂ ਦੇ ਨਾਲ ਤੁਹਾਡੇ/ਸਾਰਿਆਂ ਦੇ ਨਾਲ ਬਕਾਇਆ ਅਤੇ ਭੁਗਤਾਨਯੋਗ ਕਰਜ਼ਾ, ਇਸ ਦੇ ਸਾਰੇ ਅਧਿਕਾਰਾਂ, ਸਿਰਲੇਖ, ਹਿੱਤਾਂ, ਲਾਭਾਂ ਦੇ ਨਾਲ ਤੁਹਾਡੇ ਕਰਜ਼ਾ ਖਾਤੇ ਦੇ ਵੇਰਵੇ/ਸਮਝੌਤੇ ਦੇ ਤਹਿਤ/ਸੰਬੰਧ 'ਚ ਸਕਿਉਰਟਾਈਜ਼ ਐਂਡ ਸਕਿਉਰਟੀ ਇੰਟਰੈਸਟ ਅਤੇ ਅਚੱਲ ਜਾਇਦਾਦਾਂ ਦੇ ਸੰਬੰਧ 'ਚ ਬਣਾਏ ਗਏ ਸਕਿਉਰਟੀ ਇੰਟਰੈਸਟ ਨਾਲ ਕਰਜ਼ੇ ਦੀ ਅਦਾਇਗੀ ਲਈ ਨਿਰਧਾਰਤ ਕੀਤਾ ਹੈ। ਹੁਣ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 (1) ਨਾਲ ਪੜ੍ਹੇ ਜਾਂਦੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (''ਦਾ ਐਕਟ'') ਤਹਿਤ ਇਹ ਨੋਟਿਸ ਜਾਰੀ ਕੀਤਾ ਗਿਆ ਹੈ।

ਨਿਮਨਹਸਤਾਖਰੀ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਸੀ ਐੱਫ ਐੱਮ ਐੱਸਟਸ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ (''ਸੀ ਐੱਫ ਐੱਮ ਏ ਆਰ ਸੀ'') ਦਾ ਅਧਿਕਾਰਤ ਅਫਸਰ ਹੈ। ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (2) ਤਹਿਤ ਅਧਿਕਾਰਤ ਅਫਸਰ ਨੇ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਐਕਟ ਦੇ ਸੈਕਸ਼ਨ 13 (2) ਅਧੀਨ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਡਿਮਾਂਡ ਨੋਟਿਸ 'ਚ ਦਰਸਾਈ ਰਕਮ ਦੀ ਅਦਾਇਗੀ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਹੈ। ਉਪਰੋਕਤ ਦੇ ਸੰਬੰਧ 'ਚ ਕਰਜ਼ਦਾਰ/ਸਹਿ-ਕਰਜ਼ਦਾਰਾਂ/ਰਹਿਣਕਾਰਾਂ ਨੂੰ ਇੱਕ ਵਾਰ ਫਿਰ ਨੋਟਿਸ ਦਿੱਤਾ ਜਾਂਦਾ ਹੈ ਕਿ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 60 ਦਿਨਾਂ ਦੇ ਅੰਦਰ-ਅੰਦਰ ਹੇਠਾਂ ਦਰਸਾਈਆਂ ਰਕਮਾਂ, ਉਕਤ ਡਿਮਾਂਡ ਨੋਟਿਸ 'ਚ ਦੱਸੇ ਗਏ ਹੋਰ ਵਿਆਜ ਦੇ ਨਾਲ ਹੇਠਾਂ ਦੱਸੀਆਂ ਮਿਤੀਆਂ ਤੋਂ ਭੁਗਤਾਨ ਅਤੇ/ਜਾਂ ਪ੍ਰਾਪਤੀ ਦੀ ਮਿਤੀ ਤੱਕ ਉਕਤ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ ਦੁਆਰਾ ਕੀਤੇ ਗਏ ਹੋਰ ਦਸਤਾਵੇਜ਼ਾਂ/ਲਿਖਤਾਂ, ਜੇਕਰ ਕੋਈ ਹਨ, ਦੇ ਨਾਲ ਪੜ੍ਹੇ ਜਾਂਦੇ ਕਰਜ਼ ਸਮਝੌਤੇ ਦੇ ਤਹਿਤ ਭੁਗਤਾਨਯੋਗ ਸੀ ਐੱਫ ਐੱਮ ਏ ਆਰ ਸੀ ਦਾ ਭੁਗਤਾਨ ਕਰਨ। ਕਰਜ਼ੇ ਦੀ ਬਕਾਇਆ ਅਦਾਇਗੀ ਲਈ ਸਕਿਉਰਟੀ ਵਜੋਂ ਹੇਠ ਲਿਖੇ ਐੱਸਟਸ ਕ੍ਰਮਵਾਰ ਉਕਤ ਕਰਜ਼ਦਾਰਾਂ ਦੁਆਰਾ ਸੀ ਐੱਫ ਐੱਮ ਏ ਆਰ ਸੀ ਨੂੰ ਗਿਰਵੀ ਰੱਖੇ ਗਏ ਹਨ।

| ਕਰਜ਼ਾ ਖਾਤਾ ਨੰ. ਕਰਜ਼ਦਾਰ/ਸਹਿ ਕਰਜ਼ਦਾਰ/ਗਰੰਟਰ/ਟਰੱਸਟ ਦਾ ਨਾਂਅ | ਮਿਤੀ ਅਤੇ ਸੈਕਸ਼ਨ 13(2) ਅਧੀਨ ਡਿਮਾਂਡ ਨੋਟਿਸ ਦੀ ਰਕਮ | ਮਨਜ਼ੂਰ ਰਕਮ / ਐੱਨ ਪੀ ਏ ਦੀ ਮਿਤੀ | ਸਕਿਉਰਡ ਜਾਇਦਾਦ ਦਾ ਵੇਰਵਾ |
|---|---|---|---|
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-106-ਕੇ ਏ ਆਰ ਆਰ ਇਮਦਾਦ ਮਸੀਹ (ਕਰਜ਼ਦਾਰ) ਸੁਨੀਤਾ (ਸਹਿ-ਕਰਜ਼ਦਾਰ) ਟਰੱਸਟ-193 | 03-ਸਤੰਬਰ-2026, ਰੁਪਏ 13,51,552/- (ਤੇਰਾਂ ਲੱਖ ਇਕਵੰਜਾ ਹਜ਼ਾਰ ਪੰਜ ਸੌ ਬਵੰਜਾ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 98,214/- / 10-Apr-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖੇਵਟ ਨੰ. 1, ਖਤੌਨੀ ਨੰ. 1 ਤੋਂ 43, ਹੱਦ ਬਸਤ ਨੰ. 80 ਪਿੰਡ ਚੌਹਾਨ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ ਪਿੰਡ ਚੌਹਾਨ ਨੰ. 10 ਚੱਲੇ ਚੱਕ, ਤਹਿਸੀਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਜਿਸ ਦੀਆਂ ਹੱਦਾਂ ਹਨ: ਪੱਛਮ : ਮਾਲਕ ਦੀ ਜ਼ਮੀਨ, ਪੂਰਬ: ਗਲੀ, ਦੱਖਣ: ਜਾਇਦਾਦ ਦੀ ਫਿਰਨੀ, ਉੱਤਰ ਮਾਲਕ ਦੀ ਜ਼ਮੀਨ। |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਬੀ ਏ ਟੀ-340 ਗੁਰਜੀਤ ਸਿੰਘ (ਕਰਜ਼ਦਾਰ) 1. ਰਣਜੀਤ ਕੌਰ 2. ਕੁਲਦੀਪ ਸਿੰਘ 3. ਨਰਿੰਦਰ ਕੌਰ (ਸਹਿ-ਕਰਜ਼ਦਾਰ) ਬਲਵਿੰਦਰ ਸਿੰਘ (ਗਰੰਟਰ) ਟਰੱਸਟ-193 | 03-ਸਤੰਬਰ-2026, ਰੁਪਏ 7,25,915/- (ਸੱਤ ਲੱਖ ਪੱਚੀ ਹਜ਼ਾਰ ਨੌਂ ਸੌ ਪੰਦਰਾਂ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 7,37,717/- / 15-Dec-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖਸਰਾ ਨੰ. 34/23/2(1-2), 43//3(7-4) ਖੇਵਟ ਨੰ. 446, ਵਾਕਿਆ ਪਿੰਡ ਭੀਲੋਵਾਲ, ਹੱਦਬਸਤ ਨੰ. 179, ਤਹਿਸੀਲ ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ, ਜਿਸ ਦੀਆਂ ਹੱਦਾਂ ਹਨ:-ਪੱਛਮ: ਜ਼ਮੀਨ 76'-6'', ਪੂਰਬ : ਜ਼ਮੀਨ 76'-6'', ਦੱਖਣ : ਪ੍ਰਾਈਵੇਟ ਗਲੀ, 8' ਚੌੜੀ 58'-6'', ਉੱਤਰ : ਹੋਰ 58'-6'' |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਐਚ ਪੀ-241 ਭਰਤ ਸਿੰਘ (ਕਰਜ਼ਦਾਰ) ਵੀਰੋ (ਸਹਿ-ਕਰਜ਼ਦਾਰ) ਟਰੱਸਟ-193 | 03-ਸਤੰਬਰ-2026, ਰੁਪਏ 4,35,494/- (ਚਾਰ ਲੱਖ ਪੈਂਤੀ ਹਜ਼ਾਰ ਚਾਰ ਸੌ ਚੁਰੰਨਵੇਂ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 4,12,798/- / 10-Apr-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖਸਰਾ ਨੰ. 822 ਰਿਹਾਇਸ਼ੀ ਖਾਲੀ ਪਲਾਟ ਨੰ. 13, ਗੜ੍ਹ ਮੁਖਤੇਸ਼ਵਰ ਖਦਰ ਪਰਗਣਾ, ਵਿਖੇ ਸਥਿਤ ਤਹਿਸੀਲ ਗੜ੍ਹ ਮੁਖਤੇਸ਼ਵਰ, ਜ਼ਿਲ੍ਹਾ ਹਾਪੁੜ, ਉੱਤਰ ਪ੍ਰਦੇਸ਼-245205, ਜਿਸ ਦੀਆਂ ਹੱਦਾਂ ਹਨ: -ਪੱਛਮ: 45' ਉਦੋਂ ਕਿਸੇ ਹੋਰ ਦਾ ਪਲਾਟ, ਪੂਰਬ: 45' ਉਦੋਂ ਯੋਗੇਸ਼ ਦਾ ਪਲਾਟ; ਦੱਖਣ: 20' ਉਦੋਂ ਕਿਸੇ ਹੋਰ ਦਾ ਪਲਾਟ, ਉੱਤਰ : 20 ਫੁੱਟ ਉਦੋਂ 20 ਫੁੱਟ ਚੌੜੀ ਰੋਡ। |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਐੱਚ ਐੱਸ ਐਕਸ-24 ਮੀਨਾ ਕੁਮਾਰੀ (ਕਰਜ਼ਦਾਰ) 1. ਰਾਜਿੰਦਰ ਪਾਲ 2. ਇੰਦਰਪ੍ਰੀਤ ਡਰੋਚ (ਸਹਿ-ਕਰਜ਼ਦਾਰ) ਰਾਕੇਸ਼ ਕੁਮਾਰ (ਗਰੰਟਰ), ਟਰੱਸਟ-193 | 03-ਸਤੰਬਰ-2026, ਰੁਪਏ 7,78,572/- (ਸੱਤ ਲੱਖ ਅਠੱਤਰ ਹਜ਼ਾਰ ਪੰਜ ਸੌ ਬਹੱਤਰ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 7,46,488/- / 06-Sep-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖਸਰਾ ਨੰ: 4080/1367/10-9, ਖੱਤਾ ਨੰ. 1190/1794, ਵਾਕਿਆ ਰਕਬਾ ਪ੍ਰੇਮਗੜ੍ਹ, ਹੱਦਬਸਤ ਨੰ. 247, ਤਹਿਸੀਲ ਹੁਸ਼ਿਆਰਪੁਰ, ਜਿਸ ਦੀਆਂ ਹੱਦਾਂ ਹਨ: ਪੱਛਮ: ਗਲੀ/30', ਪੂਰਬ: ਅੰਜਨਾ ਚੋਪੜਾ ਦੀ ਜਾਇਦਾਦ/30', ਦੱਖਣ : ਗੁਰਦਿਆਲ ਸਿੰਘ ਦੀ ਜਾਇਦਾਦ/52', ਉੱਤਰ: ਜ਼ਮੀਨ ਮਾਲਕ ਦਲਵੀਰ ਸਿੰਘ/52'-1-1/2'' |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਐੱਚ ਐੱਸ ਐਕਸ-42 ਜੋਤੀ ਬਾਲਾ (ਕਰਜ਼ਦਾਰ) ਮਨੋਜ ਕੁਮਾਰ (ਸਹਿ-ਕਰਜ਼ਦਾਰ) ਟਰੱਸਟ-193 | 03-ਸਤੰਬਰ-2026, ਰੁਪਏ 2,83,384/- (ਦੋ ਲੱਖ ਤਰਿਆਸੀ ਹਜ਼ਾਰ ਤਿੰਨ ਸੌ ਚੁਰਾਸੀ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 3,00,029/- / 06-Oct-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖਸਰਾ ਨੰ. 555(7-3), 1674 (4-18), 346 (0-6), 347 (0-16), 348 (0-5), 349 (0-15), 345(1-16) ਰਕਬਾ 1 ਮਰਲਾ ਪਿੰਡ ਤੇ ਡਾਕ. ਬਰਿੰਗਲੀ, ਤਲਵਾੜਾ, ਹੁਸ਼ਿਆਰਪੁਰ, ਜਿਸ ਦੀਆਂ ਹੱਦਾਂ ਹਨ: ਪੱਛਮ: ਹੋਰ ਮਾਲਕ, ਪੂਰਬ: ਸੜਕ, ਦੱਖਣ : ਹੋਰ ਮਾਲਕ, ਉੱਤਰ : ਹੋਰ ਮਾਲਕ |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਜੇ ਡੀ ਐੱਚ-296 ਮਲਕੀਤ ਸਿੰਘ (ਕਰਜ਼ਦਾਰ) 1. ਨਿੰਦਰ ਕੌਰ 2. ਮੇਜਰ ਸਿੰਘ 3. ਤੇਜਾ ਸਿੰਘ (ਸਹਿ-ਕਰਜ਼ਦਾਰ) ਰਾਜੀਵ ਸੰਧੂ (ਗਰੰਟਰ) ਟਰੱਸਟ-193 | 03-ਸਤੰਬਰ-2026, ਰੁਪਏ 3,88,432/- (ਤਿੰਨ ਲੱਖ ਅਠਾਸੀ ਹਜ਼ਾਰ ਚਾਰ ਸੌ ਬਤੀਹ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 5,19,849/- / 15-Dec-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਮੀਟਰ ਨੰ. 1037 101 ਲਾਲ ਲਕੀਰ ਦੇ ਅੰਦਰ, ਵਾਕਿਆ ਰਕਬਾ ਮੂਲੇਵਾਲ ਅਰਾਈਆਂ, ਗੈਰ-ਮੁਮਕਿਨ ਅਬਾਦੀ, ਤਹਿਸੀਲ ਸ਼ਾਹਕੋਟ ਅਤੇ ਜ਼ਿਲ੍ਹਾ ਜਲੰਧਰ-144702, ਜਿਸ ਦੀਆਂ ਹੱਦਾਂ ਹਨ: ਪੱਛਮ : ਗਲੀ, ਪੂਰਬ: ਕੁਲਦੀਪ ਸਿੰਘ ਦੀ ਜਾਇਦਾਦ, ਦੱਖਣ: ਸੜਕ, ਉੱਤਰ : ਜੀਤ ਸਿੰਘ ਦੀ ਜਾਇਦਾਦ। |
| ਕਰਜ਼ਾ ਖਾਤਾ ਨੰਬਰ : ਐੱਲ ਏ ਪੀ-ਐੱਲ ਡੀ ਐੱਚ-350 ਗੁਰਸੇਵਕ ਸਿੰਘ (ਕਰਜ਼ਦਾਰ) 1. ਲਖਬੀਰ ਸਿੰਘ 2. ਮਨਪ੍ਰੀਤ ਕੌਰ (ਸਹਿ-ਕਰਜ਼ਦਾਰ) ਵਿਜੇ ਕੁਮਾਰ (ਗਰੰਟਰ) ਟਰੱਸਟ-193 | 03-ਸਤੰਬਰ-2026, ਰੁਪਏ 18,76,577/- (ਅਠਾਰਾਂ ਲੱਖ ਛਿਹੱਤਰ ਹਜ਼ਾਰ ਪੰਜ ਸੌ ਸਤੱਤਰ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 14,97,725/- / 06-Sep-2025 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਵਸੀਕਾ ਨੰ. 1763, ਰਿਹਾਇਸ਼ੀ ਜਾਇਦਾਦ ਰਕਬਾ 6 ਮਰਲੇ 6 ਸਰਸਾਈ ਪਿੰਡ ਕੋਟ ਈਸੇ ਖਾਂ ਵਿਖੇ ਸਥਿਤ, ਤਹਿਸੀਲ ਮੋਗਾ, ਜ਼ਿਲ੍ਹਾ ਲੁਧਿਆਣਾ, ਪੰਜਾਬ, ਜਿਸ ਦੀਆਂ ਹੱਦਾਂ ਹਨ: ਪੱਛਮ : ਗਲੀ (30'), ਪੂਰਬ : ਖਾਲੀ ਪਲਾਟ (30), ਦੱਖਣ : ਖਾਲੀ ਪਲਾਟ (60'), ਉੱਤਰ : ਲਖਵੀਰ ਸਿੰਘ (60') |
| ਕਰਜ਼ਾ ਖਾਤਾ ਨੰਬਰ : ਐੱਮ ਐੱਸ ਐੱਮ ਈ-ਐੱਫ ਆਰ ਡੀ-780 ਵੇਦ ਪ੍ਰਕਾਸ਼ (ਕਰਜ਼ਦਾਰ) 1. ਕਿਰਨ ਵਤੀ 2. ਪ੍ਰਹਿਲਾਦ (ਸਹਿ-ਕਰਜ਼ਦਾਰ) ਟਰੱਸਟ-193 | 03-ਸਤੰਬਰ-2026, ਰੁਪਏ 9,29,031/- (ਨੌਂ ਲੱਖ ਉਨੱਤੀ ਹਜ਼ਾਰ ਇਕੱਤੀ ਰੁਪਏ ਕੇਵਲ) 31-ਜੁਲਾਈ-2026 ਨੂੰ | Rs. 7,30,015/- / 10-Oct-2024 | ਰਹਿਣ ਕੀਤੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਖੇਵਟ/ ਖਤਾ ਨੰ. 102/1-105/1 ਮਸਟ ਨੰ. 38, ਕਿੱਲਾ ਨੰ. 12(7-3) ਪਿੰਡ ਮੋਰਲੀ ਵਿਖੇ ਸਥਿਤ, ਤਹਿਸੀਲ ਹੋਡਲ, ਜ਼ਿਲ੍ਹਾ ਪਲਵਲ-121106, ਜਿਸ ਦੀਆਂ ਹੱਦਾਂ ਹਨ: ਪੱਛਮ: ਸ਼ਿਆਮ ਦੀ ਜਾਇਦਾਦ, ਪੂਰਬ: ਰਾਜਬੀਰ ਦੀ ਜਾਇਦਾਦ, ਦੱਖਣ: 19' ਚੌੜੀ ਸੜਕ, ਉੱਤਰ : ਜ਼ਮੀਨ |

ਜੇਕਰ ਉਕਤ ਕਰਜ਼ਦਾਰ ਉਕਤ ਅਨੁਸਾਰ ਸੀ ਐੱਫ ਐੱਮ ਏ ਆਰ ਸੀ ਨੂੰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹਿੰਦਾ ਹੈ ਤਾਂ ਸੀ ਐੱਫ ਐੱਮ ਏ ਆਰ ਸੀ ਐਕਟ ਦੇ ਸੈਕਸ਼ਨ 13 (4) ਅਤੇ ਲਾਗੂਯੋਗ ਨਿਯਮਾਂ ਨਾਲ ਉਕਤ ਸਕਿਉਰਡ ਐੱਸਟਸ ਵਿਰੁੱਧ ਕਾਰਵਾਈ ਕਰੇਗਾ, ਜੋ ਕਿ ਉਕਤ ਕਰਜ਼ਦਾਰ ਜ਼ੋਖਮ ਤੇ ਲਾਗਤਾਂ ਅਤੇ ਸਿੱਟਿਆਂ ਲਈ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਵੇਗਾ। ਐਕਟ ਦੇ ਤਹਿਤ ਕਰਜ਼ਦਾਰ ਨੂੰ ਉਕਤ ਐੱਸਟਸ ਦੇ ਵਿਕਰੀ ਦੇ ਢੰਗ, ਲੀਜ਼ ਜਾਂ ਕਿਸੇ ਹੋਰ ਢੰਗ ਰਾਹੀਂ ਸੀ ਐੱਫ ਐੱਮ ਏ ਆਰ ਸੀ ਦੀ ਸਹਿਮਤੀ ਤੋਂ ਬਿਨਾਂ ਟਰਾਂਸਫਰ ਕਰਨ ਦੀ ਮਨਾਹੀ ਹੈ।

ਕੋਈ ਵੀ ਵਿਅਕਤੀ ਜੋ ਐਕਟ ਦੀਆਂ ਵਿਵਸਥਾਵਾਂ ਜਾਂ ਇਸ ਅਧੀਨ ਬਣਾਏ ਨਿਯਮਾਂ ਦੀ ਉਲੰਘਣਾ ਕਰਦਾ ਹੈ ਜਾਂ ਉਲੰਘਣਾ ਕਰਨ ਲਈ ਉਕਸਾਉਂਦਾ ਹੈ, ਉਹ ਐਕਟ ਤਹਿਤ ਕੈਦ ਅਤੇ/ਜਾਂ ਜੁਰਮਾਨੇ ਲਈ ਜ਼ਿੰਮੇਵਾਰ ਹੋਵੇਗਾ।

ਸਹੀ/-

ਮਿਤੀ : 26.09.2026 — ਅਧਿਕਾਰਤ ਅਫਸਰ ਸੀ ਐੱਫ ਐੱਮ ਐੱਸਟ ਰੀਕੰਸਟਰੱਕਸ਼ਨ ਪ੍ਰਾਈਵੇਟ ਲਿਮਟਿਡ

ਸਥਾਨ : ਪੰਜਾਬ — ਸੀ ਐੱਫ ਐੱਮ ਏ ਆਰ ਸੀ ਟਰੱਸਟ 193 ਦੇ ਟਰੱਸਟੀ ਵਜੋਂ ਕਾਰਜਸ਼ੀਲ



AXIS BANK LTD.

Retail Assets Center: AXIS Bank Ltd. "2nd and 3rd Floor, Property No. 7-E, Malhar Road, Saraabha Nagar, Ludhiana -141001.

Corporate Office: 3rd Floor, Block-B, Bombay Dyeing Mills Compound, Pandurang Budhakar Marg, Worli, Mumbai-400 025, Registered Office: 'Trishul', 3rd floor, opposite Samartheswar Temple, Law garden, Ellisbridge, Ahmedabad-380006

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਕਰਜ਼ਦਾਰ/ਗਰੰਟਰ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਸਚਿਤ ਮਿਤੀ 'ਤੇ ਮੂਲ ਰਕਮ ਅਤੇ ਇਸ 'ਤੇ ਵਿਆਜ ਦੀ ਮੁੜ ਅਦਾਇਗੀ ਲਈ ਅਨੇਕਾਂ ਭੁੱਲਾਂ ਕੀਤੀਆਂ ਹਨ। ਸਿੱਟੇ ਵਜੋਂ ਰਿਜ਼ਰਵ ਬੈਂਕ ਆਫ਼ ਇੰਡੀਆ ਵੱਲੋਂ ਜਾਰੀ ਹਦਾਇਤਾਂ/ਦਿਸ਼ਾ ਨਿਰਦੇਸ਼ਾਂ ਮੁਤਾਬਿਕ ਅਜਿਹੇ ਖਾਤੇ ਨਾਨ-ਪਰਫਾਰਮਿੰਗ ਐਸਟ ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ।

ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਅਧੀਨ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਇਹ ਸੂਚਨਾ ਇਸ ਦੇ ਸੰਬੰਧ 'ਚ ਹੀ ਜਨਤਕ ਨੋਟਿਸ ਰਾਹੀਂ ਦਿੱਤੀ ਜਾ ਰਹੀ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਦਾ ਨਾਂਅ ਅਤੇ ਗਰੰਟਰ ਦਾ ਨਾਂਅ/ਕਾਨੂੰਨੀ ਵਾਰਸ | (1) ਐੱਨ ਪੀ ਏ ਦੀ ਮਿਤੀ (2) ਡਿਮਾਂਡ ਨੋਟਿਸ ਦੀ ਮਿਤੀ (3) ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) (4) ਮਨਜ਼ੂਰ ਕਰਜ਼ਾ ਰਕਮ/ਭੁਗਤਾਨ |
|---|---|---|
| 1. | 1. ਸ਼੍ਰੀ ਜੱਜ ਪਾਲ ਪੁੱਤਰ ਹਰੀ ਪਾਲ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਗੀਤਾ ਪਤਨੀ ਜੱਜ ਪਾਲ (ਸਹਿ-ਕਰਜ਼ਦਾਰ) | (1) 08 ਅਗਸਤ, 2026 (2) 20 ਅਗਸਤ, 2026 (3) ਰੁ: 746282/- (ਸੱਤ ਲੱਖ ਛਿਆਲੀ ਹਜ਼ਾਰ ਦੋ ਸੌ ਬਿਆਸੀ ਰੁਪਏ ਕੇਵਲ) (4) ਰੁ: 845845/- (ਅੱਠ ਲੱਖ ਪੰਤਾਲੀ ਹਜ਼ਾਰ ਅੱਠ ਸੌ ਪੰਤਾਲੀ ਰੁਪਏ ਕੇਵਲ) |
| | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ:-ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧ ਸਭ ਕੁਝ, ਜਿਸ ਦਾ ਯੂ ਆਈ ਡੀ ਨੰ: ਪੀ ਐਚ 05 ਬੀ 0346 ਰਕਬਾ 5 ਮਰਲੇ, ਖਸਰਾ ਨੰ: 66/4-17, 67/10-4, 68/5-19, 69/4-1, 70/3-1, 72/1-17, 73/3-11, 76/2-14, 77/3-1, 78/0-12, 80/8-1, 81/2-2, 4751/4753/71/1-16, 4752/71/1-18, 4755/82/0-5, 4756/82/7-4, 61/8-1, ਕਿੱਤਾ-17, ਖੱਤਾ ਨੰ: 1371/-2031-2032 ਜਮ੍ਹਾਂਬੰਦੀ ਸਾਲ 2018-19, ਵਾਕਿਆ ਰਕਬਾ ਫਗਵਾੜਾ ਸ਼ਰਕੀ ਵਿਖੇ ਸਥਿਤ, ਐਸ ਪੀ ਕਲੋਨੀ, ਗੁਰੂ ਨਾਨਕ ਨਿਊ ਐਵੇਨਿਊ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਸ੍ਰੀ ਜੱਜਪਾਲ ਪੁੱਤਰ ਹਰੀ ਪਾਲ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ: 2023-24/32/1/4172 ਮਿਤੀ 07 ਫਰਵਰੀ, 2024 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ: ਸੜਕ, ਪੱਛਮ: ਹੋਰਾਂ ਦੀ ਜਾਇਦਾਦ, ਉੱਤਰ: ਮਹਿੰਦਰ ਕੌਰ ਦਾ ਪਲਾਟ, ਦੱਖਣ: ਹਰਜਿੰਦਰ ਕੌਰ ਦਾ ਮਕਾਨ | |
| 2. | 1. ਸ਼੍ਰੀ ਗੁਰਪ੍ਰੀਤ ਸਿੰਘ ਪੁੱਤਰ ਮਨਮੋਹਨ ਸਿੰਘ (ਕਰਜ਼ਦਾਰ) 2. ਸ਼੍ਰੀਮਤੀ ਹਰਪ੍ਰੀਤ ਕੌਰ ਪਤਨੀ ਗੁਰਪ੍ਰੀਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) ਅਤੇ 3. ਸ਼੍ਰੀ ਮਨਪ੍ਰੀਤ ਸਿੰਘ ਪੁੱਤਰ ਮਨਮੋਹਨ ਸਿੰਘ (ਸਹਿ-ਕਰਜ਼ਦਾਰ) 4. ਸ਼੍ਰੀਮਤੀ ਪ੍ਰਭਜੋਤ ਕੌਰ ਪਤਨੀ ਮਨਪ੍ਰੀਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) 5. ਸ਼੍ਰੀਮਤੀ ਰਤਿੰਦਰ ਕੌਰ ਪਤਨੀ ਮਨਮੋਹਨ ਸਿੰਘ (ਸਹਿ-ਕਰਜ਼ਦਾਰ) | (1) 08 ਅਗਸਤ, 2026 (2) 21 ਅਗਸਤ, 2026 (3) ਰੁ: 6799742/- (ਸਤਾਹਠ ਲੱਖ ਨੜਿੰਨਵੇਂ ਹਜ਼ਾਰ ਸੱਤ ਸੌ ਬਤਾਲੀ ਰੁਪਏ ਕੇਵਲ) (4) ਰੁ: 7100000/- (ਇਕੱਤਰ ਲੱਖ ਰੁਪਏ ਕੇਵਲ) |
| | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ:-ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ, ਜਿਸ ਦਾ ਪੁਰਾਣਾ ਖਾਨਸ਼ੁਮਾਰੀ ਨੰ: 9540 (ਨੀਲੀ ਪਲੇਟ ਖਾਨਾ ਸ਼ੁਮਾਰੀ ਨੰ: 4690/XVI-37) ਰਕਬਾ 90 ਵਰਗ ਗਜ਼ ਖਸਰਾ ਨੰ: 760, ਵਾਕਿਆ ਰਕਬਾ ਸੁਲਤਾਨਵਿੰਡ ਸ਼ਿਕਨੀ ਵਿਖੇ ਸਥਿਤ, ਅਬਾਦੀ ਸਰਵਰਪੁਰਾ, ਗਲੀ ਨੰ: 3, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਸ਼੍ਰੀਮਤੀ ਹਰਪ੍ਰੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਅਤੇ ਸ਼੍ਰੀਮਤੀ ਪ੍ਰਭਜੋਤ ਕੌਰ ਪਤਨੀ ਮਨਪ੍ਰੀਤ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਨੰ: 2023-24/89/1/5976 ਮਿਤੀ 16 ਅਕਤੂਬਰ, 2023 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ: ਸੋਹਨ ਸਿੰਘ ਦਾ ਮਕਾਨ, ਪੱਛਮ: ਰੂਪ ਸਿੰਘ ਦਾ ਮਕਾਨ, ਉੱਤਰ: ਸੰਤੋਖ ਸਿੰਘ ਦਾ ਮਕਾਨ, ਦੱਖਣ: ਗਲੀ। | |
| 3. | 1. ਸ਼੍ਰੀ ਸ਼ਸ਼ੀਕਾਂਤ ਪੁੱਤਰ ਰਾਮ ਕਿਸ਼ਨ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਸੁਸ਼ਮਾ ਰਾਣੀ ਪਤਨੀ ਰਾਮ ਕਿਸ਼ਨ (ਕਰਜ਼ਦਾਰ/ਰਹਿਣਕਾਰ) | (1) 08 ਅਗਸਤ, 2026 (2) 25 ਅਗਸਤ, 2026 (3) ਰੁ: 792412/- (ਸੱਤ ਲੱਖ ਬਾਨਵੇਂ ਹਜ਼ਾਰ ਚਾਰ ਸੌ ਬਾਰ੍ਹਾਂ ਰੁਪਏ ਕੇਵਲ) (4) ਰੁ: 1096013/- (ਦਸ ਲੱਖ ਛਿਆਨਵੇਂ ਹਜ਼ਾਰ ਤੇਰਾਂ ਰੁਪਏ ਕੇਵਲ) |
| | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ:-ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ, ਜੋ ਕਿ ਪਲਾਟ ਨੰ: 72 ਮਿੰਨ, ਰਕਬਾ 57.77 ਵਰਗ ਗਜ਼, ਖਸਰਾ ਨੰ: 26//10, 11, 12, 19, 20, 21, 23, 27//6, 15/2, 37//1, 2, 3, 4, 6, 7, 8, 9, 10, 12, 13/2, 14/1, 15, 26, 38//11, 20 ਖੱਤਾ ਨੰ: 656/673 ਜਮ੍ਹਾਂਬੰਦੀ ਸਾਲ 2007-08, ਹੱਦਬਸਤ ਨੰ: 101, ਵਾਕਿਆ ਪਿੰਡ ਜੱਸੀਆਂ ਅਬਾਦੀ ਸੁਨੀਲ ਨਗਰ (ਯਸ਼ਵੀ ਹੋਮਜ਼ ਕਲੋਨੀ) ਬਲਾਕ-ਏ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਸ਼੍ਰੀਮਤੀ ਸੁਸ਼ਮਾ ਰਾਣੀ ਪਤਨੀ ਰਾਮ ਕਿਸ਼ਨ ਅਤੇ ਸ਼੍ਰੀ ਸ਼ਸ਼ੀਕਾਂਤ ਪੁੱਤਰ ਰਾਮ ਕਿਸ਼ਨ ਦੇ ਨਾਂਅ ਰਜਿਸਟਰਡ ਬੈਨਾਮਾ ਨੰ: 2019-20/101/1/8209 ਮਿਤੀ 04 ਸਤੰਬਰ, 2019 ਅਨੁਸਾਰ ਹੱਦਾਂ (ਬੈਨਾਮੇ ਅਨੁਸਾਰ) ਪੂਰਬ: ਰਾਮ ਕੁਮਾਰ, ਪੱਛਮ: ਗਲੀ, ਉੱਤਰ: ਸੰਜੀਵ ਛਾਬੜਾ, ਦੱਖਣ: ਦਰਸ਼ਨ ਸਿੰਘ। | |
| 4. | 1. ਸ਼੍ਰੀ ਅਮਰਜੀਤ ਕੌਸ਼ਲ ਪੁੱਤਰ ਸੁਰਿੰਦਰ ਕੁਮਾਰ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਨਿਰਮਲਾ ਰਾਣੀ ਪਤਨੀ ਸੁਰਿੰਦਰ ਕੁਮਾਰ ਕੌਸ਼ਲ (ਸਹਿ-ਕਰਜ਼ਦਾਰ) | (1) 08 ਅਗਸਤ, 2026 (2) 25 ਅਗਸਤ, 2026 (3) ਰੁ: 1025361/- (ਦਸ ਲੱਖ ਪੱਚੀ ਹਜ਼ਾਰ ਤਿੰਨ ਸੌ ਇਕਾਹਠ ਰੁਪਏ ਕੇਵਲ) (4) ਰੁ: 1027737/- (ਦਸ ਲੱਖ ਸਤਾਈ ਹਜ਼ਾਰ ਸੱਤ ਸੌ ਸੈਂਤੀ ਰੁਪਏ ਕੇਵਲ) |
| | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ:-ਰਿਹਾਇਸ਼ੀ ਜਾਇਦਾਦ/ਮਕਾਨ ਨਾਲ ਸੰਬੰਧਤ ਸਭ ਕੁਝ ਨੰ: ਬੀ-31-1136/185/57, ਰਕਬਾ 104 ਵਰਗ ਗਜ਼, ਖਸਰਾ ਨੰ: 13, 15, 16, ਖੱਤਾ ਨੰ: 606/645, ਜਮ੍ਹਾਂਬੰਦੀ ਸਾਲ 2009-10, ਵਾਕਿਆ ਮੁੰਡੀਆਂ ਕਲਾਂ ਵਿਖੇ ਸਥਿਤ, ਹੱਦਬਸਤ ਨੰ: 179, ਗਲੀ ਨੰ: 1, ਹਰਜਾਪ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਸ਼੍ਰੀ ਅਮਰਜੀਤ ਕੌਸ਼ਲ ਪੁੱਤਰ ਸੁਰਿੰਦਰ ਕੁਮਾਰ ਦੇ ਨਾਂਅ ਰਜਿਸਟਰਡ, ਬੈਨਾਮਾ ਨੰ: 2020-21/106/3355 ਮਿਤੀ 04 ਅਗਸਤ, 2020 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ: ਗਲੀ 20' ਚੌੜੀ, ਪੱਛਮੀ : ਹਰਿੰਦਰ ਕੌਰ ਅਤੇ ਸੋਮ ਪ੍ਰਕਾਸ਼, ਉੱਤਰ: ਜੁਲਫੀ ਰਾਮ, ਦੱਖਣ: ਕੌਸ਼ਲ ਕਿਸ਼ੋਰ। | |
| 5. | 1. ਸ਼੍ਰੀ ਰਾਜਵੰਤ ਸਿੰਘ ਪੁੱਤਰ ਸਾਧੂ ਸਿੰਘ (ਕਰਜ਼ਦਾਰ) ਅਤੇ 2. ਸ਼੍ਰੀਮਤੀ ਹਰਵਿੰਦਰ ਕੌਰ ਪਤਨੀ ਰਾਜਵੰਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | (1) 23 ਜੁਲਾਈ, 2026 (2) 21 ਅਗਸਤ, 2026 (3) ਰੁ: 2206567/- (22 ਲੱਖ ਛੇ ਹਜ਼ਾਰ ਪੰਜ ਸੌ ਸਤਾਹਠ ਰੁਪਏ ਕੇਵਲ) (4) ਰੁ: 2740033 /- (ਸਤਾਈ ਲੱਖ ਚਾਲੀ ਹਜ਼ਾਰ ਤੇਤੀ ਰੁਪਏ ਕੇਵਲ) |
| | ਸਕਿਉਰਡ ਐਸਟਸ ਦਾ ਜਾਇਦਾਦੀ ਪਤਾ:-ਜਾਇਦਾਦ/ਪਲਾਟ ਨਾਲ ਸੰਬੰਧਤ ਸਭ ਕੁਝ ਰਕਬਾ 05 ਮਰਲਾ, ਖਸਰਾ ਨੰ: 13//5,2, 16, 17/1, 24/3, 25, 14//1/1/1, 1/2/1, 20/2/1, 20/3, 27/2/1, 18//5, 222/2, 228/1, 229/3, 13//3/3, 4/2, 6, 7, 8/1, 14, 15, 14//11 ਖੇਵਟ ਨੰ: 661, ਖਤੌਨੀ ਨੰ: 803, 804, ਜਮ੍ਹਾਂਬੰਦੀ ਸਾਲ 2008-09, ਹੱਦਬਸਤ ਨੰ: 213, ਪਿੰਡ ਫੈਜ਼ਪੁਰਾ ਵਿਖੇ ਸਥਿਤ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ, ਸ਼੍ਰੀਮਤੀ ਹਰਵਿੰਦਰ ਕੌਰ ਪਤਨੀ ਸ਼੍ਰੀ ਰਾਜਵੰਤ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ: 1396 ਮਿਤੀ 03/07/2014 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ: ਹੋਰ, ਪੱਛਮ: ਲਾਂਘਾ, ਉੱਤਰ: ਹੋਰ, ਦੱਖਣ: ਹੋਰ। | |

ਇਸ ਲਈ, ਇਹ ਜਨਤਕ ਸੂਚਨਾ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤੀ ਜਾਂਦੀ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਸਕਿਓਰਿਟੀ ਇੰਟਰੈਸਟ ਐਕਟ, 2002 ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਕਰਜ਼ਦਾਰਾਂ ਨੂੰ ਆਪਣੇ ਸਕਿਓਰਡ ਐਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।

ਕ੍ਰਿਪਾ ਕਰਕੇ ਨੋਟ ਕੀਤਾ ਜਾਵੇ ਕਿ ਉਕਤ ਦੱਸੇ ਐਕਟ ਸੈਕਸ਼ਨ 13(13) ਤਹਿਤ ਸਕਿਓਰਡ ਕ੍ਰੈਡਿਟਰ ਦੇ ਬਿਨਾਂ ਅਗਾਊਂ ਲਿਖਤੀ ਸਹਿਮਤੀ ਦੇ ਕਰਜ਼ਦਾਰ ਜਾਇਦਾਦ ਨੂੰ ਵਿਕਰੀ ਰਾਹੀਂ ਤਬਾਦਲਾ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਸਕਿਓਰਡ ਐਸਟਸ ਦੀ ਵਿਕਰੀ ਕਰਨ ਦਾ ਅਧਿਕਾਰ ਨਹੀਂ ਹੈ।

ਮਿਤੀ : 26.09.2026 — ਸਹੀ/-, ਅਧਿਕਾਰਤ ਅਫਸਰ

ਸਥਾਨ : ਪੰਜਾਬ — ਐਕਸਿਸ ਬੈਂਕ ਲਿਮਟਿਡ

## ਸ਼ਕਤੀ ਪੰਪਸ ਨੇ ਬਠਿੰਡਾ ਵਿੱਚ ਪ੍ਰੋਡਕਟ ਲਾਂਚ ਮੀਟ 2026 ਕਰਵਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਕੋਟ ਫਤੂਹੀ ਪ੍ਰਾਇਮਰੀ ਬਲਾਕ ਦਾ ਦਫਤਰੀ ਮੁਲਾਜ਼ਮਾਂ ਦੇ ਪੱਖ 'ਤੇ ਬਹੁਤ ਬੁਰਾ ਹਾਲ ਹੈ। ਬਲਾਕ ਵਿੱਚ ਕੇਵਲ ਇੱਕ ਮੁਲਾਜ਼ਮ ਹੀ ਕੰਮ ਕਰ ਰਿਹਾ ਹੈ। ਪ੍ਰਾਇਮਰੀ ਅਧਿਆਪਕਾਂ ਦੀ ਤਨਖ਼ਾਹ ਦੇ ਬਿੱਲ ਵੀ ਕਿਸੇ ਹੋਰ ਬਲਾਕ ਦੇ ਮੁਲਾਜ਼ਮਾਂ ਵੱਲੋਂ ਬਣਾਏ ਜਾਂਦੇ ਹਨ ਜਿਸ ਕਰਕੇ ਅਧਿਆਪਕਾਂ ਨੂੰ ਤਨਖ਼ਾਹ ਵੀ ਪੰਦਰਾਂ-ਪੰਦਰਾਂ ਦਿਨ ਦੇਰੀ ਨਾਲ ਮਿਲਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਵਿੱਤ ਸਕੱਤਰ ਪਰਮਜੀਤ ਕਾਤਿਬ ਨੇ ਕੀਤਾ। ਆਗੂਆਂ ਨੇ ਕਿਹਾ ਕਿ ਇਸ ਬਲਾਕ ਦੇ ਅਧਿਆਪਕਾਂ ਨੂੰ ਪੇਅ-ਕਮਿਸ਼ਨ ਦੇ ਬਕਾਏ ਦੀ ਇੱਕ ਵੀ ਕਿਸ਼ਤ ਨਹੀਂ ਮਿਲੀ ਹੈ ਜਦਕਿ ਅੱਪਰ-ਪ੍ਰਾਇਮਰੀ ਅਧਿਆਪਕਾਂ ਨੂੰ ਛੇ ਕਿਸ਼ਤਾਂ ਰਿਲੀਜ਼ ਵੀ ਹੋ ਚੁੱਕੀਆਂ ਹਨ। ਆਗੂਆਂ ਨੇ ਕਿਹਾ ਕਿ ਇਸ ਸਬੰਧੀ ਉੱਚ ਅਧਿਕਾਰੀਆਂ ਨੂੰ ਵੀ ਪਤਾ ਹੈ। ਉਨ੍ਹਾਂ ਕਿਹਾ ਕਿ ਇਸ ਬਲਾਕ ਦੀ ਘਾਟ ਪੂਰੀ ਨਹੀਂ ਕੀਤੀ ਜਾ ਰਹੀ ਜਿਸ ਨਾਲ ਅਧਿਆਪਕਾਂ ਨੂੰ ਸਰਵਿਸ ਬੁੱਕ ਰਿਕਾਰਡ, ਜੀ ਪੀ ਐੱਫ ਰਿਕਾਰਡ, ਜੀ ਆਈ ਐੱਸ ਰਿਕਾਰਡ, ਤਨਖਾਹ, ਬਕਾਏ ਦੀਆਂ ਕਿਸ਼ਤਾਂ, ਮੈਡੀਕਲ ਕਲੇਮ, ਮਿਡ-ਡੇ-ਮੀਲ ਅਤੇ ਹੋਰ ਦਫਤਰੀ ਕੰਮਕਾਜਾਂ ਲਈ ਕਾਫੀ ਖੱਜਲ-ਖੁਆਰੀ ਹੋ ਰਹੀ ਹੈ। ਆਗੂਆਂ ਨੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਕੋਟ ਫਤੂਹੀ ਪ੍ਰਾਇਮਰੀ ਬਲਾਕ ਵਿੱਚ ਮੰਨਜ਼ੂਰਸ਼ੁਦਾ ਅਸਾਮੀਆਂ ਅਨੁਸਾਰ ਅਮਲਾ ਤਾਇਨਾਤ ਕੀਤਾ ਜਾਵੇ ਤਾਂ ਜੋ ਅਧਿਆਪਕਾਂ ਦੇ ਕੰਮ ਸਮੇਂ ਸਿਰ ਹੋ ਸਕਣ। ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਪਰਮਜੀਤ ਕਾਤਿਬ, ਮਹਿੰਦਰ ਪਾਲ, ਸੀ.ਐਚ.ਟੀ ਸਰਬਜੀਤ ਸਿੰਘ, ਅਜੇ ਕੁਮਾਰ, ਪਵਨ ਕੁਮਾਰ, ਸਗਲੀ ਰਾਮ, ਸੁਖਜੀਵਨ ਸਿੰਘ, ਅਸ਼ੋਕ ਕੁਮਾਰ, ਪਰਜਿੰਦਰ ਸਿੰਘ, ਸਤਪਾਲ ਸਿੰਘ, ਮਨਜਿੰਦਰ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਪੰਜਾਬ ਸਕੱਤਰੇਤ ਰਿਟਾਇਰਡ ਅਫਸਰ ਐਸੋਸੀਏਸ਼ਨ ਦੀ ਮੀਟਿੰਗ ਭਲਕੇ



**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੱਤਰੇਤ ਸਰਵਿਸਿਜ਼ (ਰਿਟਾਇਰਡ ਆਫਿਸਰਜ਼) ਐਸੋਸੀਏਸ਼ਨ ਦੇ ਪ੍ਰਧਾਨ ਸ਼ਿਆਮ ਲਾਲ ਸ਼ਰਮਾ ਨੇ ਦੱਸਿਆ ਕਿ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਮੀਟਿੰਗ 27 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋਵੇਗੀ। ਇਸ ਮੀਟਿੰਗ ਵਿੱਚ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਉਹਨਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਡੀ. ਏ. ਸੰਬੰਧੀ ਡਿਵੀਜ਼ਨਲ ਬੈਂਚ ਵੱਲੋਂ ਦਿੱਤੇ ਗਏ ਫੈਸਲੇ ਅਨੁਸਾਰ 18 ਫੀਸਦੀ ਡੀ ਏ ਅਤੇ ਬਣਦੇ ਸਾਰੇ ਬਕਾਏ 6 ਫੀਸਦੀ ਵਿਆਜ ਸਮੇਤ ਦਿੱਤੇ ਜਾਣ। ਪੈਨਸ਼ਨਰਾਂ ਦੀ ਪੈਨਸ਼ਨ 2.59 ਫਾਰਮੂਲੇ ਅਨੁਸਾਰ ਸੋਧੀ ਜਾਵੇ। ਪੈਨਸ਼ਨਰਜ਼ ਅਤੇ ਕਰਮਚਾਰੀਆਂ ਤੇ ਜੋ 200 ਰੁਪਏ ਪ੍ਰਤੀ ਮਹੀਨਾ ਡਿਵੈਲਪਮੈਂਟ ਚਾਰਜ ਵਸੂਲ ਕੀਤਾ ਜਾ ਰਿਹਾ ਹੈ, ਉਹ ਵਾਪਸ ਲਿਆ ਜਾਵੇ। ਬੱਧਵਾਂ ਮੈਡੀਕਲ ਅਲਾਉਂਸ 1000 ਰੁਪਏ ਤੋਂ ਵਧਾ ਕੇ 3000 ਪ੍ਰਤੀ ਮਹੀਨਾ ਕੀਤਾ ਜਾਵੇ। ਮੈਡੀਕਲ ਇਲਾਜ ਸਬੰਧੀ ਪੈਨਸ਼ਨਰਾਂ ਵੱਲੋਂ ਖਰਚੇ ਦੀ ਪ੍ਰਤੀ ਪੂਰਤੀ ਲਈ ਜੋ ਬਿਲ ਪੇਸ਼ ਕੀਤੇ ਜਾਂਦੇ ਹਨ ਉਹਨਾਂ ਦੀ ਪ੍ਰਤੀ ਪੂਰਤੀ ਬਿਨਾਂ ਕਿਸੇ ਦੇਰੀ ਤੋਂ ਕੀਤੀ ਜਾਵੇ ਤਾਂ ਜੋ ਪੈਨਸ਼ਨਰਜ਼/ ਸੀਨੀਅਰ ਸਿਟੀਜਨਜ਼ ਨੂੰ ਆ ਰਹੀਆਂ ਦਿੱਕਤਾਂ ਨੂੰ ਦੂਰ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਮਾਨਯੋਗ ਹਾਈਕੋਰਟ ਵੱਲੋਂ ਆਪਣੇ ਫੈਸਲੇ ਵਿੱਚ ਮਿਤੀ 3 ਅਗਸਤ 2026 ਵਿੱਚ 14 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ ਕਿਹਾ ਗਿਆ ਸੀ ਅਤੇ ਇਹ ਸਮਾਂ 17 ਅਗਸਤ ਨੂੰ ਪੂਰਾ ਹੋ ਗਿਆ ਹੈ। ਇਸ ਤੋਂ ਪਹਿਲਾਂ ਸਿੰਗਲ ਬੈਂਚ ਵੱਲੋਂ 8 ਅਪ੍ਰੈਲ 2026 ਨੂੰ ਦਿੱਤੇ ਆਪਣੇ ਫੈਸਲੇ ਰਾਹੀਂ 30 ਜੂਨ 2026 ਤੱਕ ਅਦਾਇਗੀ ਕਰਨ ਲਈ ਕਿਹਾ ਗਿਆ ਸੀ। ਉਹਨਾਂ ਕਿਹਾ ਕਿ ਸਰਕਾਰ ਨੂੰ ਮਾਨਯੋਗ ਸੁਪਰੀਮ ਕੋਰਟ ਤੋਂ ਵੀ ਅਜੇ ਤੱਕ ਕੋਈ ਰਾਹਤ ਨਹੀਂ ਮਿਲੀ ਹੈ ਅਤੇ ਸਰਕਾਰ ਵੱਲੋਂ ਦਾਇਰ ਕੀਤੀ ਗਈ ਐਸ ਐਲ ਪੀ ਪੈਂਡਿੰਗ ਪਈ ਹੈ, ਜਿਸ ਵਿੱਚ ਕੁੱਝ ਤਰੁੱਟੀਆਂ ਹਨ। ਇਸ ਲਈ ਮਾਨਯੋਗ ਹਾਈਕੋਰਟ ਦਾ ਫੈਸਲਾ ਤੁਰੰਤ ਲਾਗੂ ਕੀਤਾ ਜਾਵੇ ਅਤੇ ਜੇਕਰ ਸਰਕਾਰ ਸ਼ਰਤ ਲਗਾਉਣਾ ਚਾਹੁੰਦੀ ਹੈ ਤਾਂ ਫੈਸਲਾ ਲਾਗੂ ਕਰਦੇ ਹੋਏ ਲਿਖ ਸਕਦੀ ਹੈ ਕਿ ਇਹ ਫੈਸਲਾ ਮਾਨਯੋਗ ਸੁਪਰੀਮ ਕੋਰਟ ਵੱਲੋਂ ਕੀਤੇ ਜਾਣ ਵਾਲੇ ਫੈਸਲੇ ਤੇ ਨਿਰਭਰ ਹੋਵੇਗਾ। ਇਸ ਮੌਕੇ ਮਨੋਹਰ ਸਿੰਘ ਮੱਕੜ, ਉਮਾਕਾਂਤ ਤਿਵਾਰੀ, ਬੀ ਐਸ ਸੋਢੀ, ਅਮਰਜੀਤ ਸਿੰਘ ਵਾਲੀਆ, ਸੁਰਜੀਤ ਸਿੰਘ ਸ਼ੀਤਲ, ਧੰਨਾ ਸਿੰਘ, ਕਰਨੈਲ ਸਿੰਘ ਸੈਣੀ, ਚੰਦਰ ਸੁਰੇਖਾ, ਸਤਨਾਮ ਕੌਰ, ਆਸ਼ਾ ਸੂਦ, ਜਸਵਿੰਦਰ ਕੌਰ ਬਤਰਾ ਹਾਜ਼ਰ ਸਨ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਦੀ ਸੂਬਾ ਕਮੇਟੀ ਦੀ ਚੋਣ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ. 49 ਪੰਜਾਬ ਦੀ ਸੂਬਾ ਕਮੇਟੀ ਦੀ ਚੋਣ ਨੋਟੀਫਿਕੇਸ਼ਨ ਟੀ.ਐਸ.ਯੂ./287 ਮਿਤੀ 11 ਸਤੰਬਰ, 2026 ਦੀ ਪਾਲਣਾ ਹਿੱਤ 24 ਸੰਤਬਰ ਨੂੰ ਓ. ਐਂਡ ਐਮ. ਡਵੀਜ਼ਨ ਮੁਹਾਲੀ ਦੇ ਅਧੀਨ ਆਉਂਦੀਆਂ ਸਬ ਡਵੀਜ਼ਨਾਂ ਏ.ਈ.ਟੀ.ਐਲ. ਅਤੇ 66 ਕੇ.ਵੀ. ਸਬ ਡਵੀਜ਼ਨ ਮੁਹਾਲੀ ਦੀ ਸਬ ਯੂਨਿਟਾਂ ਦੀ ਜਥੇਬੰਦਕ ਚੋਣ ਸਰਕਲ ਕਮੇਟੀ ਮੁਹਾਲੀ ਦੀ ਨਿਗਰਾਨੀ ਹੇਠ ਮੁਕੰਮਲ ਕੀਤੀ ਗਈ ਜਿਸ ਵਿੱਚ ਏ.ਈ.ਟੀ.ਐਲ. ਸਬ ਡਵੀਜ਼ਨ ਦੇ ਹੇਠ ਲਿਖੇ ਨੁਮਾਇੰਦੇ ਚੁਣੇ ਗਏ। ਪ੍ਰਧਾਨ-ਹਰਜੀਤ ਸਿੰਘ, ਲਾਈਨਮੈਨ, ਮੀਤ ਪ੍ਰਧਾਨ-ਗਗਨਦੀਪ ਸਿੰਘ, ਸਹਾਇਕ ਲਾਈਨਮੈਨ, ਸਕੱਤਰ-ਮਨਜੀਤ ਸਿੰਘ, ਲਾਈਨਮੈਨ, ਸਹਾਇਕ ਸਕੱਤਰ -ਅਮਿਤ ਕੁਮਾਰ, ਸਹਾਇਕ ਲਾਈਨਮੈਨ, ਕੈਸ਼ੀਅਰ-ਸੁਨੀਲ ਕੁਮਾਰ, ਲਾਈਨਮੈਨ। 66 ਕੇ.ਵੀ. ਸਬ ਡਵੀਜ਼ਨ ਮੁਹਾਲੀ ਦੇ ਅਹੁਦੇਦਾਰ-ਪ੍ਰਧਾਨ-ਬਾਬੂ ਲਾਲ, ਆਰ ਟੀ ਐਮ, ਮੀਤ ਪ੍ਰਧਾਨ-ਦਲਜੀਤ ਸਿੰਘ, ਸਹਾਇਕ ਲਾਈਨਮੈਨ, ਸਕੱਤਰ-ਸੁਨੀਲ ਕੁਮਾਰ, ਏ ਐੱਸ ਐੱਸ ਏ, ਸਹਾਇਕ ਸਕੱਤਰ : ਗੁਰਿੰਦਰ ਕੁਮਾਰ, ਏ ਐੱਸ ਐੱਸ ਏ, ਕੈਸ਼ੀਅਰ-ਅਖਿਲ ਸ਼ਰਮਾ, ਏ ਐੱਸ ਐੱਮ। ਉਪਰੋਕਤ ਅਹੁਦੇਦਾਰਾਂ ਦੀ ਚੋਣ ਸ਼ਾਂਤਮਈ ਢੰਗ ਅਤੇ ਸਰਬ ਸੰਮਤੀ ਨਾਲ ਸਬ ਡਵੀਜ਼ਨਾਂ ਦੇ ਸਮੂਹ ਮੈਂਬਰਾਨ ਦੀ ਹਾਜ਼ਰੀ ਵਿੱਚ ਕੀਤੀ ਗਈ। ਜਿਸ ਨੂੰ ਡਵੀਜ਼ਨ ਕਮੇਟੀ ਵੱਲੋਂ ਮਾਨਤਾ ਦਿੱਤੀ ਗਈ। ਇਸ ਇਜਲਾਸ ਨੂੰ ਜਤਿੰਦਰ ਸਿੰਘ, ਗੁਰਬਖ਼ਸ਼ ਸਿੰਘ ਸਰਕਲ ਪ੍ਰਧਾਨ ਅਤੇ ਲੱਖਾ ਸਿੰਘ ਕਨਵੀਨਰ ਨੇ ਸੰਬੋਧਨ ਕਰਕੇ ਨਵੀਂ ਚੁਣੀ ਗਈ ਕਮੇਟੀਆਂ ਨੂੰ ਵਧਾਈ ਦਿੱਤੀ।

## ਸਿਵਲ ਹਸਪਤਾਲ 'ਚ ਕ੍ਰਿਸ਼ਨਾ ਲੈਬ ਦੇ ਬਾਹਰ ਜ਼ਮੀਨ 'ਤੇ ਔਰਤ ਨੇ ਬੱਚੇ ਨੂੰ ਦਿੱਤਾ ਜਨਮ

**ਜਲੰਧਰ (ਸੁਰਿੰਦਰ ਕੁਮਾਰ)**-ਜਲੰਧਰ ਸਿਵਲ ਹਸਪਤਾਲ 'ਚ ਇੱਕ ਸ਼ਰਮਨਾਕ ਘਟਨਾ ਵਾਪਰੀ। ਕ੍ਰਿਸ਼ਨਾ ਲੈਬ ਦੇ ਬਾਹਰ ਸੁਸ਼ੀਲਾ ਨਾਮ ਦੀ ਔਰਤ ਨੇ ਜ਼ਮੀਨ 'ਤੇ ਹੀ ਬੱਚੇ ਨੂੰ ਜਨਮ ਦੇ ਦਿੱਤਾ। ਇਹ ਪੂਰੀ ਘਟਨਾ ਹਸਪਤਾਲ ਅੰਦਰ ਹੀ ਵਾਪਰੀ, ਜਿੱਥੇ ਡਾਕਟਰ ਰਾਊਂਡ 'ਤੇ ਜਾ ਰਹੇ ਸਨ ਤਾਂ ਉਨ੍ਹਾਂ ਦੀ ਨਜ਼ਰ ਦਰਦ ਨਾਲ ਤੜਫ ਰਹੀ ਔਰਤ 'ਤੇ ਪਈ। ਉਸ ਤੋਂ ਬਾਅਦ ਸਟਾਫ ਨੂੰ ਬੁਲਾ ਕੇ ਸਟ੍ਰੈਚਰ ਮੰਗਵਾਇਆ ਗਿਆ। ਇਸ ਮਾਮਲੇ 'ਤੇ ਮੈਡੀਕਲ ਸੁਪਰਡੈਂਟ ਨਮਿਤਾ ਘਈ ਨੇ ਬਿਆਨ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਗੋਰਾਇਆ ਦੀ ਰਹਿਣ ਵਾਲੀ ਸੁਸ਼ੀਲਾ ਪਤਨੀ ਕੁਮਾਰ ਦੇ ਪਹਿਲਾਂ ਤੋਂ 4 ਬੱਚੇ ਹਨ ਅਤੇ ਇਹ 5ਵੀਂ ਡਿਲੀਵਰੀ ਸੀ। ਗੋਰਾਇਆ ਤੋਂ ਹਸਪਤਾਲ ਆਉਂਦੇ ਸਮੇਂ ਹੀ ਉਸ ਨੂੰ ਲੇਬਰ ਪੇਨ ਸ਼ੁਰੂ ਹੋ ਗਈ ਸੀ। ਡਾਕਟਰ ਨੇ ਬੱਚੇ ਨੂੰ ਰਿਸੀਵ ਕੀਤਾ ਅਤੇ ਮਾਂ-ਬੱਚੇ ਨੂੰ ਗਾਇਨੀ ਵਾਰਡ 'ਚ ਦਾਖਲ ਕਰਵਾਇਆ। ਦੋਵਾਂ ਦੀ ਹਾਲਤ ਹੁਣ ਸਥਿਰ ਦੱਸੀ ਜਾ ਰਹੀ ਹੈ। ਇਸ ਘਟਨਾ 'ਚ ਸਭ ਤੋਂ ਹੈਰਾਨ ਕਰਨ ਵਾਲੀ ਗੱਲ ਇਹ ਸੀ ਕਿ ਜਿਸ ਸਟ੍ਰੈਚਰ 'ਤੇ ਔਰਤ ਨੂੰ ਲਿਜਾਇਆ ਗਿਆ, ਉਸ 'ਤੇ ਕੋਈ ਚਾਦਰ ਤੱਕ ਨਹੀਂ ਵਿਛੀ ਹੋਈ ਸੀ। ਇਸ 'ਤੇ ਐੱਮ ਐੱਸ ਨਮਿਤਾ ਘਈ ਨੇ ਕਿਹਾ ਕਿ ਜਲਦਬਾਜ਼ੀ 'ਚ ਸਟ੍ਰੈਚਰ ਲਿਆਂਦਾ ਗਿਆ ਸੀ, ਇਸ ਕਰਕੇ ਅਜਿਹਾ ਹੋਇਆ। ਪਰ ਸਵਾਲ ਉੱਠਦਾ ਹੈ ਕਿ ਸਿਵਲ ਹਸਪਤਾਲ 'ਚ ਹਰ ਵੇਲੇ ਐਮਰਜੈਂਸੀ ਲਈ ਤਿਆਰ ਸਟ੍ਰੈਚਰ ਕਿਉਂ ਨਹੀਂ ਹੁੰਦੇ? ਮੈਡੀਕਲ ਸੁਪਰਡੈਂਟ ਨੇ ਮਰੀਜ਼ਾਂ ਦੇ ਪਰਵਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਦਰਦ ਸ਼ੁਰੂ ਹੁੰਦੇ ਹੀ ਤੁਰੰਤ ਡਾਕਟਰਾਂ ਨਾਲ ਸੰਪਰਕ ਕਰਨ।

## ਨੌਜਵਾਨ ਦੀ ਲਾਸ਼ ਬਰਾਮਦ

**ਜਲੰਧਰ (ਸੁਰਿੰਦਰ ਕੁਮਾਰ)**-ਲੈਦਰ ਕੰਪਲੈਕਸ ਰੋਡ ਤੇ ਜਲੰਧਰ ਦੇ ਲੈਦਰ ਕੰਪਲੈਕਸ ਰੋਡ 'ਤੇ ਥਾਣਾ ਬਸਤੀ ਬਾਵਾ ਖੇਲ ਦੇ ਇਲਾਕੇ 'ਚ ਇੱਕ ਨੌਜਵਾਨ ਦੀ ਲਾਸ਼ ਮਿਲੀ। ਏ ਸੀ ਪੀ ਵੈਸਟ ਆਤਿਸ਼ ਭਾਟੀਆ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਲੈਦਰ ਕੰਪਲੈਕਸ ਚੌਂਕੀ ਅਤੇ ਥਾਣੇ ਦੀ ਪੁਲਸ ਤੁਰੰਤ ਮੌਕੇ 'ਤੇ ਪਹੁੰਚ ਗਈ ਅਤੇ ਲਾਸ਼ ਨੂੰ ਕਬਜ਼ੇ 'ਚ ਲੈ ਲਿਆ। ਮ੍ਰਿਤਕ ਦੀ ਪਛਾਣ ਵਿਕਰਮ ਪੁੱਤਰ ਮਹਿੰਦਰ ਰਾਮ, ਵਾਸੀ ਮੁਜ਼ੱਫਰਨਗਰ, ਉਮਰ 25 ਸਾਲ ਵਜੋਂ ਹੋਈ ਹੈ। ਪਰਵਾਰ ਨੇ ਦੱਸਿਆ ਕਿ ਵਿਕਰਮ ਸ਼ਰਾਬ ਪੀਣ ਦਾ ਆਦੀ ਸੀ ਅਤੇ ਬੀਤੀ ਰਾਤ ਕਰੀਬ 10 ਵਜੇ ਸ਼ਰਾਬ ਪੀ ਕੇ ਘਰੋਂ ਬਾਹਰ ਨਿਕਲਿਆ ਸੀ, ਜਿਸ ਤੋਂ ਬਾਅਦ ਉਹ ਵਾਪਸ ਨਹੀਂ ਆਇਆ। ਸਵੇਰੇ ਪਰਵਾਰ ਨੂੰ ਉਸਦੀ ਮੌਤ ਦੀ ਖਬਰ ਮਿਲੀ। ਪੁਲਿਸ ਦੀ ਮੁੱਢਲੀ ਜਾਂਚ 'ਚ ਮ੍ਰਿਤਕ ਦੇ ਸਰੀਰ 'ਤੇ ਕੋਈ ਵੱਡਾ ਸੱਟ ਦਾ ਨਿਸ਼ਾਨ ਨਹੀਂ ਮਿਲਿਆ, ਪਰ ਕੰਨ ਦੇ ਪਿੱਛੇ ਹਲਕੀ ਬਲੱਡ ਕਲੋਟਿੰਗ (ਖੂਨ ਦਾ ਥੱਕਾ) ਜ਼ਰੂਰ ਦੇਖੀ ਗਈ ਹੈ। ਇਸ ਨਾਲ ਸ਼ੱਕ ਪੈਦਾ ਹੋ ਰਿਹਾ ਹੈ ਕਿ ਡਿੱਗਣ ਨਾਲ ਸੱਟ ਲੱਗੀ ਹੋਵੇ ਜਾਂ ਕੋਈ ਹੋਰ ਕਾਰਨ ਹੋਵੇ। ਲਾਸ਼ ਨੂੰ ਸਿਵਲ ਹਸਪਤਾਲ ਦੀ ਮੋਰਚਰੀ 'ਚ ਰੱਖਵਾ ਦਿੱਤਾ ਗਿਆ ਹੈ ਪੁਲਿਸ ਨੇ ਇਲਾਕੇ ਦੇ ਸੀ ਸੀ ਟੀਵ ਕੈਮਰੇ ਖੰਗਾਲਣੇ ਸ਼ੁਰੂ ਕਰ ਦਿੱਤੇ ਹਨ ਤਾਂ ਜੋ ਪਤਾ ਲੱਗ ਸਕੇ ਕਿ ਰਾਤ ਨੂੰ ਵਿਕਰਮ ਨਾਲ ਕੀ ਹੋਇਆ ਸੀ। ਅਸਲ ਸੱਚਾਈ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸਾਹਮਣੇ ਆਵੇਗੀ। ਏ ਸੀ ਪੀ ਨੇ ਕਿਹਾ ਕਿ ਪਰਵਾਰ ਦੇ ਬਿਆਨਾਂ ਅਤੇ ਸੀ ਸੀ ਟੀ ਵੀ ਫੁਟੇਜ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਸਕੂਟਰ ਤੇ ਕਾਰ ਦੀ ਟੱਕਰ 'ਚ ਦੋ ਦੀ ਮੌਤ, ਇੱਕ ਗੰਭੀਰ ਜ਼ਖ਼ਮੀ

**ਬਲਾਚੌਰ (ਜਸਵਿੰਦਰ ਬੈਂਸ)**-ਬਲਾਚੌਰ-ਰੋਪੜ ਮੁੱਖ ਮਾਰਗ 'ਤੇ ਸੁਜੋਵਾਲ ਪਿੰਡ ਨੂੰ ਜਾਂਦੇ ਕੱਟ ਨੇੜੇ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਸਕੂਟਰ ਸਵਾਰ ਦੋ ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।



ਪ੍ਰਾਪਤ ਜਾਣਕਾਰੀ ਅਨੁਸਾਰ ਰਾਮ ਨਗਰ ਵਾਸੀ ਹੈਪੀ ਆਪਣੀ ਪਤਨੀ ਬਿੰਦਰ ਨਾਲ ਕੰਗਣਾ ਪੁਲ ਤੋਂ ਆਪਣੇ ਪਿੰਡ ਰਾਮ ਨਗਰ ਵੱਲ ਜਾ ਰਿਹਾ ਸੀ। ਰਸਤੇ ਵਿੱਚ ਉਨ੍ਹਾਂ ਦੇ ਪਿੰਡ ਦਾ ਹੀ ਬਲਦੇਵ ਰਾਮ ਵੀ ਉਨ੍ਹਾਂ ਦੇ ਨਾਲ ਸਕੂਟਰ 'ਤੇ ਸਵਾਰ ਹੋ ਗਿਆ। ਜਦੋਂ ਉਹ ਸੁਜੋਵਾਲ ਕੱਟ ਨੇੜੇ ਪਹੁੰਚੇ ਤਾਂ ਪਿੱਛੋਂ ਬਲਾਚੌਰ ਤੋਂ ਚੰਡੀਗੜ੍ਹ ਵੱਲ ਜਾ ਰਹੀ ਇੱਕ ਕਾਰ ਨੇ ਸਕੂਟਰ ਨੂੰ ਟੱਕਰ ਮਾਰ ਦਿੱਤੀ। ਹਾਦਸੇ ਵਿੱਚ ਸਕੂਟਰ ਸਵਾਰ ਹੈਪੀ, ਉਸ ਦੀ ਪਤਨੀ ਬਿੰਦਰ ਅਤੇ ਬਲਦੇਵ ਰਾਮ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਤਿੰਨਾਂ ਨੂੰ ਇਲਾਜ ਲਈ ਨਵਾਂਸ਼ਹਿਰ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਬਿੰਦਰ ਪਤਨੀ ਹੈਪੀ ਅਤੇ ਬਲਦੇਵ ਰਾਮ ਦੀ ਮੌਤ ਹੋ ਗਈ। ਹੈਪੀ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਇਲਾਜ ਲਈ ਪੀ ਜੀ ਆਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਸਿਟੀ ਥਾਣਾ ਬਲਾਚੌਰ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਬਿਕਰਮਪਾਲ ਸਿੰਘ ਵਿੱਕੀ ਨੂੰ ਸਦਮਾ, ਪਿਤਾ ਦਾ ਦੇਹਾਂਤ

**ਕਪੂਰਥਲਾ ( ਪ੍ਰੀਤ ਸੰਗੋਜਲਾ )**- ਬੀਤੇ ਦਿਨੀਂ ਸੀਨੀਅਰ ਪੱਤਰਕਾਰ ਬਿਕਰਮਪਾਲ ਸਿੰਘ ਵਿੱਕੀ ਨੂੰ ਅਤੇ ਸਮੂਹ ਪਰਵਾਰ ਨੂੰ ਗਹਿਰਾ ਸਦਮਾ ਲੱਗਾ ਉਹਨਾਂ ਦੇ ਪਿਤਾ ਅਜੀਤ ਰਾਮ ਮੇਟ ਦਾ



ਸੰਖੇਪ ਬਿਮਾਰੀ ਤੋਂ ਬਾਅਦ ਪਿਛਲੇ ਦਿਨੀਂ ਦੇਹਾਂਤ ਹੋ ਗਿਆ। ਉਨਾਂ ਦੇ ਗ੍ਰਹਿ ਪਿੰਡ ਤਲਵੰਡੀ ਚੌਧਰੀਆਂ ਜ਼ਿਲ੍ਹਾ ਕਪੂਰਥਲਾ ਵਿਖੇ ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ (ਰਜਿ) ਐਡਵੋਕੇਟ ਹਰਜੀਤ ਸਿੰਘ ਕਨੂੰਨੀ ਸਲਾਹਕਾਰ, ਜੋਗਿੰਦਰ ਸਿੰਘ ਜਾਤੀਕੇ ਜ਼ਿਲ੍ਹਾ ਚੈਅਰਮੈਨ, ਬਰਿੰਦਰ ਚਾਨਾ ਜ਼ਿਲ੍ਹਾ ਜਨਰਲ ਸਕੱਤਰ, ਅਵਿਨਾਸ਼ ਸ਼ਰਮਾ ਚੀਫ਼ ਪੈਟਰਨ, ਐਡਵੋਕੇਟ ਪਵਨ ਕਾਲੀਆ ਕਾਨੂੰਨੀ ਸਲਾਹਕਾਰ, ਸੁਖਵਿੰਦਰ ਸੋਹੀ ਜ਼ਿਲ੍ਹਾ ਉਪ ਪ੍ਰਧਾਨ, ਹਰਪ੍ਰੀਤ ਸਿੰਘ ਮੱਟੂ, ਅਰੁਣ ਕੁਮਾਰ ਸ਼ਰਮਾ, ਐਡਵੋਕੇਟ ਅਕਸ਼ਤ ਕਾਲੀਆ, ਅਸ਼ੋਕ ਕੁਮਾਰ ਗੋਗਨਾ, ਜਤਿੰਦਰ ਸਿੰਘ ਫੌਜੀ, ਪ੍ਰਮਜੀਤ ਸਨੀ, ਰਾਜੇਸ ਕੁਮਾਰ ਕੰਨੂ, ਹਰਜਿੰਦਰ ਸਿੰਘ, ਸੰਤੋਖ ਸਿੰਘ, ਤਰਲੋਚਨ ਸਿੰਘ ਚਾਹਲ, ਚਰਨਜੀਤ ਸਿੰਘ ਢਿੱਲੋਂ, ਕੁਲਵਿੰਦਰ ਸਿੰਘ, ਹਰਸ਼ਦੀਪ ਸਿੰਘ ਟਾਡੀ ਆਦਿ ਸਮੂਹ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ (ਰਜਿ) ਵੱਲੋਂ ਅਜੀਤ ਰਾਮ ਮੇਟ ਦੇ ਪਰਵਾਰ ਅਤੇ ਸੀਨੀਅਰ ਪੱਤਰਕਾਰ ਬਿਕਰਮਪਾਲ ਸਿੰਘ ਵਿੱਕੀ ਸੀਨੀਅਰ ਮੈਂਬਰ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ (ਰਜਿ) ਨਾਲ ਦੁਖ ਸਾਂਝਾ ਕੀਤਾ। ਬਿਕਰਮਪਾਲ ਸਿੰਘ ਵਿੱਕੀ ਨੇ ਦੱਸਿਆ ਅਜੀਤ ਰਾਮ ਮੇਟ ਦੀ ਅੰਤਿਮ ਅਰਦਾਸ ਗੁਰਦੁਆਰਾ ਸਾਹਿਬ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਵਿਖੇ ਪਿੰਡ ਤਲਵੰਡੀ ਚੌਧਰੀਆਂ ਜ਼ਿਲ੍ਹਾ ਕਪੂਰਥਲਾ ਵਿਖੇ ਦੁਪਹਿਰ 11 ਤੋ 1 ਵਜੇ ਤੱਕ ਹੋਵੇਂਗੀ।

## ਐੱਸ ਐੱਚ ਓ ਨੇ ਚਾਰਜ ਸੰਭਾਲਿਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੁਲਸ ਥਾਣਾ ਮੇਹਟੀਆਣਾ ਦੇ ਨਵੇਂ ਐੱਸ ਐੱਚ ਓ ਸਬ



ਇੰਸਪੈਕਟਰ ਸਤਨਾਮ ਸਿੰਘ ਨੇ ਪੁਲਸ ਥਾਣਾ ਮੇਹਟੀਆਣੇ ਦਾ ਕਾਰਜਭਾਗ ਸੰਭਾਲਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਪਹਿਲਾ ਕੰਮ ਇਲਾਕੇ ਵਿਚੋਂ ਨਸ਼ੇ ਦੇ ਸੁਦਾਗਰਾਂ ਨੂੰ ਨੱਥ ਪਾਉਣਾ ਹੋਵੇਗਾ। ਨਸ਼ੇ ਦੇ ਸੁਦਾਗਰਾਂ ਨੂੰ ਵਾਰਨਿੰਗ ਦਿੰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਇਲਾਕੇ 'ਚ ਨਜਾਇਜ਼ ਨਸ਼ਾ ਨਹੀਂ ਵੇਚਣ ਦੇਣਗੇ ਅਤੇ ਲੁੱਟ ਖੋਹ ਕਰਨ ਵਾਲੇ ਅਨਸਰਾਂ ਨੂੰ ਵੀ ਤਾੜਨਾ ਕੀਤੀ ਕਿ ਉਹ ਗਲਤ ਕੰਮਾਂ ਤੋਂ ਗੁਰੇਜ਼ ਕਰਨ ਨਹੀਂ ਤਾਂ ਉਨ੍ਹਾਂ 'ਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਲਾਕਾ ਨਿਵਾਸੀਆਂ, ਸਮਾਜ ਸੇਵੀ ਸੰਸਥਾਵਾਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਮੇਹਟਿਆਣਾ ਥਾਣਾ ਪੁਲਸ ਹਮੇਸ਼ਾ ਤੁਹਾਡੀ ਸੇਵਾ ਲਈ ਹਾਜ਼ਰ ਹੈ।

## ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਬਣੇਗੀ ਪ੍ਰੇਰਣਾ ਦਾ ਸਾਧਨ : ਪੰਕਜ ਕੁਮਾਰ

**ਬਲਾਚੌਰ (ਜਸਵਿੰਦਰ ਬੈਂਸ)**-ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਕੱਢੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਨੂੰ ਲੈ ਕੇ ਭਾਜਪਾ ਯੁਵਾ ਮੋਰਚਾ ਦੇ



ਪ੍ਰਧਾਨ ਐਡਵੋਕੇਟ ਪੰਕਜ ਕੁਮਾਰ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਲੋਕ-ਜਾਗਰੂਕਤਾ ਅਭਿਆਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਸ ਯਾਤਰਾ ਦਾ ਮਕਸਦ ਨੌਜਵਾਨ ਸ਼ਕਤੀ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸਿਹਤਮੰਦ ਤੇ ਰਚਨਾਤਮਕ ਜੀਵਨ ਵੱਲ ਪ੍ਰੇਰਿਤ ਕਰਨਾ ਹੈ। ਐਡਵੋਕੇਟ ਪੰਕਜ ਕੁਮਾਰ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦੀ ਸਭ ਤੋਂ ਵੱਡੀ ਤਾਕਤ ਹੈ। ਜੇਕਰ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ, ਰੁਜ਼ਗਾਰ ਅਤੇ ਸਮਾਜ ਸੇਵਾ ਨਾਲ ਜੁੜਨ ਤਾਂ ਪੰਜਾਬ ਦੀ ਤਰੱਕੀ ਨੂੰ ਨਵੀਂ ਦਿਸ਼ਾ ਮਿਲ ਸਕਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਸਾਥੀਆਂ ਅਤੇ ਆਸ-ਪਾਸ ਦੇ ਲੋਕਾਂ ਨੂੰ ਵੀ ਇਸ ਸਮਾਜਿਕ ਬੁਰਾਈ ਖ਼ਿਲਾਫ਼ ਜਾਗਰੂਕ ਕਰਨ।

## ਰੈਸਲਿੰਗ ਅਕੈਡਮੀ ਬਣ ਰਹੀ ਧੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਮੰਚ : ਡਿਪਟੀ ਕਮਿਸ਼ਨਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਮੋਰਿੰਡਾ ਦੇ ਪਿੰਡ ਕਾਈਨੌਰ ਵਿਖੇ ਸਥਿਤ ਦਾਦਾ ਦੇਵ ਰੈਸਲਿੰਗ ਅਕੈਡਮੀ ਵਿੱਚ ਕੁੜੀਆਂ ਲਈ ਵਿਸ਼ੇਸ਼ ਰੈਸਲਿੰਗ ਸੈਂਟਰ ਚਲਾਇਆ ਜਾ ਰਿਹਾ ਹੈ, ਜਿੱਥੇ ਰੋਜ਼ਾਨਾ ਸਵੇਰੇ ਅਤੇ ਸ਼ਾਮ 50 ਤੋਂ ਵੱਧ ਖਿਡਾਰਨਾਂ ਰੈਸਲਿੰਗ ਦੀ ਸਿਖਲਾਈ ਲੈ ਰਹੀਆਂ ਹਨ ਜਿਸ ਨਾਲ ਇਸ ਅਕੈਡਮੀ ਧੀਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਦਾ ਸਫਲ ਮੰਚ ਬਣ ਗਿਆ ਹੈ। ਇਸ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਅਦਿੱਤਿਆ ਡੇਚਲਵਾਲ ਨੇ ਦੱਸਿਆ ਕਿ ਅਕੈਡਮੀ ਵਿੱਚ ਲੜਕੀਆਂ ਲਈ ਖੇਡ ਸਿਖਲਾਈ ਦੇ ਨਾਲ-ਨਾਲ ਰਹਿਣ ਦੀ ਸਹੂਲਤ ਵੀ ਉਪਲਬਧ ਹੈ। ਇਸ ਅਕੈਡਮੀ ਨਾਲ ਜੁੜੀਆਂ ਖਿਡਾਰਨਾਂ ਨੇ ਜ਼ਿਲ੍ਹਾ, ਰਾਜ ਅਤੇ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਰਾਸ਼ਟਰੀ ਪੱਧਰ ਦੇ ਮੈਡਲ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਿਡਾਰਨਾਂ ਨੇ ਰੂਪਨਗਰ ਜ਼ਿਲ੍ਹੇ ਦਾ ਨਾਮ ਰੌਸ਼ਨ ਕਰਦਿਆਂ ਕੁੜੀਆਂ ਦੀ ਕੈਟਾਗਰੀ ਵਿੱਚ ਜ਼ਿਲ੍ਹੇ ਨੂੰ ਸੂਬੇ ਵਿੱਚ ਪਹਿਲਾ ਸਥਾਨ ਦਿਵਾਉਣ ਵਿੱਚ ਵੀ ਅਹਿਮ ਯੋਗਦਾਨ ਪਾਇਆ ਹੈ। ਇਸ ਅਕੈਡਮੀ ਦੀ 23 ਸਾਲ ਦੀ ਸੋਨਲ ਦਹੀਆ ਨੇ ਸਤੰਬਰ 2026 ਵਿੱਚ ਹੋਈਆਂ ਰਾਸ਼ਟਰੀ ਖੇਡਾਂ ਦੌਰਾਨ ਭਾਰ ਵਰਗ 53 ਕਿਲੋ ਵਿੱਚ ਸਿਲਵਰ ਮੈਡਲ ਜਿੱਤ ਕੇ ਸੂਬੇ ਦਾ ਮਾਣ ਵੀ ਵਧਾਇਆ ਹੈ ਅਤੇ ਹੋਰ ਖਿਡਾਰਨਾਂ ਲਈ ਪ੍ਰੇਰਣਾ ਦਾ ਸਰੋਤ ਵੀ ਬਣੀ ਹੈ ਕਿ ਸਖ਼ਤ ਅਤੇ ਨਿਰੰਤਰ ਮਿਹਨਤ ਨਾਲ ਕੁਝ ਵੀ ਸੰਭਵ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਸੋਨਲ ਵੱਲੋਂ ਅੰਡਰ-23 ਨੈਸ਼ਨਲ ਪੱਧਰ 'ਤੇ ਸਿਲਵਰ ਦਾ ਮੈਡਲ ਹਾਸਲ ਕੀਤਾ ਹੈ, ਨਾਲ ਹੀ ਇਸ ਹੋਣਹਾਰ ਖਿਡਾਰਨ ਨੇ ਸੀਨੀਅਰ ਸਟੇਟ ਵਿੱਚ ਗੋਲਡ ਮੈਡਲ ਹਾਸਲ ਕੀਤਾ ਹੈ। ਇਸੇ ਤਰ੍ਹਾਂ ਤਨਿਸ਼ਕਾ ਧਨਕੜ ਨੇ ਅੰਡਰ-15 ਨੈਸ਼ਨਲ ਵਿੱਚ ਗੋਲਡ ਮੈਡਲ, ਗੁਰਸ਼ਰਨ ਕੌਰ ਨੇ ਅੰਡਰ-15 ਨੈਸ਼ਨਲ ਵਿੱਚ ਬਰੌਂਜ਼ ਮੈਡਲ, ਜਦਕਿ ਆਮਨਾ, ਪ੍ਰਭਜੋਤ ਕੌਰ ਅਤੇ ਪ੍ਰਿਯਾ ਨੇ ਅੰਡਰ-15 ਸਟੇਟ ਪੱਧਰ 'ਤੇ ਗੋਲਡ ਮੈਡਲ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਕਿ



ਇਸ ਤੋਂ ਇਲਾਵਾ ਜਸਲੀਨ ਕੌਰ ਨੇ ਅੰਡਰ-15 ਸਟੇਟ ਵਿੱਚ ਸਿਲਵਰ ਮੈਡਲ, ਸਿਮਰਨ ਨੇ ਅੰਡਰ-17 ਸਟੇਟ ਵਿੱਚ ਗੋਲਡ, ਜਸ਼ਨਦੀਪ ਨੇ ਅੰਡਰ-14 ਸਟੇਟ ਵਿੱਚ ਗੋਲਡ ਅਤੇ ਗੁਰਨੂਰ ਕੌਰ ਨੇ ਅੰਡਰ-12 ਵਿੱਚ ਗੋਲਡ ਅਤੇ ਅੰਡਰ-14 ਵਿੱਚ ਬਰੌਂਜ਼ ਮੈਡਲ ਪ੍ਰਾਪਤ ਕੀਤਾ ਹੈ। ਅਵਨੀਤ ਕੌਰ ਨੇ ਅੰਡਰ-12 ਸਟੇਟ ਵਿੱਚ ਬਰੌਂਜ਼ ਅਤੇ ਨਵਪ੍ਰੀਤ ਕੌਰ ਨੇ ਅੰਡਰ-15 ਸਟੇਟ ਵਿੱਚ ਬਰੌਂਜ਼ ਮੈਡਲ ਹਾਸਲ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦਾਦਾ ਦੇਵ ਰੈਸਲਿੰਗ ਅਕੈਡਮੀ ਦੀਆਂ ਖਿਡਾਰਨਾਂ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ 1 ਤੋਂ 4 ਅਕਤੂਬਰ ਤੱਕ ਪਿੰਡ ਅਕਬਰਪੁਰ ਦੇ ਕੁਸ਼ਤੀ ਸੈਂਟਰ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਰਹੀਆਂ ਹਨ ਅਤੇ ਇਹ ਮੁਕਾਬਲੇ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਬਣਨਗੇ।

## ਐੱਨ ਐੱਸ ਐੱਸ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ (ਹਨੀ)**-ਐੱਸ ਡੀ ਕਾਲਜ ਫਾਰ ਵੂਮੈਨ ਵਿਖੇ ਰਾਸ਼ਟਰੀ ਸੇਵਾ ਯੋਜਨਾ ਦਿਵਸ ਬੜੇ ਉਤਸ਼ਾਹ ਅਤੇ ਵਿਦਿਆਰਥਣਾਂ ਦੀ ਸਰਗਰਮ ਭਾਗੀਦਾਰੀ ਨਾਲ ਮਨਾਇਆ ਗਿਆ। ਇਹ ਪ੍ਰੋਗਰਾਮ ਵਿਦਿਆਰਥਣਾਂ ਵਿੱਚ ਸਮਾਜ ਸੇਵਾ, ਭਾਈਚਾਰਕ ਭਾਗੀਦਾਰੀ ਅਤੇ ਸੇਵਾ-ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ। ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸੁਨੀਤਾ ਕਲੇਰ ਨੇ ਵਿਦਿਆਰਥੀਆਂ ਨੂੰ ਰਾਸ਼ਟਰੀ ਸੇਵਾ ਯੋਜਨਾ ਸਬੰਧੀ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਲੈਕਚਰ ਦਿੱਤਾ। ਉਨ੍ਹਾਂ ਐੱਨ ਐੱਸ ਐੱਸ ਦੀ ਸ਼ੁਰੂਆਤ, ਉਦੇਸ਼ਾਂ ਅਤੇ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਵਿਦਿਆਰਥਣਾਂ ਵਿੱਚ ਜ਼ਿੰਮੇਵਾਰੀ, ਅਨੁਸ਼ਾਸਨ, ਲੀਡਰਸ਼ਿਪ ਅਤੇ ਸਮਾਜਿਕ ਵਚਨਬੱਧਤਾ ਵਿਕਸਿਤ ਕਰਨ ਸਬੰਧੀ ਵੀ ਦੱਸਿਆ। ਵਿਦਿਆਰਥਣਾਂ ਨੂੰ ਇਹ ਵੀ ਦੱਸਿਆ ਗਿਆ ਕਿ ਸਿੱਖਿਆ ਦਾ ਉਦੇਸ਼ ਕੇਵਲ ਅਕਾਦਮਿਕ ਗਿਆਨ ਪ੍ਰਾਪਤ ਕਰਨਾ ਹੀ ਨਹੀਂ, ਸਗੋਂ ਮਨੁੱਖਤਾ, ਸਮਾਜਿਕ ਜ਼ਿੰਮੇਵਾਰੀ, ਸੰਵੇਦਨਸ਼ੀਲਤਾ ਅਤੇ ਸਮਾਜ ਦੀ ਸੇਵਾ ਕਰਨ ਦੀ ਭਾਵਨਾ ਦਾ ਵਿਕਾਸ ਕਰਨਾ ਵੀ ਹੈ। ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਯੋਗ ਅਗਵਾਈ ਹੇਠ ਸਫਲਤਾਪੂਰਵਕ ਸੰਪੰਨ ਹੋਇਆ।

## ਚੰਦ ਫਤਿਹਪੁਰੀ ਦੇ ਦੇਹਾਂਤ 'ਤੇ ਮਹਾਂ ਸਿੰਘ ਰੋੜੀ ਨੇ ਦੁੱਖ ਪ੍ਰਗਟ ਕੀਤਾ

**ਬਲਾਚੌਰ (ਜਸਵਿੰਦਰ ਬੈਂਸ)**-ਨਵਾਂ ਜਮਾਨਾ ਅਖ਼ਬਾਰ ਦੇ ਸੰਪਾਦਕ ਅਤੇ ਉੱਘੇ ਪੱਤਰਕਾਰ ਚੰਦ ਫਤਿਹਪੁਰੀ ਦੇ ਦੇਹਾਂਤ 'ਤੇ ਕਾਮਰੇਡ ਮਹਾ ਸਿੰਘ ਰੋੜੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਦਾ ਵਿਛੋੜਾ ਪੱਤਰਕਾਰੀ ਅਤੇ ਸਮਾਜਿਕ ਖੇਤਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਕਾਮਰੇਡ ਮਹਾ ਸਿੰਘ ਰੋੜੀ ਨੇ ਕਿਹਾ ਕਿ ਚੰਦ ਫਤਿਹਪੁਰੀ ਨੇ ਆਪਣੀ ਕਲਮ ਰਾਹੀਂ ਹਮੇਸ਼ਾ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕਰਨ ਅਤੇ ਸਮਾਜ ਦੇ ਦੱਬੇ-ਕੁਚਲੇ ਵਰਗਾਂ ਦੇ ਮੁੱਦਿਆਂ ਨੂੰ ਸਾਹਮਣੇ ਲਿਆਉਣ ਲਈ ਯਤਨ ਕੀਤੇ। ਉਨ੍ਹਾਂ ਦੀ ਨਿਰਪੱਖ, ਨਿਡਰ ਅਤੇ ਲੋਕ ਪੱਖੀ ਪੱਤਰਕਾਰੀ ਨੂੰ ਲੰਮੇ ਸਮੇਂ ਤੱਕ ਯਾਦ ਕੀਤਾ ਜਾਂਦਾ ਰਹੇਗਾ। ਉਨ੍ਹਾਂ ਕਿਹਾ ਕਿ ਚੰਦ ਫਤਿਹਪੁਰੀ ਦਾ ਪੱਤਰਕਾਰੀ ਖੇਤਰ ਵਿੱਚ ਯੋਗਦਾਨ ਨਵੀਂ ਪੀੜ੍ਹੀ ਦੇ ਪੱਤਰਕਾਰਾਂ ਲਈ ਪ੍ਰੇਰਣਾ ਸਰੋਤ ਬਣਿਆ ਰਹੇਗਾ। ਉਨ੍ਹਾਂ ਪਰਵਾਰਕ ਮੈਂਬਰਾਂ ਅਤੇ ਨਵਾਂ ਜ਼ਮਾਨਾ ਅਖ਼ਬਾਰ ਦੇ ਸਮੂਹ ਸਟਾਫ਼ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।

## ਗੂੰਗੀ ਤੇ ਬੋਲੀ ਪ੍ਰਵਾਸੀ ਔਰਤ ਭੇਦਭਰੀ ਹਾਲਤ 'ਚ ਬੱਚੇ ਸਮੇਤ ਲਾਪਤਾ



**ਮਾਹਿਲਪੁਰ (ਸਫ਼ਰੀ)**-ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਟੂਟੋਮਜਾਰਾ ਭੱਠੇ ਤੇ ਕੰਮ ਕਰਦੇ ਮਜ਼ਦੂਰ ਦੀ ਗੂੰਗੀ ਅਤੇ ਕੰਨਾਂ ਤੋਂ ਬੋਲੀ ਪਤਨੀ ਆਪਣੇ ਛੇ ਸਾਲਾਂ ਬੱਚੇ ਨਾਲ ਭੇਦਭਰੀ ਹਾਲਤ ਵਿੱਚ ਲਾਪਤਾ ਹੋ ਗਈ। ਵਿਆਹੁਤਾ ਔਰਤ ਦਾ 15 ਦਿਨ ਬੀਤ ਜਾਣ ਤੇ ਵੀ ਕੋਈ ਵੀ ਕੋਈ ਸੁਰਾਗ ਨਹੀਂ ਮਿਲਿਆ ਜਿਸ ਕਾਰਨ ਸਾਰਾ ਪਰਵਾਰ ਕਿਸੇ ਅਣਸਖਾਂਵੀਂ ਘਟਨਾ ਦੇ ਡਰ ਤੋਂ ਸਹਿਮਿਆਂ ਹੋਇਆ ਹੈ। ਪਰਵਾਰ ਨੇ ਔਰਤ ਅਤੇ ਬੱਚੇ ਨੂੰ ਲੱਭਣ ਲਈ ਥਾਣਾ ਮਾਹਿਲਪੁਰ ਵਿੱਚ ਰਿਪੋਰਟ ਵੀ ਦਰਜ ਕਰਵਾਈ ਹੈ। ਜਾਣਕਾਰੀ ਅਨੁਸਾਰ ਸਰੀਤਾ ਦੇ ਸਹੁਰੇ ਗੁਲਾਬ ਪੁੱਤਰ ਬਾਬੂ ਰਾਮ ਨਿਵਾਸੀ ਯੂ ਪੀ ਹਾਲਵਾਸੀ ਟੂਟੋਮਜਾਰਾ ਨੇ ਥਾਣਾ ਮਾਹਿਲਪੁਰ ਪੁਲਿਸ ਨੂੰ ਦਿੱਤੀ ਦਰਖਾਸਤ ਵਿੱਚ ਦੱਸਿਆ ਕਿ ਮੇਰੇ ਪਰਵਾਰਕ ਮੈਂਬਰ ਟੂਟੋਮਜਾਰੇ ਇੱਟਾਂ ਦੇ ਭੱਠੇ ਤੇ ਮਜ਼ਦੂਰੀ ਦਾ ਕੰਮ ਕਰਦੇ ਹਨ। ਬੀਤੀ 9 ਸਤੰਬਰ ਨੂੰ ਸਵੇਰੇ 8 ਵਜੇ ਦੇ ਕਰੀਬ ਮੈਂ ਆਪਣੇ ਪਰਵਾਰ ਸਮੇਤ ਭੱਠੇ ਤੇ ਕੰਮ ਕਰਨ ਲਈ ਚਲੇ ਗਿਆ ਅਤੇ ਸਾਡੇ ਜਾਣ ਤੋਂ ਬਾਅਦ ਸਰੀਤਾ ਪਤਨੀ ਗੋਬਿੰਦ ਜੋ ਸੁਣ ਅਤੇ ਬੋਲ ਨਹੀਂ ਸਕਦੀ ਨਾਲ ਛੇ ਸਾਲ ਦੇ ਲੜਕੇ ਨੂੰ ਲੈ ਕੇ ਕਿਤੇ ਚਲੀ ਗਈ। ਗੁਲਾਬ ਨੇ ਦੱਸਿਆ ਕਿ ਅਸੀਂ ਸਰੀਤਾ ਨੂੰ ਆਸ ਪਾਸ ਝੁੱਗੀਆਂ ਵਿਚ ਅਤੇ ਸਾਰੇ ਰਿਸ਼ਤੇਦਾਰੀ ਵਿਚ ਲੱਭਿਆ ਪਰ ਉਸ ਦਾ ਦਾ ਕੋਈ ਸੁਰਾਗ ਨਹੀਂ ਮਿਲਿਆ। ਉਸ ਨੇ ਦੱਸਿਆ ਕਿ ਸਾਨੂੰ ਡਰ ਹੈ ਕਿ ਮੇਰੀ ਨੂੰਹ ਅਤੇ ਬੱਚੇ ਨਾਲ ਕੋਈ ਅਣਸਖਾਂਵੀਂ ਘਟਨਾ ਨਾ ਵਾਪਰ ਜਾਵੇ, ਉਸ ਨੇ ਥਾਣਾ ਮਾਹਿਲਪੁਰ ਵਿੱਚ ਰਿਪੋਰਟ ਦਰਜ ਕਰਵਾ ਦਿਤੀ ਹੈ।

## ਪਿਆਰਾ ਸਿੰਘ ਰਾਹੀ ਦੇ ਗ਼ਜ਼ਲ ਸੰਗ੍ਰਹਿ 'ਚੀਸ' 'ਤੇ ਵਿਚਾਰ-ਚਰਚਾ 28 ਨੂੰ



**ਚੰਡੀਗੜ੍ਹ (ਸੁਰਜੀਤ ਸੁਮਨ)**-ਸਾਹਿਤਕ ਸੱਥ ਖਰੜ ਵੱਲੋਂ ਪਿਆਰਾ ਸਿੰਘ ਰਾਹੀ ਦਾ ਤਾਜ਼ਾ ਗ਼ਜ਼ਲ ਸੰਗ੍ਰਹਿ 'ਚੀਸ' 28 ਸਤੰਬਰ ਨੂੰ ਸਵੇਰੇ 10.00 ਵਜੇ, ਜੋਤੀ ਸਰੂਪ ਕੰਨਿਆ ਆਸਰਾ (ਰਜਿ.), ਬਡਾਲਾ ਰੋਡ, ਖਰੜ ਵਿਖੇ ਲੋਕ ਅਰਪਣ ਕੀਤਾ ਜਾ ਰਿਹਾ ਹੈ। ਸੱਥ ਦੇ ਸਰਪ੍ਰਸਤ ਰਾਜਵਿੰਦਰ ਸਿੰਘ ਗੱਡੂ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪਿਆਰਾ ਸਿੰਘ ਰਾਹੀ ਸੱਥ ਦੇ ਮਕਬੂਲ ਜਨਰਲ ਸਕੱਤਰ ਹਨ। ਉਨ੍ਹਾਂ ਕਿਹਾ ਕਿ ਪੰਜਾਬੀ ਦੇ ਨਾਮਵਰ ਲੇਖਕ, ਅਲੋਚਕ ਤੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਇਸ ਸਮਾਗਮ ਦੇ ਮੁੱਖ ਮਹਿਮਾਨ, ਜਦਕਿ ਡਾ. ਹਰਮਿੰਦਰ ਸਿੰਘ, ਸੰਸਥਾਪਕ, ਜੋਤੀ ਸਰੂਪ ਕੰਨਿਆ ਆਸਰਾ (ਰਜਿ.) ਵਿਸ਼ੇਸ਼ ਮਹਿਮਾਨ ਹੋਣਗੇ। ਇਸੇ ਤਰ੍ਹਾਂ ਸੱਥ ਦੇ ਪ੍ਰਧਾਨ ਜਸਵਿੰਦਰ ਸਿੰਘ ਕਾਈਨੌਰ ਪੁਸਤਕ 'ਤੇ ਪੇਪਰ ਪੜ੍ਹਨਗੇ। ਪ੍ਰਸਿੱਧ ਗਾਇਕ ਕਲਾਕਾਰ ਗੁਰਵਿੰਦਰ ਗੁਰੀ ਤੇ ਕ੍ਰਿਸ਼ਨ ਰਾਹੀ ਗ਼ਜ਼ਲ ਗਾਇਨ ਕਰਨਗੇ। ਇਸ ਮੌਕੇ ਹਾਜ਼ਰ ਸ਼ਾਇਰਾਂ ਦੀਆਂ ਰਚਨਾਵਾਂ ਦਾ ਅਨੰਦ ਵੀ ਮਾਣਿਆ ਜਾਵੇਗਾ।

## ਚਾਰ ਰੋਜ਼ਾ ਮਹਿਲਾ ਕ੍ਰਿਕਟ ਮੁਕਾਬਲਾ 29 ਤੋਂ

**ਚੰਡੀਗੜ੍ਹ (ਸੁਰਜੀਤ ਸੁਮਨ)**-ਭਾਰਤ ਦੌਰੇ 'ਤੇ ਆਈ ਆਸਟਰੇਲੀਆ ਮਹਿਲਾ-ਏ ਅਤੇ ਭਾਰਤ ਮਹਿਲਾ-ਏ ਦੀਆਂ ਟੀਮਾਂ ਵਿਚਕਾਰ 29 ਸਤੰਬਰ ਤੋਂ 2 ਅਕਤੂਬਰ ਤੱਕ ਖੇਡਿਆ ਜਾਣ ਵਾਲਾ ਚਾਰ ਰੋਜ਼ਾ ਮੁਕਾਬਲਾ ਹੁਣ ਪੀ ਸੀ ਏ ਆਈ ਐੱਸ ਬਿੰਦਰਾ ਕ੍ਰਿਕਟ ਸਟੇਡੀਅਮ ਮੋਹਾਲੀ ਵਿਖੇ ਖੇਡਿਆ ਜਾਵੇਗਾ। ਇਹ ਮੁਕਾਬਲਾ ਪਹਿਲਾਂ ਧਰਮਸ਼ਾਲਾ ਵਿਖੇ ਖੇਡਿਆ ਜਾਣਾ ਸੀ, ਪਰੰਤੂ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਵੱਲੋਂ ਇਸ ਦਾ ਸਥਾਨ ਬਦਲ ਕੇ ਮੋਹਾਲੀ ਵਿਖੇ ਕਰ ਦਿੱਤਾ ਗਿਆ ਹੈ। ਦੂਜੇ ਪਾਸੇ ਆਸਟਰੇਲੀਆ ਮਹਿਲਾ-ਏ ਦੇ ਭਾਰਤ ਦੌਰਾਨ ਦੋਵਾਂ ਟੀਮਾਂ ਵਿਚਕਾਰ ਪਹਿਲਾਂ ਤਿੰਨ ਟੀ-20 ਮੁਕਾਬਲੇ ਮੁੱਲਾਂਪੁਰ ਵਿਖੇ ਖੇਡੇ ਗਏ। ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਪੰਜਾਬ ਦੇ ਕ੍ਰਿਕਟ ਪ੍ਰੇਮੀਆਂ ਲਈ ਇਸ ਮੁਕਾਬਲੇ ਦੌਰਾਨ ਵਿਸ਼ੇਸ਼ ਤੋਹਫਾ ਦਿੱਤਾ ਗਿਆ ਹੈ। ਜ਼ਿਕਰਯੋਗ ਹੈ ਕਿ 29 ਸਤੰਬਰ ਤੋਂ 2 ਅਕਤੂਬਰ ਤੱਕ ਹੋਣ ਵਾਲੇ ਇਸ ਮੁਕਾਬਲੇ ਲਈ ਦਰਸ਼ਕਾਂ ਦਾ ਦਾਖਲਾ ਮੁਫ਼ਤ ਹੋਵੇਗਾ। ਕ੍ਰਿਕਟ ਪ੍ਰੇਮੀ ਆਊਟਰ ਗੇਟ 1ਸੀ ਰਾਹੀਂ ਮੁਫ਼ਤ ਦਾਖਲਾ ਲੈ ਕੇ ਇਸ ਮੁਕਾਬਲੇ ਦਾ ਸਿੱਧਾ ਮੈਦਾਨ ਤੋਂ ਆਨੰਦ ਮਾਣ ਸਕਣਗੇ। ਇਸ ਮੌਕੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਆਨਰੇਰੀ ਸਕੱਤਰ ਗੁਰਮੀਤ ਸਿੰਘ ਮੀਤ ਹੇਅਰ ਨੇ ਬੀਸੀਸੀਆਈ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਨੂੰ ਇਸ ਮਹੱਤਵਪੂਰਨ ਮਹਿਲਾ ਕ੍ਰਿਕਟ ਮੁਕਾਬਲੇ ਦੀ ਮੇਜ਼ਬਾਨੀ ਦਾ ਮੌਕਾ ਮਿਲਣਾ ਮਾਣ ਵਾਲੀ ਗੱਲ ਹੈ।

# ਨਿੱਜੀ ਸਕੂਲਾਂ 'ਚ ਕਮਜ਼ੋਰ ਤੇ ਵੰਚਿਤ ਵਰਗਾਂ ਲਈ 25 ਫੀਸਦੀ ਸੀਟਾਂ ਰਾਖਵੀਆਂ

**ਕਪੂਰਥਲਾ (ਮਨਜੀਤ ਮਾਨ)**-ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਜ਼ਿਲ੍ਹੇ ਦੇ ਰਾਈਟ ਟੂ ਐਜੂਕੇਸ਼ਨ (ਆਰ ਟੀ ਈ) ਐਕਟ, 2009 ਦੇ ਦਾਇਰੇ ਵਿੱਚ ਆਉਂਦੇ ਸਾਰੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ ਕਲਾਸ ਪਹਿਲੀ ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਵੰਚਿਤ ਵਰਗਾਂ ਨਾਲ ਸਬੰਧਤ ਬੱਚਿਆਂ ਲਈ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਅਤੇ ਐਕਟ ਦੀਆਂ ਵਿਵਸਥਾਵਾਂ ਅਨੁਸਾਰ ਉਨ੍ਹਾਂ ਨੂੰ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਰ ਟੀ ਈ ਐਕਟ ਦੇ ਦਾਇਰੇ ਵਿੱਚ ਆਉਂਦੇ ਸਾਰੇ ਸਕੂਲਾਂ ਲਈ ਯੋਗ ਕਮਜ਼ੋਰ ਅਤੇ ਵੰਚਿਤ ਵਰਗਾਂ ਦੇ ਬੱਚਿਆਂ ਵਾਸਤੇ ਕਲਾਸ ਪਹਿਲੀ ਦੀਆਂ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਦੀ ਵਿਵਸਥਾ ਦੀ ਸਖ਼ਤੀ ਨਾਲ ਪਾਲਣਾ ਕਰਨੀ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਨਿੱਜੀ ਸਕੂਲਾਂ ਵਿੱਚ 25 ਫੀਸਦੀ ਕੋਟੇ ਅਧੀਨ ਉਪਲਬਧ ਸੀਟਾਂ ਸਬੰਧੀ ਸਕੂਲ-ਵਾਰ ਜਾਣਕਾਰੀ Kapurthala.gov.in 'ਤੇ ਪਹਿਲਾਂ ਹੀ ਅਪਲੋਡ ਕੀਤੀ ਜਾ ਚੁੱਕੀ ਹੈ, ਤਾਂ ਜੋ ਮਾਪੇ ਸੀਟਾਂ ਦੀ ਉਪਲਬਧਤਾ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਣ ਅਤੇ ਪੋਰਟਲ ਖੁੱਲ੍ਹਣ ਉਪਰੰਤ ਆਨਲਾਈਨ ਅਰਜ਼ੀਆਂ ਜਮ੍ਹਾਂ ਕਰਵਾ ਸਕਣ। ਉਨ੍ਹਾਂ ਕਿਹਾ ਕਿ ਸਿੱਖਿਆ ਅਧਿਕਾਰੀਆਂ ਨੂੰ ਆਰ ਟੀ ਈ ਐਕਟ ਤਹਿਤ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਦੀ ਵਿਵਸਥਾ ਬਾਰੇ ਮਾਪਿਆਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਆਰ ਟੀ ਈ ਐਕਟ ਦੇ ਦਾਇਰੇ ਵਿੱਚ ਆਉਂਦੇ ਸਾਰੇ ਨਿੱਜੀ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਨੂੰ 25 ਫੀਸਦੀ ਸੀਟਾਂ ਰਾਖਵੀਆਂ ਰੱਖਣ ਅਤੇ ਯੋਗ ਬੱਚਿਆਂ ਨੂੰ ਮੁਫ਼ਤ ਤੇ ਲਾਜ਼ਮੀ ਸਿੱਖਿਆ ਪ੍ਰਦਾਨ ਕਰਨ ਸਬੰਧੀ ਕਾਨੂੰਨੀ ਵਿਵਸਥਾਵਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

# ਸਿਹਤਮੰਦ ਭਵਿੱਖ ਲਈ ਆਯੁਰਵੇਦ ਦੀ ਭੂਮਿਕਾ ਵਿਸ਼ੇ 'ਤੇ ਪ੍ਰਤੀਯੋਗਤਾ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾਵਿਦਿਆਲਿਆ ਵਿਖੇ ਸੰਸਥਾ ਮੁਖੀ ਡਾ. ਏਕਤਾ ਖੋਸਲਾ ਦੀ ਯੋਗ ਅਗਵਾਈ ਹੇਠ ਅਤੇ ਐੱਨ ਐੱਸ ਐੱਸ ਇੰਚਾਰਜ ਸੁਸ਼ੀ ਹਰਮਨੂਪਾਲ ਦੇ ਦਿਸ਼ਾ-ਨਿਰਦੇਸ਼ਾਂ ਨਾਲ ਵਿਦਿਆਰਥਣਾਂ ਵਿੱਚ ਆਯੁਰਵੇਦ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਸਿਹਤਮੰਦ ਜੀਵਨ-ਸ਼ੈਲੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 'ਸਿਹਤਮੰਦ ਭਵਿੱਖ ਲਈ ਆਯੁਰਵੇਦ ਦੀ ਭੂਮਿਕਾ' ਵਿਸ਼ੇ 'ਤੇ ਪੀ ਪੀ ਟੀ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ।




ਇਸ ਪ੍ਰਤੀਯੋਗਤਾ ਦੌਰਾਨ ਵਿਦਿਆਰਥਣਾਂ ਨੇ ਆਪਣੀਆਂ ਪੀ ਪੀ ਟੀ ਪ੍ਰਸਤੁਤੀਆਂ ਰਾਹੀਂ ਆਯੁਰਵੇਦ ਦੀ ਪ੍ਰਾਚੀਨ ਗਿਆਨ-ਪਰੰਪਰਾ, ਰੋਕਥਾਮੀ ਸਿਹਤ ਸੰਭਾਲ, ਸੰਤੁਲਿਤ ਜੀਵਨ-ਸ਼ੈਲੀ, ਕੁਦਰਤੀ ਚਿਕਿਤਸਾ ਅਤੇ ਆਧੁਨਿਕ ਸਮੇਂ ਵਿੱਚ ਆਯੁਰਵੇਦ ਦੀ ਪ੍ਰਸੰਗਿਕਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਵਿਦਿਆਰਥਣਾਂ ਨੇ ਵਿਸ਼ੇ ਨਾਲ ਸਬੰਧਤ ਤੱਥਾਂ ਨੂੰ ਰਚਨਾਤਮਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਪ੍ਰਤੀਯੋਗਤਾ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਭਾਰਤੀ ਪਰੰਪਰਾਗਤ ਚਿਕਿਤਸਾ ਪ੍ਰਣਾਲੀ ਦੇ ਮਹੱਤਵ ਨੂੰ ਸਮਝਣ ਲਈ ਪ੍ਰੇਰਿਤ ਕਰਨਾ ਸੀ। ਪ੍ਰਸਤੁਤੀਆਂ ਵਿੱਚ ਸਿਹਤਮੰਦ ਖੁਰਾਕ, ਯੋਗ, ਦਿਨਚਰਿਆ, ਕੁਦਰਤੀ ਜੀਵਨ-ਸ਼ੈਲੀ ਅਤੇ ਰੋਗਾਂ ਤੋਂ ਬਚਾਅ ਵਰਗੇ ਵਿਸ਼ਿਆਂ ਨੂੰ ਵਿਸ਼ੇਸ਼ ਤੌਰ 'ਤੇ ਉਜਾਗਰ ਕੀਤਾ ਗਿਆ। ਕਾਲਜ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਵਿੱਚ ਸਿਹਤ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਸਮੇਂ ਦੀ ਲੋੜ ਹੈ। ਇਸ ਮੌਕੇ ਤੇ ਹਿੰਦੀ ਵਿਭਾਗ ਤੋਂ ਡਾ. ਪਵਨ ਕੁਮਾਰੀ ਅਤੇ ਪੰਜਾਬੀ ਵਿਭਾਗ ਤੋਂ ਡਾ. ਮਨਦੀਪ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ। ਇਸ ਮੌਕੇ ਐੱਨ ਐੱਸ ਐੱਸ ਮੈਂਬਰ ਡਾ. ਸੰਦੀਪ ਕੌਰ ਅਤੇ ਡਾ. ਦੀਪਤੀ ਧੀਰ ਹਾਜ਼ਰ ਰਹੇ। ਪ੍ਰਤੀਯੋਗਤਾ ਦੇ ਅੰਤ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ।

# ਅਧਿਆਪਕ ਜਥੇਬੰਦੀਆਂ ਵੱਲੋਂ ਮਿਡ ਡੇ ਮੀਲ ਬੰਦ ਕਰਨ ਤੇ ਪ੍ਰਾਇਮਰੀ ਖੇਡਾਂ ਦੇ ਬਾਈਕਾਟ ਦਾ ਐਲਾਨ

**ਸੁਲਤਾਨਪੁਰ ਲੋਧੀ (ਹਨੀ)**-ਵੱਖ ਵੱਖ ਅਧਿਆਪਕ ਜਥੇਬੰਦੀਆਂ ਜਿਹਨ੍ਹਾਂ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾਈ ਆਗੂ ਰਸ਼ਪਾਲ ਸਿੰਘ ਵੜੈਚ, ਡੈਮੋਕ੍ਰੇਟਿਕ ਟੀਚਰਜ਼



ਫ਼ਰੰਟ ਕਪੂਰਥਲਾ ਦੇ ਜਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਅੱਲੂਵਾਲ, ਜੀ ਟੀ ਯੂ ਦੇ ਜਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਬੱਧਣ, ਗੁਰਮੇਜ ਸਿੰਘ ਤਲਵੰਡੀ ਚੌਧਰੀਆਂ, ਅਧਿਆਪਕ ਦਲ ਕਪੂਰਥਲਾ ਦੇ ਜਿਲ੍ਹਾ ਪ੍ਰਧਾਨ ਸੁਖਦਿਆਲ ਸਿੰਘ ਝੰਡ, ਡੀ ਟੀ ਐੱਫ ਦੇ ਆਗੂ ਜੈਮਲ ਸਿੰਘ ਅਤੇ ਮਾਸਟਰ ਕਾਡਰ ਯੂਨੀਅਨ ਕਪੂਰਥਲਾ ਤੋਂ ਨਰੇਸ਼ ਕੋਹਲੀ, ਤਰਵਿੰਦਰ ਸਿੰਘ ਮੱਲ੍ਹੀ ਦੀ ਹੋਈ ਔਨਲਾਈਨ ਅਤੇ ਅਤੇ ਆਫ਼ ਲਾਈਨ ਮੀਟਿੰਗ ਵਿੱਚ ਲਏ ਕੁਝ ਅਹਿਮ ਫੈਸਲਿਆਂ ਅਨੁਸਾਰ ਜਿਹਨਾਂ ਵਿੱਚ ਮੁੱਖ ਤੌਰ ਤੇ ਜੇਕਰ ਮਿਡ ਡੇ ਮੀਲ ਦੇ ਪੈਸੇ ਅਡਵਾਂਸ ਨਹੀਂ ਆਉਂਦੇ ਤਾਂ, ਮਿਡ ਦੇ ਮੀਲ 1 ਅਕਤੂਬਰ ਤੋਂ ਬੰਦ ਕਰ ਦਿੱਤਾ ਜਾਵੇਗਾ। ਅਧਿਆਪਕ ਆਗੂਆਂ ਨੇ ਕਿਹਾ ਕਿ ਮਿਡ ਡੇ ਮੀਲ ਲਈ ਅਪ੍ਰੈਲ ਮਹੀਨੇ ਤੋਂ ਲੈ ਕੇ ਹੁਣ ਤੱਕ ਅਧਿਆਪਕਾਂ ਦੀਆਂ ਜੇਬਾਂ ਵਿੱਚੋਂ ਬਹੁਤ ਜਿਆਦਾ ਖਰਚਾ ਹੋ ਚੁੱਕਾ ਹੈ। ਵਿਭਾਗ ਵੱਲੋਂ ਮਿਡ ਡੇ ਮੀਲ ਦੀ ਰਾਸ਼ੀ ਨਵੇਂ ਸਪਰਸ਼ ਪੋਰਟਲ ਦੁਆਰਾ ਭੇਜੀ ਜਾ ਰਹੀ ਹੈ, ਜੋ ਕਿ ਇੱਕ ਗੁੰਝਲਦਾਰ ਪ੍ਰਕਿਰਿਆ ਹੈ ਜੋ ਕਿ ਅਧਿਆਪਕਾਂ ਲਈ ਸਿਰਦਰਦੀ ਬਣੀ ਹੋਈ ਹੈ। ਅਧਿਆਪਕ ਆਗੂਆਂ ਨੇ ਮੰਗ ਕੀਤੀ ਕਿ ਇਹ ਗੁੰਝਲਦਾਰ ਪ੍ਰਕਿਰਿਆ ਨੂੰ ਵਿਭਾਗ ਦੁਆਰਾਬੰਦ ਕਰਨ ਅਤੇ ਮਿਡ ਡੇ ਮੀਲ ਦੀ ਰਾਸ਼ੀ ਅਡਵਾਂਸ ਆਉਣ ਤੱਕ ਮਿਡ ਡੇ ਮੀਲ 1 ਅਕਤੂਬਰ ਤੋਂ ਬੰਦ ਕਰ ਦਿੱਤਾ ਗਿਆ ਜਾਵੇਗਾ। ਇਸ ਤੋਂ ਇਲਾਵਾ ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਸਰਕਾਰ ਵੱਲੋਂ ਮੁਲਾਜ਼ਮ ਵਰਗ ਪ੍ਰਤੀ ਅਪਣਾਏ ਨਾਂਹ ਪੱਖੀ ਵਿਹਾਰ ਕਾਰਨ ਇਸ ਵਾਰ ਪ੍ਰਾਇਮਰੀ ਸਕੂਲ ਖੇਡਾਂ ਲਈ ਜੇਕਰ ਫੰਡ ਨਹੀਂ ਆਉਂਦੇ ਤਾਂ ਅਧਿਆਪਕ ਵਰਗ ਕੋਲੋਂ ਪੈਸੇ ਲਾ ਕੇ ਇਹ ਖੇਡਾਂ ਨਹੀਂ ਕਰਵਾਏਗਾ। ਇਸ ਮੌਕੇ ਤੇ ਅਸ਼ਵਨੀ ਕੁਮਾਰ, ਪਰਦੀਪ ਸਿੰਘ ਟੋਨੀ, ਅੰਮ੍ਰਿਤਪਾਲ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਭਾਈ ਲਾਲੋ ਦੇ ਜਨਮ ਦਿਵਸ ਨੂੰ ਸਮਰਪਤ ਸਮਾਗਮ ਭਲਕੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਮੋਰਿੰਡਾ ਵੱਲੋਂ ਪ੍ਰਬੰਧਕ ਕਮੇਟੀ ਗੁਰਦੁਆਰਾ ਕੋਤਵਾਲੀ ਸਾਹਿਬ ਅਤੇ ਗੁਰਦੁਆਰਾ ਰਾਮਗੜ੍ਹੀਆ ਸਿੰਘ ਸਭਾ ਦੇ ਸਹਿਯੋਗ ਨਾਲ ਭਾਈ ਲਾਲੋ ਦਾ ਜਨਮ ਦਿਹਾੜਾ 27 ਸਤੰਬਰ ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ। ਫੈਡਰੇਸ਼ਨ ਦੇ ਸਰਪ੍ਰਸਤ ਕੁਲਬੀਰ ਸਿੰਘ ਸੋਨੂ ਤੇ ਪ੍ਰਧਾਨ ਬਿਕਰਮਜੀਤ ਸਿੰਘ ਸੋਹਣਪਾਲ ਨੇ ਦੱਸਿਆ ਕਿ ਸਮਾਗਮ ਸਬੰਧੀ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਉਹਨਾਂ ਅੱਗੇ ਦੱਸਿਆ ਕਿ ਭਾਈ ਹਰਵਿੰਦਰ ਸਿੰਘ ਮਨੈਲੀ ਵਾਲੇ, ਭਾਈ ਸੇਵਕ ਸਿੰਘ ਕੰਵਲ, ਭਾਈ ਮਨਪ੍ਰੀਤ ਸਿੰਘ ਮੋਹਾਲੀ ਵਾਲੇ ਅਤੇ ਭਾਈ ਗੁਰਬਾਜ਼ ਸਿੰਘ ਸੰਗਤਾਂ ਨੂੰ ਸ਼ਾਮ 5 ਵਜੇ ਤੋਂ 9 ਵਜੇ ਤੱਕ ਕਥਾ ਕੀਰਤਨ ਰਾਹੀਂ ਨਿਹਾਲ ਕਰਨਗੇ। ਇਸ ਮੌਕੇ ਤੇਜਿੰਦਰ ਸਿੰਘ ਕਲਸੀ, ਦਲਜੀਤ ਸਿੰਘ ਮੁੰਡੇ, ਜਗਜੀਤ ਸਿੰਘ ਗੋਹਲ, ਜਗਦੀਪ ਸਿੰਘ ਘਟੌੜੇ, ਜਗਵਿੰਦਰ ਸਿੰਘ ਜੰਡ, ਹਰਮੀਤ ਸਿੰਘ ਸੱਲ੍ਹ, ਜਸਪ੍ਰੀਤ ਸਿੰਘ ਕਲਸੀ, ਚਰਨਜੀਤ ਸਿੰਘ ਗੋਹਲ, ਗੁਰਪ੍ਰੀਤ ਸਿੰਘ ਬਿੰਬਰਾ, ਪਰਮਿੰਦਰ ਸਿੰਘ ਮਠਾੜੂ, ਅਵਤਾਰ ਸਿੰਘ ਵਿਰਦੀ, ਮਨਵਿੰਦਰ ਸਿੰਘ ਜੰਡੂ, ਗੁਰਵਿੰਦਰ ਸਿੰਘ ਗੋਹਲ, ਮਨਦੀਪ ਸਿੰਘ ਸੋਹਣਪਾਲ, ਜਸਵਿੰਦਰ ਸਿੰਘ ਮਠਾੜੂ, ਮੇਜਰ ਸਿੰਘ ਰੂਪਰਾਏ, ਮਨਜੀਤ ਸਿੰਘ ਧੀਮਾਨ, ਗੁਰਵਿੰਦਰ ਸਿੰਘ ਗੋਹਲ, ਪੁਨੀਤ ਕਲਸੀ ਆਦਿ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਟ੍ਰੇਡਿੰਗ ਕੰਪਨੀ 'ਤੇ ਰੇਡ

### 240 ਕਿਲੋ ਦੇਸੀ ਘਿਉ, ਜੀਰਾ ਜੂਸ 190 ਲੀਟਰ, ਰੀਅਲ ਯੂਸ 500 ਲੀਟਰ ਨੂੰ ਕੀਤਾ ਸੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਜ਼ਿਲ੍ਹੇ ਦੇ ਨਿਵਾਸੀਆਂ ਨੂੰ ਸਾਫ ਸੁਥਰੀਆ ਖਾਣ ਯੋਗ ਵਸਤੂਆ ਮੁਹੀਆ ਕਰਵਾਉਣ ਲਈ ਪੂਰੇ ਮਿਸ਼ਨ ਤੰਦਰੁਸਤ ਸਿਹਤ ਮੁਹਿਮ ਚਲਾਈ ਜਾ ਰਹੀ ਹੈ। ਇਸ ਦੇ ਚਲਦਿਆ ਜ਼ਿਲ੍ਹਾ ਸਿਹਤ ਅਫਸਰ ਡਾ. ਜਤਿੰਦਰ ਕੁਮਾਰ ਭਾਟੀਆ ਅਤੇ ਉਨ੍ਹਾਂ ਦੀ ਫੂਡ ਸੇਫਟੀ ਟੀਮ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ ਜਦੋ ਹੁਸਿਆਰਪੁਰ ਸ਼ਹਿਰ ਦੇ ਮਾਹਿਲਪੁਰ ਅੱਡਾ ਵਿੱਖੇ ਦੱਤਾ ਟ੍ਰੇਡਿਗ ਕੰਪਨੀ ਤੇ ਅਚਨਚੇਤ ਰੇਡ ਮਾਰਕੇ ਵੱਡੀ ਪੱਧਰ ਤੇ ਮਿਆਦ ਲੰਘੀ ਵਾਲਾ ਡਾਬਰ ਕੰਪਨੀ ਦਾ ਦੇਸੀ ਘਿਉ, ਰੀਅਲ ਕੰਪਨੀ ਦਾ ਜੂਸ ਤੇ ਜੀਰਾ ਦੀਆ ਬੋਤਲਾ ਫੜਕੇ ਸੀਲ ਕਰ ਦਿੱਤਾ ਤੇ ਹੁਣ ਇਸ ਨੂੰ ਨਸ਼ਟ ਕਰਵਾਇਆ ਜਾਵੇਗਾ ਤੇ ਕੰਪਨੀ ਦੇ ਮਾਲਕ ਨੂੰ ਨੋਟਿਸ ਵੀ ਦਿਤਾ ਗਿਆ ਤੇ 15 ਦਿਨ ਦਾ ਟਾਇਮ ਦਿੱਤਾ ਗਿਆ ਕਿ ਉਸ ਕੋਲ ਜੇਕਰ ਕੋਈ ਹੋਰ ਸਮਾਨ ਵੀ ਹੈ ਤਾਂ ਉਸ ਠੀਕ ਕਰ ਲਵੇ। ਉਨ੍ਹਾਂ ਜ਼ਿਲ੍ਹੇ ਦੀਆਂ ਟ੍ਰੇਡਿੰਗ ਕੰਪਨੀਆਂ ਤੇ ਵਿਕਰੇਤਾ ਨੂੰ ਵਾਰਨਿੰਗ ਦਿਦਿੰਆ ਕਿਹਾ ਕਿ ਇਹੋ ਜਿਹਾ ਮਆਦ ਪੁਗੀ ਵਾਲਾ ਸਮਾਨ ਨਾ ਵੇਚਣ, ਨਹੀ ਤੇ ਵੱਡੇ ਜੁਰਮਾਨੇ ਤੇ ਕਨੂੰਨੀ ਕਾਰਵਾਈ ਲਈ ਤਿਆਰ ਰਹਿਣ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ



ਦੁਕਾਨਦਾਰ ਕੋਲ ਮਿਆਦ ਪੁਗੀ ਵਾਲਾ ਸਮਾਨ ਹੈ ਤੇ ਉਸ ਲਈ ਇਕ ਵੱਖਰਾ ਰੈਕ ਲਗਾਉਣ ਜਾਂ ਇਕ ਵੱਖਰਾ ਕਮਰਾ ਬਣਆਉਣ ਜਿਸ ਤੇ ਇਹ ਲਿਖਿਆ ਹੋਵੇ ਕਿ ਇਸ ਸਮਾਨ ਦੀ ਮਿਆਦ ਪੁਗੀ ਹੋਈ ਹੈ। ਇਸ ਮੌਕੇ ਉਨ੍ਹਾਂ ਨਾਲ ਫੂਡ ਸੇਫਟੀ ਅਫਸਰ ਵਿਵੇਕ, ਰਾਜਵੀਰ ਕੌਰ, ਰਾਮ ਲੁਭਾਇਆ ਤੇ ਗੁਰਵਿੰਦਰ ਸ਼ਾਨੇ ਵੀ ਹਾਜਰ ਸੀ। ਇਸ ਮੌਕੇ ਜ਼ਿਲ੍ਹਾ ਸਿਹਤ ਅਫਸਰ ਡਾ ਜਤਿੰਦਰ ਕਮੁਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਲੋਕਾਂ ਨੂੰ ਸਾਫ ਸੁਥਰੇ ਖਾਦ ਪਦਾਰਥ ਮੁਹਈਆ ਕਰਵਾਉਣਾ ਸਿਹਤ ਵਿਭਾਗ ਦੀ ਜ਼ਿੰਮੇਵਾਰੀ ਹੈ। ਪਿਛਲੇ ਕਈ ਦਿਨਾਂ ਤੋਂ ਇਹ ਸ਼ਿਕਾਇਤ ਆ ਰਹੀ ਸੀ ਕਿ ਸ਼ਹਿਰ ਵਿੱਚ ਮਿਆਦ ਲੰਘੀ ਵਾਲਾ ਦੇਸੀ ਘਿਉ ਤੇ ਹੋਰ ਬਹੁਤ ਜੂਸ ਵਿਕ ਰਿਹਾ ਹੈ ਤੇ ਕਈ ਦਿਨਾਂ ਤੋ ਸਿਹਤ ਵਿਭਾਗ ਦੀ ਟੀਮ ਰੇਕੀ ਕਰ ਰਹੀ ਸੀ , ਸਿਹਤ ਵਿਭਾਗ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ ਹੈ ਜਦੋ ਮਹਿਲਪੁਰ ਅੱਡਾ ਹੁਸ਼ਿਆਰਪੁਰ ਦੇ ਨਜਦੀਕ ਦੱਤਾ ਟ੍ਰੇਡਰ ਤੇ ਰੇਡ ਮਾਰੀ ਤੇ 240 ਕਿਲੋ ਡਾਬਰ ਕੰਪਨੀ ਦਾ ਦੇਸੀ ਘਿਉ, ਰੀਅਲ ਕੰਪਨੀ ਦਾ 500 ਲੀਟਰ ਜੂਸ, ਜੀਰਾ ਜੂਸ 190 ਲੀਟਰ ਜਪਤ ਕਰਕੇ ਸੀਲ ਕਰ ਦਿੱਤਾ ਹੈ ਤੇ ਇਸ ਨੂੰ ਨਸ਼ਟ ਕਰਵਾਇਆ ਜਾਵੇਗਾ। ਇਸ ਮੌਕੇ ਦੱਤਾ ਟ੍ਰੇਡਿਗ ਕੰਪਨੀ ਦੇ ਮਾਲਿਕ ਨੇ ਦੱਸਿਆ ਕਿ ਇਹ ਸਾਰਾ ਸਮਾਨ ਡਾਬਰ ਕੰਪਨੀ ਵੱਲੋ ਲੈ ਜਾਣਾ ਸੀ ਪਰ ਉਹ ਲੈ ਕੇ ਨਹੀਂ ਗਏ।

# ਵਿੱਤ ਮੰਤਰੀ ਵੱਲੋਂ ਏਮਜ਼ ਵਿਖੇ ਜੂਨੀਅਰ ਰੈਜ਼ੀਡੈਂਟ ਦੀਆਂ 110 ਨਵੀਂਆਂ ਅਸਾਮੀਆਂ ਨੂੰ ਪ੍ਰਵਾਨਗੀ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਮੈਡੀਕਲ ਸਿੱਖਿਆ ਅਤੇ ਜਨਤਕ ਸਿਹਤ ਸੰਭਾਲ ਦੇ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਏਮਜ਼), ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਜੂਨੀਅਰ ਰੈਜ਼ੀਡੈਂਟਸ (ਜੇ ਆਰ) ਦੀਆਂ 110 ਨਵੀਂਆਂ ਅਸਾਮੀਆਂ ਦੀ ਸਿਰਜਣਾ ਨੂੰ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਪ੍ਰਵਾਨਿਤ ਜੇ ਆਰ ਅਸਾਮੀਆਂ ਦੀ ਕੁੱਲ ਗਿਣਤੀ 97 ਤੋਂ ਵੱਧ ਕੇ 207 ਹੋ ਗਈ ਹੈ। ਇਸ ਫੈਸਲੇ ਦਾ ਐਲਾਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਭਗਵੰਤ ਸਿੰਘ ਮਾਨ ਸਰਕਾਰ ਪੰਜਾਬ ਨੂੰ ਸਿਹਤ ਸੰਭਾਲ ਅਤੇ ਮੈਡੀਕਲ ਸਿੱਖਿਆ ਦਾ ਮੋਹਰੀ ਧੁਰਾ ਬਣਾਉਣ ਲਈ ਵਚਨਬੱਧ ਹੈ। ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਅਤੇ ਨੈਸ਼ਨਲ ਬੋਰਡ ਆਫ਼ ਐਗਜ਼ਾਮੀਨੇਸ਼ਨਜ਼ ਇਨ ਮੈਡੀਕਲ ਸਾਇੰਸਿਜ਼ ਵੱਲੋਂ 24 ਵਿਭਾਗਾਂ ਵਿੱਚ ਐਫੀਲੀਏਸ਼ਨ ਦੀ ਮਨਜ਼ੂਰੀ ਦਿੱਤੇ ਜਾਣ ਉਪਰੰਤ, ਏਮਜ਼ ਮੋਹਾਲੀ ਵਿਖੇ ਪੋਸਟ-ਗ੍ਰੈਜੂਏਟ ਦੀਆਂ ਸਾਲਾਨਾ ਸੀਟਾਂ ਵੱਧ ਕੇ 69 ਪ੍ਰਤੀ ਸਾਲ ਹੋ ਗਈਆਂ ਹਨ। ਇਸ ਕਾਰਨ ਤਿੰਨ ਸਾਲਾਂ ਦੇ ਅਕਾਦਮਿਕ ਚੱਕਰ ਦੌਰਾਨ ਕੁੱਲ 207 ਪੋਸਟ-ਗ੍ਰੈਜੂਏਟ/ਜੂਨੀਅਰ ਰੈਜ਼ੀਡੈਂਟ ਡਾਕਟਰਾਂ ਦੀ ਕਾਰਜ ਸਮਰੱਥਾ ਦੀ ਲੋੜ ਬਣ ਗਈ ਹੈ।' ਸੰਸਥਾਗਤ ਲੋੜਾਂ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਨੇ ਦੱਸਿਆ, 'ਮੌਜੂਦਾ ਸਮੇਂ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਕੋਲ ਜੂਨੀਅਰ ਰੈਜ਼ੀਡੈਂਟ ਦੀਆਂ 97 ਪ੍ਰਵਾਨਿਤ ਅਸਾਮੀਆਂ ਹਨ। ਸਾਲਾਨਾ 38 ਅਕਾਦਮਿਕ ਰੈਜ਼ੀਡੈਂਟਸ ਦੇ ਦਾਖ਼ਲੇ ਨਾਲ, ਤਿੰਨ ਸਾਲਾਂ ਦੇ ਸਿਖਲਾਈ ਚੱਕਰ ਦੌਰਾਨ ਮੌਜੂਦਾ ਗਿਣਤੀ 114 ਬਣਦੀ ਹੈ।' ਉਨ੍ਹਾਂ ਅੱਗੇ ਕਿਹਾ, 'ਨਵੇਂ ਪੋਸਟ-ਗ੍ਰੈਜੂਏਟ ਕੋਰਸਾਂ ਅਤੇ ਵਿਸਤ੍ਰਿਤ ਵਿਭਾਗਾਂ ਦੇ ਮੱਦੇਨਜ਼ਰ ਅਕਾਦਮਿਕ ਸੈਸ਼ਨ 2026-2027 ਲਈ 147, 2027-2028 ਲਈ 177 ਅਤੇ 2028-2029 ਲਈ 207 ਸੀਟਾਂ ਦੀ ਲੋੜ ਦਾ ਅੰਦਾਜ਼ਾ ਲਗਾਇਆ ਗਿਆ ਹੈ। ਮੌਜੂਦਾ ਘਾਟ ਨੂੰ ਪੂਰਾ ਕਰਨ ਅਤੇ ਮੌਜੂਦਾ ਅਕਾਦਮਿਕ ਵਰ੍ਹੇ 2026-27 ਲਈ 147 ਸੀਟਾਂ ਦੀ ਲੋੜ ਨੂੰ ਸਫ਼ਲਤਾਪੂਰਵਕ ਪੂਰਾ ਕਰਨ ਲਈ ਸਾਡੀ ਸਰਕਾਰ ਨੇ ਇਹਨਾਂ ਅਹਿਮ ਅਸਾਮੀਆਂ ਦੀ ਤੁਰੰਤ ਸਿਰਜਣਾ ਨੂੰ ਮਨਜ਼ੂਰੀ ਦੇ ਦਿੱਤੀ ਹੈ।'

# ਗੁਲਜ਼ਾਰ ਸਿੰਘ ਨੂੰ ਇਨਸਾਫ਼ ਤੇ ਨਸ਼ਿਆਂ ਖ਼ਿਲਾਫ਼ ਕਾਂਗਰਸ ਵੱਲੋਂ ਧਰਨਾ

**ਮੁਹਾਲੀ (ਗੁਰਜੀਤ ਬਿੱਲਾ)**- ਐੱਸ ਐੱਸ ਪੀ ਦਫ਼ਤਰ ਮੋਹਾਲੀ ਵਿਖੇ ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਵੱਲੋਂ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਕਹਿਰ ਅਤੇ ਨਸ਼ਿਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਗੁਲਜ਼ਾਰ ਸਿੰਘ ਦੇ ਮਾਮਲੇ ਵਿੱਚ



ਇਨਸਾਫ਼ ਦੀ ਮੰਗ ਨੂੰ ਲੈ ਕੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਪ੍ਰਦਰਸ਼ਨ ਦੀ ਅਗਵਾਈ ਸੀਨੀਅਰ ਕਾਂਗਰਸ ਆਗੂ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਕੀਤੀ। ਇਸ ਮੌਕੇ ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਸਿਰਫ਼ ਸਰਕਾਰੀ ਇਸ਼ਤਿਹਾਰਾਂ, ਨਾਅਰਿਆਂ ਅਤੇ ਸਿਆਸੀ ਮੁਹਿੰਮਾਂ ਤੱਕ ਸੀਮਤ ਨਹੀਂ ਰਹਿ ਸਕਦਾ। ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਅਤੇ ਆਮ ਨਾਗਰਿਕ ਨਸ਼ਿਆਂ ਦੇ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰ ਰਹੇ ਹਨ, ਉਨ੍ਹਾਂ ਦੀ ਆਵਾਜ਼ ਸੁਣਨਾ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਆਵਾਜ਼ ਚੁੱਕਣ ਵਾਲਿਆਂ ਨੂੰ ਡਰਾਉਣ ਜਾਂ ਦਬਾਉਣ ਦੀ ਬਜਾਏ ਨਸ਼ਾ ਤਸਕਰੀ ਦੇ ਅਸਲ ਨੈੱਟਵਰਕ 'ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਉਨ੍ਹਾਂ ਸੰਗਰੂਰ ਦੇ ਪਿੰਡ ਸ਼ੇਰੋਂ ਵਿਖੇ ਵਾਪਰੇ ਮੋਹਨਜੀਤ ਸਿੰਘ ਨਾਲ ਸਬੰਧਤ ਮਾਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇਕਰ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਨੌਜਵਾਨ ਨੂੰ ਹੀ ਪੁਲਿਸ ਤਸ਼ੱਦਦ ਦਾ ਸਾਹਮਣਾ ਕਰਨਾ ਪਵੇ, ਤਾਂ ਇਹ ਬੇਹੱਦ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਜ਼ਿੰਮੇਵਾਰ ਅਧਿਕਾਰੀ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗੁਲਜ਼ਾਰ ਸਿੰਘ ਦੇ ਪਰਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ।

# ਸ੍ਰੀ ਗੁਰੂ ਰਵਿਦਾਸ ਸੈਨਾ ਨੇ ਦੋ ਹੋਣਹਾਰ ਨੌਜਵਾਨਾਂ ਨੂੰ ਕੀਤਾ ਸਨਮਾਨਤ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਥਾਈਲੈਂਡ ਦੇ ਸ਼ਹਿਰ ਬੈਂਕਾਕ ਵਿਖੇ ਹੋਈ 'ਆਇਰਨ ਵਰਲਡ ਚੈਂਪੀਅਨਸ਼ਿਪ-2026' ਪਾਵਰਲਿਫਟਿੰਗ ਪ੍ਰਤੀਯੋਗਤਾ ਵਿੱਚ ਗੋਲਡ ਮੈਡਲ ਜਿੱਤ ਕੇ ਦੇਸ਼ ਅਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਦੋ ਹੋਣਹਾਰ



ਨੌਜਵਾਨਾਂ ਜਸਵੰਤ ਸਿੰਘ ਜੱਸਾ ਅਤੇ ਰਾਜ ਕੁਮਾਰ ਦਾ 'ਸ੍ਰੀ ਗੁਰੂ ਰਵਿਦਾਸ ਸੈਨਾ' ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਪਿੰਡ ਖਨੌੜਾ ਦੇ ਵਸਨੀਕ ਜਸਵੰਤ ਸਿੰਘ ਜੱਸਾ ਅਤੇ ਪਿੰਡ ਮੇਹਟੀਆਣਾ ਦੇ ਰਾਜ ਕੁਮਾਰ ਨੇ ਬੈਂਕਾਕ ਵਿਖੇ ਹੋਈ ਇਸ ਪਾਵਰਲਿਫਟਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਸਰੀਰਕ ਤਾਕਤ ਅਤੇ ਸਖ਼ਤ ਮਿਹਨਤ ਦਾ ਲੋਹਾ ਮਨਵਾਇਆ। ਜਸਵੰਤ ਸਿੰਘ ਜੱਸਾ ਨੇ 200 ਕਿਲੋ ਭਾਰ ਚੁੱਕ ਕੇ ਪਹਿਲਾ ਸਥਾਨ ਹਾਸਲ ਕਰਦਿਆਂ ਗੋਲਡ ਮੈਡਲ ਆਪਣੇ ਨਾਂ ਕੀਤਾ, ਜਦਕਿ ਰਾਜ ਕੁਮਾਰ ਨੇ 90 ਕਿਲੋ ਭਾਰ ਚੁੱਕ ਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੋਨ ਤਗਮਾ ਜਿੱਤਿਆ। ਦੋਵਾਂ ਨੌਜਵਾਨਾਂ ਦੀ ਇਸ ਸ਼ਾਨਦਾਰ ਖੇਡ ਪ੍ਰਾਪਤੀ 'ਤੇ ਸ੍ਰੀ ਗੁਰੂ ਰਵਿਦਾਸ ਸੈਨਾ ਦੇ ਪੰਜਾਬ ਪ੍ਰਧਾਨ ਦਿਲਬਰ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਦਿਲਬਰ ਸਿੰਘ ਨੇ ਜੇਤੂ ਨੌਜਵਾਨਾਂ ਨੂੰ ਸਨਮਾਨ ਚਿੰਨ੍ਹ ਅਤੇ ਸਿਰੋਪਾਓ ਭੇਟ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਦਿਲਬਰ ਸਿੰਘ ਨੇ ਕਿਹਾ ਕਿ ਐਸੇ ਦੇ ਸਮੇਂ ਵਿੱਚ ਨੌਜਵਾਨਾਂ ਦਾ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨਾ ਬਹੁਤ ਵੱਡੀ ਗੱਲ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਸੈਨਾ ਹਮੇਸ਼ਾ ਮਿਹਨਤੀ, ਹੋਣਹਾਰ ਅਤੇ ਸਮਾਜ ਦਾ ਨਾਂ ਰੌਸ਼ਨ ਕਰਨ ਵਾਲੇ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਲਈ ਉਨ੍ਹਾਂ ਦੇ ਨਾਲ ਖੜ੍ਹੀ ਹੈ। ਸਨਮਾਨ ਸਮਾਗਮ ਦੌਰਾਨ ਸ੍ਰੀ ਗੁਰੂ ਰਵਿਦਾਸ ਸੈਨਾ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਦੋਵੇਂ ਜੇਤੂ ਖਿਡਾਰੀਆਂ ਨੂੰ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸੈਨਾ ਦੇ ਸੀਨੀਅਰ ਮੀਤ ਪ੍ਰਧਾਨ ਹਰਭਜਨ ਚੌਧਰੀ, ਜਨਰਲ ਸਕੱਤਰ ਲਵ ਕੁਮਾਰ, ਗੁਰਪ੍ਰੀਤ, ਰਵੀ, ਦੀਵਾਂਕ, ਗੁਰਜੀਤ ਸਿੰਘ, ਜਗਦੀਸ਼ ਲਾਲ, ਗੌਰਵ ਸਮੇਤ ਹੋਰ ਅਹੁਦੇਦਾਰ ਅਤੇ ਮੈਂਬਰ ਹਾਜ਼ਰ ਸਨ।

# ਢਿੱਲੋਂ ਪੰਜਾਬ 'ਵਰਸਿਟੀ ਸੈਨੇਟ ਲਈ ਮੁੜ ਚੁਣੇ ਗਏ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਐਡਵੋਕੇਟ ਸਿਮਰਨਜੀਤ ਸਿੰਘ ਢਿੱਲੋਂ ਪੰਜਾਬ ਯੂਨੀਵਰਸਿਟੀ ਦੀ ਰਜਿਸਟਰਡ ਗ੍ਰੈਜੂਏਟਸ ਕਾਂਸਟੀਚੁਐਂਸੀ ਤੋਂ ਮੁੜ ਸੈਨੇਟ ਮੈਂਬਰ ਚੁਣੇ ਗਏ ਹਨ। ਉਨ੍ਹਾਂ ਨੇ ਚੋਣ ਵਿੱਚ ਸ਼ਾਨਦਾਰ ਜਿੱਤ ਹਾਸਲ ਕੀਤਾ ਹੈ। ਐਡਵੋਕੇਟ ਢਿੱਲੋਂ ਨੂੰ 3,267 ਪਹਿਲੀ ਪਸੰਦ ਦੀਆਂ ਵੋਟਾਂ ਪ੍ਰਾਪਤ ਹੋਈਆਂ, ਜਿਸ ਨਾਲ ਉਹ ਇਸ ਹਲਕੇ ਦੇ ਉਮੀਦਵਾਰਾਂ ਵਿੱਚ ਦੂਜੇ ਸਥਾਨ 'ਤੇ ਰਹੇ। ਉਨ੍ਹਾਂ ਦੀ ਮੁੜ ਚੋਣ ਪੰਜਾਬ ਯੂਨੀਵਰਸਿਟੀ ਦੇ ਗ੍ਰੈਜੂਏਟ ਵੋਟਰਾਂ ਵੱਲੋਂ ਉਨ੍ਹਾਂ 'ਤੇ ਪ੍ਰਗਟ ਕੀਤੇ ਗਏ ਲਗਾਤਾਰ ਭਰੋਸੇ ਅਤੇ ਸਮਰਥਨ ਨੂੰ ਦਰਸਾਉਂਦੀ ਹੈ। ਐਡਵੋਕੇਟ ਢਿੱਲੋਂ ਪਿਛਲੇ ਕਈ ਸਾਲਾਂ ਤੋਂ ਵਿਦਿਆਰਥੀ ਮਸਲਿਆਂ ਅਤੇ ਯੂਥ ਮਾਮਲਿਆਂ ਨਾਲ ਜੁੜੇ ਰਹੇ ਹਨ। ਉਨ੍ਹਾਂ ਨੇ 2008 ਵਿੱਚ ਪੰਜਾਬ ਯੂਨੀਵਰਸਿਟੀ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਵਜੋਂ ਸੇਵਾ ਨਿਭਾਈ। ਇਸ ਤੋਂ ਬਾਅਦ 2015 ਵਿੱਚ ਐਸ ਓ ਆਈ ਨੂੰ ਵੱਡੇ ਫਰਕ ਨਾਲ ਜਿੱਤ ਹਾਸਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਹ ਯੂਥ ਡਿਵੈਲਪਮੈਂਟ ਬੋਰਡ ਦੇ ਡਾਇਰੈਕਟਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਪਿਛਲੀਆਂ ਸੈਨੇਟ ਚੋਣਾਂ ਵਿੱਚ ਉਨ੍ਹਾਂ ਨੇ ਸੈਨੇਟ ਵਿੱਚ ਵੋਟਾਂ ਕਲੀਅਰ ਕਰਨ ਦੇ ਮਾਮਲੇ ਵਿੱਚ ਦੂਜਾ ਸਥਾਨ ਹਾਸਲ ਕੀਤਾ ਸੀ। ਆਪਣੇ ਪਿਛਲੇ ਕਾਰਜਕਾਲ ਦੌਰਾਨ ਐਡਵੋਕੇਟ ਢਿੱਲੋਂ ਨੇ ਵਿਦਿਆਰਥੀਆਂ ਨਾਲ ਸਬੰਧਤ ਮੁੱਦਿਆਂ ਨੂੰ ਲਗਾਤਾਰ ਸੈਨੇਟ ਵਿੱਚ ਉਠਾਇਆ ਅਤੇ ਉਨ੍ਹਾਂ ਦੇ ਹੱਕਾਂ ਤੇ ਹਿੱਤਾਂ ਨਾਲ ਜੁੜੇ ਮਾਮਲਿਆਂ 'ਤੇ ਕੰਮ ਕੀਤਾ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਸੈਨੇਟ ਦੇ ਪੁਨਰਗਠਨ ਨਾਲ ਸਬੰਧਤ ਯਤਨਾਂ ਵਿੱਚ ਵੀ ਯੋਗਦਾਨ ਪਾਇਆ।

# ਖੇਡਾਂ ਵਤਨ ਪੰਜਾਬ ਦੀਆਂ 'ਚ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਨਾਲ ਘੋਰ ਅਨਿਆਂ

## ਜਿੱਤਣ ਦੇ ਬਾਵਜੂਦ ਨਹੀਂ ਮਿਲੇਗਾ ਸਰਟੀਫਿਕੇਟ ਤੇ ਜੇਤੂ ਰਾਸ਼ੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਉਲੀਕ ਮਿਸ਼ਨ 'ਖੇਡਾਂ ਵਤਨ ਪੰਜਾਬ ਦੀਆਂ' (ਚੌਥਾ ਸੀਜ਼ਨ) ਕਰਵਾਈਆਂ ਜਾ



ਰਹੀਆਂ ਹਨ। ਇਹ ਖੇਡਾਂ ਖਿਡਾਰੀਆਂ ਦੇ ਰੋਸ ਦਾ ਕਾਰਨ ਬਣਦੀਆਂ ਨਜ਼ਰ ਆ ਰਹੀਆਂ ਹਨ। 23 ਅਗਸਤ ਨੂੰ ਹੁਸ਼ਿਆਰਪੁਰ ਵਿਖੇ ਖੇਡਾਂ ਦੀ ਮਿਸ਼ਾਲ ਆਉਣ ਨਾਲ ਸ਼ੁਰੂ ਹੋਏ ਇਸ ਖੇਡ ਮਹਾਕੁੰਭ ਦੇ ਪਹਿਲੇ ਪੜਾਅ ਵਜੋਂ ਬਲਾਕ ਪੱਧਰੀ ਮੁਕਾਬਲੇ ਸਤੰਬਰ ਤੋਂ 12 ਸਤੰਬਰ ਤੱਕ ਮੁਕੰਮਲ ਤਾਂ ਕਰਵਾਏ ਗਏ। ਪਰ ਇਹਨਾਂ ਖੇਡਾਂ ਵਿੱਚ ਖਿਡਾਉਣ ਵਾਲੇ ਸਟਾਫ ਅਤੇ ਬੜੀ ਵੱਡੀ ਘਾਟ ਵੇਖਣ ਨੂੰ ਮਿਲੀ ਅਤੇ ਉਸ ਸਮੇਂ ਹੋਰ ਵੀ ਹੈਰਾਨੀ ਹੋਈ ਜਦੋਂ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਨੂੰ ਪਤਾ ਲੱਗਾ ਕਿ ਉਹਨਾਂ ਨੂੰ ਜੇਤੂ ਸਰਟੀਫਿਕੇਟ ਅਤੇ ਜੇਤੂ ਰਾਸ਼ੀ ਨਹੀਂ ਦਿੱਤੀ ਜਾਵੇਗੀ। ਖੇਡਾਂ ਵਤਨ ਪੰਜਾਬ ਦੀਆਂ (ਚੌਥਾ ਸੀਜ਼ਨ) ਦੇ ਦੂਜੇ ਪੜਾਅ ਵਜੋਂ ਹੁਣ ਜ਼ਿਲ੍ਹਾ ਪੱਧਰੀ ਖੇਡਾਂ 27 ਸਤੰਬਰ ਤੋਂ 5 ਅਕਤੂਬਰ ਤੱਕ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਸਰਕਾਰੀ ਕਾਲਜ, ਟਾਂਡਾ ਵਿਖੇ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਪ੍ਰੰਤੂ ਇਨ੍ਹਾਂ ਖੇਡਾਂ ਦੇ ਨਿਯਮਾਂ ਨੇ 40 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਨੂੰ ਨਿਰਾਸ਼ਾ ਦੇ ਸਮੁੰਦਰ ਵਿੱਚ ਧੱਕ ਦਿੱਤਾ ਹੈ। ਪ੍ਰਸ਼ਾਸਨ ਅਤੇ ਖੇਡ ਵਿਭਾਗ ਵੱਲੋਂ ਬਣਾਏ ਗਏ ਨਵੇਂ ਨਿਯਮਾਂ ਮੁਤਾਬਕ, 40 ਸਾਲ ਤੋਂ ਉੱਪਰ ਦੀ ਉਮਰ ਦੇ ਖਿਡਾਰੀ ਚਾਹੇ ਬਲਾਕ, ਜ਼ਿਲ੍ਹਾ ਜਾਂ ਸੂਬਾ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਜਿੱਤ ਪ੍ਰਾਪਤ ਕਰਨ, ਉਹਨਾਂ ਨੂੰ ਕੋਈ ਵੀ ਨਕਦ ਜੇਤੂ ਰਾਸ਼ੀ ਜਾਂ ਪ੍ਰਮਾਣ ਪੱਤਰ (ਸਰਟੀਫਿਕੇਟ) ਨਹੀਂ ਦਿੱਤਾ ਜਾਵੇਗਾ। ਵੱਡੀ ਉਮਰ ਦੇ ਖਿਡਾਰੀਆਂ ਦਾ ਕਹਿਣਾ ਹੈ ਕਿ ਇਹ ਫੈਸਲਾ ਨਾ ਸਿਰਫ਼ ਉਨ੍ਹਾਂ ਨਾਲ ਵਿਤਕਰਾ ਹੈ, ਸਗੋਂ ਸਿੱਧੇ ਤੌਰ 'ਤੇ ਵੱਡੀ ਬੇਇਨਸਾਫ਼ੀ ਹੈ। ਖਿਡਾਰੀਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਇਸ ਨਿਯਮ 'ਤੇ ਮੁੜ ਵਿਚਾਰ ਕਰੇ ਅਤੇ 40 ਸਾਲ ਤੋਂ ਵੱਧ ਉਮਰ ਦੇ ਜੇਤੂਆਂ ਨੂੰ ਵੀ ਬਣਦਾ ਮਾਣ-ਸਤਿਕਾਰ, ਸਰਟੀਫਿਕੇਟ ਅਤੇ ਜੇਤੂ ਰਾਸ਼ੀ ਮੁਹੱਈਆ ਕਰਵਾਏ।

# ਹਿੰਦੂ ਕੰਨਿਆ ਕਾਲਜ 'ਚ ਜੀਵਨ 'ਚ ਸਵੱਛਤਾ ਦੇ ਮਹੱਤਵ ਦਾ ਸੰਦੇਸ਼

**ਕਪੂਰਥਲਾ (ਮਨਜੀਤ ਮਾਨ)**- ਨਗਰ ਨਿਗਮ ਕਪੂਰਥਲਾ ਵੱਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸਵੱਛ ਭਾਰਤ ਮਿਸ਼ਨ ਤਹਿਤ 'ਸਵੱਛਤਾ ਹੀ ਸੇਵਾ-2026' ਮੁਹਿੰਮ ਨੂੰ ਮੁੱਖ ਰੱਖਦੇ ਨਗਰ ਨਿਗਮ ਕਪੂਰਥਲਾ ਦੇ ਕਮਿਸ਼ਨਰ ਅਨੁਪਮ ਕਲੇਰ ਦੇ ਹੁਕਮਾਂ ਅਤੇ ਹੈਲਥ ਸ਼ਾਖਾ ਦੇ ਕਾਰਪੋਰੇਸ਼ਨ ਸੈਨੀਟੇਸ਼ਨ ਅਫਸਰ ਜਗਦੀਪ ਸਿੰਘ, ਸੀ ਐਸ ਆਈ ਹਿਤੇਸ਼ ਕੁਮਾਰ ਅਗਰਵਾਲ, ਸਵੱਛ ਭਾਰਤ ਮਿਸ਼ਨ ਟੀਮ, ਆਈ ਟੀ ਸੀ ਮਿਸ਼ਨ ਸੁਨਹਿਰਾ ਕੱਲ੍ਹ ਵਿਜ਼ਨ ਸੋਸਾਇਟੀ ਦੇ ਸਹਿਯੋਗ ਨਾਲ ਹਿੰਦੂ ਕੰਨਿਆ ਕਾਲਜ ਕਪੂਰਥਲਾ ਵਿਖੇ ਹਿੰਦੂ ਕੰਨਿਆ ਕਾਲਜ ਦੀਆਂ ਵਿਦਿਆਰਥਣਾਂ ਨੂੰ ਸਵੱਛਤਾ ਦੇ ਨਕਸ਼ ਤਿਆਰ ਕੀਤਾ ਗਿਆ। ਇਸ ਤੋਂ ਇਲਾਵਾ ਕਮਿਸ਼ਨਰ ਨਗਰ ਨਿਗਮ ਵੱਲੋਂ ਸਵੱਛਤਾ ਹੀ ਸੇਵਾ 2026 ਅਤੇ ਜੀਵਨ ਵਿਚ ਸਵੱਛਤਾ ਦੇ ਮਹੱਤਵ ਦਾ ਸੰਦੇਸ਼ ਦਿੱਤਾ ਅਤੇ ਬੱਚਿਆਂ ਨੂੰ ਆਪਣੇ ਘਰ ਵਿਚ ਹੀ ਕੂੜੇ ਨੂੰ ਵੱਖਰਾ ਰੱਖਣ ਲਈ ਪ੍ਰੇਰਿਤ ਕੀਤਾ ਅਤੇ 4 ਕਿਸਮ ਦੇ ਕੂੜੇ ਵੱਖਰਾ ਜਿਵੇਂ ਕਿ ਗਿੱਲਾ ਕੂੜਾ, ਸੁੱਕਾ ਕੂੜਾ, ਸੈਨੇਟਰੀ ਕੂੜਾ, ਘਰੇਲੂ ਖਤਰਨਾਕ ਕੂੜਾ ਸਫਾਈ ਬੱਧੀ ਅਤੇ ਕਿਚਨ ਵੇਸਟ ਨੂੰ ਆਪਣੇ ਘਰ ਵਿਚ ਹੀ ਵਰਤੋਂ ਵਿਚ ਲਿਆਉਣ ਸਬੰਧੀ ਜਾਗਰੂਕ ਕੀਤਾ ਗਿਆ। ਇਹਨਾ ਬਾਅਦ ਕਾਰਜ ਪ੍ਰਿੰਸੀਪਲ ਡਾ. ਅਰਚਨਾ ਗਰਗ, ਡਾ. ਕੁਲਵਿੰਦਰ ਕੌਰ ਨੇ ਕਾਲਜ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਬਤੀਤ



ਕਰਨ ਲਈ ਜਾਗਰੂਕ ਕੀਤਾ। ਇਸ ਤੋਂ ਇਲਾਵਾ ਬੱਚਿਆਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਲਈ ਦੱਸਿਆ ਤੇ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਹਿਕ ਕੁਮਾਰ ਸੈਨੇਟਰੀ ਇੰਸਪੈਕਟਰ, ਪੰਕਜ ਨਿਗਮ ਕਮਿਸ਼ਨਰ ਪੁਨੀਤ ਧਵਨ, ਆਈ ਟੀ ਸੀ ਤੋਂ ਮਿਸ ਯਸਾਸ਼ੀ ਕੇਸ਼ਰਵਾਨੀ, ਪ੍ਰੋਜੈਕਟ ਅਫਸਰ ਸੰਦੀਪ ਕੁਮਾਰ ਬਿਸ਼ਨੋਈ, ਗੁਰਸੇਵਕ ਸਿੰਘ, ਜਸਪ੍ਰੀਤ ਕੌਰ, ਰੋਬਿਨ, ਬਲਰਾਮ ਮਲਾਹ, ਦਿਨੇਸ਼ ਕੁਮਾਰ ਤੋਂ ਇਲਾਵਾ ਕਾਲਜ ਸਟਾਫ ਡਾ. ਸੁਵਿਤ ਦਾਸ, ਰਮਨਦੀਪ ਮੁਕਤੀ, ਡਾ. ਅਨੁਪਮ ਸਭਰਵਾਲ, ਆਦਿ ਨੇ ਸ਼ਮੂਲੀਅਤ ਕੀਤੀ।

# ਹਾਜ਼ਰ ਨਾ ਹੋਣ ਵਾਲੇ ਵੋਟਰਾਂ ਦੀਆਂ ਸੂਚੀਆਂ ਜ਼ਿਲ੍ਹੇ ਦੀ ਵੈੱਬਸਾਈਟ 'ਤੇ ਅਪਲੋਡ

**ਕਪੂਰਥਲਾ (ਮਨਜੀਤ ਮਾਨ)**- ਵੋਟਰ ਸੂਚੀਆਂ ਦੀ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਸਬੰਧ ਵਿੱਚ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਣਮੈਪ ਕੀਤੇ ਵੋਟਰਾਂ ਅਤੇ ਨੋਟਿਸ ਸੁਣਵਾਈਆਂ ਦੌਰਾਨ ਗੈਰ ਹਾਜ਼ਰ ਰਹਿਣ ਵਾਲੇ ਵੋਟਰਾਂ ਦੀਆਂ ਸੂਚੀਆਂ ਸਬੰਧਤ ਵੋਟਰਾਂ ਦੀ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਲਈ ਜ਼ਿਲ੍ਹਾ ਕਪੂਰਥਲਾ ਦੀ ਅਧਿਕਾਰਤ ਵੈੱਬਸਾਈਟ 'ਤੇ ਅਪਲੋਡ ਕਰ ਦਿੱਤੀਆਂ ਗਈਆਂ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਅਕਸ਼ਿਤਾ ਗੁਪਤਾ ਨੇ ਸਾਰੇ ਸਬੰਧਤ ਵੋਟਰਾਂ ਨੂੰ ਜ਼ਿਲ੍ਹੇ ਦੀ ਅਧਿਕਾਰਤ ਵੈੱਬਸਾਈਟ kapurthala.gov.in 'ਤੇ ਜਾਣ ਅਤੇ ਅਪਲੋਡ ਕੀਤੀਆਂ ਸੂਚੀਆਂ ਨੂੰ ਧਿਆਨ ਨਾਲ ਚੈੱਕ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵੋਟਰਾਂ ਦੇ ਨਾਮ ਸੂਚੀਆਂ ਵਿੱਚ ਸ਼ਾਮਲ ਹਨ ਅਤੇ ਜਿਨ੍ਹਾਂ ਨੇ ਅਜੇ ਤੱਕ ਲੋੜੀਂਦੇ ਦਸਤਾਵੇਜ਼ ਜਮ੍ਹਾਂ ਨਹੀਂ ਕਰਵਾਏ ਹਨ, ਉਹ 30 ਸਤੰਬਰ 2026 ਤੱਕ ਆਪਣੇ ਸਬੰਧਤ ਬੂਥ ਲੈਵਲ ਅਫ਼ਸਰ ਜਾਂ ਚੋਣ ਰਜਿਸਟ੍ਰੇਸ਼ਨ ਅਫ਼ਸਰ ਕੋਲ ਇਹ ਦਸਤਾਵੇਜ਼ ਜਮ੍ਹਾਂ ਕਰਵਾਉਣ। ਡਿਪਟੀ ਕਮਿਸ਼ਨਰ ਨੇ ਜ਼ੋਰ ਦੇ ਕੇ ਕਿਹਾ ਕਿ ਅਣਮੈਪ ਕੀਤੇ ਵੋਟਰਾਂ ਅਤੇ ਤਰਕਸੰਗਤ ਖਾਮੀਆਂ ਨਾਲ ਸਬੰਧਤ ਵੋਟਰਾਂ ਲਈ ਜ਼ਿਲ੍ਹੇ ਦੀ ਵੈੱਬਸਾਈਟ ਜ਼ਰੂਰ ਚੈੱਕ ਕਰਨ, ਕਿਉਂਕਿ ਐੱਸ ਆਈ ਆਰ ਪ੍ਰਕਿਰਿਆ ਨਾਲ ਸਬੰਧਤ ਸਾਰੀ ਢੁਕਵੀਂ ਜਾਣਕਾਰੀ ਅਤੇ ਅਪਡੇਟਸ ਉੱਥੇ ਉਪਲਬਧ ਕਰਵਾਏ ਜਾ ਰਹੇ ਹਨ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੇਰਵਿਆਂ ਦੀ ਪੁਸ਼ਟੀ ਕਰਨ ਅਤੇ ਨਿਰਧਾਰਤ ਸਮੇਂ ਦੇ ਅੰਦਰ ਲੋੜੀਂਦੀ ਕਾਗਜ਼ੀ ਕਾਰਵਾਈ ਪੂਰੀ ਕਰਨ।

# ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਅਹੁਦੇਦਾਰਾਂ ਦੀ ਮੀਟਿੰਗ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਅਧੀਨ ਪੈਂਦੇ ਕਸਬਾ ਕਾਲਾ ਸੰਘਿਆਂ ਵਿਖੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਦੀ ਅਗਵਾਈ ਹੇਠ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਜੀ ਦੇ ਅਸਥਾਨ 'ਤੇ ਕੀਤੀ ਗਈ। ਮੀਟਿੰਗ ਵਿੱਚ ਇਲਾਕੇ ਦੇ ਕਿਸਾਨਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।



ਇਸ ਮੌਕੇ ਇਲਾਕਾ ਕਮੇਟੀ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੰਡੀਆਂ ਵਿੱਚ ਝੋਨੇ ਦੀ ਖਰੀਦ ਸਰਕਾਰੀ ਰੇਟਾਂ 'ਤੇ ਜਲਦੀ ਸ਼ੁਰੂ ਕੀਤੀ ਜਾਵੇ, ਮਾਰਕੀਟ ਕਮੇਟੀ ਬਾਰਦਾਨੇ, ਸਾਫ਼ ਪਾਣੀ ਪੀਣ ਯੋਗ, ਤੇ ਸਾਫ਼ ਸੁਥਰੀ ਤੋਂ ਇਲਾਵਾ ਲਾਈਟਾਂ ਤੇ ਟਾਇਲਟ ਬਾਥਰੂਮ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇ। ਇਸ ਮੌਕੇ ਬਲਜਿੰਦਰ ਸਿੰਘ ਸੰਘਾ, ਕਸ਼ਮੀਰ ਸਿੰਘ ਸੰਘਾ, ਜਸਵੀਰ ਸਿੰਘ ਕੁਲਾਰ, ਗੁਰਮੀਤ ਸਿੰਘ ਮੰਡੇਰ, ਗੁਰਚਰਨ ਸਿੰਘ, ਗੁਰਮੇਜ ਸਿੰਘ,ਮੰਗਲ ਸਿੰਘ,ਗੁਰਿੰਦਰ ਸਿੰਘ ਪਾਂਡਾ, ਕੁਲਵਿੰਦਰ ਸਿੰਘ, ਗੁਰਮੀਤ ਸਿੰਘ ਮੰਡੇਰ, ਲਹਿਰਬ ਸਿੰਘ, ਮਲਕੀਤ ਸਿੰਘ ਸੰਧੂ ਚੱਠਾ, ਗੁਰਬਚਨ ਸਿੰਘ, ਧਰਮਿੰਦਰ ਜੀਤ ਸਿੰਘ, ਰਣਧੀਰ ਸਿੰਘ ਜੱਲੋਵਾਲ , ਅਵਤਾਰ ਸਿੰਘ, ਪਵਿੱਤਰ ਸਿੰਘ, ਲਖਵੀਰ ਸਿੰਘ,ਜੈਮਲ ਸਿੰਘ,ਬੋਲਾ ਰਾਮ, ਕਸ਼ਮੀਰ ਸਿੰਘ, ਪਲਵਿੰਦਰ ਸਿੰਘ,ਜੋਗਾ ਸਿੰਘ, ਜਸਵਿੰਦਰ ਸਿੰਘ,ਪਾਲ ਸਿੰਘ ਸੰਧੂ ਚੱਠਾ, ਕਰਨੈਲ ਸਿੰਘ ਕਾਲਾ ਸੰਘਿਆਂ, ਸਤਨਾਮ ਸਿੰਘ, ਮਿਸਤਰੀ ਗੁਰਪ੍ਰੀਤ ਸਿੰਘ ਸਿੱਧਵਾਂ ਦੋਨਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹੋਰ ਆਗੂ ਵੀ ਇਸ ਮੌਕੇ 'ਤੇ ਹਾਜ਼ਰ ਸਨ।

# ਲਗਾਤਾਰ ਬਣੇ ਰਹਿਣ ਵਾਲੇ ਸਾਹ ਦੇ ਲੱਛਣਾਂ ਦੇ ਸਮੇਂ ਸਿਰ ਮੁਲਾਂਕਣ ਦੀ ਲੋੜ



**ਮੁਹਾਲੀ (ਗੁਰਜੀਤ ਬਿੱਲਾ)**- ਲਗਾਤਾਰ ਬਣੇ ਰਹਿਣ ਵਾਲੇ ਸਾਹ ਦੇ ਲੱਛਣਾਂ ਨੂੰ ਪਛਾਨਣ ਅਤੇ ਸਮੇਂ ਸਿਰ ਡਾਕਟਰੀ ਮੁਲਾਂਕਣ ਕਰਵਾਉਣ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ, ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਪਲਮੋਨੋਲੋਜੀ ਸਲਾਹਕਾਰ ਡਾ. ਕਪਿਲ ਕੁਮਾਰ ਨੇ ਕਿਹਾ ਕਿ ਅਸਥਮਾ, ਕ੍ਰੌਨਿਕ ਓਬਸਟ੍ਰਕਟਿਵ ਪਲਮੋਨਰੀ ਡਿਜ਼ੀਜ਼ (ਸੀ ਓ ਪੀ ਡੀ), ਫੇਫੜਿਆਂ ਦੇ ਇਨਫੈਕਸ਼ਨ ਅਤੇ ਹੋਰ ਸਾਹ ਦੀਆਂ ਬੀਮਾਰੀਆਂ ਜੇਕਰ ਸਮੇਂ ਸਿਰ ਨਿਦਾਨ ਨਾ ਕੀਤੀਆਂ ਜਾਣ ਜਾਂ ਉਹਨਾਂ ਦਾ ਸਹੀ ਪ੍ਰਬੰਧਨ ਨਾ ਕੀਤਾ ਜਾਵੇ, ਤਾਂ ਉਹ ਜੀਵਨ ਦੀ ਗੁਣਵੱਤਾ ਨੂੰ ਗੰਭੀਰ ਰੂਪ ਵਿੱਚ ਪ੍ਰਭਾਵਿਤ ਕਰ ਸਕਦੀਆਂ ਹਨ। ਡਾ. ਕੁਮਾਰ ਨੇ ਕਿਹਾ ਕਿ ਲਗਾਤਾਰ ਖੰਘ, ਸਾਹ ਫੁੱਲਣਾ, ਘਬਰਾਹਟ/ਘਰਘਰਾਹਟ , ਵਾਰ-ਵਾਰ ਛਾਤੀ ਵਿੱਚ ਸੰਕਰਮਣ ਹੋਣਾ, ਬਹੁਤ ਜ਼ਿਆਦਾ ਬਲਗਮ ਬਣਨਾ ਜਾਂ ਸਰੀਰਕ ਮਿਹਨਤ ਕਰਨ ਦੀ ਸਮਰੱਥਾ ਵਿੱਚ ਕਮੀ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ, ਖਾਸ ਕਰਕੇ ਉਦੋਂ ਜਦੋਂ ਲੱਛਣ ਲਗਾਤਾਰ ਬਣੇ ਰਹਿਣ ਜਾਂ ਵਾਰ-ਵਾਰ ਸਾਹਮਣੇ ਆਉਣ। ਉਨ੍ਹਾਂ ਜਾਣਕਾਰੀ ਦਿੱਤੀ ਕਿ ਧੂਮਰਪਾਨ ਅਤੇ ਪੈਸਿਵ ਸਮੋਕਿੰਗ (ਦੂਜਿਆਂ ਦੁਆਰਾ ਕੀਤੇ ਧੂਮਰਪਾਨ ਦੇ ਸੰਪਰਕ ਵਿੱਚ ਆਉਣਾ) ਫੇਫੜਿਆਂ ਦੀਆਂ ਬੀਮਾਰੀਆਂ ਦੇ ਮੁੱਖ ਜੋਖਮ ਕਾਰਕ ਹਨ, ਜਦਕਿ ਹਵਾ ਪ੍ਰਦੂਸ਼ਣ, ਧੂੜ ਅਤੇ ਰਸਾਇਣਕ ਧੂੰਏਂ ਦੇ ਲੰਬੇ ਸਮੇਂ ਤੱਕ ਸੰਪਰਕ ਵਿੱਚ ਰਹਿਣ ਨਾਲ ਵੀ ਸਾਹ ਦੀ ਸਿਹਤ ਪ੍ਰਭਾਵਿਤ ਹੋ ਸਕਦੀ ਹੈ। ਹਾਲਾਂਕਿ, ਉਨ੍ਹਾਂ ਕਿਹਾ ਕਿ ਸਾਹ ਸਬੰਧੀ ਸਮੱਸਿਆਵਾਂ ਧੂਮਰਪਾਨ ਨਾ ਕਰਨ ਵਾਲਿਆਂ ਅਤੇ ਨੌਜਵਾਨਾਂ ਨੂੰ ਵੀ ਪ੍ਰਭਾਵਿਤ ਕਰ ਸਕਦੀਆਂ ਹਨ, ਇਸ ਲਈ ਲੱਛਣ ਬਣੇ ਰਹਿਣ 'ਤੇ ਡਾਕਟਰੀ ਸਲਾਹ ਲੈਣਾ ਮਹੱਤਵਪੂਰਨ ਹੈ। ਲਗਾਤਾਰ ਖੰਘ ਜਾਂ ਸਾਹ ਫੁੱਲਣ ਦੀ ਸਮੱਸਿਆ ਨੂੰ ਅਕਸਰ ਮੌਸਮ ਵਿੱਚ ਬਦਲਾਅ, ਪ੍ਰਦੂਸ਼ਣ ਜਾਂ ਕਿਸੇ ਆਮ ਸੰਕਰਮਣ ਦਾ ਨਤੀਜਾ ਮੰਨ ਕੇ ਰੱਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਸਲਾਹ ਦਿੱਤੀ ਕਿ ਤੰਬਾਕੂ ਤੋਂ ਦੂਰ ਰਹਿਣਾ, ਸਰੀਰਕ ਤੌਰ 'ਤੇ ਸਰਗਰਮ ਰਹਿਣਾ, ਘਰ ਦੇ ਅੰਦਰ ਦੀ ਹਵਾ ਦੀ ਗੁਣਵੱਤਾ ਨੂੰ ਬਿਹਤਰ ਬਣਾਏ ਰੱਖਣਾ ਅਤੇ ਸਿਫਾਰਸ਼ ਕੀਤੇ ਟੀਕਾਕਰਨ ਦਾ ਪਾਲਣ ਕਰਨਾ ਸਾਹ ਸਬੰਧੀ ਸਮੱਸਿਆਵਾਂ ਦੇ ਜੋਖਮ ਨੂੰ ਘਟਾਉਣ ਵਿੱਚ ਮਦਦ ਕਰ ਸਕਦਾ ਹੈ।

# 'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਵਿਧਾਇਕ ਨੇ ਬਸ਼ੇਸ਼ਰਪੁਰ ਵਿਖੇ ਘਰ-ਘਰ ਕੀਤਾ ਸੰਪਰਕ

**ਜਲੰਧਰ (ਸੁਰਿੰਦਰ ਕੁਮਾਰ)**- ਹਲਕਾ ਵਿਧਾਇਕ ਬਲਕਾਰ ਸਿੰਘ ਵੱਲੋਂ 'ਮਾਨ ਦੇ ਮੁਨਾਫ਼ੇ' ਜਨ-ਸੰਪਰਕ ਮੁਹਿੰਮ ਤਹਿਤ ਪਿੰਡ ਬਸ਼ੇਸ਼ਰਪੁਰ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਪੰਜਾਬ ਸਰਕਾਰ ਵਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸੂਬੇ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਅਤੇ ਵੱਖ-ਵੱਖ ਲੋਕ ਭਲਾਈ



ਸਕੀਮਾਂ ਰਾਹੀਂ ਦਿੱਤੇ ਜਾ ਰਹੇ ਲਾਭਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ। ਵਿਧਾਇਕ ਬਲਕਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਆਮ ਲੋਕਾਂ ਨੂੰ ਰਾਹਤ ਦੇਣ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ-ਪੱਖੀ ਪਹਿਲਕਦਮੀਆਂ ਦਾ ਲਾਭ ਸੂਬੇ ਦੇ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ 'ਮਾਨ ਦੇ ਮੁਨਾਫ਼ੇ' ਮੁਹਿੰਮ ਦਾ ਮੰਤਵ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਭਲਾਈ ਤੇ ਵਿਕਾਸ ਲਈ ਚੁੱਕੇ ਗਏ ਕਦਮਾਂ ਤੋਂ ਲੋਕਾਂ ਨੂੰ ਜਾਣੂ ਕਰਵਾਉਣਾ ਹੈ। ਵਿਧਾਇਕ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਲਈ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਜਾਰੀ ਰੱਖੀ ਗਈ ਹੈ, ਸਿੱਖਿਆ ਪ੍ਰਣਾਲੀ ਨੂੰ ਬਿਹਤਰ ਬਣਾਉਣ ਲਈ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ, ਆਧੁਨਿਕ ਸਹੂਲਤਾਂ ਅਤੇ ਸਿੱਖਿਆ ਦਾ ਮਾਹੌਲ ਮੁਹੱਈਆ ਕਰਵਾਉਣ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ, ਜਿਸ ਸਦਕਾ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਮੋਹਰੀ ਬਣ ਕੇ ਉਭਰਿਆ ਹੈ।

# ਸੱਭਿਆਚਾਰਕ ਪ੍ਰੋਗਰਾਮ 'ਵਿਵੇਸ਼ਿਅਸ ਵਾਈਬ੍ਰੈਂਸ 2026-27' ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ ਲੋਹਾਰਾਂ ਵਿੱਚ ਐੱਲ ਕੇ ਜੀ ਦੇ ਨੰਨ੍ਹੇ-ਮੁੰਨਿਆਂ ਲਈ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ 'ਵਿਵੇਸ਼ਿਅਸ ਵਾਈਬ੍ਰੈਂਸ 2026-27' ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਕੇਂਦਰ-ਬਿੰਦੂ ਪ੍ਰੇਰਨਾਦਾਇਕ ਥੀਮ 'ਨੰਨ੍ਹੇ ਕਦਮ-ਸਸ਼ਕਤ ਭਾਰਤ'



ਅਤੇ 'ਹਮ ਫਿਟ ਤੋ ਇੰਡੀਆ ਫਿਟ' ਰਿਹਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮਿਸ ਸ਼ਾਲੂ ਸਹਿਗਲ ਅਤੇ ਪ੍ਰੀ-ਪ੍ਰਾਇਮਰੀ ਕੋਰਡੀਨੇਟਰ ਬੰਦੀਪ ਨੇ ਹਾਜ਼ਰ ਰਹੇ। ਪ੍ਰੋਗਰਾਮ ਦੌਰਾਨ ਪ੍ਰਿੰਸੀਪਲ ਅਤੇ ਕੋਰਡੀਨੇਟਰ ਨੇ ਮਾਪਿਆਂ ਨਾਲ ਗੱਲਬਾਤ ਕੀਤੀ ਅਤੇ ਬੱਚਿਆਂ ਦੇ ਸ਼ੁਰੂਆਤੀ ਬਚਪਨ ਵਿੱਚ ਸਮੁੱਚੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਸੁਝਾਅ ਸਾਂਝੇ ਕੀਤੇ। ਉਨ੍ਹਾਂ ਨੇ ਮਾਪਿਆਂ ਦੇ ਲਗਾਤਾਰ ਸਹਿਯੋਗ ਲਈ ਧੰਨਵਾਦ ਵੀ ਪ੍ਰਗਟ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਸੰਬੋਧਨ ਨਾਲ ਹੋਈ, ਜਿਸ ਤੋਂ ਬਾਅਦ ਨੰਨ੍ਹੇ-ਮੁੰਨਿਆਂ ਨੇ ਉਤਸ਼ਾਹਪੂਰਵਕ 'ਗੁੱਡ ਮੌਰਨਿੰਗ' ਐਕਸ਼ਨ ਸੌਂਗ ਪੇਸ਼ ਕੀਤਾ। ਇਸ ਤੋਂ ਬਾਅਦ ਭਗਤੀਮਈ ਮਾਹੌਲ ਵਿੱਚ 'ਮੰਗਲ ਮੂਰਤੀ ਮੋਰਯਾ' ਗਣੇਸ਼ ਵੰਦਨਾ ਨੇ ਸਭ ਨੂੰ ਭਾਵ-ਵਿਭੋਰ ਕਰ ਦਿੱਤਾ। ਬੱਚਿਆਂ ਦੀ ਸਰੀਰਕ ਅਤੇ ਮਾਨਸਿਕ ਸਿਹਤ ਦੇ ਨਾਲ-ਨਾਲ ਸਮੁੱਚੇ ਵਿਕਾਸ ਨੂੰ ਕੇਂਦਰ ਵਿੱਚ ਰੱਖਦੇ ਹੋਏ ਨੰਨ੍ਹੇ ਕਲਾਕਾਰਾਂ ਨੇ 'ਆਦਿਯੋਗ' ਯੋਗਾ ਪ੍ਰਸਤੁਤੀ, ਜੋਸ਼ੀਲੇ 'ਹੈਂਡ ਕਲੈਪ' ਐਰੋਬਿਕਸ ਅਤੇ ਮਨੋਰੰਜਕ ਇਨਡੋਰ ਗੇਮਜ਼ 'ਤੂੰ ਹੈਂ ਚੈਂਪੀਅਨ' ਵਿੱਚ ਆਪਣੀ ਪ੍ਰਤਿਭਾ ਅਤੇ ਉਤਸ਼ਾਹ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਦਾ ਮੁੱਖ ਆਕਰਸ਼ਣ 'ਹਮ ਫਿਟ ਤੋ ਇੰਡੀਆ ਫਿਟ' ਐਂਥਮ ਦੀ ਵਿਸ਼ੇਸ਼ ਥੀਮੈਟਿਕ ਪੇਸ਼ਕਾਰੀ ਰਹੀ, ਜਿਸ ਨੇ ਸਿਹਤ, ਅਨੁਸ਼ਾਸਨ ਅਤੇ ਸਸ਼ਕਤ ਰਾਸ਼ਟਰ ਨਿਰਮਾਣ ਦਾ ਸੁੰਦਰ ਸੰਦੇਸ਼ ਦਿੱਤਾ। ਇਸ ਤੋਂ ਬਾਅਦ ਭਾਰਤ ਦੀ ਸਮ੍ਰਿੱਧ ਸੱਭਿਆਚਾਰਕ ਵਿਰਾਸਤ ਨੂੰ ਸਮਰਪਿਤ ਮਨਮੋਹਕ ਹਿੰਦੁਸਤਾਨੀ ਸੰਗੀਤਕ ਪੇਸ਼ਕਾਰੀ ਨੇ ਪ੍ਰੋਗਰਾਮ ਵਿੱਚ ਭਾਰਤੀ ਸੰਸਕ੍ਰਿਤੀ ਦੇ ਰੰਗ ਭਰ ਦਿੱਤੇ।ਸਫਲਤਾਪੂਰਵਕ ਸੰਪੰਨ ਹੋਏ ਇਸ ਪ੍ਰੋਗਰਾਮ ਦਾ ਸਮਾਪਨ ਧੰਨਵਾਦੀ ਮਤੇ ਨਾਲ ਹੋਇਆ।

# ਤਿੰਨ ਰੋਜ਼ਾ ਜ਼ੋਨਲ ਅਥਲੈਟਿਕਸ ਮੀਟ ਸ਼ੁਰੂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇਥੋਂ ਦੇ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਤਿੰਨ ਰੋਜ਼ਾ ਜ਼ੋਨਲ ਅਥਲੈਟਿਕਸ ਮੀਟ ਸ਼ੁਰੂ ਹੋ ਗਈ ਜਿਸ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਹਲਕਾ ਸਿੱਖਿਆ ਕੋਆਰਡੀਨੇਟਰ ਦਇਆ ਸਿੰਘ ਸੰਧੂ ਵੱਲੋਂ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਕੇ ਕੀਤੀ ਗਈ। ਜਦੋਂ ਕਿ ਜ਼ੋਨਲ ਪ੍ਰਧਾਨ ਅਤੇ ਸਕੂਲ ਮੁਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਕੋਆਰਡੀਨੇਟਰ ਸੰਧੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਖੇਡ ਮੈਦਾਨਾਂ ਵਿੱਚ ਰੌਣਕਾਂ ਲੱਗੀਆਂ ਹੋਈਆਂ ਹਨ ਜੋ ਕਿ ਸਾਡੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਬਹੁਤ ਹੀ ਲਾਹੇਵੰਦ ਹਨ। ਇਸ ਤੋਂ ਪਹਿਲਾਂ ਪ੍ਰਿੰਸੀਪਲ ਵਾਲੀਆ ਨੇ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਅਹਿਮ ਅੰਗ ਹਨ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਜੋਕੇ ਸਮੇਂ ਅੰਦਰ ਕੁੜੀਆਂ ਕਿਸੇ ਗੱਲੋਂ ਘੱਟ ਨਹੀਂ ਹਨ ਇਸ ਲਈ ਮਾਪੇ ਅਤੇ ਅਧਿਆਪਕ ਕੁੜੀਆਂ ਦੀ ਵੱਧ ਤੋਂ ਵੱਧ ਖੇਡਾਂ ਵਿੱਚ ਸ਼ਮੂਲੀਅਤ ਨੂੰ ਯਕੀਨੀ ਬਣਾਉਣ। ਜ਼ੋਨਲ ਸਕੱਤਰ ਅਸ਼ੋਕ ਰਾਣਾ ਨੇ ਦੱਸਿਆ ਕਿ ਪਹਿਲੇ ਦਿਨ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ ਜਿਸ ਦੇ 100 ਮੀਟਰ ਫਾਈਨਲ ਵਿੱਚ ਹਰਨੂਰ ਕੌਰ ਮਟੌਰ ਸਕੂਲ ਨੇ ਪਹਿਲਾ, ਪ੍ਰੀਆ ਮਟੌਰ ਸਕੂਲ ਨੇ ਦੂਜਾ ਅਤੇ ਭਾਰਤੀ ਦੇਵੀ ਗੰਗੂਵਾਲ ਸਕੂਲ ਨੇ ਤੀਜਾ ਸਥਾਨ ਹਾਸਿਲ ਕੀਤਾ। 800 ਮੀਟਰ ਵਿੱਚ ਖਾਲਸਾ ਸਕੂਲ ਦੀ ਕੋਮਲਪ੍ਰੀਤ ਕੌਰ ਨੇ ਪਹਿਲਾ ਜਦੋਂ ਕਿ ਸ੍ਰੀ ਦਸ਼ਮੇਸ਼ ਅਕੈਡਮੀ ਦੀ ਮਾਰੀਆ ਨੇ ਦੂਜਾ ਅਤੇ ਸਵਲੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। 17 ਸਾਲ ਉਮਰ ਵਰਗ ਦੇ ਲੰਬੀ ਛਾਲ ਵਿੱਚ ਖਾਲਸਾ ਸਕੂਲ ਦੀ ਜਸ਼ਨਪ੍ਰੀਤ ਕੌਰ ਨੇ ਪਹਿਲਾਂ ਬੀ ਬੀ ਐੱਮ ਬੀ ਸਕੂਲ ਗੰਗੂਵਾਲ ਦੀ ਜਸਪ੍ਰੀਤ ਕੌਰ ਨੇ ਦੂਜਾ ਅਤੇ ਮਟੌਰ ਸਕੂਲ ਦੀ ਕੋਮਲ ਸ਼ਰਮਾ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਗੁਰਪ੍ਰੀਤ ਕੌਰ, ਸੁਰਜੀਤ ਸਿੰਘ, ਸੁਮਨ ਚਾਂਦਲਾ, ਸਤਨਾਮ ਸਿੰਘ, ਯਾਦਵਿੰਦਰ ਸਿੰਘ, ਦਲਜੀਤ ਸਿੰਘ, ਅਮਰੀਕ ਸਿੰਘ, ਬਲਜਿੰਦਰ ਕੌਰ, ਵਿਜੇ ਕੁਮਾਰ, ਇਕਬਾਲ ਸਿੰਘ, ਨੀਲਮ ਸ਼ਰਮਾ, ਪਿਆਰੇ ਲਾਲ, ਰਣਵੀਰ ਸਿੰਘ, ਕੁਲਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਖੇਡ ਅਧਿਆਪਕ ਹਾਜ਼ਰ ਸਨ।

# ਨਵਾਂਸ਼ਹਿਰ ਵਿਖੇ ਜ਼ਿਲ੍ਹਾ ਪੱਧਰੀ ਖੇਡਾਂ 29 ਤੋਂ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ -ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਦਾ ਆਯੋਜਨ 29 ਸਤੰਬਰ ਤੋਂ 4 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਬੱਚਿਆਂ ਨੂੰ ਖੇਡਾਂ ਨਾਲ ਜੋੜਨਾ, ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਉਭਾਰਨਾ ਅਤੇ ਖਿਡਾਰੀਆਂ ਨੂੰ ਉੱਚ ਪੱਧਰ 'ਤੇ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਨਾ ਹੈ।ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਵੱਖ-ਵੱਖ ਬਲਾਕਾਂ ਵਿੱਚ ਕਰਵਾਈਆਂ ਗਈਆਂ ਬਲਾਕ ਪੱਧਰੀ ਖੇਡਾਂ ਵਿੱਚੋਂ ਜੇਤੂ ਰਹੀਆਂ ਟੀਮਾਂ ਭਾਗ ਲੈਣਗੀਆਂ। ਇਨ੍ਹਾਂ ਖੇਡਾਂ ਵਿੱਚ ਲੜਕੇ ਅਤੇ ਲੜਕੀਆਂ ਵੱਖ-ਵੱਖ ਉਮਰ ਵਰਗਾਂ ਅਨੁਸਾਰ ਭਾਗ ਲੈਣਗੇ ਅਤੇ ਆਪਣੇ ਬਲਾਕ ਦੀ ਨੁਮਾਇੰਦਗੀ ਕਰਦੇ ਹੋਏ ਜ਼ਿਲ੍ਹਾ ਪੱਧਰ 'ਤੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ।ਜ਼ਿਲ੍ਹਾ ਪੱਧਰੀ ਮੁਕਾਬਲੇ ਜ਼ਿਲ੍ਹੇ ਦੇ ਵੱਖ-ਵੱਖ ਨਿਰਧਾਰਤ ਖੇਡ ਸਥਾਨਾਂ 'ਤੇ ਵੱਖ-ਵੱਖ ਮਿਤੀਆਂ ਨੂੰ ਕਰਵਾਏ ਜਾਣਗੇ। ਇਸ ਦੇ ਨਾਲ ਹੀ ਜ਼ਿਲ੍ਹਾ ਪੱਧਰ 'ਤੇ ਸ਼ਾਮਲ ਕੀਤੀਆਂ ਗਈਆਂ ਐਡ-ਆਨ ਖੇਡਾਂ ਦੇ ਮੁਕਾਬਲੇ ਵੀ ਨਿਰਧਾਰਤ ਸ਼ਡਿਊਲ ਅਨੁਸਾਰ ਵੱਖ-ਵੱਖ ਵੈਨਿਊਜ਼ 'ਤੇ ਕਰਵਾਏ ਜਾਣਗੇ।ਇਸੇ ਲੜੀ ਤਹਿਤ ਕਰਾਟੇ ਦੇ ਰਾਜ ਪੱਧਰੀ ਖੇਡਾਂ ਲਈ ਟਰਾਇਲ 2 ਅਤੇ 3 ਅਕਤੂਬਰ 2026 ਨੂੰ ਮਾਰਸ਼ਲ ਆਰਟਸ ਅਕੈਡਮੀ ਬੰਗਾ ਵਿਖੇ ਕਰਵਾਏ ਜਾਣਗੇ। ਇਨ੍ਹਾਂ ਟਰਾਇਲਾਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਲੜਕੇ ਅਤੇ ਲੜਕੀਆਂ ਭਾਗ ਲੈਣਗੇ।

# ਪੰਜਾਬ ਸਰਕਾਰ ਨੇ ਹਰ ਵਰਗ ਦੇ ਸੁਪਨੇ ਪੂਰੇ ਕੀਤੇ : ਬੈਂਸ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪੰਜਾਬੀਆਂ ਦੀਆਂ ਉਮੀਦਾਂ ਅਤੇ ਸੁਪਨਿਆਂ ਅਨੁਸਾਰ ਇਤਿਹਾਸਕ ਕੰਮ ਕੀਤੇ ਹਨ। ਸਰਕਾਰ ਨੇ ਮੁਫ਼ਤ ਬਿਜਲੀ, ਬਿਹਤਰ ਸਿੱਖਿਆ, ਵਧੀਆ ਸਿਹਤ ਸਹੂਲਤਾਂ, ਸ਼ਹੀਦਾਂ ਦੇ ਪਰਿਵਾਰਾਂ ਲਈ ਸਨਮਾਨ ਰਾਸ਼ੀ ਅਤੇ ਮਹਿਲਾਵਾਂ ਲਈ ਸਨਮਾਨ ਰਾਸ਼ੀ ਵਰਗੀਆਂ ਆਪਣੀਆਂ ਸਾਰੀਆਂ



ਗਾਰੰਟੀਆਂ ਪੂਰੀਆਂ ਕੀਤੀਆਂ ਹਨ। ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਇੱਕੋ-ਇੱਕ ਅਜਿਹਾ ਰਾਜ ਹੈ ਜਿੱਥੇ ਬਿਨਾਂ ਕਿਸੇ ਧਰਮ, ਜਾਤ ਜਾਂ ਸਾਲਾਨਾ ਆਮਦਨ ਦੇ ਭੇਦਭਾਵ ਤੋਂ ਹਰ ਇੱਕ ਲਈ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮਹਿਲਾਵਾਂ ਲਈ 1000 ਰੁਪਏ ਦੇ ਵਾਅਦੇ ਤੋਂ ਵੀ ਅੱਗੇ ਵਧ ਕੇ ਦਲਿਤ ਪਰਵਾਰਾਂ ਦੀਆਂ ਮਹਿਲਾਵਾਂ ਲਈ 1500 ਰੁਪਏ ਦੀ ਰਾਸ਼ੀ ਦਿੱਤੀ ਜਾ ਰਹੀ ਹੈ। ਹੋਰਨਾਂ ਰਾਜਾਂ ਦੀਆਂ ਸ਼ਰਤਾਂ ਵਾਲੀਆਂ ਯੋਜਨਾਵਾਂ ਨਾਲ ਤੁਲਨਾ ਕਰਦਿਆਂ ਉਹਨਾਂ ਕਿਹਾ ਕਿ ਦਿੱਲੀ ਅਤੇ ਹਰਿਆਣਾ ਵਿੱਚ ਕਹਿਣ ਨੂੰ 2100 ਰੁਪਏ ਹਨ ਪਰ ਉੱਥੇ ਆਮਦਨ ਅਤੇ ਘਰੇਲੂ ਸਮਾਨ ਸੰਬੰਧੀ ਕਈ ਸ਼ਰਤਾਂ ਲਗਾਈਆਂ ਗਈਆਂ ਹਨ, ਜਦਕਿ ਪੰਜਾਬ ਵਿੱਚ 18 ਸਾਲ ਤੋਂ ਉੱਪਰ ਦੀ ਹਰ ਮਾਂ-ਭੈਣ ਨੂੰ ਬਿਨਾਂ ਕਿਸੇ ਸ਼ਰਤ ਦੇ ਇਹ ਸਹੂਲਤ ਮਿਲ ਰਹੀ ਹੈ। ਇਸ ਦੇ ਨਾਲ ਹੀ ਨਹਿਰੀ ਪਾਣੀ ਦੇ ਵਿਕਾਸ ਅਤੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਗਏ ਹਨ। ਕੇਂਦਰ ਦੀ ਸੱਤਾਧਾਰੀ ਪਾਰਟੀ 'ਤੇ ਤਿੱਖਾ ਹਮਲਾ ਬੋਲਦਿਆਂ ਮੰਤਰੀ ਬੈਂਸ ਨੇ ਕਿਹਾ ਕਿ ਪੰਜਾਬ ਦੀ ਸਿਆਸੀ ਜ਼ਮੀਨ 'ਤੇ ਭਾਰਤੀ ਜਨਤਾ ਪਾਰਟੀ ਨੂੰ ਕੋਈ ਸਮਰਥਨ ਨਹੀਂ ਮਿਲਿਆ ਹੈ। ਉਹਨਾਂ ਸਪੱਸ਼ਟ ਕੀਤਾ ਕਿ ਪੰਜਾਬ ਦੀ ਸੋਚ ਦੇਸ਼ ਦੇ ਹੋਰਨਾਂ ਰਾਜਾਂ ਤੋਂ ਵੱਖਰੀ ਹੈ, ਇਸ ਲਈ ਇੱਥੇ ਅਜਿਹਾ ਫਾਰਮੂਲਾ ਬਿਲਕੁਲ ਨਹੀਂ ਚੱਲੇਗਾ ਅਤੇ ਅਜਿਹੀਆਂ ਚਾਲਾਂ ਨਾਲ ਭਾਜਪਾ ਆਪਣਾ ਬਚਿਆ 5-7 ਫੀਸਦੀ ਵੋਟ ਬੈਂਕ ਵੀ ਗੁਆ ਬੈਠੇਗੀ।

# ਸੂਬੇ 'ਚ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ ਜਾਰੀ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬੇ ਵਿੱਚ ਕਰਵਾਏ ਜਾ ਰਹੇ ਡਰੋਨ ਸ਼ੋਅ ਦੀ ਲੜੀ ਤਹਿਤ ਸਥਾਨਕ ਸਰਕਾਰੀ ਆਈ ਟੀ ਆਈ ਗਰਾਊਂਡ ਵਿਖੇ ਡਰੋਨ ਸ਼ੋਅ ਕਰਵਾਇਆ ਗਿਆ। ਇਸ

**● ਪੰਜਾਬ ਸਰਕਾਰ ਨੇ 100 ਕਰੋੜ ਰੁਪਏ ਦੀ ਰਾਸ਼ੀ ਰੱਖੀ : ਕੰਗ**

ਦੌਰਾਨ 500 ਡਰੋਨਾਂ ਰਾਹੀਂ ਗੁਰੂ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਦਰਸ਼ਨ ਦੀ ਬੇਹੱਦ ਖੂਬਸੂਰਤ ਪੇਸ਼ਕਾਰੀ ਕੀਤੀ ਗਈ, ਜਿਸ ਨੂੰ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਵੇਖਿਆ। ਆਈ ਟੀ ਆਈ ਗਰਾਊਂਡ ਵਿਖੇ ਹੋਏ ਸ਼ਾਨਦਾਰ ਡਰੋਨ ਸ਼ੋਅ ਨੇ ਅਸਮਾਨ ਨੂੰ ਰੌਸ਼ਨ ਕਰਦਿਆਂ ਗੁਰੂ ਜੀ ਦੇ ਜੀਵਨ ਅਤੇ ਮਹਾਨ ਸਿੱਖਿਆਵਾਂ ਨੂੰ ਡਿਜੀਟਲ ਤਕਨੀਕ ਰਾਹੀਂ ਪੇਸ਼ ਕੀਤਾ। ਇਸ ਵਿਲੱਖਣ ਏਰੀਅਲ ਸ਼ੋਅ ਰਾਹੀਂ ਗੁਰੂ ਜੀ ਦੇ ਬਰਾਬਰਤਾ, ਭਾਈਚਾਰੇ, ਦਇਆ, ਸਮਾਜਿਕ ਨਿਆਂ ਅਤੇ ਮਾਨਵੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਮਨਮੋਹਕ ਢੰਗ ਨਾਲ ਦਰਸਾਇਆ ਗਿਆ। ਇਸ ਵਿੱਚ ਗੁਰੂ ਜੀ ਦੇ ਜੀਵਨ ਨਾਲ ਸਬੰਧਤ ਵੱਖ-ਵੱਖ ਘਟਨਾਵਾਂ, ਸਾਖੀਆਂ ਅਤੇ ਉਨ੍ਹਾਂ ਵੱਲੋਂ ਦਿੱਤੇ ਗਏ ਉਪਦੇਸ਼ਾਂ ਨੂੰ ਸ਼ਾਮਲ ਕੀਤਾ ਗਿਆ। ਇਸ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਸਮੇਤ



ਨਿਆਂਇਕ, ਸਿਵਲ ਤੇ ਪੁਲਿਸ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਸੰਗਤ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੌਬੀ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਜੀ ਦਾ 650ਵਾਂ ਪ੍ਰਕਾਸ਼ ਪੁਰਬ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ ਅਤੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਰੋਹਾਂ ਦੀ ਲੜੀ ਸੂਬਾ ਭਰ ਵਿੱਚ ਜਾਰੀ ਹੈ। ਉਨ੍ਹਾਂ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲਗਾਤਾਰ ਡਰੋਨ ਸ਼ੋਅ, ਡਾਕੂਮੈਂਟਰੀ, ਵਿਦਿਅਕ ਸੰਸਥਾਵਾਂ ਵਿੱਚ ਸੈਮੀਨਾਰ ਅਤੇ ਗੁਰੂ ਜੀ ਦੇ ਜੀਵਨ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਖ-ਵੱਖ ਧਾਰਮਿਕ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇੱਕ ਵਿਲੱਖਣ ਯਤਨ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਡਰੋਨ ਸ਼ੋਅ ਨਹੀਂ, ਸਗੋਂ ਨਵੀਂ ਪੀੜ੍ਹੀ ਲਈ ਗੁਰੂ ਜੀ ਦੇ ਬਰਾਬਰਤਾ ਅਤੇ ਮਾਨਵੀ ਸਨਮਾਨ ਦੇ ਸੰਦੇਸ਼ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਹੈ, ਜਿਸ ਨਾਲ ਸਾਰਿਆਂ ਨੂੰ ਗੁਰੂ ਜੀ ਵੱਲੋਂ ਦਿਖਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਮਿਲਦੀ ਹੈ। ਰੌਬੀ ਕੰਗ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰੋਗਰਾਮਾਂ ਲਈ 100 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ ਸ਼ੋਅ 13,000 ਪਿੰਡਾਂ ਵਿੱਚ ਦਿਖਾਏ ਜਾ ਰਹੇ ਹਨ, ਜਿਸ ਰਾਹੀਂ ਗੁਰੂ ਜੀ ਦਾ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸੂਬੇ ਦੇ ਵਿਦਿਅਕ ਅਦਾਰਿਆਂ ਵਿੱਚ ਵਿਦਿਆਰਥੀਆਂ ਲਈ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਬਹੁਤ ਖੁਸ਼ਕਿਸਮਤ ਹਾਂ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਸਾਲ ਭਰ ਚੱਲਣ ਵਾਲੇ ਪ੍ਰੋਗਰਾਮਾਂ ਨਾਲ ਮਨਾਉਣ ਦਾ ਮੌਕਾ ਮਿਲ ਰਿਹਾ ਹੈ, ਜਿਸ ਤਹਿਤ ਸੈਮੀਨਾਰ, ਡਾਕੂਮੈਂਟਰੀ ਸ਼ੋਅ ਅਤੇ ਧਾਰਮਿਕ ਪ੍ਰੋਗਰਾਮ ਕਰਵਾਏ ਜਾ ਰਹੇ ਹਨ। ਇਸ ਮੌਕੇ ਐੱਸ ਡੀ ਐੱਮ. ਅਮਨਜੋਤ ਕੌਰ, ਸਹਾਇਕ ਕਮਿਸ਼ਨਰ ਰਮਨਜੀਤ, ਤਹਿਸੀਲਦਾਰ ਗੁਰਮੁਖ ਸਿੰਘ, ਲਲਿਤ ਮੋਹਨ ਪਾਠਕ ਸਮੇਤ ਹੋਰ ਪਤਵੰਤੇ ਵੀ ਮੌਜੂਦ ਸਨ। ਡਰੋਨ ਸ਼ੋਅ ਦੌਰਾਨ ਰਾਗੀ ਭਾਈ ਡਾ. ਹਰਮਿੰਦਰ ਸਿੰਘ ਖੈਰਾ ਢਾਡੀ ਜੱਥੇ ਨੇ ਗੁਰਬਾਣੀ ਦੇ ਸ਼ਬਦਾਂ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।

# ਕੈਰੀਅਰ ਤੇ ਪਲੇਸਮੈਂਟ ਸੈੱਲ ਵੱਲੋਂ ਕੈਰੀਅਰ ਕਾਊਂਸਲਿੰਗ ਸੈਮੀਨਾਰ

**ਮੁਹਾਲੀ (ਗੁਰਜੀਤ ਬਿੱਲਾ)**- ਸਰਕਾਰੀ ਕਾਲਜ ਐੱਸ ਏ ਐੱਸ ਨਗਰ ਦੇ ਕਰੀਅਰ ਅਤੇ ਪਲੇਸਮੈਂਟ ਸੈੱਲ ਵੱਲੋਂ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਐੱਸ ਏ ਐੱਸ ਨਗਰ ਦੇ ਸਹਿਯੋਗ ਨਾਲ ਕਾਲਜ ਦੇ ਸੈਮੀਨਾਰ ਰੂਮ ਵਿੱਚ ਕਰੀਅਰ ਕਾਊਂਸਲਿੰਗ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਕਾਲਜ ਦੀ ਪ੍ਰਿੰਸੀਪਲ ਜਸਪ੍ਰੀਤ ਕੌਰ ਬੈਂਸ ਦੀ ਅਗਵਾਈ ਅਤੇ ਅਨੂਰੀਤ ਭੱਲਾ, ਕਨਵੀਨਰ, ਕਰੀਅਰ ਅਤੇ ਪਲੇਸਮੈਂਟ ਸੈੱਲ ਦੇ ਮਾਰਗਦਰਸ਼ਨ ਹੇਠ ਆਯੋਜਿਤ ਕੀਤਾ ਗਿਆ। ਸੈਮੀਨਾਰ ਦੌਰਾਨ ਸ੍ਰੀਮਤੀ ਸੁਖਮਨ ਬਾਠ, ਉਪ ਮੁੱਖ ਕਾਰਜਕਾਰੀ



ਅਫ਼ਸਰ ਅਤੇ ਨਬੀਹਾ, ਕਰੀਅਰ ਕਾਊਂਸਲਰ, ਵੱਲੋਂ ਵਿਦਿਆਰਥੀਆਂ ਨੂੰ ਕਰੀਅਰ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਅਤੇ ਮਾਰਗਦਰਸ਼ਨ ਪ੍ਰਦਾਨ ਕੀਤਾ ਗਿਆ। ਇਸ ਮੌਕੇ ਬੀ ਸੀ ਏ, ਬੀ ਬੀ ਏ, ਬੀ ਕਾਮ ਅਤੇ ਬੀ ਐੱਸ ਆਦਿ ਵੱਖ-ਵੱਖ ਕੋਰਸਾਂ ਦੇ ਅੰਤਿਮ ਸਾਲ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਰੋਤ ਵਿਅਕਤੀਆਂ ਵੱਲੋਂ ਵਿਦਿਆਰਥੀਆਂ ਨੂੰ ਨੈਸ਼ਨਲ ਕਰੀਅਰ ਸਰਵਿਸ ਪੋਰਟਲ, ਉੱਚ ਸਿੱਖਿਆ ਲਈ ਵਜ਼ੀਫ਼ਾ ਯੋਜਨਾਵਾਂ, ਪੰਜਾਬ ਰੋਜ਼ਗਾਰ ਪੋਰਟਲ ਅਤੇ ਰੋਜ਼ਗਾਰ ਦੇ ਵੱਖ-ਵੱਖ ਮੌਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਸਟਾਰਟਅੱਪ ਅਤੇ ਉਦਮਤਾ ਨੂੰ ਕੈਰੀਅਰ ਦੇ ਇੱਕ ਵਿਕਲਪ ਵਜੋਂ ਅਪਣਾਉਣ, ਹੁਨਰ-ਅਧਾਰਿਤ ਵੋਕੇਸ਼ਨਲ ਕੋਰਸਾਂ ਅਤੇ ਟ੍ਰੇਨਿੰਗ ਪ੍ਰੋਗਰਾਮਾਂ ਅਤੇ ਆਈ ਟੀ ਆਈ ਕੋਰਸਾਂ ਸਬੰਧੀ ਵੀ ਜਾਣਕਾਰੀ ਸਾਂਝੀ ਕੀਤੀ ਗਈ। ਵਿਦਿਆਰਥੀਆਂ ਨੂੰ ਰਿਜ਼ਿਊਮੇ ਤਿਆਰ ਕਰਨ ਅਤੇ ਪ੍ਰਭਾਵਸ਼ਾਲੀ ਨੌਕਰੀ ਅਰਜ਼ੀਆਂ ਲਈ ਰਿਜ਼ਿਊਮੇ ਨੂੰ ਪ੍ਰੋਫੈਸ਼ਨਲ ਬਣਾਉਣ ਸਬੰਧੀ ਵੀ ਵਿਹਾਰਕ ਜਾਣਕਾਰੀ ਦਿੱਤੀ ਗਈ। ਇਸ ਸਬੰਧੀ ਵੱਖ-ਵੱਖ ਰਿਜ਼ਿਊਮੇ-ਮੇਕਿੰਗ ਅਤੇ ਰਿਜ਼ਿਊਮੇ-ਇਨਹਾਂਸਮੈਂਟ ਟੂਲਜ਼ ਬਾਰੇ ਵੀ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ।

# ਕਾਮਰੇਡ ਗੁਰਦਿਆਲ ਸਿੰਘ ਢੇਰ ਦੀ ਬਰਸੀ ਮਨਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਨਜ਼ਦੀਕੀ ਪਿੰਡ ਢੇਰ ਵਿਖੇ ਸ ਪਿ ਆਈ ਐਮ ਦੇ ਉੱਘੇ ਆਗੂ ਰਹੇ ਕਾਮਰੇਡ ਗੁਰਦਿਆਲ ਸਿੰਘ ਢੇਰ ਦੀ ਸੱਤਵੀਂ ਬਰਸੀ ਉਹਨਾਂ ਦੇ ਗ੍ਰਹਿ ਵਿਖੇ ਕਾਮਰੇਡ ਰਾਮ ਕਿਸ਼ਨ ਦਬਕੇਹੜਾ ਅਤੇ ਮਾਸਟਰ ਤਾਰਾ ਸਿੰਘ ਨਾਹਲ ਦੀ ਪ੍ਰਧਾਨਗੀ ਹੇਠ ਮਨਾਈ ਗਈ। ਇਸ ਮੌਕੇ ਤੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਾਮਰੇਡ ਗੁਰਦਿਆਲ ਸਿੰਘ ਢੇਰ ਨੇ ਜਿੱਥੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕੀਤਾ ਉੱਥੇ ਉਹ ਪਾਰਟੀ ਨਾਲ ਹਮੇਸ਼ਾ ਹੀ ਚਟਾਨ ਵਾਂਗ ਖੜੇ ਰਹੇ। ਉਹਨਾਂ ਪਿੰਡ ਦੇ ਲੰਬਾ ਸਮਾਂ ਸਰਪੰਚ ਰਹੇ। ਇਲਾਕੇ ਵਿੱਚ ਪੁਲਸ ਦੀਆਂ ਧੱਕੇਸ਼ਾਹੀਆ ਦਾ ਡੱਟ ਕੇ ਵਿਰੋਧ ਕੀਤਾ। ਉਨ੍ਹਾਂ ਨੇ ਸੀ ਪੀ ਆਈ ਐਮ ਨੂੰ ਮਜਬੂਤ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਉਹ ਪਾਰਟੀ ਵੱਲੋਂ ਚਲਾਏ ਗਏ ਜੇਲ ਭਰੋ ਅੰਦੋਲਨ ਕਾਰਨ ਜੇਲ੍ਹ ਵੀ ਗਏ। ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਲਈ ਪੁਲਸ ਨੇ ਕਈ ਝੂਠੇ ਪੁਲਿਸ ਮਾਮਲੇ ਵੀ ਦਰਜ ਕਰਕੇ ਪੁਲਿਸ ਤਸ਼ੱਦਦ ਵੀ ਕੀਤਾ।ਇਸ ਮੌਕੇ ਤੇ ਕਾਮਰੇਡ ਸੇਖੋਂ ਨੇ ਕਿਹਾ ਕਿ ਜਦੋਂ ਪਾਰਟੀ ਅੰਦਰ ਕੁਝ ਲੋਕਾਂ ਵੱਲੋਂ ਫੁੱਟ ਪਾਈ ਗਈ ਤਾਂ ਕਾਮਰੇਡ ਢੇਰ ਚਟਾਨ ਵਾਂਗ ਕਾਇਮ ਰਹੇ।ਇਸ ਮੌਕੇ ਤੇ ਉਹਨਾਂ ਨੇ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਕਿ ਕਾਮਰੇਡ ਢੇਰ ਦੇ ਜੀਵਨ ਤੋਂ ਸਿੱਖਣ ਦੀ ਸਾਨੂੰ ਮੁੱਖ ਤੌਰ ਤੇ ਲੋੜ ਹੈ। ਅੱਜ ਉਹਨਾਂ ਦਾ ਸਮੁੱਚਾ ਪਰਵਾਰ ਪਾਰਟੀ ਨਾਲ ਡੱਟ ਕੇ ਖੜ੍ਹਾ ਹੈ। ਇਸ ਮੌਕੇ ਤੇ ਉਹਨਾਂ ਨੇ ਜੁੜੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਇਹ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਿਸਾਨ ਮਜ਼ਦੂਰ ਵਿਰੋਧੀ ਫੈਸਲੇ



ਲਗਾਤਾਰ ਲੈ ਰਹੀ ਹੈ। ਸੰਵਿਧਾਨ ਨੂੰ ਤੋੜਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਦੇਸ਼ ਵਿਚ ਮਹਿੰਗਾਈ ਸਾਰੀਆਂ ਹੱਦਾਂ ਪਾਰ ਕਰ ਗਈ ਹੈ। ਗਰੀਬ ਲੋਕਾਂ ਨੂੰ ਜੀਵਨ ਨਿਰਬਾਹ ਕਰਨਾ ਮੁਸ਼ਕਲ ਹੋ ਗਿਆ ਹੈ।ਮੋਦੀ ਸਰਕਾਰ ਨਾਗਰਿਕਾਂ ਦੇ ਹਿੱਤਾਂ ਨਾਲੋਂ ਕਾਰਪੋਰੇਟ ਮੁਨਾਫਿਆਂ ਵਲ ਜਿਆਦਾ ਧਿਆਨ ਦੇ ਰਹੀ ਹ ਕੇਂਦਰ ਦੀ ਮੋਦੀ ਸਰਕਾਰ ਈਡੀ ਅਤੇ ਦੂਸਰੀਆਂ ਕੇਂਦਰੀ ਏਜੰਸੀਆਂ ਨਿਰਪੱਖਤਾ ਨਾਲ ਕੰਮ ਕਰਨ ਨਾ ਕਿ ਸੱਤਾਧਾਰੀ ਧਿਰ ਨੂੰ ਹਥਿਆਰ ਵਜੋਂ ਕੰਮ ਕਰ ਕਰਨ। ਇਸ ਮੌਕੇ ਤੇ ਡੀ ਵਾਈ ਐਫ ਆਈ ਦੇ ਸੂਬਾਈ ਆਗੂ ਸੁਖਵਿੰਦਰ ਸਿੰਘ ਨਾਗੀ ਨੇ ਆਪਣੇ ਵਿਚਾਰ ਰੱਖਦਿਆਂ ਇਹ ਸੱਦਾ ਦਿੱਤਾ ਕਿ ਨੌਜਵਾਨ ਵੱਡੀ ਗਿਣਤੀ ਦੇ ਵਿੱਚ ਦੋ ਅਕਤੂਬਰ ਨੂੰ ਜੰਤਰ ਮੰਤਰ ਦਿੱਲੀ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਸ਼ਾਮਲ ਹੋਣ। ਇਸ ਮੌਕੇ ਤੇ ਜਿਲਾ ਸਕੱਤਰ ਕਾਮਰੇਡ ਬਜਿੰਦਰ ਪੰਡਿਤ, ਜਿਲਾ ਸਕੱਤਰੇਤ ਕਾਮਰੇਡ ਸੁਰਜੀਤ ਸਿੰਘ ਢੇਰ, ਨਰਿੰਦਰ ਸਿੰਘ ਮਾਵੀ, ਵਿਦਿਆਰਥੀ ਆਗੂ ਪ੍ਰਤਾਪ ਸਿੰਘ ਰਾਣਾ, ਜਗੀਰ ਸਿੰਘ ਰੌਲੀ,ਗਿਆਨੀ ਰਾਮਪਾਲ ਸਿੰਘ ਭਲਾਣ ਨੇ ਵੀ ਕਾਮਰੇਡ ਢੇਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਤੇ ਕਾਮਰੇਡ ਗੁਰਦਿਆਲ ਸਿੰਘ ਦੇ ਸਪੁੱਤਰ ਜਸਵਿੰਦਰ ਸਿੰਘ ਭੰਗਲ, ਕੁਲਵਿੰਦਰ ਸਿੰਘ ਭੰਗਲ,ਸਿਕੰਦਰ ਸਿੰਘ ਭੰਗਲ ਤੇ ਹੋਰ ਪਰਿਵਾਰਿਕ ਮੈਂਬਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਤੇ ਸਤਨਾਮ ਸਿੰਘ, ਗੁਰਦੇਵ ਸਿੰਘ ਬਾਗੀ, ਸੋਮ ਸਿੰਘ ਕਰਤਾਰਪੁਰ, ਰਜਿੰਦਰ ਸਿੰਘ ਡੋਡ, ਰਘਵੀਰ ਸਿੰਘ ਦਰਸੀ, ਰਕੇਸ਼ ਬਾਲੀ ਕਲਸੇੜਾ, ਅਮਰਜੀਤ ਸਿੰਘ ਹੋਲਗੜ, ਤੈਲੂ ਰਾਮ, ਪ੍ਰੋਮਿਲਾ ਦੇਵੀ, ਬਲਵੰਤ ਕੌਰ, ਜਸਵੀਰ ਕੌਰ ਭੰਗਲ, ਮਾਸਟਰ ਰਜਿੰਦਰ ਸਿੰਘ ਸੈਣੀ ਮਾਜਰਾ, ਰਘਵੀਰ ਸਿੰਘ ਭੰਗਲ, ਗੁਰਦਿਆਲ ਸਿੰਘ ਅਟਵਾਲ, ਪ੍ਰੇਮ ਸਿੰਘ ਅਟਵਾਲ, ਸੂਬੇਦਾਰ ਗੁਰਨਾਮ ਸਿੰਘ, ਇੰਦਰਜੀਤ ਸਿੰਘ ਫੌਜੀ, ਚਰਨ ਸਿੰਘ ਅਟਵਾਲ, ਸੂਬੇਦਾਰ ਹਰਜਾਪ ਸਿੰਘ ਭੰਗਲ, ਰੋਸ਼ਨ ਸਿੰਘ, ਬਿਕਰ ਸਿੰਘ ਗਿੱਲ, ਸੋਹਣ ਲਾਲ, ਵਿਨੋਦ ਕੁਮਾਰ, ਪਰਮਜੀਤ ਸਿੰਘ ਕਾਕੂ, ਬਲਵਿੰਦਰ ਸਿੰਘ ਬਿੰਦਰ, ਡਾ. ਰਵਿੰਦਰ ਨਾਥ, ਰਜਿੰਦਰ ਕੌਰ ਸੂਰੇਵਾਲ, ਹੁਕਮ ਸਿੰਘ, ਭਗਤ ਸਿੰਘ ਬਿਕੋ ਸਮੇਤ ਹੋਰ ਸਾਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਵਿਖੇ ਐੱਨ ਐੱਸ ਐੱਸ ਸਥਾਪਨਾ ਦਿਵਸ ਸਮਾਗਮ

**ਨੂਰਮਹਿਲ/ਫਿਲੌਰ (ਬਾਲ ਕ੍ਰਿਸ਼ਨ ਬਾਲੀ,ਨਿਰਮਲ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ ਵਿਖੇ ਓ ਐੱਸ ਡੀ ਡਾਕਟਰ ਰਾਜਵਿੰਦਰ ਕੌਰ ਹੁੰਦਲ ਜੀ ਦੀ ਯੋਗ ਅਗਵਾਈ ਅਧੀਨ, ਐਨ ਐਸ ਐਸ ਦੇ ਪ੍ਰੋਗਰਾਮ ਇੰਚਾਰਜ ਸੋਨੀਆ, ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਕੌਮੀ ਸੇਵਾ ਯੋਜਨਾ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਐੱਨ ਐੱਸ ਐੱਸ ਦੇ ਮੂਲ ਉਦੇਸ਼ਾਂ, ਸੇਵਾ-ਭਾਵਨਾ, ਸਮਾਜਿਕ ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਪ੍ਰਤੀ ਜਾਗਰੂਕ ਕਰਨਾ ਸੀ। ਗਿਆਨ ਦੀ ਰੌਸ਼ਨੀ ਦੇ ਪ੍ਰਤੀਕ ਸ਼ਮਾਦਾਨ ਨੂੰ ਰੌਸ਼ਨ ਕਰਨ ਉਪਰੰਤ ਵਿਦਿਆਰਥੀਆਂ ਵੱਲੋਂ ਐਨ.ਐਸ.ਐਸ. ਦੀ ਭਾਵਨਾ ਅਤੇ ਸੇਵਾ ਦੇ ਮਹੱਤਵ ਨੂੰ ਉਜਾਗਰ ਕਰਦੀਆਂ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ। ਬੀ.ਬੀ.ਏ. ਤੀਜੇ ਸਮੈਸਟਰ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ ਐਨ.ਐਸ.ਐਸ. ਦੇ ਉਦੇਸ਼ ਅਤੇ ਸਮਾਜ ਪ੍ਰਤੀ ਨੌਜਵਾਨਾਂ ਦੀ ਜ਼ਿੰਮੇਵਾਰੀ ਬਾਰੇ, ਬੀ.ਸੀ.ਏ. ਪਹਿਲੇ ਸਮੈਸਟਰ ਦੀ ਵਿਦਿਆਰਥਣ



ਕੋਮਲਪ੍ਰੀਤ ਕੌਰ ਨੇ ਕਵਿਤਾ ਰਾਹੀਂ ਸੇਵਾ, ਸਮਰਪਣ ਅਤੇ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਭਾਵਸ਼ਾਲੀ ਸੰਦੇਸ਼ , ਬੀ.ਏ. ਪੰਜਵੇਂ ਸਮੈਸਟਰ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਨੌਜਵਾਨਾਂ ਨੂੰ ਸਮਾਜ ਦੀ ਭਲਾਈ ਲਈ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਪਿਛਲੇ ਇੱਕ ਸਾਲ ਦੌਰਾਨ ਐਨ.ਐਸ.ਐਸ. ਯੂਨਿਟ ਵੱਲੋਂ ਕੀਤੀਆਂ ਗਈਆਂ ਵੱਖ-ਵੱਖ ਗਤੀਵਿਧੀਆਂ ਦੀ ਝਲਕ ਪੀ.ਪੀ.ਟੀ. ਰਾਹੀਂ ਵਿਦਿਆਰਥੀਆਂ ਨਾਲ ਸਾਂਝੀ ਕੀਤੀ ਗਈ। ਇਸ ਰਾਹੀਂ ਸਵੱਛਤਾ, ਜਾਗਰੂਕਤਾ, ਸਮਾਜ ਸੇਵਾ, ਲੋਕ-ਭਲਾਈ ਅਤੇ ਵਾਤਾਵਰਣ ਸੰਭਾਲ ਨਾਲ ਸਬੰਧਤ ਕਾਰਜਾਂ ਨੂੰ ਉਜਾਗਰ ਕੀਤਾ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੋਸਟਰ ਮੇਕਿੰਗ ਪ੍ਰਤੀਯੋਗਤਾ , ਨਵੇਂ ਬੂਟੇ ਲਗਾਉਣ, ਕੌਮੀ ਸੇਵਾ ਯੋਜਨਾ ਦਿਵਸ ਨੂੰ ਸਮਰਪਿਤ ਰੈਲੀ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ ਗਿਆ।

ਇਸ ਮੌਕੇ ਓ.ਐਸ.ਡੀ. ਮੈਡਮ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਐਨ.ਐਸ.ਐਸ. ਨੌਜਵਾਨਾਂ ਵਿੱਚ ਸੇਵਾ, ਅਨੁਸ਼ਾਸਨ, ਸਹਿਯੋਗ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦਾ ਮਹੱਤਵਪੂਰਨ ਮੰਚ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਮੋਬਾਈਲ ਅਤੇ ਸੋਸ਼ਲ ਮੀਡੀਆ ਦੀ ਵਰਤੋਂ ਨੂੰ ਆਪਣੀ ਪੜ੍ਹਾਈ ਅਤੇ ਨਿੱਜੀ ਜੀਵਨ ਉੱਤੇ ਹਾਵੀ ਨਾ ਹੋਣ ਦੇਣ।ਇਸ ਮੌਕੇ ਉਨ੍ਹਾਂ ਨੇ ਐਨ.ਐਸ.ਐਸ. ਪ੍ਰੋਗਰਾਮ ਅਫ਼ਸਰ ਮੈਡਮ ਸੋਨੀਆ ਅਤੇ ਸਮੁੱਚੀ ਐਨ ਐਸ ਐਸ ਟੀਮ ਵੱਲੋਂ ਵਿਦਿਆਰਥੀਆਂ ਲਈ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਡੀ ਏ ਨੂੰ ਡੀ ਲਿੰਕ ਕਰਨ ਦੀ ਕੋਝੀ ਚਾਲ : ਆਗੂ



**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਸਰਕਾਰ ਦੇ ਵਿੱਤ ਵਿਭਾਗ ਵੱਲੋਂ ਵੀਰਵਾਰ ਨੂੰ ਦੋ ਵੱਖਰੇ ਵੱਖਰੇ ਪੱਤਰ ਜਾਰੀ ਕਰਕੇ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਡੀ ਏ 1 ਸਤੰਬਰ 2026 ਤੋਂ 42 ਫੀਸਦੀ ਤੋਂ ਵਧਾਕੇ 50 ਫੀਸਦੀ ਕਰਨ ਲਈ ਕਿਹਾ ਹੈ। ਇਹਨਾਂ ਪੱਤਰਾਂ 'ਤੇ ਟਿੱਪਣੀ ਕਰਦੇ ਹੋਏ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ,ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਅਤੇ ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ , ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਜਨਰਲ ਸਕੱਤਰ ਜਿੰਦਰ ਪਾਇਲਟ ਅਤੇ ਵਿੱਤ ਸਕੱਤਰ ਨਵੀਨ ਸਚਦੇਵਾ ਨੇ ਕਿਹਾ ਕਿ ਇਹਨਾਂ ਪੱਤਰਾਂ ਵਿੱਚ ਪੰਜਾਬ ਸਰਕਾਰ ਵੱਲੋਂ ਇਹ ਜਿਕਰ ਨਾ ਕਰਨਾ ਕਿ ਕੀ ਇਹ ਕਿਸ਼ਤ 1 ਜੁਲਾਈ 2023 ਤੋਂ 42 ਫੀਸਦੀ ਤੋਂ 46 ਫੀਸਦੀ ਅਤੇ 1ਜਨਵਰੀ 2024 ਤੋਂ 46 ਫੀਸਦੀ ਤੋਂ 50 ਫੀਸਦੀ ਹਨ , ਪੰਜਾਬ ਸਰਕਾਰ ਦੀ ਨੀਯਤ 'ਤੇ ਸੰਦੇਹ ਪੈਦਾ ਕਰਦਾ ਹੈ।ਆਗੂਆਂ ਅਨੁਸਾਰ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਡੀ ਏ ਕੇਂਦਰੀ ਪੈਟਰਨ ਨਾਲੋਂ ਡੀ ਲਿੰਕ ਕਰਨ ਦੀ ਇਹ ਡੂੰਘੀ ਸਾਜ਼ਿਸ਼ ਦਾ ਸਿੱਟਾ ਹੈ।

## ਮੁੱਖ ਚੋਣ ਕਮਿਸ਼ਨਰ ਨੂੰ ਹਟਾਉਣਾ ਜ਼ਰੂਰੀ : ਨੂਰ ਔਲਖ਼



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਸੂਬਾਈ ਆਗੂ ਪਰਮਿੰਦਰ ਸਿੰਘ ਨੂਰ ਔਲਖ਼ ਨੇ ਵੋਟਰ ਸੂਚੀਆਂ ਦੀ ਵਿਆਪਕ ਸੁਧਾਈ ਦੇ ਸੰਵੇਦਨਸ਼ੀਲ ਮੁੱਦੇ 'ਤੇ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਦੀ ਮੰਗ ਕਰਦਿਆਂ ਉਨ੍ਹਾਂ ਚੋਣ ਕਮਿਸ਼ਨ 'ਤੇ ਤਾਨਾਸ਼ਾਹੀ ਰਵੱਈਆ ਅਪਨਾਉਣ ਦੇ ਗੰਭੀਰ ਦੋਸ਼ ਲਗਾਏ ਅਤੇ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਨੂੰ ਉਨ੍ਹਾਂ ਦੇ ਅਹੁਦੇ ਤੋਂ ਤੁਰੰਤ ਮੁਕਤ ਕੀਤਾ ਜਾਵੇ। ਔਲਖ਼ ਨੇ ਜ਼ੋਰਦਾਰ ਸ਼ਬਦਾਂ ਵਿੱਚ ਮੰਗ ਕੀਤੀ ਕਿ ਮੌਜੂਦਾ ਐੱਸ.ਆਈ.ਆਰ. ਪ੍ਰਕਿਰਿਆ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ ਅਤੇ ਤਿੰਨ ਸਾਲ ਪਹਿਲਾਂ ਤਿਆਰ ਕੀਤੀ ਗਈ ਵੋਟਰ ਸੂਚੀ ਨੂੰ ਮੁੜ ਬਹਾਲ ਕੀਤਾ ਜਾਵੇ।

## ਖੁੱਬਣ ਤੇ ਦੋਦਾ ਵਿਖੇ ਦਸਤਾਵੇਜ਼ੀ ਫਿਲਮ ਵਿਖਾਈ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਸ੍ਰੀ ਗੁਰੂ ਰਵਿਦਾਸ ਦੇ 650ਵੇਂ ਗੁਰਪੁਰਬ ਨੂੰ ਸਮਰਪਿਤ ਬੱਲੂਆਣਾ ਹਲਕੇ ਦੇ ਪਿੰਡ ਖੁੱਬਣ ਅਤੇ ਦੋਦਾ ਵਿਖੇ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਸਿੱਖਿਆਵਾਂ, ਜੀਵਨ ਜਾਚ ਅਤੇ ਸਮਾਨਤਾ ਦੇ ਸੰਦੇਸ਼ ਨਾਲ ਸਬੰਧਤ ਐਲ.ਈ.ਡੀ. ਵੈਨ ਰਾਹੀਂ ਡਾਕੂਮੈਂਟਰੀ ਫਿਲਮ ਦਿਖਾਈ ਗਈ।ਇਸ ਦੌਰਾਨ ਪਿੰਡ ਦੇ ਸਰਪੰਚਾਂ ਤੇ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਆਪਣਾ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਡਾਕੂਮੈਂਟਰੀ ਫਿਲਮ ਰਾਹੀਂ ਸ੍ਰੀ. ਗੁਰੂ ਰਵਿਦਾਸ ਦੀਆਂ ਸਿੱਖਿਆਵਾਂ, ਮਨੁੱਖੀ ਬਰਾਬਰੀ, ਸਮਾਨਤਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਪਿੰਡ ਵਾਸੀਆਂ ਤੱਕ ਪਹੁੰਚਿਆ।

## ਫਤਿਹ ਗਰੁੱਪ ਆਫ਼ ਇੰਸਟੀਚਿਊਸ਼ਨ ਵਿਖੇ ਵਿਸ਼ਵ ਪੰਜਾਬੀ ਦਿਵਸ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਂ ਬੋਲੀ ਪੰਜਾਬੀ ਪ੍ਰਤੀ ਸਨੇਹ, ਸਤਿਕਾਰ ਅਤੇ ਨੌਜਵਾਨ ਪੀੜ੍ਹੀ ਵਿੱਚ ਇਸ ਦੀ ਅਮੀਰ ਵਿਰਾਸਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਮਕਸਦ ਨਾਲ ਸਥਾਨਕ ਨਾਮਵਰ ਵਿੱਦਿਅਕ ਸੰਸਥਾ ਫਤਿਹ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਰਾਮਪੁਰਾ ਫੂਲ ਵਿਖੇ ਵਿਸ਼ਵ ਪੰਜਾਬੀ ਦਿਵਸ ਬੜੇ ਉਤਸ਼ਾਹਪੂਰਵਕ ਢੰਗ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਵਿਦਿਆਰਥੀਆਂ ਦੇ ਭਾਸ਼ਾਈ ਹੁਨਰ ਅਤੇ ਸਿਰਜਣਾਤਮਕਤਾ ਨੂੰ ਉਜਾਗਰ ਕਰਨ ਲਈ ਪੰਜਾਬੀ ਸੱਭਿਆਚਾਰ ਤੇ ਭਾਸ਼ਾ ਨਾਲ ਸੰਬੰਧਤ ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਜਿੱਥੇ ਕਲਾਤਮਕ ਚਾਰਟਾਂ ਰਾਹੀਂ ਪੰਜਾਬ ਦੇ ਅਮੀਰ ਵਿਰਸੇ, ਰਹਿਣ-ਸਹਿਣ ਅਤੇ ਮਾਂ ਬੋਲੀ ਦੀ ਮਹਿਮਾ ਦੇ ਰੰਗ ਬਿਖੇਰੇ, ਉੱਥੇ ਹੀ ਕਵਿਤਾ ਮੁਕਾਬਲੇ ਵਿੱਚ ਦਿਲ-ਟੁੰਬਵੀਆਂ ਕਾਵਿ-ਪੇਸ਼ਕਾਰੀਆਂ ਰਾਹੀਂ ਪੰਜਾਬੀ ਭਾਸ਼ਾ ਦੀ ਮਿਠਾਸ ਅਤੇ ਗੰਭੀਰਤਾ ਨੂੰ ਬਾਖੂਬੀ ਪੇਸ਼ ਕੀਤਾ।ਇਸ ਮੌਕੇ ਸੰਸਥਾ ਦੇ ਚੇਅਰਮੈਨ ਸ. ਐਸ. ਐਸ. ਚੱਠਾ ਨੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਪੰਜਾਬੀ ਪ੍ਰੇਮੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪੰਜਾਬੀ ਸਿਰਫ਼ ਗੱਲਬਾਤ ਦਾ ਸਾਧਨ ਹੀ ਨਹੀਂ, ਸਗੋਂ ਇਹ ਸਾਡੀ ਪਛਾਣ, ਅਣਖ ਅਤੇ ਸ਼ਾਨਦਾਰ ਵਿਰਸੇ ਦੀ ਮਜ਼ਬੂਤ ਕੜੀ ਹੈ।ਸੰਸਥਾ ਦੀ ਮੈਨੇਜਿੰਗ ਡਾਇਰੈਕਟਰ (ਐਮ.ਡੀ.) ਮੈਡਮ ਮਨਜੀਤ ਕੌਰ ਚੱਠਾ, ਪ੍ਰਿੰਸੀਪਲ ਬਖਸ਼ੀਸ਼ ਸਿੰਘ ਅਤੇ ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਹਰ ਖੇਤਰ ਵਿੱਚ ਤਰੱਕੀ ਕਰਦਿਆਂ ਵੀ ਆਪਣੀ ਮਾਂ ਬੋਲੀ ਨੂੰ ਪੜ੍ਹਨ, ਲਿਖਣ ਅਤੇ ਰੋਜ਼ਾਨਾ ਵਿਹਾਰ ਵਿੱਚ ਬੋਲਣ 'ਤੇ ਹਮੇਸ਼ਾ ਮਾਣ ਮਹਿਸੂਸ ਕਰਨਾ ਚਾਹੀਦਾ ਹੈ।

## 'ਸਿੰਗਲ ਯੂਜ਼ ਪਲਾਸਟਿਕ ਨੂੰ ਨਾਂਹ ਕਹੋ' ਜਾਗਰੂਕਤਾ ਅਭਿਆਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਵੱਲੋਂ 17 ਸਤੰਬਰ ਤੋਂ 2 ਅਕਤੂਬਰ 2026 ਤੱਕ 'ਸਵੱਛਤਾ ਹੀ ਸੇਵਾ' ਅਭਿਆਨ ਤਹਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਅਧੀਨ 23 ਤੇ 24 ਸਤੰਬਰ ਨੂੰ 'ਸਿੰਗਲ ਯੂਜ਼ ਪਲਾਸਟਿਕ ਨੂੰ ਨਾਂਹ ਕਹੋ' ਮੁਹਿੰਮ ਚਲਾਈ ਗਈ। ਮੰਡਲ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ 'ਤੇ ਪਬਲਿਕ ਐਡਰੈੱਸ ਸਿਸਟਮ ਤੇ ਬੈਨਰਾਂ ਰਾਹੀਂ ਯਾਤਰੀਆਂ ਨੂੰ ਸਿੰਗਲ ਯੂਜ਼ ਪਲਾਸਟਿਕ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਗਿਆ। ਅਭਿਆਨ ਦੌਰਾਨ ਯਾਤਰੀਆਂ ਨੂੰ ਪਲਾਸਟਿਕ ਦੀਆਂ ਬੋਤਲਾਂ ਦੀ ਥਾਂ ਵਾਤਾਵਰਣ ਦੇ ਅਨੁਕੂਲ ਤੇ ਮੁੜ ਵਰਤੋਂ ਯੋਗ ਬੋਤਲਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਸਟੇਸ਼ਨਾਂ 'ਤੇ ਮੌਜੂਦ 'ਬੋਤਲ ਕ੍ਰਸ਼ਿੰਗ ਮਸ਼ੀਨਾਂ' ਤੇ ਠੋਸ ਕੂੜਾ ਪ੍ਰਬੰਧਨ ਲਈ ਨਿਰਧਾਰਤ ਚਾਰ ਵੱਖ-ਵੱਖ ਕੂੜੇਦਾਨਾਂ ਦੀ ਸਹੀ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵੈਂਡਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ ਸਮਝਾਇਆ ਗਿਆ ਤੇ ਰੇਲਵੇ ਸਟੇਸ਼ਨਾਂ 'ਤੇ ਸਫ਼ਾਈ ਬਣਾਏ ਰੱਖਣ ਵਿੱਚ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਦੇ ਨਾਲ ਹੀ ਮੰਡਲ ਦਫ਼ਤਰ ਵਿੱਚ ਅਧਿਕਾਰੀਆਂ ਨੂੰ ਮੁੜ ਵਰਤੋਂ ਯੋਗ ਮੱਗ ਵੰਡੇ ਗਏ।

## ਐੱਸ ਐੱਸ ਪੀ ਵੱਲੋਂ ਥਾਣਾ ਸਿਟੀ ਦੀ ਅਚਨਚੇਤ ਚੈਕਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐੱਸ, ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਵਿੱਚ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਣ ਤੇ ਪੁਲਸ ਨਾਲ ਲੋਕਾਂ ਦਾ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣ ਦੇ ਮੰਤਵ ਨਾਲ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦੀ ਅਚਨਚੇਤ ਚੈਕਿੰਗ ਕੀਤੀ ਗਈ।ਐੱਸ.ਐੱਸ.ਪੀ. ਵੱਲੋਂ ਚੈਕਿੰਗ ਦੌਰਾਨ ਥਾਣੇ ਦਾ ਜਾਇਜ਼ਾ ਲਿਆ ਗਿਆ।ਉਨ੍ਹਾਂ ਮਾਲਖਾਨਾ, ਅਸਲਾ ਰਿਕਾਰਡ, ਡਾਕ ਰਜਿਸਟਰ, ਰੋਜ਼ਨਾਮਚਾ, ਮੈੱਸ ਪ੍ਰਬੰਧ, ਸੀ.ਸੀ.ਟੀ.ਵੀ ਕੈਮਰੇ, ਥਾਣਾ ਬਿਲਡਿੰਗ ਤੇ ਹੋਰ ਸਹੂਲਤਾਂ ਦੀ ਵਿਸਥਾਰ ਨਾਲ ਜਾਂਚ ਕੀਤੀ।ਉਨ੍ਹਾਂ ਖਾਸ ਤੌਰ 'ਤੇ ਇਹ ਯਕੀਨੀ ਬਣਾਇਆ ਕਿ ਥਾਣੇ ਵਿੱਚ ਰੱਖਿਆ ਗਿਆ ਅਸਲਾ ਤੇ ਰਿਕਾਰਡ ਪੂਰੀ ਤਰ੍ਹਾਂ ਅਪਡੇਟ ਹੋਵੇ ਤੇ ਹਰ ਕਾਰਵਾਈ ਨਿਯਮਾਂ ਅਨੁਸਾਰ ਕੀਤੀ ਜਾ ਰਹੀ ਹੋਵੇ।ਇਸ ਤੋਂ ਇਲਾਵਾ ਥਾਣੇ ਦੀ ਸਫਾਈ, ਅਨੁਸ਼ਾਸਨ ਤੇ ਪ੍ਰਬੰਧਾਂ ਨੂੰ ਹੋਰ ਸੁਧਾਰਨ ਲਈ ਵੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ।ਚੈਕਿੰਗ ਦੌਰਾਨ ਐੱਸ.ਐੱਸ.ਪੀ. ਨੇ ਥਾਣੇ ਦੇ ਵੇਟਿੰਗ ਰੂਮ ਦਾ ਵੀ ਜਾਇਜ਼ਾ ਲਿਆ।ਇਸ ਮੌਕੇ ਐੱਸ.ਐੱਸ.ਪੀ. ਵੱਲੋਂ ਥਾਣੇ ਵਿੱਚ ਆਪਣੀਆਂ ਦਰਖਾਸਤਾਂ ਜਾਂ ਸ਼ਿਕਾਇਤਾਂ ਲੈ ਕੇ ਆਏ ਆਮ ਲੋਕਾਂ ਨਾਲ ਸਿੱਧੀ ਗੱਲਬਾਤ ਕੀਤੀ ਗਈ।ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਤੇ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਤੇ ਨਿਪਟਾਰਾ ਕਰਨ ਲਈ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਹੁਕਮ ਜਾਰੀ ਕੀਤੇ।ਇਸ ਮੌਕੇ ਥਾਣੇ ਦੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਸੁਝਾਵ ਵੀ ਸੁਣੇ।

## ਜ਼ੋਨਲ ਖੇਡਾਂ 'ਚ ਸਰਕਾਰੀ ਸਕੂਲ ਕੁਲਾਰਾਂ ਦਾ ਸ਼ਾਨਦਾਰ ਪ੍ਰਦਰਸ਼ਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਵਿਖੇ ਕਰਵਾਈਆਂ ਗਈਆਂ ਜ਼ੋਨਲ ਐਥਲੈਟਿਕ ਖੇਡਾਂ ਵਿੱਚ ਸਰਕਾਰੀ ਸੀਨੀ. ਸੈਕੰ. ਸਕੂਲ ਕੁਲਾਰਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 3 ਚਾਂਦੀ ਤੇ 2 ਕਾਂਸੀ ਦੇ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਨ੍ਹਾਂ ਜ਼ੋਨਲ ਪੱਧਰੀ ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17 ਤੇ ਅੰਡਰ-19 ਉਮਰ ਵਰਗ ਦੇ ਮੁਕਾਬਲੇ ਕਰਵਾਏ ਗਏ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁਲਾਰਾਂ ਦੇ ਕੁੱਲ 31 ਵਿਦਿਆਰਥੀਆਂ ਨੇ ਐਥਲੈਟਿਕ ਖੇਡਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਹਰਜੋਤ ਕੌਰ ਨੇ ਜੇਤੂ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਪ੍ਰਾਪਤੀ ਵਿੱਚ ਸਕੂਲ ਦੇ ਸਮੂਹ ਸਟਾਫ ਵੱਲੋਂ ਦਿੱਤਾ ਗਿਆ ਸਹਿਯੋਗ ਵੀ ਸ਼ਲਾਘਾਯੋਗ ਹੈ।ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ, ਲਗਨ ਤੇ ਖੇਡ ਭਾਵਨਾ ਨਾਲ ਅੱਗੇ ਵਧਦਿਆਂ ਸਕੂਲ ਦਾ ਨਾਮ ਹੋਰ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

## 28 ਨੂੰ ਲੁਧਿਆਣਾ 'ਚ ਹੋਵੇਗਾ 'ਜਸ਼ਨ-ਏ-ਇਨਕਲਾਬ' ਸਮਾਗਮ : ਖੁੱਡੀਆਂ

**ਮੁਕਤਸਰ/ਲੰਬੀ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)**-ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦ ਸ੍ਰ. ਭਗਤ ਸਿੰਘ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਸਿਰਜਣ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਇਸੇ ਲੜੀ ਤਹਿਤ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਸਮਾਗਮ 'ਜਸ਼ਨ-ਏ-ਇਨਕਲਾਬ' 28 ਸਤੰਬਰ 2026 ਨੂੰ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ।ਸ. ਖੁੱਡੀਆਂ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਸ਼ਹੀਦ-ਏ-ਆਜ਼ਮ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਸਿਰਜਣ ਲਈ ਸਿੱਖਿਆ, ਰੁਜ਼ਗਾਰ, ਵਿਕਾਸ ਤੇ ਲੋਕ-ਭਲਾਈ ਦੇ ਖੇਤਰਾਂ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ 'ਜਸ਼ਨ-ਏ-ਇਨਕਲਾਬ' ਸਿਰਫ਼ ਇਕ ਸਮਾਗਮ ਨਹੀਂ, ਸਗੋਂ ਮਹਾਨ ਸ਼ਹੀਦ ਦੀ ਸੋਚ, ਕੁਰਬਾਨੀ ਤੇ ਦੇਸ਼-ਪ੍ਰੇਮ ਨੂੰ ਯਾਦ ਕਰਨ ਦਾ ਮੌਕਾ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ 28 ਸਤੰਬਰ 2026 ਨੂੰ ਵੱਡੀ ਗਿਣਤੀ ਵਿੱਚ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਪਹੁੰਚ ਕੇ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਨ ਤੇ ਉਨ੍ਹਾਂ ਦੇ ਸੁਪਨਿਆਂ ਵਾਲੇ ਪੰਜਾਬ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ।

## ਐੱਮ ਆਰ ਐੱਸ ਪੀ ਟੀ ਯੂ ਵਿਖੇ ਬੀ ਸੀ ਐੱਲ ਇੰਡਸਟਰੀਜ਼ ਅਕੈਡਮਿਕ ਬਲਾਕ ਦਾ ਉਦਘਾਟਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬੀਸੀਐੱਲ ਇੰਡਸਟਰੀਜ਼ ਲਿਮਟਿਡ ਬਠਿੰਡਾ ਵੱਲੋਂ ਸਿੱਖਿਆ ਦੇ ਖੇਤਰ 'ਚ ਇਕ ਹੋਰ ਵੱਡਾ ਉਪਰਾਲਾ ਕਰਦੇ ਹੋਏ ਸਥਾਨਕ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਲੈਕਚਰ ਥੀਏਟਰ ਵਿਖੇ ਬੀਸੀਐੱਲ ਇੰਡਸਟਰੀਜ਼ ਅਕੈਡਮਿਕ ਬਲਾਕ ਦਾ ਉਦਘਾਟਨ ਕੀਤਾ ਗਿਆ ਹੈ, ਜਿਸ ਦਾ ਰਸਮੀ ਉਦਘਾਟਨ ਬੀਸੀਐੱਲ ਦੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਮਿੱਤਲ ਵੱਲੋਂ ਕੀਤਾ ਗਿਆ।ਇਸ ਵਿਸ਼ੇਸ਼ ਅਕੈਡਮਿਕ ਬਲਾਕ ਅਧੀਨ ਵਿਦਿਆਰਥੀਆਂ ਦੀ ਸਹੂਲਤ ਲਈ ਲੱਖਾਂ ਰੁਪਏ ਦੀ ਲਾਗਤ ਨਾਲ ਚਾਰ ਨਵੇਂ ਕਲਾਸ ਰੂਮ ਤਿਆਰ ਕਰਵਾ ਕੇ ਦਿੱਤੇ ਗਏ ਹਨ ਤੇ ਹਰ ਕਲਾਸ ਰੂਮ ਦੀ ਸਮਰੱਥਾ 120 ਵਿਦਿਆਰਥੀਆਂ ਦੀ ਹੈ।ਇਨ੍ਹਾਂ ਤਿਆਰ ਕੀਤੇ ਗਏ ਕਲਾਸ ਰੂਮ ਦੇ ਅੰਦਰ ਅਧੁਨਿਕ ਫਰਨੀਚਰ ਤੇ ਹੋਰ ਸਹੂਲਤਾਂ ਦਾ ਵੀ ਪੂਰਾ ਪ੍ਰਬੰਧ ਕੀਤਾ ਗਿਆ ਹੈ।ਇਸ ਮੌਕੇ ਉਕਤ ਉਪਰਾਲੇ ਤੋਂ ਇਲਾਵਾ ਬੀਸੀਐੱਲ ਵੱਲੋਂ ਪਿਛਲੇ ਸਮੇਂ 'ਚ ਲੋੜਵੰਦ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਗਈ ਦਵਾਰਕਾ ਦਾਸ ਮਿੱਤਲ ਅਕਾਦਮਿਕ ਸਕਾਲਰਸ਼ਿਪ ਅਧੀਨ ਚੁਣੇ ਗਏ 25 ਵਿਦਿਆਰਥੀਆਂ ਨੂੰ ਪਰ ਵਿਦਿਆਰਥੀ 25 ਹਜ਼ਾਰ ਰੁਪਏ ਦੇ ਹਿਸਾਬ ਨਾਲ ਸਕਾਲਰਸ਼ਿਪ ਦੀ ਪਹਿਲੀ ਅਦਾਇਗੀ ਵੀ ਦਿੱਤੀ ਗਈ।ਇਸ ਮੌਕੇ ਐੱਮ ਆਰ ਐੱਸ ਪੀ ਟੀ ਯੂ ਦੇ ਵਾਈਸ ਚਾਂਸਲਰ ਪ੍ਰੋਫੈਸਰ ਸੰਜੀਵ ਕੁਮਾਰ ਸ਼ਰਮਾ, ਬੀਸੀਐੱਲ ਤੋਂ ਜੁਆਇੰਟ ਮੈਨੇਜਿੰਗ ਡਾਇਰੈਕਟਰ ਕੁਸ਼ਲ ਮਿੱਤਲ, ਸੀਈਓ ਵਰੁਣ ਗੁਪਤਾ ਤੋਂ ਇਲਾਵਾ ਯੂਨੀਵਰਸਿਟੀ ਦੇ ਰਜਿਸਟਰਾਰ ਪਰਮਜੀਤ ਸਿੰਘ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।ਬੀਸੀਐੱਲ ਦੇ ਮੈਨੇਜਿੰਗ ਡਾਇਰੈਕਟਰ ਰਾਜਿੰਦਰ ਮਿੱਤਲ ਨੇ ਸੰਬੋਧਨ ਕਰਦੇ ਕਿਹਾ ਕਿ ਕੰਪਨੀ ਵੱਲੋਂ ਸਮੇਂ ਸਮੇਂ 'ਤੇ ਇਲਾਕੇ 'ਚ ਸਿਹਤ ਸਹੂਲਤਾਂ ਤੇ ਸਿੱਖਿਆ ਦੇ ਖੇਤਰ 'ਚ ਆਪਣਾ ਪੂਰਾ ਬਣਦਾ ਯੋਗਦਾਨ ਪਾਇਆ ਜਾਂਦਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜਿੱਥੇ ਪਹਿਲਾਂ ਹੀ ਐੱਮਆਰਐੱਸਪੀਟੀਯੂ ਵਿਖੇ ਵੱਡੀ ਲਾਗਤ ਨਾਲ ਤਿਆਰ ਕੀਤੀ ਬੀਸੀਐੱਲ ਆਈਡੀਆ ਲੈਬ ਸਥਾਪਤ ਕੀਤੀ ਜਾ ਚੁੱਕੀ ਹੈ, ਜਿਸ ਦਾ ਸੈਂਕੜੇ ਵਿਦਿਆਰਥੀ ਲਾਹਾ ਲੈ ਰਹੇ ਹਨ।ਉਨ੍ਹਾਂ ਇਸ ਮੌਕੇ ਦਵਾਰਕਾ ਦਾਸ ਮਿੱਤਲ ਅਕਾਦਮਿਕ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ 25 ਵਿਦਿਆਰਥੀਆਂ ਨੂੰ ਵੀ ਸਕਾਲਰਸ਼ਿਪ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋਫੈਸਰ ਸੰਜੀਵ ਕੁਮਾਰ ਸ਼ਰਮਾ ਨੇ ਦੱਸਿਆ ਕਿ ਬੀਸੀਐੱਲ ਵੱਲੋਂ ਸਮੇਂ ਸਮੇਂ 'ਤੇ ਯੂਨੀਵਰਸਿਟੀ ਕੈਂਪਸ 'ਚ ਆਪਣਾ ਯੋਗਦਾਨ ਪਾਇਆ ਜਾਂਦਾ ਹੈ।ਜਿੱਥੇ ਪਹਿਲਾਂ ਬੀਸੀਐੱਲ ਆਈਡੀਆ ਲੈਬ ਨੂੰ ਸਥਾਪਤ ਕੀਤਾ ਗਿਆ ਤੇ ਫਿਰ ਸਕਾਲਰਸ਼ਿਪ ਤੋਂ ਇਲਾਵਾ ਇਸ ਨਵੇਂ ਅਕੈਡਮਿਕ ਬਲਾਕ ਦੀ ਸਥਾਪਨਾ ਕੀਤੀ ਗਈ, ਇਸ ਲਈ ਉਹ ਮਿੱਤਲ ਪਰਿਵਾਰ ਤੇ ਮੈਨੇਜਮੈਂਟ ਦੇ ਧੰਨਵਾਦੀ ਹਨ।ਪ੍ਰੋਗਰਾਮ ਦੇ ਅੰਤ 'ਚ ਯੂਨੀਵਰਸਿਟੀ ਦੀ ਤਰਫੋਂ ਐੱਮ ਡੀ ਰਾਜਿੰਦਰ ਮਿੱਤਲ, ਜੁਆਇੰਟ ਐੱਮ ਡੀ ਕੁਸ਼ਲ ਮਿੱਤਲ ਤੇ ਸੀਈਓ ਵਰੁਣ ਗੁਪਤਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਐੱਸ ਆਰ ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਗਲੋਬਲ ਐਜੂਕੇਸ਼ਨ ਫੇਅਰ 'ਚ ਲਿਆ ਹਿੱਸਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐੱਸ.ਆਰ.ਐੱਸ. ਵਿੱਦਿਆਪੀਠ ਦੇ ਸੀਨੀਅਰ ਵਿਦਿਆਰਥੀਆਂ ਨੇ ਪਟਿਆਲਾ ਵਿੱਚ ਆਯੋਜਿਤ ਗਲੋਬਲ ਐਜੂਕੇਸ਼ਨ ਫੇਅਰ ਵਿੱਚ ਭਾਗ ਲਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਉੱਚ ਸਿੱਖਿਆ ਦੇ ਮੌਕਿਆਂ ਤੇ ਵਿਸ਼ਵ ਪੱਧਰੀ ਅਕਾਦਮਿਕ ਵਿਕਲਪਾਂ ਬਾਰੇ ਸਿੱਧੀ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ।ਫੇਅਰ ਵਿੱਚ ਆਸਟ੍ਰੇਲੀਆ, ਕੈਨੇਡਾ, ਯੂਨਾਈਟਿਡ ਕਿੰਗਡਮ, ਅਮਰੀਕਾ, ਨਿਊਜ਼ੀਲੈਂਡ ਤੇ ਯੂਰਪ ਨਾਲ ਸਬੰਧਤ ਯੂਨੀਵਰਸਿਟੀਆਂ ਤੇ ਸਿੱਖਿਆ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ। ਐੱਸ.ਆਰ.ਐੱਸ. ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰਤੀਨਿਧੀਆਂ ਨਾਲ ਸਿੱਧਾ ਸੰਵਾਦ ਕੀਤਾ ਤੇ ਵੱਖ-ਵੱਖ ਦੇਸ਼ਾਂ ਵਿੱਚ ਉਪਲਬਧ ਕੋਰਸਾਂ, ਦਾਖਲਾ ਪ੍ਰਕਿਰਿਆਵਾਂ ਤੇ ਉੱਚ ਸਿੱਖਿਆ ਦੇ ਮੌਕਿਆਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਦੌਰਾਨ ਵਿਦਿਆਰਥੀਆਂ ਨੂੰ ਕੋਰਸ ਦੀ ਚੋਣ, ਯੂਨੀਵਰਸਿਟੀ ਦਾਖਲਾ, ਵੀਜ਼ਾ ਪ੍ਰਕਿਰਿਆ, ਸਕਾਲਰਸ਼ਿਪ, ਸਿੱਖਿਆ ਕਰਜ਼ੇ ਤੇ ਵਿਦੇਸ਼ ਵਿੱਚ ਉੱਚ ਸਿੱਖਿਆ ਦੇ ਵੱਖ-ਵੱਖ ਵਿਕਲਪਾਂ ਬਾਰੇ ਮਹੱਤਵਪੂਰਨ ਜਾਣਕਾਰੀ ਮਿਲੀ। ਉਨ੍ਹਾਂ ਨੂੰ ਵੱਖ-ਵੱਖ ਸਿੱਖਿਆ ਪ੍ਰਣਾਲੀਆਂ ਨੂੰ ਸਮਝਣ ਅਤੇ ਆਪਣੀਆਂ ਰੁਚੀਆਂ ਤੇ ਭਵਿੱਖ ਦੀਆਂ ਯੋਜਨਾਵਾਂ ਅਨੁਸਾਰ ਅਕਾਦਮਿਕ ਵਿਕਲਪਾਂ ਦੀ ਖੋਜ ਕਰਨ ਦਾ ਮੌਕਾ ਵੀ ਮਿਲਿਆ।ਚੇਅਰਮੈਨ ਸੀ. ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ.ਏ. ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਤੇ ਪ੍ਰਿੰਸੀਪਲ ਡਾ. ਚੰਦਨਦੀਪ ਨੇ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਸਫਲਤਾ ਲਈ ਹੀ ਨਹੀਂ, ਸਗੋਂ ਵਿਸ਼ਵ ਪੱਧਰ 'ਤੇ ਉਪਲਬਧ ਭਵਿੱਖ ਦੇ ਮੌਕਿਆਂ ਲਈ ਤਿਆਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

## ਛਾਤੀ ਕੈਂਸਰ ਦੇ ਇਲਾਜ 'ਚ ਏ ਬੀ ਐੱਚ ਹੈਲਥਕੇਅਰ ਵੱਲੋਂ ਅਹਿਮ ਉਪਲੱਬਧੀ

**ਮਰੀਜ਼ ਦੀ ਇੱਛਾ ਅਨੁਸਾਰ ਛਾਤੀ ਨੂੰ ਸੁਰੱਖਿਅਤ ਰੱਖਦਿਆਂ ਸਫਲ ਸਰਜਰੀ, ਟਿਊਮਰ ਦਾ ਆਕਾਰ ਘਟਾਉਣ ਲਈ ਪਹਿਲਾਂ ਦਿੱਤੀ ਗਈ ਕੀਮੋਥੈਰੇਪੀ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਏਬੀਐੱਚ ਹੈਲਥਕੇਅਰ ਫਿਰੋਜ਼ਪੁਰ ਦੀ ਓਨਕੋਲੋਜੀ ਟੀਮ ਨੇ ਛਾਤੀ ਦੇ ਕੈਂਸਰ ਦੇ ਇਲਾਜ ਦੇ ਖੇਤਰ ਵਿੱਚ ਅਹਿਮ ਉਪਲਬਧੀ ਹਾਸਲ ਕਰਦਿਆਂ ਇੱਕ ਮਹਿਲਾ ਮਰੀਜ਼ ਦੀ ਬ੍ਰੈਸਟ-ਕੰਜ਼ਰਵਿੰਗ ਕੈਂਸਰ ਸਫਲਤਾਪੂਰਵਕ ਕੀਤੀ ਹੈ। ਹਸਪਤਾਲ ਵਿੱਚ ਓਨਕੋਲੋਜੀ ਟੀਮ ਦੀ ਅਗਵਾਈ ਹੇਠ ਕੀਤੀ ਗਈ ਇਹ ਪਹਿਲੀ ਬ੍ਰੈਸਟ-ਕੰਜ਼ਰਵਿੰਗ ਕੈਂਸਰ ਸਰਜਰੀ ਦੱਸੀ ਗਈ ਹੈ। ਜਾਣਕਾਰੀ ਅਨੁਸਾਰ ਮਰੀਜ਼ ਸੱਜੀ ਛਾਤੀ ਵਿਚ ਗੰਢ ਦੀ ਸ਼ਿਕਾਇਤ ਲੈ ਕੇ ਹਸਪਤਾਲ ਪਹੁੰਚੀ ਸੀ। ਕਲੀਨੀਕਲ ਜਾਂਚ, ਇਮੇਜਿੰਗ ਤੇ ਬਾਇਓਪਸੀ ਤੋਂ ਬਾਅਦ ਉਸ ਵਿੱਚ ਛਾਤੀ ਦੇ ਕੈਂਸਰ ਦੀ ਪੁਸ਼ਟੀ ਹੋਈ। ਮਰੀਜ਼ ਤੇ ਉਸ ਦੇ ਪਰਿਵਾਰ ਦੀ ਇੱਛਾ ਨੂੰ ਧਿਆਨ ਵਿੱਚ ਰੱਖਦਿਆਂ ਮਾਹਰਾਂ ਵੱਲੋਂ ਪਹਿਲਾਂ ਨਿਓ-ਐਡਜੁਵੈਂਟ ਕੀਮੋਥੈਰੇਪੀ ਦੀ ਯੋਜਨਾ ਬਣਾਈ ਗਈ, ਜਿਸ ਦਾ ਉਦੇਸ਼ ਟਿਊਮਰ ਦਾ ਆਕਾਰ ਘਟਾਉਣਾ ਸੀ। ਕੀਮੋਥੈਰੇਪੀ ਤੋਂ ਬਾਅਦ ਮਰੀਜ਼ ਨੇ ਇਲਾਜ ਪ੍ਰਤੀ ਚੰਗਾ ਜਵਾਬ ਦਿੱਤਾ ਤੇ ਟਿਊਮਰ ਦੇ ਆਕਾਰ ਵਿਚ ਕਮੀ ਆਈ। ਇਸ ਤੋਂ ਬਾਅਦ ਮਰੀਜ਼ ਦੀ ਸਥਿਤੀ ਨੂੰ ਧਿਆਨ ਵਿਚ ਰੱਖਦਿਆਂ ਬ੍ਰੈਸਟ-ਕੰਜ਼ਰਵਿੰਗ ਕੈਂਸਰ ਦੇ ਨਾਲ ਬਗਲ ਦੇ ਲਿੰਫ ਨੋਡਾਂ ਨੂੰ ਹਟਾਉਣਾ ਵੀ ਸਫਲਤਾਪੂਰਵਕ ਕੀਤੀ ਗਈ। ਸਰਜਰੀ ਤੋਂ ਬਾਅਦ ਮਰੀਜ਼ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ ਤੇ ਉਹ ਤੇਜ਼ੀ ਨਾਲ ਸਿਹਤਯਾਬ ਹੋ ਰਹੀ ਹੈ। ਮੈਡੀਕਲ ਟੀਮ ਵੱਲੋਂ ਉਸ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਹਸਪਤਾਲ ਪ੍ਰਬੰਧਨ ਅਨੁਸਾਰ ਬ੍ਰੈਸਟ-ਕੰਜ਼ਰਵਿੰਗ ਕੈਂਸਰ ਦਾ ਮਕਸਦ ਕੈਂਸਰ ਵਾਲੇ ਟਿਸ਼ੂ ਨੂੰ ਹਟਾਉਂਦੇ ਹੋਏ ਸੰਭਵ ਹੱਦ ਤੱਕ ਸਿਹਤਮੰਦ ਛਾਤੀ ਦੇ ਟਿਸ਼ੂ ਨੂੰ ਸੁਰੱਖਿਅਤ ਰੱਖਣਾ ਹੈ। ਹਾਲਾਂਕਿ ਇਹ ਸਰਜਰੀ ਹਰ ਮਰੀਜ਼ ਲਈ ਉਚਿਤ ਨਹੀਂ ਹੁੰਦੀ ਤੇ ਇਸ ਬਾਰੇ ਫੈਸਲਾ ਬਿਮਾਰੀ ਦੀ ਸਥਿਤੀ, ਟਿਊਮਰ ਦੇ ਆਕਾਰ ਤੇ ਹੋਰ ਮੈਡੀਕਲ ਜਾਂਚਾਂ ਦੇ ਆਧਾਰ 'ਤੇ ਮਾਹਰ ਕਰਦੇ ਹਨ। ਏ ਬੀ ਐੱਚ ਹੈਲਥਕੇਅਰ ਨੇ ਇਸ ਉਪਲਬਧੀ ਨੂੰ ਫਿਰੋਜ਼ਪੁਰ ਤੇ ਆਸ-ਪਾਸ ਦੇ ਮਰੀਜ਼ਾਂ ਲਈ ਆਧੁਨਿਕ ਤੇ ਬਹੁ-ਵਿਭਾਗੀ ਕੈਂਸਰ ਇਲਾਜ ਦੀਆਂ ਸਹੂਲਤਾਂ ਨੇੜੇ ਉਪਲਬਧ ਕਰਵਾਉਣ ਵੱਲ ਮਹੱਤਵਪੂਰਨ ਕਦਮ ਦੱਸਿਆ ਹੈ।

## ਭਾਰਤ ਗਰੁੱਪ ਆਫ਼ ਕਾਲਜਿਜ਼ 'ਚ ਫ੍ਰੈਸ਼ਰ ਪਾਰਟੀ ਦਾ ਆਯੋਜਨ

**ਸਰਦੂਲਗੜ੍ਹ (ਅਵਤਾਰ ਸਿੰਘ)**-ਭਾਰਤ ਗਰੁੱਪ ਆਫ਼ ਕਾਲਜਿਜ਼ ਸਰਦੂਲਗੜ੍ਹ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ 'ਆਗਮਨ 2026' ਫ੍ਰੈਸ਼ਰ ਪਾਰਟੀ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ।ਸਮਾਗਮ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਕਾਲਜ ਨਾਲ ਜੋੜਨਾ ਤੇ ਉਨ੍ਹਾਂ ਲਈ ਕਾਲਜ ਜੀਵਨ ਦੀ ਇੱਕ ਚੰਗੀ ਉਤਸ਼ਾਹਪੂਰਨ ਸ਼ੁਰੂਆਤ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਦੀਪ ਜਲਾ ਕੇ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਸ੍ਰੀ ਰਾਜੇਸ਼ ਗਰਗ ਸੀਈਓ ਤੇ ਸ੍ਰੀ ਮੋਹਿਤ ਐਡਮਿਸ਼ਨ ਡਾਇਰੈਕਟਰ ਭਾਰਤ ਗਰੁੱਪ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਡਾਇਰੈਕਟਰ-ਪ੍ਰਿੰਸੀਪਲ, ਸਟਾਫ ਤੇ ਵਿਦਿਆਰਥੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਡਾ. ਸੁਖਵਿੰਦਰ ਸਿੰਘ ਜੌਲੀ ਡਾਇਰੈਕਟਰ-ਪ੍ਰਿੰਸੀਪਲ ਭਾਰਤ ਗਰੁੱਪ ਨੇ ਨਵੇਂ ਵਿਦਿਆਰਥੀਆਂ ਨੂੰ 'ਭਾਰਤ ਗਰੁੱਪ' ਦਾ ਹਿੱਸਾ ਬਣਨ 'ਤੇ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ 'ਮਿਸਟਰ ਐਂਡ ਮਿਸ 2026' ਮੁਕਾਬਲਾ ਫੈਸ਼ਨ ਪਰੇਡ ਦਾ ਵਿਸ਼ੇਸ਼ ਆਕਰਸ਼ਣ ਰਿਹਾ।ਇਸ ਤੋਂ ਇਲਾਵਾ 'ਬੈਸਟ ਪ੍ਰਫਾਰਮਰ' ਦੀ ਚੋਣ ਵੀ ਕੀਤੀ ਗਈ। ਵਿਦਿਆਰਥੀਆਂ ਦੇ ਪ੍ਰਦਰਸ਼ਨ ਨੇ ਸਮਾਗਮ ਵਿੱਚ ਬਹੁਤ ਰੌਣਕ ਭਰ ਦਿੱਤੀ ਤੇ ਦਰਸ਼ਕਾਂ ਨੇ ਉਨ੍ਹਾਂ ਦੇ ਹੁਨਰ ਦੀ ਭਰਪੂਰ ਸ਼ਲਾਘਾ ਕੀਤੀ।ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਹਿੱਸਾ ਲਿਆ।

## 'ਆਪ' ਸਰਕਾਰ ਸਿਰਫ ਕੰਮ ਦੀ ਰਾਜਨੀਤੀ ਕਰਦੀ : ਚੇਅਰਮੈਨ ਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-'ਪੰਜਾਬ ਦਾ ਇੱਕੋ ਨਾਅਰਾ, ਭਗਵੰਤ ਮਾਨ ਦੁਬਾਰਾ' ਮੁਹਿੰਮ ਤਹਿਤ ਹਲਕਾ ਰਾਮਪੁਰਾ ਫੂਲ ਦੇ ਪਿੰਡ ਢਿਪਾਲੀ ਵਿਖੇ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਲੋਕ ਮਿਲਣੀ ਕਰਨ ਲਈ ਪਹੁੰਚੇ ਤਾਂ ਪਿੰਡ ਵਾਸੀਆਂ ਦੁਆਰਾ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ।ਇਸ ਸਮੇਂ ਲੋਕ ਮਿਲਣੀ ਵਿੱਚ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਕੰਮ ਦੀ ਰਾਜਨੀਤੀ ਕਰਦੀ ਹੈ ਤੇ ਆਮ ਆਦਮੀ ਪਾਰਟੀ ਨੇ ਕਦੇ ਵੀ ਸਿਆਸੀ ਰੋਟੀਆਂ ਨਹੀਂ ਸੇਕੀਆਂ, ਨਾ ਹੀ ਧਾਰਮਿਕ ਮੁੱਦੇ 'ਤੇ ਰਾਜਨੀਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪ੍ਰਚੰਡ ਬਹੁਮਤ ਦੇ ਕੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ ਸਰਕਾਰ' ਬਣੀ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਹ ਕੰਮ ਕਰ ਦਿਖਾਏ, ਜੋ ਇਨ੍ਹਾਂ ਰਵਾਇਤੀ ਪਾਰਟੀਆਂ ਨੇ ਪੰਜਾਬ ਇਤਿਹਾਸ 'ਚ ਕਦੇ ਵੀ ਨਹੀਂ ਕੀਤੇ।ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਅਪੀਲ ਕਰਦਿਆਂ ਲੋਕਾਂ ਨੂੰ ਕਿਹਾ ਕਿ ਜੇ ਆਪਾਂ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਹੈ ਤੇ ਪੰਜਾਬ ਅੰਦਰ ਕੰਮ ਕਰਨ ਵਾਲੀ ਸਰਕਾਰ ਚਾਹੁੰਦੇ ਹਾਂ ਤਾਂ 2027 ਵਿੱਚ ਫਿਰ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਚੰਡ ਬਹੁਮਤ ਨਾਲ ਪੰਜਾਬ ਦੀ ਸੱਤਾ ਅੰਦਰ ਲੈ ਕੇ ਆਈਏ ਤਾਂ ਜੋ ਰਹਿੰਦੇ ਕੰਮਾਂ ਨੂੰ ਪੂਰਾ ਕਰ ਸਕੀਏ ਤੇ ਪੰਜਾਬ ਨੂੰ ਭਾਰਤ ਦੇਸ਼ ਵਿੱਚ ਸਭ ਤੋਂ ਵੱਧ ਵਿਕਾਸਸ਼ੀਲ ਸੂਬਾ ਬਣਾ ਸਕੀਏ।

## ਵਿਦਿਆਰਥੀਆਂ ਨੂੰ ਲੈਂਗਿਕ ਬਰਾਬਰੀ ਦੇ ਮਹੱਤਵ ਤੋਂ ਜਾਣੂ ਕਰਵਾਇਆ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਵਿੱਚ ਸਥਾਪਤ ਲੈਂਗਿਕ ਬਰਾਬਰੀ ਕਮੇਟੀ ਵੱਲੋਂ ਬੀਤੇ ਦਿਨੀਂ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਇਕ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। ਕਮਿਊਨਿਟੀ ਸਾਇੰਸ ਕਾਲਜ ਦੇ 100 ਤੋਂ ਵਧੇਰੇ ਐੱਨ ਐੱਸ ਐੱਸ ਵਿਦਿਆਰਥੀਆਂ ਤੱਕ ਜਾਗਰੂਕਤਾ ਭਾਸ਼ਣ ਦੇਣ ਦਾ ਕਾਰਜ, ਪਸਾਰ ਸਿੱਖਿਆ ਤੇ ਸੰਚਾਰ ਪ੍ਰਬੰਧਨ ਵਿਭਾਗ ਦੇ ਮੁਖੀ ਡਾ. ਰਿਤੂ ਮਿੱਤਲ ਨੇ ਕੀਤਾ। ਉਨ੍ਹਾਂ ਨੇ ਆਪਣੇ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਲੈਂਗਿਕਤਾ ਦੇ ਸੰਕਲਪ, ਸਿਧਾਂਤ ਤੇ ਇਸ ਵਿਚ ਨਾ-ਬਰਾਬਰੀ ਦੇ ਪ੍ਰਮੁੱਖ ਕਾਰਨਾਂ ਤੋਂ ਜਾਣੂੰ ਕਰਵਾਉਂਦਿਆਂ ਲੈਂਗਿਕ ਬਰਾਬਰੀ ਲਈ ਕੋਸ਼ਿਸ਼ਾਂ ਬਾਰੇ ਵਿਸਥਾਰ ਨਾਲ ਦੱਸਿਆ। ਵਿਦਿਆਰਥੀਆਂ ਨਾਲ ਵਿਸ਼ੇ ਸੰਬੰਧੀ ਗੱਲ ਕਰਦਿਆ ਡਾ. ਰਿਤੂ ਮਿੱਤਲ ਨੇ ਕਈ ਨਵੇਂ ਪਸਾਰ ਛੋਹੇ। ਕਮੇਟੀ ਦੇ ਮੈਂਬਰ ਡਾ. ਪ੍ਰੀਤੀ ਸ਼ਰਮਾ ਨੇ ਸਵਾਗਤ ਦੇ ਸ਼ਬਦ ਬੋਲਦਿਆਂ ਮਾਹਰ ਵਕਤਾ ਨਾਲ ਜਾਣ-ਪਛਾਣ ਕਰਵਾਈ। ਅੰਤ 'ਚ ਕਮੇਟੀ ਦੇ ਮੈਂਬਰ ਡਾ. ਗਗਨਪ੍ਰੀਤ ਕੌਰ ਨੇ ਧੰਨਵਾਦ ਦੇ ਸ਼ਬਦ ਕਹੇ। ਕਾਲਜ ਦੇ ਐੱਨ ਐੱਸ ਐੱਸ ਕੁਆਰਡੀਨੇਟਰ ਡਾ. ਮਨਦੀਪ ਕੌਰ ਇਸ ਪ੍ਰੋਗਰਾਮ ਦੇ ਸੰਚਾਲਕ ਸਨ।

## ਜਸਵੀਰ ਜੱਸੀ ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਹਲਕਾ ਇੰਚਾਰਜ ਨਿਯੁਕਤ



**ਜਗਰਾਉਂ (ਸੰਜੀਵ ਅਰੋੜਾ)**-2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪੰਜਾਬ ਵਿੱਚ ਸਿਆਸੀ ਗਰਮਾ-ਗਰਮੀ ਵਧਣੀ ਸ਼ੁਰੂ ਹੋ ਗਈ ਹੈ। ਸਾਰੀਆਂ ਹੀ ਰਾਜਨੀਤਕ ਪਾਰਟੀਆਂ ਵੱਲੋਂ ਆਪਣੀਆਂ ਗਤੀਵਿਧੀਆਂ ਤੇਜ਼ ਕਰਦਿਆਂ ਸੰਗਠਨ ਨੂੰ ਮਜ਼ਬੂਤ ਕਰਨ ਲਈ ਅਹਿਮ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਭਾਰਤੀ ਰਾਸ਼ਟਰਵਾਦੀ ਪਾਰਟੀ ਵੱਲੋਂ ਹਲਕਾ ਜਗਰਾਉਂ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਇਲਾਕੇ ਦੇ ਸੂਝਵਾਨ ਤੇ ਪੜ੍ਹੇ-ਲਿਖੇ ਆਗੂ ਜਸਵੀਰ ਸਿੰਘ ਜੱਸੀ ਨੂੰ ਹਲਕਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।

ਆਪਣੀ ਇਸ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਜਸਵੀਰ ਸਿੰਘ ਜੱਸੀ ਨੇ ਭਾਰਤੀ ਰਾਸ਼ਟਰਵਾਦੀ ਪਾਰਟੀ ਦੀ ਹਾਈਕਮਾਂਡ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵੱਲੋਂ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ ਤੇ ਬਾਖੂਬੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਹਲਕੇ ਦੇ ਘਰ-ਘਰ ਤੱਕ ਪਹੁੰਚਾਉਣ ਲਈ ਦਿਨ-ਰਾਤ ਮਿਹਨਤ ਕਰਨਗੇ।

## ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਾਨੂੰਨੀ ਮਾਨਤਾ ਦੇਣ ਦੀ ਪ੍ਰਕਿਰਿਆ ਤੇਜ਼ ਕਰਨ ਦੀ ਮੰਗ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਨਿਹਾਲ ਸਿੰਘ ਵਾਲਾ ਦੀ ਮੀਟਿੰਗ ਕਾਮਰੇਡ ਗੁਰਬਖਸ਼ ਸਿੰਘ ਯਾਦਗਾਰੀ ਹਾਲ ਵਿਖੇ ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੀ ਅਗਵਾਈ ਹੇਠ ਹੋਈ।ਇਹ ਮੀਟਿੰਗ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਕੀਤੀ ਗਈ।ਮੀਟਿੰਗ ਦੀ ਸ਼ੁਰੂਆਤ ਵਿੱਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਨਾਮ ਵਾਹਿਗੁਰੂ ਦਾ ਜਾਪ ਕਰਕੇ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੌਧਰ, ਚੇਅਰਮੈਨ ਸੋਹਣ ਸਿੰਘ ਸੈਦੋਕੇ, ਜਨਰਲ ਸਕੱਤਰ ਅਮਨਪ੍ਰੀਤ ਸਿੰਘ ਦੌਧਰ, ਕੈਸ਼ੀਅਰ ਚਮਕੌਰ ਸਿੰਘ ਖਾਈ, ਭਗਵਾਨ ਸਿੰਘ ਰਾਮਾ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਸਿੰਘ ਲੋਪੋ, ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਹਿੰਮਤਪੁਰਾ ਤੇ ਸੀਨੀਅਰ ਆਗੂ ਰਣਧੀਰ ਸਿੰਘ ਮੀਨੀਆਂ ਨੇ ਕਿਹਾ ਕਿ ਜਥੇਬੰਦੀ ਪਿਛਲੇ ਕਰੀਬ 30 ਸਾਲਾਂ ਤੋਂ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਕਾਨੂੰਨੀ ਮਾਨਤਾ ਦੇਣ ਦੀ ਮੰਗ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਕੁਝ ਮਹੀਨਿਆਂ ਤੋਂ ਸਰਕਾਰ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਾਨੂੰਨੀ ਮਾਨਤਾ ਦੇਣ ਲਈ ਸ਼ੁਰੂ ਕੀਤੀ ਗਈ ਪ੍ਰਕਿਰਿਆ ਤਹਿਤ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਘੋਸ਼ਣਾ ਪੱਤਰ, ਯੋਗਤਾ ਤੇ ਤਜਰਬਾ ਸਰਟੀਫਿਕੇਟਾਂ ਸਮੇਤ ਲੋੜੀਂਦੇ ਦਸਤਾਵੇਜ਼ ਸਬੰਧਤ ਵਿਭਾਗ ਕੋਲ ਜਮ੍ਹਾਂ ਕਰਵਾ ਦਿੱਤੇ ਗਏ ਹਨ।ਆਗੂਆਂ ਨੇ ਦੱਸਿਆ ਕਿ 22 ਸਤੰਬਰ ਨੂੰ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਤੇ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ ਸਮੇਤ ਵਫ਼ਦ ਵੱਲੋਂ ਹੈਲਥ ਡਾਇਰੈਕਟਰ ਪੰਜਾਬ ਨਾਲ ਮੁਲਾਕਾਤ ਕੀਤੀ ਗਈ।ਉਨ੍ਹਾਂ ਅਨੁਸਾਰ ਡਾਇਰੈਕਟਰ ਸਿਹਤ ਵਿਭਾਗ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਲਈ ਜਲਦੀ ਟ੍ਰੇਨਿੰਗ ਸ਼ੁਰੂ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਹੈ।ਇਸ ਮੌਕੇ ਕੇਵਲ ਸਿੰਘ ਮਾਛੀਕੇ, ਗੁਰਪ੍ਰੀਤ ਸਿੰਘ ਰੌਂਤਾ, ਪ੍ਰੈੱਸ ਸਕੱਤਰ ਭਗਵਾਨ ਸਿੰਘ ਘੋਟੇ, ਛਿੰਦਰਪਾਲ ਸਿੰਘ ਰਾਊਕੇ ਤੇ ਰੁਪਿੰਦਰ ਸਿੰਘ ਦੀਦਾਰੇ ਵਾਲਾ ਨੇ ਕਿਹਾ ਕਿ ਸਰਕਾਰ ਵੱਲੋਂ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਕਾਨੂੰਨੀ ਮਾਨਤਾ ਦੇਣ ਲਈ ਕੀਤਾ ਜਾ ਰਿਹਾ ਉਪਰਾਲਾ ਸ਼ਲਾਘਾਯੋਗ ਹੈ।ਉਨ੍ਹਾਂ ਸਮੂਹ ਡਾਕਟਰ ਸਾਥੀਆਂ ਨੂੰ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।

## ਪੁੱਟੀਆਂ ਸੜਕਾਂ ਕਾਰਨ ਸ਼ਹਿਰ ਵਾਸੀ ਪ੍ਰੇਸ਼ਾਨ, ਵਿਕਾਸ ਕਾਰਜਾਂ ਦੀ ਵਿਉਂਤਬੰਦੀ 'ਤੇ ਹਨੀ ਫੱਤਣਵਾਲਾ ਨੇ ਚੁੱਕੇ ਸਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਕਾਰਨ ਸੜਕਾਂ ਤੇ ਗਲੀਆਂ ਪੁੱਟੀਆਂ ਹੋਣ ਦੇ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਜਗਜੀਤ ਸਿੰਘ ਹਨੀ ਫੱਤਣਵਾਲਾ ਨੇ ਚਿੰਤਾ ਜ਼ਾਹਰ ਕੀਤੀ।ਉਨ੍ਹਾਂ ਸਬੰਧਤ ਠੇਕੇਦਾਰ ਤੇ ਪ੍ਰਸ਼ਾਸਨ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਵਿਕਾਸ ਕਾਰਜ ਸ਼ੁਰੂ ਕਰਨ ਤੋਂ ਪਹਿਲਾਂ ਯੋਗ ਵਿਉਂਤਬੰਦੀ ਨਾ ਹੋਣ ਕਾਰਨ ਆਮ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹਨੀ ਫੱਤਣਵਾਲਾ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ 'ਤੇ ਲੰਬੀਆਂ ਟ੍ਰੈਫਿਕ ਕਤਾਰਾਂ ਲੱਗ ਰਹੀਆਂ ਹਨ ਤੇ ਸਕੂਲੀ ਵਾਹਨ ਵੀ ਟ੍ਰੈਫਿਕ ਵਿੱਚ ਫਸ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਦੁਸਹਿਰਾ ਤੇ ਦੀਵਾਲੀ ਦੇ ਤਿਉਹਾਰ ਹਨ, ਜਿਸ ਦੌਰਾਨ ਬਾਜ਼ਾਰਾਂ ਵਿੱਚ ਖਰੀਦਦਾਰੀ ਵਧਦੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਸੜਕਾਂ ਦੀ ਮੌਜੂਦਾ ਹਾਲਤ ਕਾਰਨ ਦੁਕਾਨਦਾਰਾਂ ਦਾ ਕਾਰੋਬਾਰ ਵੀ ਪ੍ਰਭਾਵਿਤ ਹੋ ਰਿਹਾ ਹੈ।ਉਨ੍ਹਾਂ ਖਾਸ ਤੌਰ 'ਤੇ ਕੋਟਕਪੂਰਾ ਰੋਡ 'ਤੇ ਊਸ਼ਾ ਬਾਂਸਲ ਨਰਸਿੰਗ ਹੋਮ ਦੇ ਸਾਹਮਣੇ ਵਾਲੀ ਸੜਕ ਦੀ ਸਥਿਤੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੱਥੇ ਰੋਜ਼ਾਨਾ ਟ੍ਰੈਫਿਕ ਸਮੱਸਿਆ ਬਣੀ ਰਹਿੰਦੀ ਹੈ ਤੇ ਈ-ਰਿਕਸ਼ਿਆਂ ਸਮੇਤ ਹੋਰ ਵਾਹਨਾਂ ਨੂੰ ਮੁਸ਼ਕਲਾਂ ਆ ਰਹੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਬਾਰਿਸ਼ਾਂ ਹੁੰਦੀਆਂ ਤਾਂ ਹਾਲਾਤ ਹੋਰ ਗੰਭੀਰ ਹੋ ਸਕਦੇ ਸਨ।ਹਨੀ ਫੱਤਣਵਾਲਾ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਵਿਕਾਸ ਕਾਰਜਾਂ ਦੀ ਯੋਗ ਵਿਉਂਤਬੰਦੀ ਕਰਕੇ ਸ਼ਹਿਰ ਦੀਆਂ ਸੜਕਾਂ ਨੂੰ ਜਲਦ ਦਰੁਸਤ ਕਰਵਾਇਆ ਜਾਵੇ।ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਅਪੀਲ ਕੀਤੀ ਕਿ ਸ੍ਰੀ ਮੁਕਤਸਰ ਸਾਹਿਬ ਦੀ ਇਤਿਹਾਸਕ ਤੇ ਧਾਰਮਿਕ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਜਲਦ ਮੁਕੰਮਲ ਕਰਵਾਏ ਜਾਣ।

## ਆਪਣਾ ਪੰਜਾਬ ਫਾਊਂਡੇਸ਼ਨ ਨੇ ਵਿਸ਼ਵ ਪੰਜਾਬੀ ਦਿਵਸ ਮਨਾਇਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਨੂੰ ਸਮਰਪਤ ਵਿਸ਼ਵ ਪੰਜਾਬੀ ਦਿਵਸ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵਿਖੇ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਦੇ ਸਹਿਯੋਗ ਨਾਲ ਮਨਾਇਆ ਗਿਆ।ਸਮਾਗਮ ਵਿੱਚ ਪੰਜਾਬ ਭਰ ਤੋਂ ਸਾਹਿਤਕਾਰਾਂ, ਵਿਦਵਾਨਾਂ, ਸਿੱਖਿਆ-ਸ਼ਾਸਤਰੀਆਂ ਤੇ ਪੰਜਾਬੀ ਹਿਤੈਸ਼ੀਆਂ ਸਮੇਤ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਆਪਣਾ ਪੰਜਾਬ ਫਾਊਂਡੇਸ਼ਨ ਦੇ ਸੰਸਥਾਪਕ ਤੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਰੋਜ਼ਾਨਾ ਜੀਵਨ ਦੇ ਨਾਲ-ਨਾਲ ਡਿਜੀਟਲ ਯੁੱਗ ਵਿੱਚ ਵੀ ਵੱਧ ਤੋਂ ਵੱਧ ਪ੍ਰਚਲਿਤ ਕਰਨ ਦੇ ਉਦੇਸ਼ ਨਾਲ 'ਮੇਰੀ ਪੰਜਾਬੀ-ਮੇਰਾ ਮਾਣ' ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।ਸਮਾਗਮ ਦਾ ਮੁੱਖ ਆਕਰਸ਼ਣ ਪੰਜਾਬੀ ਭਾਸ਼ਾ ਨੂੰ ਆਰਟੀਫਿਸ਼ਲ ਇੰਟੈਲੀਜੈਂਸ (19) ਤੇ ਨਵੀਂ ਤਕਨਾਲੋਜੀ ਨਾਲ ਜੋੜਨ ਦੇ ਉਦੇਸ਼ ਨਾਲ 'ਅੱਖਰਪੀਡੀਆ' ਦੀ ਲਾਂਚਿੰਗ ਰਹੀ। ਇਸ ਉਪਰੰਤ ਡਾ. ਨਿਸ਼ਾ ਲੁਥਰਾ ਦੇ ਨਿਰਦੇਸ਼ਨ ਹੇਠ 'ਮੈਂ ਮਿੱਟੀ ਪੰਜਾਬ ਦੀ' ਪੰਜਾਬ ਪ੍ਰਾਜੈਕਟ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ ਗਈ।

ਇਸ ਮੌਕੇ ਰਾਜ ਸਭਾ ਮੈਂਬਰ ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਪੰਜਾਬੀ ਭਾਸ਼ਾ ਤੇ ਪੰਜਾਬੀਅਤ ਲਈ ਕੀਤਾ ਜਾ ਰਿਹਾ ਇਹ ਉਪਰਾਲਾ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਹੁਣ ਲੋੜ ਇਨ੍ਹਾਂ ਉਪਰਾਲਿਆਂ ਨੂੰ ਨਵੀਂ ਦਿਸ਼ਾ ਦੇਣ ਤੇ ਵੱਡੇ ਪੱਧਰ 'ਤੇ ਅੱਗੇ ਲਿਜਾਣ ਦੀ ਹੈ।ਸਮਾਗਮ ਦੌਰਾਨ ਡਾ. ਜਗਜੀਤ ਸਿੰਘ ਧੂਰੀ ਤੋਂ ਇਲਾਵਾ ਸ. ਕੰਵਲਜੀਤ ਸਿੰਘ ਢੀਂਡਸਾ, ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਦੇ ਚੇਅਰਮੈਨ ਸਵਰਨਜੀਤ ਸਵੀ, ਅਮਰਜੀਤ ਸਿੰਘ ਗਰੇਵਾਲ, ਪ੍ਰੋ. ਯੋਗਰਾਜ, ਬਲਰਾਜ ਸਿੰਘ ਸਿੱਧੂ ਤੇ ਸਤਨਾਮ ਸਿੰਘ ਸੰਧੂ ਨੇ ਸੰਬੋਧਨ ਕੀਤਾ।ਇਸ ਮੌਕੇ ਪਹੁੰਚੇ ਬੁਲਾਰਿਆਂ ਤੇ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਪ੍ਰੋ. ਕਿਰਪਾਲ ਸਿੰਘ ਬੰਡੂਗਰ ਦੀ ਲਿਖੀ ਹੋਈ ਪੁਸਤਕ ਡਾ. ਜਗਜੀਤ ਸਿੰਘ ਧੂਰੀ ਨੂੰ ਭੇਟ ਕੀਤੀ ਗਈ।ਸਮਾਗਮ ਦੇ ਅੰਤ ਵਿੱਚ ਫਾਊਂਡੇਸ਼ਨ ਦੇ ਡਾਇਰੈਕਟਰ ਭੁਪਿੰਦਰ ਸਿੰਘ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

## ਜਿਨਸੀ ਸ਼ੋਸ਼ਣ ਦੇ ਮਾਮਲੇ 'ਚ ਕੇਸ ਦਰਜ

**ਰਾਏਕੋਟ (ਸੰਤੋਖ ਗਿੱਲ)**-ਥਾਣਾ ਸੁਧਾਰ ਅਧੀਨ ਇੱਕ ਨਾਬਾਲਗ ਸਕੂਲੀ ਵਿਦਿਆਰਥਣ ਨਾਲ ਕਥਿਤ ਜਿਨਸੀ ਸ਼ੋਸ਼ਣ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪੁਲਸ ਵੱਲੋਂ ਇੱਕ ਵਿਅਕਤੀ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਤੇ ਪੋਕਸੋ ਐਕਟ ਦੀਆਂ ਸੰਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਮੁਲਜ਼ਮ ਦੀ ਗ੍ਰਿਫ਼ਤਾਰੀ ਨਾ ਹੋਣ ਕਾਰਨ ਲੋਕਾਂ ਵਿੱਚ ਵਿਆਪਕ ਰੋਸ ਹੈ।ਪੀੜਤ ਵੱਲੋਂ ਸ਼ਿਕਾਇਤ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਮੁਲਜ਼ਮ ਨੇ ਸੋਸ਼ਲ ਮੀਡੀਆ (ਇੰਸਟਾਗਰਾਮ) ਰਾਹੀਂ ਜਾਣ-ਪਛਾਣ ਬਣਾਉਣ ਤੋਂ ਬਾਅਦ ਪੀੜਤ ਨਾਲ ਸੰਪਰਕ ਕਰ ਕੇ ਮਿਲਣ ਲਈ ਬੁਲਾਇਆ ਸੀ।ਥਾਣਾ ਮੁਖੀ ਕੁਲਵਿੰਦਰ ਸਿੰਘ ਅਨੁਸਾਰ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

## ਡਾ. ਰਵੀ ਤੇ ਡਾ. ਸੁਖਵਿੰਦਰ ਬਾਠ 28 ਨੂੰ ਹੋਣਗੇ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਹਿੰਦੀ ਵਿਭਾਗ ਦੇ ਸੇਵਾਮੁਕਤੀ ਸਾਬਕਾ ਮੁਖੀ ਪ੍ਰੋ. ਡਾ. ਰਵੀ ਕੁਮਾਰ 'ਅਨੁ' ਤੇ ਸਾਹਿਤ ਸ਼੍ਰੋਮਣੀ ਤੇ ਸਾਬਕਾ ਮੁਖੀ ਪ੍ਰੋ. ਡਾ. ਸੁਖਵਿੰਦਰ ਕੌਰ ਬਾਠ ਨੂੰ ਹਿੰਦੀ ਵਿਭਾਗ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਸਨਮਾਨਤ ਕੀਤਾ ਜਾ ਰਿਹਾ ਹੈ।ਪ੍ਰੋ. ਰਵੀ ਕੁਮਾਰ 'ਅਨੁ' ਨੂੰ ਵਿਸ਼ੇਸ਼ ਸ਼੍ਰੇਣੀ ਦੇ ਸਨਮਾਨ ਤਹਿਤ 'ਰਾਮ ਸਜਨ ਪਾਂਡੇ ਸਮ੍ਰਿਤੀ ਸਨਮਾਨ 2026' ਨਾਲ ਨਿਵਾਜਿਆ ਜਾ ਰਿਹਾ ਹੈ, ਜਦਕਿ ਪ੍ਰੋ. ਡਾ. ਸੁਖਵਿੰਦਰ ਕੌਰ ਬਾਠ ਨੂੰ ਇਸੇ ਸ਼੍ਰੇਣੀ ਵਿੱਚ 'ਪੰਜਾਬ ਲੋਕਧਾਰਾ ਹਿੰਦੀ ਸਨਮਾਨ' ਨਾਲ ਸਨਮਾਨਤ ਕੀਤਾ ਜਾ ਰਿਹਾ ਹੈ।ਪ੍ਰੋ. ਰਵੀ ਕੁਮਾਰ 'ਅਨੁ' ਤੇ ਡਾ. ਸੁਖਵਿੰਦਰ ਕੌਰ ਬਾਠ ਨੂੰ ਇਹ ਸਨਮਾਨ ਅਕਾਦਮਿਕ ਖੇਤਰ ਵਿੱਚ ਉਨ੍ਹਾਂ ਦੇ ਵਿਸ਼ੇਸ਼ ਯੋਗਦਾਨ ਲਈ ਦਿੱਤੇ ਜਾ ਰਹੇ ਹਨ।ਇਹ ਸਮਾਗਮ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਦੇ ਮੁਖੀ ਪ੍ਰੋ. ਸੁਨੀਲ ਕੁਮਾਰ ਅਨੁਸਾਰ 28 ਸਤੰਬਰ ਨੂੰ ਕਰਵਾਇਆ ਜਾਵੇਗਾ।

## ਡੀ ਬੀ ਯੂ ਨੇ ਛੇਵਾਂ ਕੌਮੀ ਦਵਾਈ-ਸੁਰੱਖਿਆ ਨਿਗਰਾਨੀ ਹਫ਼ਤਾ ਮਨਾਇਆ




**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਫਾਰਮੇਸੀ ਵਿਭਾਗ ਵੱਲੋਂ 17 ਤੋਂ 23 ਸਤੰਬਰ ਤੱਕ ਛੇਵਾਂ ਕੌਮੀ ਦਵਾਈ-ਸੁਰੱਖਿਆ ਨਿਗਰਾਨੀ ਹਫ਼ਤਾ ਮਨਾਇਆ ਗਿਆ।ਇਸ ਦਾ ਉਦੇਸ਼ ਦਵਾਈਆਂ ਦੀ ਸੁਰੱਖਿਆ ਨਿਗਰਾਨੀ, ਦਵਾਈਆਂ ਦੇ ਮਾੜੇ ਪ੍ਰਭਾਵਾਂ ਦੀ ਰਿਪੋਰਟਿੰਗ, ਚਿਕਿਤਸਕੀ ਉਪਕਰਨਾਂ ਦੀ ਸੁਰੱਖਿਆ ਤੇ ਮਰੀਜ਼ਾਂ ਦੀ ਸੁਰੱਖਿਆ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।ਹਫ਼ਤਾ ਭਰ ਚੱਲੇ ਇਸ ਪ੍ਰੋਗਰਾਮ ਦਾ ਆਯੋਜਨ ਫਾਰਮੇਸੀ ਵਿਭਾਗ ਦੇ ਪਲੇਸੀਬੋ ਕਲੱਬ ਵੱਲੋਂ ਚੰਡੀਗੜ੍ਹ ਸਥਿਤ ਪੀ ਜੀ ਆਈ ਐੱਮ ਈ ਆਰ, ਅੰਦਰੂਨੀ ਗੁਣਵੱਤਾ ਭਰੋਸਾ ਸੈੱਲ ਤੇ ਦੇਸ਼ ਭਗਤ ਯੂਨੀਵਰਸਿਟੀ ਦੀ ਸੰਸਥਾਗਤ ਨਵੀਨਤਾ ਪ੍ਰੀਸ਼ਦ ਦੇ ਸਹਿਯੋਗ ਨਾਲ ਕੀਤਾ ਗਿਆ।ਪ੍ਰੋਗਰਾਮ ਦਾ ਤਾਲਮੇਲ ਸ੍ਰੀ ਤੌਕੀਰ ਵੱਲੋਂ ਕੀਤਾ ਗਿਆ।ਪ੍ਰੋਗਰਾਮ ਦੌਰਾਨ ਅਕਾਦਮਿਕ, ਰਚਨਾਤਮਕ ਤੇ ਜਾਗਰੂਕਤਾ-ਅਧਾਰਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਇਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਦੀਆਂ ਦਵਾਈਆਂ ਦੇ ਮਾੜੇ ਪ੍ਰਭਾਵਾਂ ਤੇ ਚਿਕਿਤਸਕੀ ਉਪਕਰਨਾਂ ਨਾਲ ਸੰਬੰਧਤ ਮਾੜੀਆਂ ਘਟਨਾਵਾਂ ਦੀ ਪਛਾਣ, ਰਿਪੋਰਟਿੰਗ, ਨਿਗਰਾਨੀ ਤੇ ਰੋਕਥਾਮ ਬਾਰੇ ਸਮਝ ਨੂੰ ਹੋਰ ਮਜ਼ਬੂਤ ਕਰਨਾ ਸੀ।ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਪ੍ਰੋਗਰਾਮ ਦੇ ਆਯੋਜਨ ਤੇ ਦਵਾਈਆਂ ਅਤੇ ਮਰੀਜ਼ਾਂ ਦੀ ਸੁਰੱਖਿਆ ਬਾਰੇ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਲਈ ਫਾਰਮੇਸੀ ਵਿਭਾਗ ਦੀ ਸ਼ਲਾਘਾ ਕੀਤੀ।ਪ੍ਰੋਗਰਾਮ ਦੀ ਸ਼ੁਰੂਆਤ ਦਵਾਈ-ਸੁਰੱਖਿਆ ਨਿਗਰਾਨੀ ਵਿਸ਼ੇ ਉੱਤੇ ਪ੍ਰਸ਼ਨੋਤਰੀ ਮੁਕਾਬਲੇ ਨਾਲ ਹੋਈ।ਇਸ ਵਿੱਚ ਵਿਦਿਆਰਥੀਆਂ ਨੇ ਦਵਾਈ-ਸੁਰੱਖਿਆ ਨਿਗਰਾਨੀ, ਦਵਾਈਆਂ ਦੇ ਮਾੜੇ ਪ੍ਰਭਾਵਾਂ, ਦਵਾਈ ਸੁਰੱਖਿਆ, ਮਾੜੇ ਪ੍ਰਭਾਵਾਂ ਦੀ ਰਿਪੋਰਟਿੰਗ ਅਤੇ ਮਰੀਜ਼ ਸੁਰੱਖਿਆ ਬਾਰੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ। ਹਫ਼ਤੇ ਦਾ ਮੁੱਖ ਆਕਰਸ਼ਣ ਮਰੀਜ਼ ਸੁਰੱਖਿਆ ਵਿੱਚ ਦਵਾਈ-ਸੁਰੱਖਿਆ ਨਿਗਰਾਨੀ ਤੇ ਚਿਕਿਤਸਕੀ ਉਪਕਰਨ-ਸੁਰੱਖਿਆ ਨਿਗਰਾਨੀ ਦੀ ਭੂਮਿਕਾ ਵਿਸ਼ੇ ਉੱਤੇ 22 ਸਤੰਬਰ ਨੂੰ ਕਰਵਾਇਆ ਗਿਆ ਮਾਹਰ ਭਾਸ਼ਣ ਸੀ। ਇਹ ਸੈਸ਼ਨ ਚੰਡੀਗੜ੍ਹ ਸਥਿਤ ਪੀ ਜੀ ਆਈ ਐੱਮ ਈ ਆਰ ਦੇ ਫਾਰਮਾਕੋਲੋਜੀ ਵਿਭਾਗ ਦੇ ਪ੍ਰੋਫੈਸਰ ਤੇ ਦਵਾਈ-ਸੁਰੱਖਿਆ ਨਿਗਰਾਨੀ ਅਤੇ ਚਿਕਿਤਸਕੀ ਉਪਕਰਨ-ਸੁਰੱਖਿਆ ਨਿਗਰਾਨੀ ਕੇਂਦਰ ਦੇ ਕੋਆਰਡੀਨੇਟਰ ਪ੍ਰੋ. (ਡਾ.) ਬਿਕਾਸ਼ ਮੇਧੀ ਵੱਲੋਂ ਦਿੱਤਾ ਗਿਆ।

ਪ੍ਰੋ. (ਡਾ.) ਮੇਧੀ ਨੇ ਦਵਾਈ-ਸੁਰੱਖਿਆ ਨਿਗਰਾਨੀ ਤੇ ਚਿਕਿਤਸਕੀ ਉਪਕਰਨ-ਸੁਰੱਖਿਆ ਨਿਗਰਾਨੀ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ।ਸੈਸ਼ਨ ਦੇ ਅੰਤ ਵਿੱਚ ਰਸਮੀ ਧੰਨਵਾਦ ਮਤਾ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਪੂਜਾ ਗੁਲਾਟੀ ਵੱਲੋਂ ਪੇਸ਼ ਕੀਤਾ ਗਿਆ।ਉਨ੍ਹਾਂ ਨੇ ਆਪਣੀ ਵਿਸ਼ੇਸ਼ ਗਿਆਤਾ ਸਾਂਝੀ ਕਰਨ ਲਈ ਪ੍ਰੋ. (ਡਾ.) ਮੇਧੀ ਦਾ ਧੰਨਵਾਦ ਕੀਤਾ।ਹਫ਼ਤਾ ਭਰ ਚੱਲੇ ਇਸ ਪ੍ਰੋਗਰਾਮ ਦੀ ਸਮਾਪਤੀ 23 ਸਤੰਬਰ ਨੂੰ ਈ-ਪੋਸਟਰ ਪ੍ਰਸਤੁਤੀ ਮੁਕਾਬਲੇ ਨਾਲ ਹੋਇਆ।

## ਆਊਟਸੋਰਸ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਮੀਟਿੰਗ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਮਿਊਂਸਪਲ ਆਊਟਸੋਰਸ ਇੰਪਲਾਈਜ਼ ਯੂਨੀਅਨ ਪੰਜਾਬ ਦੀ ਨਗਰ ਕੌਂਸਲ ਭਵਾਨੀਗੜ੍ਹ ਇਕਾਈ ਦੀ ਅਹਿਮ ਮੀਟਿੰਗ ਸੂਬਾ ਆਗੂ ਜਗਸੀਰ ਸਿੰਘ ਚੀਮਾ ਦੀ ਰਹਿਨੁਮਾਈ ਹੇਠ ਹੋਈ।ਮੀਟਿੰਗ ਦੌਰਾਨ ਸੂਬਾ ਪੱਧਰੀ ਯੂਨੀਅਨ ਵੱਲੋਂ ਜਾਰੀ ਹਦਾਇਤਾਂ ਸੰਬੰਧੀ ਮੁਲਾਜ਼ਮਾਂ ਨੂੰ ਜਾਣੂ ਕਰਵਾਉਣ ਦੇ ਨਾਲ-ਨਾਲ ਆਊਟਸੋਰਸ ਕਾਮਿਆਂ ਦੀਆਂ ਹੱਕੀ ਮੰਗਾਂ ਤੇ ਦਰਪੇਸ਼ ਸਮੱਸਿਆਵਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਨਗਰ ਕੌਂਸਲ ਭਵਾਨੀਗੜ੍ਹ ਇਕਾਈ ਦੀ ਨਵੀਂ ਕਮੇਟੀ ਦੀ ਚੋਣ ਵੀ ਕੀਤੀ ਗਈ, ਜਿਸ 'ਚ ਜਗਮੇਲ ਸਿੰਘ ਬਿੱਟੂ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ, ਜਦਕਿ ਜਗਸੀਰ ਸਿੰਘ ਕਲਰਕ ਨੂੰ ਮੀਤ ਪ੍ਰਧਾਨ, ਬਿੰਦੂ ਬਾਲਾ ਨੂੰ ਸਕੱਤਰ, ਕਿਰਨ ਸ਼ਰਮਾ ਨੂੰ ਖ਼ਜ਼ਾਨਚੀ ਅਤੇ ਗੀਤਾ ਰਾਣੀ ਤੇ ਚੰਦਰਜੀਤ ਨੂੰ ਸਲਾਹਕਾਰ ਚੁਣਿਆ ਗਿਆ।ਨਵੀਂ ਚੁਣੀ ਗਈ ਕਮੇਟੀ ਰਾਮ ਸਰੂਪ, ਸਾਬਕਾ ਜ਼ਿਲ੍ਹਾ ਪ੍ਰਧਾਨ ਸੰਗਰੂਰ ਦੀ ਸਰਪ੍ਰਸਤੀ ਹੇਠ ਯੂਨੀਅਨ ਦੇ ਹਿੱਤਾਂ ਲਈ ਕੰਮ ਕਰੇਗੀ।ਇਸ ਮੌਕੇ ਨਗਰ ਕੌਂਸਲ ਭਵਾਨੀਗੜ੍ਹ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਪ੍ਰਿੰ. ਰਜਿੰਦਰ ਕੌਰ ਦੀ ਪੰਜਾਬ ਯੂਨੀਵਰਸਿਟੀ ਸੈਨੇਟ ਚੋਣਾਂ 'ਚ ਸ਼ਾਨਦਾਰ ਜਿੱਤ



**ਸਮਰਾਲਾ (ਸੁਰਜੀਤ ਸਿੰਘ)**-ਇਲਾਕੇ ਦੀ ਸਿਰਮੌਰ ਵਿਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨੇਟ ਚੋਣਾਂ ਵਿੱਚ ਪ੍ਰਿੰਸੀਪਲ ਵਰਗ ਵਿੱਚੋਂ ਸੈਨੇਟਰ ਚੁਣੇ ਗਏ ਹਨ।ਉਨ੍ਹਾਂ ਦੀ ਇਸ ਉਪਲਬਧੀ ਨਾਲ ਕਾਲਜ ਦੇ ਸਮੂਹ ਸਟਾਫ਼, ਵਿਦਿਆਰਥਣਾਂ ਤੇ ਇਲਾਕੇ ਅੰਦਰ ਖੁਸ਼ੀ ਦੀ ਲਹਿਰ ਪਾਈ ਗਈ।ਡਾ. ਰਜਿੰਦਰ ਕੌਰ ਦੇ ਕਾਲਜ ਪਹੁੰਚਣ 'ਤੇ ਸਮੂਹ ਸਟਾਫ਼ ਮੈਂਬਰਾਂ, ਵਿਦਿਆਰਥਣਾਂ ਤੇ ਕਾਲਜ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਲੋਕਲ ਮੈਨੇਜਮੈਂਟ ਕਮੇਟੀ ਨੇ ਉਨ੍ਹਾਂ ਨੂੰ ਇਸ ਮਹੱਤਵਪੂਰਨ ਉਪਲਬਧੀ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਸੁਚੱਜੇ ਪ੍ਰਬੰਧਕੀ ਤੇ ਅਕਾਦਮਿਕ ਯੋਗਦਾਨ ਦੀ ਸ਼ਲਾਘਾ ਕੀਤੀ।ਡਾ. ਰਜਿੰਦਰ ਕੌਰ ਨੇ ਇਸ ਮੌਕੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਸੈਨੇਟ ਵਿੱਚ ਪ੍ਰਿੰਸੀਪਲ ਵਰਗ ਦੀ ਨੁਮਾਇੰਦਗੀ ਉਨ੍ਹਾਂ ਲਈ ਇੱਕ ਮਹੱਤਵਪੂਰਨ ਜ਼ਿੰਮੇਵਾਰੀ ਹੋਵੇਗੀ।ਉਹ ਕਾਲਜ ਤੇ ਯੂਨੀਵਰਸਿਟੀ ਦੇ ਅਕਾਦਮਿਕ ਵਿਕਾਸ ਲਈ ਆਪਣੀ ਜ਼ਿੰਮੇਵਾਰੀ ਪੂਰੀ ਦ੍ਰਿੜਤਾ ਨਾਲ ਨਿਭਾਉਣ ਲਈ ਵਚਨਬੱਧ ਹਨ।ਇਸ ਮੌਕੇ ਡਾ. ਇੰਦਰਪਾਲ ਸਿੰਘ ਸਿੱਧੂ ਵੀ ਪ੍ਰੋਫੈਸਰ ਵਰਗ ਵਿੱਚੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸੈਨੇਟਰ ਚੁਣੇ ਗਏ ਹਨ।ਕਾਲਜ ਪਹੁੰਚਣ 'ਤੇ ਉਨ੍ਹਾਂ ਦਾ ਵੀ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸੁਖਮਿੰਦਰ ਸਿੰਘ ਸਕੱਤਰ ਵਿਦਿਆ ਨੇ ਵਿਸ਼ੇਸ਼ ਤੌਰ 'ਤੇ ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਅਤੇ ਡਾ. ਇੰਦਰਪਾਲ ਸਿੰਘ ਸਿੱਧੂ ਨੂੰ ਮੁਬਾਰਕਬਾਦ ਦਿੱਤੀ।

# ਰੰਧਾਵਾ ਨੇ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ )**- ਡੇਰਾ ਬਾਬਾ ਨਾਨਕ ਹਲਕੇ ਵਿੱਚ ਬਿਜਲੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਵੀਰਵਾਰ ਨੂੰ ਪਿੰਡ ਸ਼ਿਕਾਰ ਮਾਛੀਆਂ ਵਿਖੇ ਕਰੀਬ 5 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ।



ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਸੂਬਾ ਪ੍ਰਧਾਨ ਰਾਈਸ ਮਿੱਲਰਜ਼ ਪੰਜਾਬ, ਸੀਨੀਅਰ ਆਗੂ ਚੰਨਣ ਸਿੰਘ ਖਾਲਸਾ, ਅਮਿਤ ਸ਼ਰਮਾ ਡਿਪਟੀ ਚੀਫ਼ ਇੰਜੀਨੀਅਰ ਪਾਵਰਕਾਮ, ਐਕਸੀਅਨ ਹਰਸ ਸ਼ਰਮਾ, ਐੱਸ. ਡੀ.ਓ ਜਗਦੀਸ਼ ਸਿੰਘ, ਐੱਸ.ਡੀ.ਓ ਜੋਬਨਜੀਤ ਸਿੰਘ, ਸ਼ਿਕਾਰ ਮਾਛੀਆਂ ਪਿੰਡ ਦੇ ਸਰਪੰਚ ਸ੍ਰੀਮਤੀ ਸਰਬਜੀਤ ਕੌਰ, ਬਲਵਿੰਦਰ ਸਿੰਘ, ਅਤੇ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਪੰਚ-ਸਰਪੰਚ, ਸਥਾਨਕ ਵਸਨੀਕਾਂ, ਪਾਰਟੀ ਆਗੂਆਂ, ਬਿਜਲੀ ਵਿਭਾਗ ਦੇ ਅਧਿਕਾਰੀਆਂ ਅਤੇ ਸਮਾਜਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸਮਾਗਮ ਨੂੰ ਸੰਬੋਧਨ ਕਰਦਿਆਂ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵੇਂ 66 ਸਬ-ਸਟੇਸ਼ਨ ਦੇ ਬਣਨ ਨਾਲ ਇਲਾਕੇ ਵਿੱਚ ਬਿਜਲੀ ਸਪਲਾਈ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ ਅਤੇ ਵਾਰ-ਵਾਰ ਆਉਣ ਵਾਲੀਆਂ ਬਿਜਲੀ ਸਮੱਸਿਆਵਾਂ ਤੋਂ ਲੋਕਾਂ ਨੂੰ ਰਾਹਤ ਮਿਲੇਗੀ। ਬਿਜਲੀ ਵਿਭਾਗ ਦੇ ਡਿਪਟੀ ਚੀਫ ਇੰਜੀਨੀਅਰ ਅਮਿਤ ਸ਼ਰਮਾ ਨੇ ਦੱਸਿਆ ਕਿ ਨਵੇਂ 66 ਕੇਵੀ ਸਬ-ਸਟੇਸ਼ਨ ਨਾਲ ਬਿਜਲੀ ਵੰਡ ਪ੍ਰਣਾਲੀ ਹੋਰ ਸੁਚਾਰੂ ਹੋਵੇਗੀ ਅਤੇ ਵਧ ਰਹੀ ਬਿਜਲੀ ਮੰਗ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ। ਇਸ ਨਾਲ ਲੋਡ ਘਟੇਗਾ ਅਤੇ ਬਿਜਲੀ ਸਪਲਾਈ ਦੀ ਗੁਣਵੱਤਾ ਵਿੱਚ ਵੀ ਸੁਧਾਰ ਆਵੇਗਾ।

ਇਸ ਮੌਕੇ ਪੀ ਏ ਲਵਪ੍ਰੀਤ ਸਿੰਘ,ਵਧੀਕ ਐਸ ਡੀ ਓ ਬਲਵਿੰਦਰ ਸਿੰਘ,ਵਧੀਕ ਐਸ ਡੀ ਓ ਰਜਿੰਦਰ ਸਿੰਘ,ਜੇ ਈ ਚੰਦਰ ਮੋਹਨ ਮਹਾਜਨ, ਜੇ ਈ ਸਤਪਾਲ ਸਿੰਘ, ਜੇ ਈ ਰੁਪਿੰਦਰ ਕੁਮਾਰ, ਜੇ ਈ ਜਤਿੰਦਰ ਸਿੰਘ, ਜੇ ਈ ਹਰਜਿੰਦਰ ਸਿੰਘ,ਜੇ ਈ ਬਲਦੇਵ ਰਾਜ, ਲਾਈਨਮੈਨ ਰਣਜੀਤ ਸਿੰਘ,ਲਾਈਨਮੈਨ ਰੋਹਿਤ ਸਰਨਾ, ਲਾਈਨਮੈਨ ਗੁਰਵਿੰਦਰ ਸਿੰਘ, ਰਾਜਾ ਸਰਪੰਚ ਹਵੇਲੀਆਂ,ਬਲਵਿੰਦਰ ਸਿੰਘ ਬਿੱਲੂ ਸੰਮਤੀ ਮੈਂਬਰ,ਸਾਹਿਬ ਸਿੰਘ ਸਰਪੰਚ ਜੀਵਨ ਨੰਗਲ,ਲਖਵਿੰਦਰ ਸਿੰਘ ਸਰਪੰਚ ਬਰਿਆਰ,ਗੁਰਭੇਜ ਸਿੰਘ ਰਣਸੀਕੇ, ਨਿਹੰਗ ਨਰਿੰਦਰ ਸਿੰਘ ਸਰਕਲ ਪ੍ਰਧਾਨ, ਗੁਰਮਨਜੀਤ ਸਿੰਘ ਧਾਰੋਵਾਲੀ,ਬਿਕਰਮਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਦੇ ਸਰਪੰਚ ਤੇ ਆਪ ਦੇ ਵਰਕਰ ਹਾਜ਼ਰ ਸਨ ।

## ਗੁਰਦੁਆਰਾ ਬਾਉਲੀ ਸਾਹਿਬ ਵਿਖੇ ਸਜਾਏ ਧਾਰਮਿਕ ਦੀਵਾਨ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਗੁਰੂ ਅਮਰਦਾਸ ਦੇ ਜੋਤੀ ਜੋਤ ਦਿਵਸ ਨੂੰ ਸਮਰਪਿਤ ਮੇਲੇ-ਜੱਗ ਦੇ ਦੂਜੇ ਦਿਨ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਗੁਰਦੁਆਰਾ ਬਾਉਲੀ ਸਾਹਿਬ ਨਤਮਸਤਕ ਹੋਇਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵੱਡੇ ਪੱਧਰ 'ਤੇ ਧਾਰਮਿਕ ਦੀਵਾਨ ਸਜਾਏ ਗਏ। ਜਿਸ ਵਿੱਚ ਪੰਥ ਪ੍ਰਸਿੱਧ ਕਵੀਸ਼ਰੀ ਜਥਿਆਂ ਵੱਲੋਂ ਗੁਰੂ ਜਸ ਗਾਇਨ ਕਰ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਹਰ ਸਾਲ ਦੀ ਤਰ੍ਹਾਂ ਗੁਰਦੁਆਰਾ ਚੁਬਾਰਾ ਸਾਹਿਬ ਤੋਂ ਗੁਰਦੁਆਰਾ ਬਾਉਲੀ ਸਾਹਿਬ ਤੱਕ ਵਿਸ਼ਾਲ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ।

ਇਸ ਨਗਰ ਕੀਰਤਨ ਵਿੱਚ ਸੰਗਤ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਮੈਨੇਜਰ ਨਿਰਮਲ ਸਿੰਘ ਕਾਹਲਵਾਂ ਨੇ ਦੱਸਿਆ ਕੀ 26 ਸਤੰਬਰ ਨੂੰ ਮੇਲੇ-ਜੱਗ ਦੇ ਅਖ਼ੀਰਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮੁੜ ਧਾਰਮਿਕ ਦੀਵਾਨ ਸਜਾਏ ਜਾਣਗੇ। ਮੇਲੇ-ਜੱਗ ਦੌਰਾਨ ਬਾਬਾ ਘੋਲਾ ਸਿੰਘ ਸੰਪਰਦਾਇ ਸਰਹਾਲੀ ਸਾਹਿਬ,ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ,ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ,ਬਾਬਾ ਦਵਿੰਦਰ ਸਿੰਘ ਸੋਨੂੰ ਗੋਇੰਦਵਾਲ ਸਾਹਿਬ ਵਾਲੇ,ਬਾਬਾ ਪ੍ਰਤਾਪ ਸਿੰਘ ਭੂਰੀ ਵਾਲੇ,ਬਾਬਾ ਹਰਜਿੰਦਰ ਸਿੰਘ ਚਰਨਬਾਗ ਵਾਲੇ ਸੰਗਤ ਲਈ ਗੁਰੂ ਕੇ ਲੰਗਰਾਂ ਦੀਆਂ ਵਿਸ਼ੇਸ਼ ਸੇਵਾਵਾਂ ਨਿਭਾਅ ਰਹੇ ਹਨ। 26 ਸਤੰਬਰ ਨੂੰ ਨਿਹੰਗ ਸਿੰਘ ਜਥੇਬੰਦੀਆਂ ਬਾਅਦ ਦੁਪਹਿਰ ਪੂਰੇ ਜਾਹੋ-ਜਲਾਲ ਨਾਲ ਮਹੱਲਾ ਕੱਢਣਗੀਆਂ।

## ਮੋਦੀ ਸਰਕਾਰ ਵੱਡਿਆਂ ਦੀਆਂ ਤਿਜੌਰੀਆਂ ਭਰ ਰਹੀ : ਡਾ. ਸਤਨਾਮ ਸਿੰਘ



ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)-ਭਿੰਡੀ ਸੈਦਾਂ ਕਸਬੇ ਦੇ ਬਾਹਰ ਆਯੋਜਿਤ ਕੀਤੇ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਔਰਤਾਂ ਖੇਤ ਮਜ਼ਦੂਰ ਤੇ ਕਿਸਾਨ ਪਹੁੰਚੇ ਜਿੱਥੇ ਉਚੇਚੇ ਤੌਰ 'ਤੇ ਨਵ - ਨਿਯੁਕਤ ਕੁੱਲ ਹਿੰਦ ਕਿਸਾਨ ਮਹਾਂ ਸਭਾ ਦੇ ਕੌਮੀ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਦੇ ਪਹੁੰਚਣ 'ਤੇ ਉਹਨਾਂ ਦਾ ਸਮਾਜ ਸੇਵਕ ਕਰਨੈਲ ਸਿੰਘ ਭਿੰਡੀ ਸੈਦਾਂ, ਬੀਬੀ ਸਰਬਜੀਤ ਕੌਰ ਜਸਰਾਊਰ,ਨੌਜਵਾਨ ਆਗੂ ਗੁਰਪ੍ਰੀਤ ਸਿੰਘ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਜੋਗਿੰਦਰ ਸਿੰਘ ਤੇ ਔਰਤ ਮੁਕਤੀ ਮੋਰਚਾ ਦੀ ਆਗੂ ਜੱਸੀ ਕੌਰ ਵੱਲੋਂ ਜੋਸ਼ੋ ਖਰੋਸ਼ੋ ਨਾਲ ਨਾਅਰੇ ਮਾਰਦਿਆਂ ਸਵਾਗਤ ਕੀਤਾ ! ਇਸ ਖਚਾਖਚ ਭਰੇ ਸਮਾਗਮ ਨੂੰ ਸੰਬੋਧਨ ਕਰਦਿਆਂ ਡਾ.ਸਤਨਾਮ ਸਿੰਘ ਨੇ ਦੱਸਿਆ ਕਿ ਪੰਜਾਬ ਸਮੇਤ ਸਾਡੇ ਦੇਸ਼ ਵਿੱਚ ਸਰਮਾਏਦਾਰੀ ਦਾ ਰਾਜ ਹੈ ਜਿੱਥੇ ਆਰ ਐਸ ਐਸ ਦੀ ਵਿਚਾਰਧਾਰਾ 'ਤੇ ਕੰਮ ਕਰਦੀ ਬੀ ਜੇ ਪੀ ਦੀ ਮੋਦੀ ਸਰਕਾਰ ਮਜ਼ਦੂਰਾਂ ਨੂੰ ਘੱਟ ਉਜਰਤ ਦੇ ਕੇ 8 ਘੰਟੇ ਦੀ ਬਜਾਏ 12 ਘੰਟੇ ਕੰਮ ਕਰਵਾਕੇ ਅਤੇ ਕਿਸਾਨਾਂ ਦੀਆਂ ਫਸਲਾਂ ਦੀ ਲੁੱਟ ਕਰਕੇ ਕਾਰਪੋਰੇਟ ਘਰਾਣਿਆਂ ਤੇ ਵੱਡੇ ਵਪਾਰੀਆਂ ਦੀਆਂ ਤਿਜੌਰੀਆਂ ਭਰਵਾ ਰਹੀ ਹੈ ! ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਅਸੀਂ ਪੀੜਿਤ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ਾਂ ਅਤੇ ਛੋਟੇ ਕਾਰੋਬਾਰੀਆਂ ਨੂੰ ਨਾਲ ਲੈ ਕੇ ਵੱਡਾ ਏਕਾ ਉਸਾਰ ਕੇ ਬਰਾਬਰ ਦੇ ਸਮਾਜ ਦੀ ਰਚਨਾ ਕਰਨਾ ਚਾਹੁੰਦੇ ਹਾਂ । ਇਸ ਸਮੇਂ ਨੌਜਵਾਨਾਂ ਵੱਲੋਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦਾ ਗਠਨ ਕੀਤਾ ਗਿਆ ਜਿਸ ਅਨੁਸਾਰ ਪ੍ਰਧਾਨ ਗੁਰਪ੍ਰੀਤ ਸਿੰਘ, ਮੀਤ ਪ੍ਰਧਾਨ ਲੱਖਾ ਸਿੰਘ, ਸੈਕਟਰੀ ਬਲਦੇਵ ਸਿੰਘ ਤੇ ਵਿੱਤ ਸਕੱਤਰ ਕੁਲਦੀਪ ਸਿੰਘ ਬਣਾਏ ਗਏ । ਇਸ ਦੇ ਨਾਲ ਹੀ ਮਜ਼ਦੂਰਾਂ ਵੱਲੋਂ ਦਿਹਾਤੀ ਮਜ਼ਦੂਰ ਸਭਾ ਬਣਾਈ ਗਈ ਜਿਸ ਦੇ ਪ੍ਰਧਾਨ ਜੋਗਿੰਦਰ ਸਿੰਘ, ਮੀਤ ਪ੍ਰਧਾਨ ਸੁੱਚਾ ਸਿੰਘ, ਸਕੱਤਰ ਛਿੰਦਰ ਸਿੰਘ ਤੇ ਖਚਾਨਚੀ ਬਲਵਿੰਦਰ ਸਿੰਘ ਬਣਾਏ ਗਏ ਉਪਰੰਤ ਔਰਤਾਂ ਨੇ ਅੱਗੇ ਹੋ ਕੇ ਔਰਤ ਮੁਕਤੀ ਮੋਰਚਾ ਦਾ ਗੱਠਨ ਕੀਤਾ ਜਿਸ ਦੇ ਪ੍ਰਧਾਨ ਜੱਸੀ ਕੌਰ ,ਮੀਤ ਪ੍ਰਧਾਨ ਗੁਰਦੀਪ ਕੌਰ, ਸਕੱਤਰ ਰਾਜਪ੍ਰੀਤ ਕੌਰ ਤੇ ਕੈਸ਼ੀਅਰ ਭੋਲੀ ਕੌਰ ਸਰਬਸੰਮਤੀ ਨਾਲ ਚੁਣੀਆਂ ਗਈਆਂ! ਹੋਰਨਾਂ ਤੋਂ ਇਲਾਵਾ ਸੇਵਾ ਸਿੰਘ, ਬਲਜੀਤ ਸਿੰਘ, ਲਾਡੀ ਸਿੰਘ, ਗੋਰਵ ਸਿੰਘ, ਹਿੰਮਤ ਸਿੰਘ, ਸੁਖਚੈਨ ਸਿੰਘ, ਹੀਰਾ ਸਿੰਘ, ਸੁਰਜੀਤ ਸਿੰਘ, ਸਤਨਾਮ ਸਿੰਘ, ਨਰਿੰਦਰ ਕੌਰ, ਇੰਦਰਜੀਤ ਕੌਰ, ਕਸ਼ਮੀਰ ਕੌਰ,ਸੱਤੋ ਕੌਰ, ਦਲਬੀਰ ਕੌਰ,ਭਾਗੋ,ਗੁਲਾਬੋ,ਰਾਜੀ ਕੌਰ ਆਦਿ ਨੇ ਸਮਾਗਮ ਵਿੱਚ ਜ਼ੋਰਦਾਰ ਮੰਗ ਉਠਾਈ ਕਿ ਉਨ੍ਹਾਂ ਦੇ ਘਰਾਂ ਨੂੰ ਕੋਈ ਵੀ ਰਾਹ ਰਸਤਾ ਨਹੀਂ ਹੈ । ਉਨ੍ਹਾਂ ਦਾ ਇਹ ਮਸਲਾ ਹੱਲ ਕਰਵਾਇਆ ਜਾਵੇ।

## ਸਹਾਇਕ ਕਮਿਸ਼ਨਰ ਦੀ ਪ੍ਰਧਾਨਗੀ ਹੇਠ ਪੈਨਸ਼ਨ ਅਦਾਲਤ



ਗੁਰਦਾਸਪੁਰ (ਜਨਕ ਮਹਾਜਨ)- ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ ਕੁਲਦੀਪ ਚੰਦ ਦੀ ਪ੍ਰਧਾਨਗੀ ਹੇਠ ਵੱਖ ਵੱਖ ਵਿਭਾਗਾਂ ਤੋਂ ਸੇਵਾ ਮੁਕਤ ਪੈਨਸ਼ਨਰਾਂ ਲਈ ਅਦਾਲਤ ਲਗਾਈ ਗਈ ਅਤੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਗਈਆਂ। ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀ ਕਿ ਪ੍ਰਾਪਤ ਹੋਈਆਂ ਅਰਜ਼ੀਆਂ ਦਾ ਤਰਜੀਹ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਸਰਕਾਰੀ ਸੇਵਾ ਨੂੰ ਸਮਰਪਿਤ ਕੀਤਾ ਹੈ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਪੈਨਸ਼ਨ ਅਦਾਲਤ ਦੌਰਾਨ 6 ਅਰਜ਼ੀਆਂ ਪ੍ਰਾਪਤ ਹੋਈਆਂ, ਜਿਸ ਵਿਚੋਂ 3 ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ ਤੇ ਬਾਕੀ ਅਰਜ਼ੀਆਂ ਦਾ 15 ਦਿਨਾਂ ਵਿਚ ਹੱਲ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਕਿਹਾ ਗਿਆ।

## ਭਾਜਪਾ ਨਸ਼ਾ ਵਿਰੋਧੀ ਯਾਤਰਾ ਕਰਕੇ ਬਣਾ ਰਹੀ ਹੈ ਮੂਰਖ : ਜਾਮਾਰਾਏ, ਪੰਡੋਰੀ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਦੇ ਲੋਕਾਂ ਨੂੰ ਬੀ ਜੇ ਪੀ ਨਸ਼ਿਆਂ ਵਿਰੁੱਧ ਯਾਤਰਾ ਕਰਕੇ ਬਣਾ ਰਹੀ ਹੈ ਮੂਰਖ । ਇਹ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ, ਬਲਦੇਵ ਸਿੰਘ ਪੰਡੋਰੀ ਨੇ ਕੀਤਾ। ਉਹਨਾਂ ਕਿਹਾ ਕਿ ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਛੇੜੀ ਯਾਤਰਾ ਪੰਜਾਬ ਦੇ ਲੋਕਾਂ ਨੂੰ ਮੂਰਖ ਬਣਾਉਣ ਦੇ ਬਰਾਬਰ ਹੈ। ਪੰਜਾਬ ਦੇ ਬਹਾਦਰ ਲੋਕਾਂ ਨੂੰ ਆਰ ਐਸ ਐਸ ਦੀ ਅਗਵਾਈ ਵਾਲੀ ਬੀ ਜੇ ਪੀ ਸਰਕਾਰ ਦੀਆਂ ਨੀਤੀਆਂ ਤੋਂ ਸੁਚੇਤ ਹੋਣ ਦੀ ਲੋੜ ਹੈ। ਇਹਨਾਂ ਆਗੂਆਂ ਨੇ ਕਿਹਾ ਅਕਾਲੀ-ਭਾਜਪਾ ਸਰਕਾਰ ਦੇ ਸਮੇਂ ਵੱਡੀ ਪੱਧਰ 'ਤੇ ਨਸ਼ਿਆਂ ਦਾ ਸੇਵਨ ਅਤੇ ਸਮਗਲਿੰਗ ਹੁੰਦੀ ਰਹੀ ਹੈ । ਇਹਨਾਂ ਆਗੂਆਂ ਨੇ ਕਿਹਾ ਕਿ ਬਾਰਡਰ ਦੀ ਬੈਲਟ 50 ਕਿਲੋਮੀਟਰ 'ਤੇ ਬੀ ਐਸ ਐਫ ਲੱਗੀ ਹੋਈ ਹੈ ਜੋ ਕਿ ਮੋਦੀ ਅਤੇ ਅਮਿਤ ਸ਼ਾਹ ਦੀ ਨਿਗਰਾਨੀ ਹੇਠ ਬਾਰਡਰ ਤੋਂ ਧੜਾ ਧੜ ਡਰੋਨਾਂ ਰਾਹੀਂ ਨਸ਼ੇ ਲਿਆ ਕੇ ਜਵਾਨੀ ਨੂੰ ਤਬਾਹ ਕਰ ਰਹੇ ਹਨ। ਉਹਨਾਂ ਅੱਗੇ ਕਿਹਾ ਕਿ ਇਹ ਨਸ਼ੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਵੇਲੇ ਜਦੋਂ ਸੁਨੀਲ ਜਾਖੜ, ਕੇਵਲ ਢਿੱਲੋਂ, ਮਨਪ੍ਰੀਤ ਬਾਦਲ ਤੇ ਹੋਰ ਕਈ ਨੇਤਾ ਜੋ ਕਿ ਕਾਂਗਰਸ ਦੀ ਵਜ਼ਾਰਤ ਵਿੱਚ ਸਨ, ਪੰਜਾਬ ਵਿਚ ਫੈਲੇ ਸਨ। ਹੁਣ ਇਹ ਨੇਤਾ ਭਾਜਪਾ ਦੀ ਅਗਵਾਈ ਵਿੱਚ ਨਸ਼ਿਆਂ ਵਿਰੁੱਧ ਯਾਤਰਾ ਕੱਢ ਰਹੇ ਹਨ।

## ਭਗਵਾਨ ਵਾਲਮੀਕਿ ਤੀਰਥ ਸਥਲ ਦੇ ਪਾਵਨ ਸਰੋਵਰ ਦੀ ਸਫ਼ਾਈ ਦੀ ਸੇਵਾ ਮੁਕੰਮਲ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥਲ ਦੇ ਪਾਵਨ ਸਰੋਵਰ ਦੀ ਸਫ਼ਾਈ ਲਈ ਚਲਾਇਆ ਗਿਆ ਪ੍ਰੋਜੈਕਟ ਮੁਕੰਮਲ ਹੋ ਗਿਆ ਹੈ। ਸੰਤਾਂ-ਮਹਾਪੁਰਸ਼ਾਂ ਦੀ ਹਾਜ਼ਰੀ ਵਿੱਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ., ਸੋਨੀਆ ਮਾਨ, ਸ੍ਰੀ ਅਜ ਦੱਤ ਵਿਧਾਇਕ ਅੰਬੇਦਕਰ ਨਗਰ ਨਵੀਂ ਦਿੱਲੀ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਪਾਵਨ ਸਰੋਵਰ ਵਿੱਚ ਜਲ ਭਰਨ ਦੀ ਪ੍ਰਕਿਰਿਆ ਸ਼ੁਰੂ ਕਰਵਾਈ ਗਈ। ਇਸ ਤੋਂ ਪਹਿਲਾਂ ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਇਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਸ੍ਰੀ ਬਾਬਾ ਜੋਗੀ ਦੀ ਅਗਵਾਈ ਹੇਠ ਪਾਵਨ ਸਰੋਵਰ ਦੇ ਕਿਨਾਰੇ ਪੂਜਾ ਅਰਚਨਾ ਕੀਤੀ ਗਈ। ਇਸ ਮੌਕੇ ਸਵਾਮੀ ਗਿਆਨਦੇਵ ਮਹਾਰਾਜ, ਸ੍ਰੀ ਬਾਬਾ ਜੋਗੀ ਪ੍ਰਗਟ ਨਾਥ, ਜਗਤ ਗੁਰੂ ਸ੍ਰੀ ਕ੍ਰਿਸ਼ਨ ਸ਼ਾਹ ਵਿਦਿਆਰਥੀ ਮਹਾਰਾਜ, ਸ੍ਰੀ ਨਿਰਮਲ ਦਾਸ ਮਹਾਰਾਜ, ਸ੍ਰੀ ਸਰਜੀਤ ਮਹਾਰਾਜ, ਮਹਾਮੰਡਲੇਸ਼ਵਰ ਸਵਾਮੀ ਸੰਗਮ ਨਾਥ ਮਹਾਰਾਜ ਕੁਰੂਕਸ਼ੇਤਰ, ਬਾਬਾ ਮਲਕੀਤ ਨਾਥ , ਬਾਬਾ ਗਿਰਧਾਰ ਨਾਥ ਸਮੇਤ ਹੋਰ ਸੰਤ-ਮਹਾਪੁਰਸ਼ ਹਾਜ਼ਰ ਸਨ। ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥਲ ਦੇ ਵਿਕਾਸ ਅਤੇ ਸੁੰਦਰੀਕਰਨ ਲਈ ਕਰੀਬ 17.72 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਮੌਕੇ ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਇਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਸ੍ਰੀ ਬਾਬਾ ਜੋਗੀ ਪ੍ਰਗਟ ਨਾਥ ਨੇ ਪਾਵਨ ਸਰੋਵਰ ਦੀ ਸਫ਼ਾਈ ਦੀ ਸੇਵਾ ਮੁਕੰਮਲ ਹੋਣ 'ਤੇ ਸੰਗਤ ਨੂੰ ਵਧਾਈ ਦਿੱਤੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਹਲਕਾ ਰਾਜਾਸਾਂਸੀ ਦੇ ਇੰਚਾਰਜ ਸ਼੍ਰੀਮਤੀ ਸੋਨੀਆ ਮਾਨ ਨੇ ਕਿਹਾ ਕਿ ਪਾਵਨ ਤੀਰਥ ਸਥਲ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਇਨ ਬੋਰਡ ਦੇ ਜਨਰਲ ਮੈਨੇਜਰ ਸ੍ਰੀ ਮਧੁਰ ਭਾਟੀਆ ਨੇ ਦੱਸਿਆ ਕਿ ਅੱਜ ਪਾਵਨ ਸਰੋਵਰ ਵਿੱਚ ਹਰਿ ਕੀ ਪੌੜੀ, ਹਰਿਦੁਆਰ, ਪਰਿਆਗ ਰਾਜ, ਬਨਾਰਸ ਤੋਂ ਗੰਗਾ ਨਦੀ ਦਾ ਜਲ, ਬ੍ਰਹਮ ਸਰੋਵਰ ਕੁਰੂਕਸ਼ੇਤਰ ਦਾ ਜਲ, ਸਰਸਵਤੀ ਨਦੀ ਦਾ ਜਲ, ਮਾਰਕੰਡਾ ਨਦੀ ਸ਼ਾਹਬਾਦ ਜਮੁਨਾ, ਸ੍ਰੀ ਹਰਮੰਦਿਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ, ਸ੍ਰੀ ਸਨਾਤਨ ਵਾਲਮੀਕਿ ਧਰਮਪੀਠ ਸਰੋਵਰ ਹਿਸਾਰ, ਛਿੱਪਰਾ ਨਦੀ ਉਜੈਨ ਅਤੇ ਗੋਦਾਵਰੀ ਨਦੀ ਮੱਧ ਪ੍ਰਦੇਸ਼ ਦਾ ਪਵਿੱਤਰ

## ਬਾਪੂ ਧਿਆਨ ਸਿੰਘ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



ਝਬਾਲ (ਹਰਜਿੰਦਰ ਸਿੰਘ ਸੋਨੀ)- ਬਾਬਾ ਰੇਸ਼ਮ ਸਿੰਘ ਛੀਨਾ ਦੇ ਸਹੁਰਾ ਤੇ ਸਾਬਕਾ ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ ਦੇ ਚਾਚਾ ਸ: ਧਿਆਨ ਸਿੰਘ ਜੋ ਕੁਝ ਦਿਨ ਪਹਿਲਾਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਉਨ੍ਹਾਂ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਗ੍ਰਹਿ ਪਾਏ ਗਏ ਉਪਰੰਤ ਵਿਰਾਗ ਮਈ ਕੀਰਤਨ ਕਥਾ ਭਾਈ ਅਵਤਾਰ ਸਿੰਘ ਸੋਹਲ ਵੱਲੋਂ ਕੀਤੀ ਗਈ।ਇਸ ਮੌਕੇ ਬਾਬਾ ਰੇਸ਼ਮ ਸਿੰਘ ਛੀਨਾ, ਸਾਬਕਾ ਸਰਪੰਚ ਅਮਰਜੀਤ ਸਿੰਘ ਬਘੇਲ ਸਿੰਘ ਵਾਲਾ, ਕਾਂਗਰਸ ਪਾਰਟੀ ਸੀਨੀਅਰ ਆਗੂ ਅਮਰੀਕ ਸਿੰਘ ਵਰਪਾਲ,ਰਾਣਾ ਡਿਆਲ ਪੀ ਏ, ਕਾਮਰੇਡ ਜਸਬੀਰ ਸਿੰਘ ਝਬਾਲ,ਚੇਅਰਮੈਨ ਹਰਵੰਤ ਸਿੰਘ ਝਬਾਲ ਖੁਰਦ,ਚੇਅਰਮੈਨ ਗੁਰਬੀਰ ਸਿੰਘ ਝਬਾਲ,ਚੇਅਰਮੈਨ ਰਮਨ ਕੁਮਾਰ ਝਬਾਲ,ਡਾ ਬਲਜੀਤ ਸਿੰਘ ਛਾਪਾ,ਆਮ ਆਦਮੀ ਪਾਰਟੀ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਝਬਾਲ, ਸਰਪੰਚ ਸਤਿੰਦਰ ਸਿੰਘ ਬਘੇਲ ਸਿੰਘ ਵਾਲਾ, ਕਸ਼ਮੀਰ ਸਿੰਘ ਢਿੱਲੋਂ ਬਘੇਲ ਸਿੰਘ ਵਾਲਾ, ਰਣਜੀਤ ਸਿੰਘ ਛੀਨਾ, ਜਸਵਿੰਦਰ ਸਿੰਘ ਜੱਸੀ ਕਿਸਾਨ ਆਗੂ, ਹੀਰਾ ਸਿੰਘ ਛੀਨਾ, ਕਰਨਬੀਰ ਸਿੰਘ ਛੀਨਾ,ਜਿੰਦਾ ਸਿੰਘ ਛੀਨਾ, ਹਰਦੇਵ ਸਿੰਘ ਛੀਨਾ,ਮੈਂਬਰ ਜਗਮਨ ਸਿੰਘ ਛੀਨਾ, ਸੁਖਵਿੰਦਰ ਸਿੰਘ ਸੁੱਖ ਗੁਰਦਾਸੀਆ ਝਬਾਲ,ਜੱਤ ਬਘੇਲ ਸਿੰਘ ਵਾਲਾ, ਸੁਖਵੰਤ ਸਿੰਘ ਬਘੇਲ ਸਿੰਘ ਵਾਲਾ,ਸਰਪੰਚ ਨਰਿੰਦਰ ਕੁਮਾਰ ਪੱਪਾ ਝਬਾਲ,ਪ੍ਰਮਜੀਤ ਸਿੰਘ ਲਾਡੀ ਪੱਗੜੀ ਹਾਊਸ ਝਬਾਲ, ਭਾਈ ਰਣਧੀਰ ਸਿੰਘ ਝਬਾਲ,ਸੁੱਖਾ ਆੜਤੀਆਂ ਝਬਾਲ,ਏ ਐਸ ਆਈ ਸਾਹਿਬ ਸਿੰਘ ਝਬਾਲ ਖੁਰਦ,ਬਿੱਲਾ ਬਘੇਲ ਸਿੰਘ ਵਾਲਾ ਸ਼ਰਧਾਂਜਲੀ ਭੇਟ ਕੀਤੀ ।

## ਹਾਵਰਡ ਲੇਨ ਸੀਨੀਅਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਅੰਧ ਵਿਦਿਆਲੇ ਦਾ ਦੌਰਾ



ਝਬਾਲ (ਹਰਜਿੰਦਰ ਸਿੰਘ ਸੋਨੀ)- ਵਿਦਿਆਰਥੀਆਂ ਵਿੱਚ ਹਮਦਰਦੀ, ਸਮਾਜਿਕ ਜ਼ਿੰਮੇਵਾਰੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਵਿਕਸਿਤ ਕਰਨ ਦੇ ਉਦੇਸ਼ ਨਾਲ ਹਾਵਰਡ ਲੇਨ ਸੀਨੀਅਰ ਸਕੂਲ ਦੇ ਵਿਦਿਆਰਥੀਆਂ ਵੱਲੋਂ ਲੋਹਗੜ੍ਹ,ਅੰਮ੍ਰਿਤਸਰ ਸਥਿਤ ਅੰਧ ਵਿਦਿਆਲੇ ਦਾ ਵਿਦਿਅਕ ਦੌਰਾ ਕੀਤਾ ਗਿਆ।ਇਸ ਦੌਰੇ ਦੌਰਾਨ ਵਿਦਿਆਰਥੀਆਂ ਨੇ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੇ ਜੀਵਨ,ਉਨ੍ਹਾਂ ਦੀਆਂ ਚੁਣੌਤੀਆਂ ਅਤੇ ਉਨ੍ਹਾਂ ਵੱਲੋਂ ਆਪਣੀਆਂ ਸਮਰੱਥਾਵਾਂ ਨੂੰ ਵਿਕਸਤ ਕਰਕੇ ਜੀਵਨ ਵਿੱਚ ਅੱਗੇ ਵਧਣ ਦੇ ਯਤਨਾਂ ਨੂੰ ਨੇੜਿਓਂ ਸਮਝਿਆ।ਇਸ ਮੌਕੇ ਵਿਦਿਆਰਥੀਆਂ ਨੇ ਅੰਧ ਵਿਦਿਆਲੇ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਪੜ੍ਹਾਈ ਅਤੇ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਪ੍ਰਬੰਧਨ ਨੇ ਕਿਹਾ ਕਿ ਅਜਿਹੇ ਵਿਦਿਅਕ ਦੌਰੇ ਸਿਰਫ਼ ਕਿਤਾਬੀ ਗਿਆਨ ਤੱਕ ਸੀਮਿਤ ਨਹੀਂ ਰਹਿੰਦੇ,ਸਗੋਂ ਵਿਦਿਆਰਥੀਆਂ ਨੂੰ ਜੀਵਨ ਦੀਆਂ ਅਸਲ ਸਥਿਤੀਆਂ ਨੂੰ ਸਮਝਣ ਅਤੇ ਮਨੁੱਖੀ ਮੁੱਲਾਂ ਨੂੰ ਅਪਣਾਉਣ ਦਾ ਮੌਕਾ ਵੀ ਦਿੰਦੇ ਹਨ।

## ਮਨੀਸ਼ ਸਿਸੋਦੀਆ ਨਾਲ ਸਿਕੰਦਰ ਸਿੰਘ ਭੋਏਵਾਲ ਦੀ ਵਿਸ਼ੇਸ਼ ਮੁਲਾਕਾਤ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ) — ਆਮ ਆਦਮੀ ਪਾਰਟੀ ਪੰਜਾਬ ਦੇ ਸਕੱਤਰ ਮਨੀਸ਼ ਸਿਸੋਦੀਆ ਨਾਲ ਹਲਕਾ ਮਜੀਠਾ-02 ਦੇ ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਵਿਸ਼ੇਸ਼ ਮੁਲਾਕਾਤ ਕੀਤੀ।

ਇਸ ਦੌਰਾਨ ਹਲਕਾ ਮਜੀਠਾ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਯਤਨਾਂ ਅਤੇ ਪਾਰਟੀ ਨੂੰ ਜਥੇਬੰਦਕ ਤੌਰ 'ਤੇ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਕਿਹਾ ਕਿ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਹਲਕੇ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਅਤੇ ਲੋਕਾਂ ਨਾਲ ਜੁੜੇ ਮਸਲਿਆਂ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾ ਰਹੇ ਹਨ।ਮੁਲਾਕਾਤ ਦੌਰਾਨ ਆਉਣ ਵਾਲੇ ਸਮੇਂ ਵਿੱਚ ਹਲਕਾ ਮਜੀਠਾ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਅਤੇ ਲੋਕਾਂ ਨਾਲ ਸੰਪਰਕ ਵਧਾਉਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ



ਧਾਰੀਵਾਲ (ਮਨਦੀਪ ਵਿੱਕੀ)- ਪਿੰਡ ਧਾਰੀਵਾਲ ਕਲਾਂ ਦੇ ਗੁਰਦੁਆਰਾ ਪੱਤੀ ਚੀਮਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਪੂਰੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਦਿਹਾੜੇ ਨੂੰ ਸਮਰਪਿਤ ਸਮਾਗਮ ਇਲਾਕੇ ਦੇ ਉੱਘੇ ਸਮਾਜ ਸੇਵੀ ਬਾਬਾ ਅਜੈਬ ਸਿੰਘ ਵੱਲੋਂ ਐਨ.ਆਰ.ਆਈ. ਵੀਰਾਂ ਅਤੇ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਜਾਣ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ। ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਚੀਮਾ ਪੱਤੀ ਦੀਆਂ ਬੀਬੀਆਂ ਦੇ ਜੱਥੇ ਵੱਲੋਂ ਸ਼ਬਦ ਗਾਇਨ ਕੀਤੇ ਗਏ। ਕਵੀਸ਼ਰੀ ਜਥਾ ਭਾਈ ਪਰਮਜੀਤ ਸਿੰਘ ਗਿੱਲਮੰਜ ਵਾਲੇ ਤੇ ਸਾਥੀਆਂ ਨੇ ਕਵੀਸ਼ਰੀਆਂ ਅਤੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ।

ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਮਨਜੀਤ ਸਿੰਘ ਨੇ ਗੁਰਮਤਿ ਵਿਚਾਰਾਂ ਕਰਦਿਆਂ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣ ਦਾ ਉਪਦੇਸ਼ ਦਿੱਤਾ।ਸਮਾਜ ਸੇਵੀ ਬਾਬਾ ਅਜੈਬ ਸਿੰਘ ਨੇ ਸੰਬੋਧਨ ਕਰਦਿਆਂ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਕਿਹਾ ਗੁਰੂਆਂ ਦੀ ਬਾਣੀ ਸਮੁੱਚੀ ਮਨੁੱਖਤਾ ਨੂੰ ਸਾਂਝੀਵਾਲਤਾ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਬਾਬਾ ਅਜੈਬ ਸਿੰਘ ਵੱਲੋਂ ਗ੍ਰੰਥੀ ਸਿੰਘ ਭਾਈ ਮਨਜੀਤ ਸਿੰਘ,ਸੇਵਾਦਾਰ ਭਾਈ ਮੰਗਲ ਸਿੰਘ ਚੀਮਾ ਅਤੇ ਹੋਰ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਕਸ਼ਮੀਰ ਸਿੰਘ, ਗੁਲਜਾਰ ਸਿੰਘ ਨਾਮਧਾਰੀ, ਜੋਗਿੰਦਰ ਸਿੰਘ, ਕੁਲਵਿੰਦਰ ਸਿੰਘ ਰਿੱਕੂ, ਅਮਨ ਸਿੰਘ, ਸਰਵਣ ਸਿੰਘ, ਮੰਗਲ ਸਿੰਘ, ਬਲਰਾਜ ਸਿੰਘ, ਪ੍ਰਗਟ ਸਿੰਘ, ਨਿਸ਼ਾਨ ਸਿੰਘ, ਬਿਕਰਮਜੀਤ ਸਿੰਘ, ਸੇਵਾ ਸਿੰਘ, ਬਲਵੀਰ ਕੌਰ ਖਾਲਸਾ, ਡਾਕਟਰ ਰਵਿੰਦਰਜੀਤ ਕੌਰ, ਪੁਲੀਸ ਮੁਲਾਜ਼ਮ ਰਜਵੰਤ ਕੌਰ, ਬਲਜੀਤ ਕੌਰ, ਲਖਵਿੰਦਰ ਕੌਰ, ਦਵਿੰਦਰ ਕੌਰ, ਬਲਵਿੰਦਰ ਕੌਰ, ਹਰਜਿੰਦਰ ਕੌਰ ਚੀਮਾ, ਪਰਮਜੀਤ ਕੌਰ ਗੁਰਜਪੁ ਚੀਮਾ, ਮਨੋਹਰ ਕੌਰ ਰਾਜਵਿੰਦਰ ਕੌਰ ਆਦਿ ਸਮੇਤ ਸੰਗਤਾਂ ਨੇ ਹਾਜ਼ਰੀ ਭਰੀ।

## ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਲੈਕਚਰ ਕਰਵਾਇਆ



ਬਿਆਸ (ਪਰਮਜੀਤ ਸਿੰਘ ਰੱਖੜਾ)- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ ( ਡਾ.) ਕਰਮਜੀਤ ਸਿੰਘ ਅਤੇ ਡੀਨ ਕਾਲਜਸ ਪ੍ਰੋਫੈਸਰ (ਡਾ.) ਸਰੋਜ ਅਰੋੜਾ ਰਹਿਨੁਮਾਈ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਹ ਸਮਾਗਮ ਪੰਜਾਬੀ ਵਿਭਾਗ ਅਤੇ ਭਾਸ਼ਾ ਮੰਚ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।ਇਸ ਮੌਕੇ ਭਗਤ ਸਿੰਘ ਦੀ ਵਿਚਾਰਧਾਰਾ ਅਤੇ ਮਨੋਵਿਗਿਆਨਕ ਸੰਦਰਭ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਸਮਾਗਮ ਦੇ ਮੁੱਖ ਬੁਲਾਰੇ ਵਜੋਂ ਡਾ. ਰੂਪਨ ਢਿੱਲੋਂ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਮਨੋਵਿਗਿਆਨ ਵਿਭਾਗ ਅਤੇ ਵਧੀਕ ਚਾਰਜ, ਜਲ੍ਹਿਆਂਵਾਲਾ ਬਾਗ਼ ਚੇਅਰ , ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਸਨ।ਡਾ. ਰੂਪਨ ਢਿੱਲੋਂ ਨੇ ਭਗਤ ਸਿੰਘ ਦੇ ਜੀਵਨ, ਸੋਚ ਅਤੇ ਸ਼ਖ਼ਸੀਅਤ ਦੇ ਵੱਖ-ਵੱਖ ਪੱਖਾਂ ਨੂੰ ਮਨੋਵਿਗਿਆਨਕ ਦ੍ਰਿਸ਼ਟੀਕੋਣ ਤੋਂ ਪੇਸ਼ ਕਰਦਿਆਂ ਹਿੰਮਤ, ਦ੍ਰਿੜ੍ਹਤਾ, ਸਹਿਣਸ਼ੀਲਤਾ, ਵਿਚਾਰਸ਼ੀਲਤਾ ਅਤੇ ਆਪਣੇ ਉਦੇਸ਼ ਪ੍ਰਤੀ ਸਮਰਪਣ ਵਰਗੇ ਗੁਣਾਂ ਬਾਰੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭਗਤ ਸਿੰਘ ਦਾ ਜੀਵਨ ਨੌਜਵਾਨਾਂ ਨੂੰ ਚੁਣੌਤੀਆਂ ਦਾ ਦ੍ਰਿੜ੍ਹਤਾ ਨਾਲ ਸਾਹਮਣਾ ਕਰਨ ਅਤੇ ਆਪਣੇ ਜੀਵਨ ਦੇ ਉਦੇਸ਼ ਪ੍ਰਤੀ ਸੁਚੇਤ ਰਹਿਣ ਲਈ ਪ੍ਰੇਰਿਤ ਕਰਦਾ ਹੈ। ਲੈਕਚਰ ਉਪਰੰਤ ਡਾ. ਰੂਪਨ ਢਿਲੋਂ ਵੱਲੋਂ ਵਿਦਿਆਰਥੀਆਂ ਨਾਲ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਕਿਹਾ ਕਿ ਭਗਤ ਸਿੰਘ ਸਿਰਫ਼ ਇੱਕ ਇਤਿਹਾਸਕ ਸ਼ਖ਼ਸੀਅਤ ਹੀ ਨਹੀਂ, ਸਗੋਂ ਨੌਜਵਾਨ ਪੀੜ੍ਹੀ ਲਈ ਵਿਚਾਰਸ਼ੀਲਤਾ, ਹਿੰਮਤ ਅਤੇ ਸਮਰਪਣ ਦੀ ਪ੍ਰੇਰਣਾ ਹਨ।ਇਸ ਮੌਕੇ ਮਨਦੀਪ ਸਿੰਘ, ਕਰਮਬੀਰ ਸਿੰਘ, ਰੋਹਿਤ ਗੁਪਤਾ, ਮਨੂੰ ਬਾਲਾ, ਗਗਨ ਸ਼ਰਮਾ ਅਤੇ ਸੁਖਦੀਪ ਕੌਰ ਨੇ ਅਹਿਮ ਭੂਮਿਕਾ ਨਿਭਾਈ।

## ਵਿਧਾਇਕ ਰੰਧਾਵਾ ਨੇ ਸਰਕਾਰੀ ਯੋਜਨਾਵਾਂ ਤੋਂ ਜਾਣੂ ਕਰਵਾਇਆ



ਗੁਰਦਾਸਪੁਰ (ਜਨਕ ਮਹਾਜਨ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਵੱਧ ਕੰਮ ਕਰਕੇ ਦਿਖਾਇਆ ਹੈ। ਇਹ ਪ੍ਰਗਟਾਵਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪਿੰਡ ਸ਼ਾਹਪੁਰ ਜਾਜਨ ਤੋਂ ਮਾਨ ਦੇ ਮੁਨਾਫੇ ਮੁਹਿੰਮ ਤਹਿਤ ਬਾਜ਼ਾਰ ਵਿਚ ਦੁਕਾਨਦਾਰਾਂ ਅਤੇ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ ਕੀਤਾ ਅਤੇ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ-ਹਿੱਤ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਵਿਚਾਰ ਸੁਣੇ ਅਤੇ ਇਲਾਕੇ ਨਾਲ ਸਬੰਧਤ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ। ਗੱਲਬਾਤ ਕਰਦਿਆਂ ਰੰਧਾਵਾ ਨੇ ਕਿਹਾ ਕਿ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸਕੀਮਾਂ ਰਾਹੀਂ ਸਾਲਾਨਾ ਲੱਖਾਂ ਰੁਪਏ ਦੇ ਲਾਭ ਮਿਲ ਰਹੇ ਹਨ।

## ਗੁਰੂ ਅਮਰਦਾਸ ਦੇ ਜੋੜ ਮੇਲੇ ਨੂੰ ਸਮਰਪਤ ਧਾਰਮਿਕ ਸਮਾਗਮ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਤੀਸਰੀ ਪਾਤਸ਼ਾਹੀ ਸ੍ਰੀ ਗੁਰੂ ਅਮਰਦਾਸ ਦੇ ਜੋਤਿ ਜੋਤ ਦਿਵਸ, ਸਲਾਨਾ ਜੋੜ ਮੇਲੇ ਜੱਗ ਨੂੰ ਮੁੱਖ ਰੱਖਦਿਆਂ ਜਥੇਦਾਰ ਬਾਬਾ ਦਲਬੀਰ ਸਿੰਘ ਵੱਲੋਂ ਆਪਣੇ ਗ੍ਰਹਿ ਵਿਖੇ ਧਾਰਮਿਕ ਸਮਾਗਮ ਕਰਵਾਇਆ । ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ ਜਿਸ ਵਿੱਚ ਕਵੀਸ਼ਰ ਜਥਿਆਂ ਨੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਿਆ । ਸੰਗਤਾਂ ਵਾਸਤੇ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਬਾਬਾ ਦਲਬੀਰ ਸਿੰਘ ਵੱਲੋਂ ਆਏ ਹੋਏ ਪੰਤਵੰਤਿਆ ਨੂੰ ਸਿਰਪਾਓ ਭੇਟ ਕਰ ਸਨਮਾਨਿਤ ਕੀਤਾ ਗਿਆ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਕੁਲਦੀਪ ਸਿੰਘ ਲਹੌਰੀਆ, ਸਾਬਕਾ ਮੈਂਬਰ ਪੰਚਾਇਤ ਹਰਭਜਨ ਸਿੰਘ ਰਠੌਰ, ਯੂਥ ਆਗੂ ਵਰਿੰਦਰ ਸਿੰਘ ਜੋਤੀ ,ਬਲਵਿੰਦਰ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ, ਡਾ ਮੱਸਾ ਸਿੰਘ, ਜਗਤਾਰ ਸਿੰਘ, ਹਰਵਿੰਦਰ ਸਿੰਘ ਮੈਂਬਰ ਪੰਚਾਇਤ, ਰਜਿੰਦਰ ਸਿੰਘ ਫੌਜੀ, ਸੁਖਬੀਰ ਸਿੰਘ ਲੋਧੀ, ਬਲਕਾਰ ਬਾਰਾ,ਸ਼ੇਰ ਸਿੰਘ ਸਾਬਕਾ ਮੈਂਬਰ ਪੰਚਾਇਤ ਆਦਿ ਹਾਜਰ ਸਨ।

## ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ 'ਚ ਅਹਿਮ ਵਿਚਾਰਾਂ



ਚੋਹਲਾ ਸਾਹਿਬ (ਰਮਨ ਚੱਡਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ 'ਚ ਅਹਿਮ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਟੇਟ ਮੈਂਬਰ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਝੋਨੇ ਦੀ ਖਰੀਦ ਸ਼ੁਰੂ ਕੀਤੀ ਜਾਵੇ ਤੇ ਪਰਾਲੀ ਦੀ ਸਾਂਭ ਸੰਭਾਲ ਵਾਸਤੇ ਸਰਕਾਰ ਠੋਸ ਕਦਮ ਚੁੱਕੇ ।ਸਰਕਾਰ ਦੇ ਨਵੇਂ ਫਰਮਾਨ ਨਾਲ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਬਹਾਨੇ ਪ੍ਰੇਸ਼ਾਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਪਰਾਲੀ ਦਾ ਪ੍ਰਦੂਸ਼ਣ 6 ਪ੍ਰਤੀਸ਼ਤ ਹੈ ਜਦ ਕਿ 94 ਫੀਸਦੀ ਪ੍ਰਦੂਸ਼ਣ ਫੈਕਟਰੀਆਂ ਤੇ ਵਾਹਨਾ ਦਾ ਹੈ ਜਿਨ੍ਹਾਂ ਨੂੰ ਕੋਈ ਜੁਰਮਾਨਾ ਨਹੀਂ ਲਾਇਆ ਜਾਂਦਾ।ਉਨ੍ਹਾਂ ਕਿਹਾ ਕਿ ਡੀ ਏ ਪੀ ਖਾਦ ਦੀ ਬਹੁਤ ਵੱਡੀ ਘਾਟ ਹੈ , ਤਰੁੰਤ ਇਸ ਦੀ ਪੂਰਤੀ ਕੀਤੀ ਜਾਵੇ। ਇਸ ਮੌਕੇ ਰੇਸ਼ਮ ਸਿੰਘ ਘੁਰਕ ਵਿੰਡ ,ਹਰਭਿਦਰਜੀਤ ਸਿੰਘ ਕੰਗ ,ਜਰਨੈਲ ਸਿੰਘ ਨੂਰਦੀ, ਬਲਵਿੰਦਰ ਸਿੰਘ ਚੋਹਲਾ, ਬੀਬੀ ਰਣਜੀਤ ਕੌਰ ਕੱਲਾ, ਬੀਬੀ ਉਪਜੀਤ ਕੌਰ ਝਬਾਲ, ਨਿਰੰਜਨ ਸਿੰਘ ਬਗਰਾੜੀ, ਸੁਖਵਿੰਦਰ ਸਿੰਘ ਦੁਗਲਵਾਲਾ, ਗਿਆਨ ਸਿੰਘ ਚੋਹਲਾ ਖੁਰਦ, ਜੁਗਰਾਜ ਸਿੰਘ ਸਭਰਾ, ਪਰਮਜੀਤ ਸਿੰਘ ਸੀਨਾ, ਹਰਦੀਪ ਸਿੰਘ ਜੋਹਲ, ਸਲਵਿੰਦਰ ਸਿੰਘ ਜਿਓਬਾਲਾ, ਦਿਲਬਾਗ ਸਿੰਘ ਪਹੂਵਿੰਡ,ਸਰਵਨ ਸਿੰਘ ਵਲੀਪੁਰ ,ਜਵਾਹਰ ਸਿੰਘ ਟਾਂਡਾ, ਨਰਿੰਦਰ ਸਿੰਘ ਪੱਖੋਪੁਰ ,ਪਰਮਜੀਤ ਸਿੰਘ ਬਾਠ ਆਦਿ ਆਗੂ ਹਾਜਰ ਸਨ।

## ਕਿਸਾਨ ਮਜ਼ਦੂਰ ਯੂਨੀਅਨ ਦੀ ਮੀਟਿੰਗ 'ਚ ਝੋਨੇ ਦੀ ਖਰੀਦ ਸਮੇਤ ਹੋਰ ਮਤੇ ਪਾਸ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) - ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਇਲਾਕਾ ਡੇਰਾ ਬਾਬਾ ਨਾਨਕ ਦੀ ਮਹੀਨਾਵਾਰ ਮੀਟਿੰਗ ਡੇਰਾ ਬਾਬਾ ਨਾਨਕ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਮਸ਼ੇਰ ਸਿੰਘ ਖਾਸਾਵਾਲ, ਰਾਜਵਿੰਦਰ ਸਿੰਘ ਰੋਬਨ ਅਤੇ ਸਰਬਜੀਤ ਸਿੰਘ ਤਲਵੰਡੀ ਹਿੰਦੂਆਂ ਦੀ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇਲਾਕੇ ਭਰ ਤੋਂ ਜਥੇਬੰਦੀ ਦੇ ਸਮੂਹ ਆਗੂ ਸ਼ਾਮਿਲ ਹੋਏ। ਮੀਟਿੰਗ ਵਿੱਚ ਇਲਾਕੇ ਦੇ ਕਿਸਾਨਾਂ ਤੇ ਮਜ਼ਦੂਰਾਂ ਸਮੇਤ ਸਮੂਹ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਇਹਨਾਂ ਦੇ ਹੱਲ ਸਬੰਧੀ ਵਿਚਾਰ ਵਟਾਂਦਰਾ ਕਰਕੇ ਪਾਸ ਕੀਤੇ ਗਏ ਮਤਿਆਂ ਦੇ ਰੂਪ ਵਿੱਚ ਕਈ ਅਹਿਮ ਫੈਸਲੇ ਲਏ ਗਏ। ਮਤਿਆਂ ਵਿਚ ਚਾਲੂ ਸੀਜਨ ਦੌਰਾਨ ਕਿਸਾਨਾਂ ਦੀ ਮੰਡੀਆਂ ਵਿੱਚ ਆਉਣ ਵਾਲੀ ਝੋਨੇ ਦੀ ਫਸਲ ਦੀ ਸਰਕਾਰ ਵੱਲੋਂ ਐਲਾਨੇ ਗਏ ਘੱਟੋ- ਘੱਟ ਸਮਰਥਨ ਮੁੱਲ ਉੱਪਰ ਸਨਮਾਨ ਜਨਕ ਤਰੀਕੇ ਨਾਲ ਵਿਕਰੀ ਕਰਵਾਉਣ , ਮਹਿਕਮਾ ਮਾਲ ਵਿੱਚ ਜਰੂਰੀ ਕੰਮਾਂ ਲਈ ਆਉਣ ਵਾਲੇ ਲੋਕਾਂ ਦੀ ਖੱਜਲ- ਖੁਆਰੀ ਅਤੇ ਲੁੱਟ - ਖਸੁੱਟ ਨੂੰ ਜਥੇਬੰਦਕ ਤਾਕਤ ਦੇ ਬਲਬੂਤੇ ਖਤਮ ਕਰਵਾਉਣ ਦਾ ਅਹਿਮ ਫੈਸਲਾ ਲਿਆ ਗਿਆ । ਮੀਟਿੰਗ ਨੇ ਸਰਬ ਸੰਮਤੀ ਨਾਲ ਸਰਕਾਰ ਤੋਂ ਮੰਗ ਕੀਤੀ ਕਿ ਦਰਿਆ ਰਾਵੀ ਵੱਲੋਂ ਪਿੰਡ ਗੁਰਚੱਕ ਦੀ ਉਪਜਾਊ ਜਮੀਨ ਨੂੰ ਲਗਾਈ ਜਾ ਰਹੀ ਢਾਹ ਨੂੰ ਦਰਿਆ ਵਿੱਚ ਅਡਵਾਂਸ ਬੰਨ ਬਣਾ ਕੇ ਤੁਰੰਤ ਪ੍ਰਭਾਵ ਨਾਲ ਰੋਕਿਆ ਜਾਵੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਪ੍ਰਧਾਨਗੀ ਮੰਡਲ ਮੈਂਬਰ ਸ: ਬਲਬੀਰ ਸਿੰਘ ਰੰਧਾਵਾ, ਜੋਗਿੰਦਰ ਸਿੰਘ ਖੰਨਾ ਚਮਾਰਾ, ਸਤਬੀਰ ਸਿੰਘ ਖੋਦੇਬੇਟ, ਮਾ: ਸੁੱਚਾ ਸਿੰਘ ਰਾਮ ਦੀਵਾਲੀ, ਹਰਜੀਤ ਸਿੰਘ ਠੇਠਰ ਕੇ, ਸਰਵਣ ਸਿੰਘ ਰੜੇਵਾਲੀ, ਅਵਤਾਰ ਸਿੰਘ ਸਿੰਘਪੁਰਾ, ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਦਲਜੀਤ ਸਿੰਘ ਠੇਠਰ ਕੇ, ਬਲਕਾਰ ਸਿੰਘ ਹਰਦੋਰਵਾਲ, ਹਰਪਾਲ ਸਿੰਘ ਕੋਟ ਮੌਲਵੀ, ਬਚਿੱਤਰ ਸਿੰਘ ਧਰਮਾ ਬਾਦ ਅਤੇ ਅਮਰੀਕ ਸਿੰਘ ਕੋਟ ਮੌਲਵੀ ਆਦਿ ਆਗੂ ਸ਼ਾਮਿਲ ਸਨ।

## ਚੰਦ ਫਤਿਹਪੁਰੀ ਦੇ ਅਚਾਨਕ ਵਿਛੋੜੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ) — ਪੰਜਾਬ ਦੀ ਨਿਡਰ, ਬੇਬਾਕ ਪੱਤਰਕਾਰੀ ਅਤੇ ਖੱਬੇ-ਪੱਖੀ ਲਹਿਰ ਦੇ ਉੱਘੇ ਚਿਹਰੇ, ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੰਪਾਦਕ ਅਤੇ ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੇ ਸੀਨੀਅਰ ਆਗੂ ਕਾਮਰੇਡ ਚੰਦ ਫਤਿਹਪੁਰੀ ਦੇ ਅਚਾਨਕ ਵਿਛੋੜੇ ਦੀ ਖ਼ਬਰ ਨਾਲ ਸਮੁੱਚੇ ਪੱਤਰਕਾਰੀ ਜਗਤ, ਰਾਜਨੀਤਕ ਅਤੇ ਸਮਾਜਿਕ ਹਲਕਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ।ਕਾਮਰੇਡ ਫਤਿਹਪੁਰੀ ਦੇ ਦੇਹਾਂਤ 'ਤੇ ਮਜੀਠਾ ਹਲਕੇ ਦੇ ਪੱਤਰਕਾਰ ਭਾਈਚਾਰੇ, ਪ੍ਰਿੰਟ ਮੀਡੀਆ ਨਾਲ ਜੁੜੇ ਪੱਤਰਕਾਰਾਂ ਅਤੇ ਸੀ.ਪੀ.ਆਈ. ਮਜੀਠਾ ਵੱਲੋਂ ਵੀ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਕਾਮਰੇਡ ਫਤਿਹਪੁਰੀ ਦਾ ਵਿਛੋੜਾ ਪੱਤਰਕਾਰੀ ਅਤੇ ਖੱਬੇ-ਪੱਖੀ ਵਿਚਾਰਧਾਰਾ ਦੇ ਖੇਤਰ ਵਿੱਚ ਇੱਕ ਵੱਡਾ ਘਾਟਾ ਹੈ।ਇਸ ਮੌਕੇ ਕਾਮਰੇਡ ਬਲਕਾਰ ਸਿੰਘ, ਸੁਖਵਿੰਦਰ ਸਿੰਘ ਚਵਿੰਡਾ ਦੇਵੀ, ਰਣਜੀਤ ਸਿੰਘ ਜੇਠੂਵਾਲ, ਲੱਖਾ ਸਿੰਘ ਜੇਠੂਵਾਲ ਅਤੇ ਰਣਜੀਤ ਸਿੰਘ ਫੌਜੀ ਜੇਠੂਵਾਲ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕੀਤੀ।

## ਜੀ ਆਰ ਡੀ ਕਾਨਵੈਂਟ ਸਕੂਲ ਵਿਖੇ ਪੰਜਾਬੀ ਦਿਵਸ ਮਨਾਇਆ



ਅਜਨਾਲਾ — (ਸੁਖਤਿੰਦਰ ਸਿੰਘ ਰਾਜੂ)-ਜੀ. ਆਰ. ਡੀ. ਕਾਨਵੈਂਟ ਸਕੂਲ ਅਜਨਾਲਾ ਵਿਖੇ ਪੰਜਾਬੀ ਦਿਵਸ ਬੜੇ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਨੂੰ ਵੱਖ-ਵੱਖ ਗਤੀਵਿਧੀਆਂ ਰਾਹੀਂ ਪ੍ਰਗਟ ਕੀਤਾ।ਵਿਦਿਆਰਥੀਆਂ ਵੱਲੋਂ ਪੰਜਾਬੀ ਭਾਸ਼ਾ ਨਾਲ ਸਬੰਧਤ ਸੁੰਦਰ ਪੋਸਟਰ ਤਿਆਰ ਕੀਤੇ ਗਏ ਅਤੇ ਉਨ੍ਹਾਂ ਉੱਤੇ ਦਿਲ ਨੂੰ ਛੂਹਣ ਵਾਲੇ ਪੰਜਾਬੀ ਸਲੋਗਨ ਲਿਖੇ ਗਏ।

ਰੰਗ-ਬਿਰੰਗੇ ਪੋਸਟਰਾਂ ਰਾਹੀਂ ਬੱਚਿਆਂ ਨੇ ਪੰਜਾਬੀ ਮਾਂ-ਬੋਲੀ ਦੀ ਮਹੱਤਤਾ, ਪੰਜਾਬੀ ਸੱਭਿਆਚਾਰ ਅਤੇ ਆਪਣੀ ਵਿਰਾਸਤ ਪ੍ਰਤੀ ਪਿਆਰ ਦਾ ਸੁੰਦਰ ਪ੍ਰਗਟਾਵਾ ਕੀਤਾ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਿਸਟਰ ਗੁਰਦਰਸ਼ਨ ਬਜਾਜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬੀ ਸਿਰਫ਼ ਇੱਕ ਭਾਸ਼ਾ ਨਹੀਂ, ਸਗੋਂ ਸਾਡੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਾਸਤ ਦੀ ਪਹਿਚਾਣ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਦੀ ਮਿਠਾਸ ਸਾਡੀਆਂ ਭਾਵਨਾਵਾਂ ਨੂੰ ਪ੍ਰਗਟ ਕਰਨ ਦਾ ਇੱਕ ਸੁੰਦਰ ਜ਼ਰੀਆ ਹੈ ਅਤੇ ਸਾਨੂੰ ਆਪਣੀ ਮਾਂ-ਬੋਲੀ ਦਾ ਸਤਿਕਾਰ ਕਰਦੇ ਹੋਏ ਇਸ ਨੂੰ ਪੜ੍ਹਨ, ਲਿਖਣ ਅਤੇ ਬੋਲਣ ਵਿੱਚ ਮਾਣ ਮਹਿਸੂਸ ਕਰਨਾ ਚਾਹੀਦਾ ਹੈ। ਇਸ ਮੌਕੇ ਸਕੂਲ ਦੀ ਐਮ.ਡੀ. ਮੈਡਮ ਸੰਤੋਸ਼ ਬਜਾਜ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਜਸਦੀਪ ਕੌਰ, ਰਜਿੰਦਰ ਕੌਰ ਗ੍ਰੰਥਕਾਰ, ਰਜਿੰਦਰ ਕੌਰ ਦੋਹੀਆਂ, ਮਾਨਪ੍ਰੀਤ ਕੌਰ, ਮਾਨਪ੍ਰੀਤ ਕੌਰ ਗੁਜਰਪੁਰਾ, ਪ੍ਰਭਜੀਤ ਕੌਰ, ਭਾਵਨਾ, ਹਰਜੋਤ, ਸਿਮਰ, ਸਿਮਰਜੀਤ, ਸੁਖਰਾਜ ਕੌਰ, ਹਰਦੀਪ ਸਿੰਘ, ਗੁਰਜਿੰਦਰ ਸਿੰਘ, ਗੁਰਦਿਆਲ ਸਿੰਘ, ਅਕਸ਼ੇ, ਰੇਨੂ ਸ਼ਰਮਾ, ਦਿਲਪ੍ਰੀਤ ਕੌਰ ਆਦਿ ਹਾਜ਼ਰ ਸਨ।

## ਜਰਨੈਲ ਸਿੰਘ ਢੋਟ ਵੱਲੋਂ ਐਡਵੋਕੇਟ ਪਨੇਸਰ ਨੂੰ ਵਧਾਈ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਇੰਚਾਰਜ ਜਰਨੈਲ ਸਿੰਘ ਢੋਟ ਨੇ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਨੂੰ ਦੂਜੀ ਵਾਰ ਬਾਰ ਐਸੋਸੀਏਸ਼ਨ ਅੰਮ੍ਰਿਤਸਰ ਦਾ ਪ੍ਰਧਾਨ ਚੁਣੇ ਜਾਣ 'ਤੇ ਵਧਾਈ ਦਿੱਤੀ ਹੈ। ਇਸ ਮੌਕੇ ਜਰਨੈਲ ਸਿੰਘ ਢੋਟ ਨੇ ਐਡਵੋਕੇਟ ਗੁਰਪ੍ਰੀਤ ਸਿੰਘ ਪਨੇਸਰ ਦਾ ਮੂੰਹ ਮਿੱਠਾ ਕਰਵਾਉਂਦਿਆਂ ਉਨ੍ਹਾਂ ਦੀ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਦੂਜੀ ਵਾਰ ਸੇਵਾ ਕਰਨ ਦਾ ਮੌਕਾ ਮਿਲਣਾ ਉਨ੍ਹਾਂ ਦੀ ਵਕਾਲਤ ਦੇ ਖੇਤਰ ਵਿੱਚ ਕੀਤੀ ਜਾ ਰਹੀ ਮਿਹਨਤ ਅਤੇ ਵਕੀਲ ਭਾਈਚਾਰੇ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਸ ਮੌਕੇ ਸਰਬਜੀਤ ਸਿੰਘ ਬੱਲ, ਰਾਕੇਸ਼ ਬੀਰ ਅਤੇ ਬਲਰਾਜ ਸਿੰਘ ਵੀ ਹਾਜ਼ਰ ਸਨ।

## ਭੋਆ ਹਲਕੇ ਦੇ ਪਿੰਡ ਰਮਕਾਲਮਾ 'ਚ ਕਮਿਊਨਿਟੀ ਹਾਲ ਦਾ ਉਦਘਾਟਨ

ਪਠਾਨਕੋਟ (ਦਵਿੰਦਰ ਸਿੰਘ) - ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂ ਚੱਕ ਵੱਲੋਂ ਸ਼ੁੱਕਰਵਾਰ ਨੂੰ ਵਿਧਾਨ ਸਭਾ ਹਲਕਾ ਭੋਆ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਦਿਆਂ ਲੋਕਾਂ ਨੂੰ ਵਿਕਾਸ ਕਾਰਜਾਂ ਦੀਆਂ ਸੌਗਾਤਾਂ ਦਿੱਤੀਆਂ ਗਈਆਂ। ਇਸ ਦੌਰਾਨ ਉਨ੍ਹਾਂ ਵੱਲੋਂ ਪਿੰਡ ਰਮਕਾਲਮਾ ਵਿਖੇ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਕਮਿਊਨਿਟੀ ਹਾਲ ਦਾ ਉਦਘਾਟਨ ਕਰਕੇ ਇਹ ਹਾਲ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ਗਿਆ। ਇਸ ਤੋਂ ਇਲਾਵਾ ਪਿੰਡ ਤਰਗੜ ਵਿਖੇ ਕਰੀਬ 25 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਅਧੀਨ ਕਮਿਊਨਿਟੀ ਹਾਲ ਦੇ ਕੰਮ ਦਾ ਵੀ ਜਾਇਜ਼ਾ ਲਿਆ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਟ ਮੰਤਰੀ ਕਟਾਰੂ ਚੱਕ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਕਮਿਊਨਿਟੀ ਹਾਲ ਦੀ ਲੋੜ ਸਬੰਧੀ ਕੀਤੀ ਗਈ ਮੰਗ ਨੂੰ ਪੂਰਾ ਕਰਦਿਆਂ ਇਹ ਸਹੂਲਤ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਪਿੰਡ ਰਮਕਾਲਮਾ ਵਿੱਚ ਕਮਿਊਨਿਟੀ ਹਾਲ ਨਾ ਹੋਣ ਕਾਰਨ ਲੋਕਾਂ ਨੂੰ ਵਿਆਹ-ਸ਼ਾਦੀਆਂ, ਸਮਾਜਿਕ ਸਮਾਗਮਾਂ ਅਤੇ ਦੁੱਖ-ਸੁੱਖ ਦੇ ਮੌਕਿਆਂ 'ਤੇ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਪਿੰਡ ਦੀ ਸਰਪੰਚ ਸ੍ਰੀਮਤੀ ਸਰੋਜ ਬਾਲਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਪਿੰਡ ਦੇ ਵਿਕਾਸ ਲਈ ਲਗਨ ਨਾਲ ਕੰਮ ਕਰ ਰਹੇ ਹਨ । ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਹਰੇਕ ਪਿੰਡ ਦੀਆਂ ਜਾਇਜ਼ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਨਰੋਟ ਜੈਮਲ ਸਿੰਘ ਠਾਕੁਰ ਮਨੋਹਰ ਸਿੰਘ, ਮਾਝਾ ਜ਼ੋਨ ਬੀ.ਸੀ. ਸੈੱਲ ਦੇ ਸਕੱਤਰ ਨਰੇਸ਼ ਸੈਣੀ, ਪਿੰਡ ਰਮਕਾਲਮਾ ਦੀ ਸਰਪੰਚ ਸਰੋਜ ਬਾਲਾ, ਸਾਹਿਲ ਰਮਕਾਲਮਾ, ਸਿਮਰਨਜੀਤ ਸਿੰਘ, ਦਰਸ਼ਨ ਪਾਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਿਰਨ ਬਾਲਾ, ਸਰਪੰਚ ਤਲੂਰ ਪੁਰਸ਼ੋਤਮ ਲਾਲ, ਸਰਪੰਚ ਨਰੇਸ਼, ਬਲਾਕ ਪ੍ਰਧਾਨ ਪਾਲ ਸਿੰਘ, ਸਰਪੰਚ ਤਰਗੜ ਸ਼ੰਮੀ ਕੁਮਾਰ, ਮਾਸਟਰ ਭਗਵਾਨ ਦਾਸ, ਪਿੰਟੂ ਗੋਤਰਾਂ ਲਾਹੜੀ, ਬਲਾਕ ਸੰਮਤੀ ਮੈਂਬਰ ਕਰਨ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਗੋਦਾਮਾਂ 'ਚੋਂ ਉੱਡ ਰਹੀ ਸੁਸਰੀ ਤੋਂ ਇਲਾਕਾ ਨਿਵਾਸੀ ਡਾਢੇ ਪਰੇਸ਼ਾਨ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ) - ਸਥਾਨਕ ਸ਼ਹਿਰ ਤੋਂ ਥੋਹੜੀ ਦੂਰ ਪਿੰਡ ਚੂਸਲੇਵੜ ਵਿਖੇ ਬਣੇ ਏਸ਼ੀਆ ਦੇ ਸਭ ਤੋਂ ਵੱਡੇ ਅਨਾਜ ਭੰਡਾਰ ਦੇ ਗੋਦਾਮਾਂ ਵਿੱਚੋਂ ਉੱਡ ਰਹੀ ਜ਼ਬਰਦਸਤ ਸੁਸਰੀ ਨੇ ਆਪਣੇ ਆਲੇ ਦੁਆਲੇ ਦੇ ਪਿੰਡ ਚੂਸਲੇਵੜ, ਧਾਰੀਵਾਲ ਬੋਪਾਰਾਏ, ਧਗਾਣਾ, ਕੁੱਲਾ, ਪੱਟੀ ਮੋੜ ਠੱਕਰ ਪੁਰਾ, ਮਨਿਹਾਲਾ ਜੈ ਸਿੰਘ ਅਤੇ ਆਸ ਪਾਸ ਦੀਆਂ ਬਹਿਕਾਂ ਦੇ ਵਸਨੀਕਾਂ ਦਾ ਜਿਉਣਾ ਮੁਹਾਲ ਕੀਤਾ ਹੋਇਆ। ਸੁਸਰੀ ਦੀ ਰੋਕਥਾਮ ਵਾਸਤੇ ਸਰਪੰਚ ਰਾਜਬੀਰ ਸਿੰਘ ਚੂਸਲੇਵੜ ,ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਚਿੱਤਰ ਸਿੰਘ ਜੋਣੇਕੇ, ਜ਼ਿਲ੍ਹਾ ਮੀਤ ਪ੍ਰਧਾਨ ਕਾ: ਕੁਲਦੀਪ ਸਿੰਘ ਚੂਸਲੇਵੜ, ਤਹਿਸੀਲ ਪੱਟੀ ਦੇ ਪ੍ਰਧਾਨ ਜਥੇਦਾਰ ਬਲਦੇਵ ਸਿੰਘ ਤਲਵੰਡੀ, ਕਾ: ਪ੍ਰੀਤਮ ਸਿੰਘ ਪੱਟੀ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਅਤੇ ਜ਼ਿਲ੍ਹਾ ਕਮੇਟੀ ਮੈਂਬਰ ਕਾ: ਪ੍ਰਗਟ ਸਿੰਘ ਪੱਟੀ ਦੀ ਅਗਵਾਈ ਹੇਠ ਕਿਸਾਨਾਂ ਮਜ਼ਦੂਰਾਂ ਦਾ ਵਿਸ਼ਾਲ ਡੈਪੂਟੇਸ਼ਨ ਉਪ ਮੰਡਲ ਮੈਜਿਸਟਰੇਟ ਪੱਟੀ ਨੂੰ ਮਿਲਿਆ ਤੇ ਮੰਗ ਪੱਤਰ ਪੇਸ਼ ਕੀਤਾ।ਆਗੂਆਂ ਦੱਸਿਆ ਕਿ ਅਨਾਜ ਭੰਡਾਲ ਦੇ ਗੋਦਾਮਾਂ ਵਿੱਚੋਂ ਉਡ ਰਹੀ ਸੁਸਰੀ ਨੇ ਇਲਾਕਾ ਨਿਵਾਸੀਆਂ ਦਾ ਜੀਣਾ ਮੁਸ਼ਕਲ ਕੀਤਾ ਹੋਇਆ ਹੈ ਅਤੇ ਰਾਤ ਸਮੇਂ ਰੋਟੀ ਤਿਆਰ ਕਰਨ ਵਾਸਤੇ ਆਟਾ ਗੁੰਨਣਾ ਵੀ ਪਰਿਵਾਰਾਂ ਨੂੰ ਔਖਾ ਹੋਇਆ ਪਿਆ ਹੈ । ਆਗੂਆਂ ਦੱਸਿਆ ਕਿ ਇਸ ਸਬੰਧੀ ਉਪ ਮੰਡਲ ਮੈਜਿਸਟਰੇਟ ਪੱਟੀ ਨੂੰ ਮੰਗ ਪੱਤਰ ਦਿੱਤਾ ਗਿਆ ਹੈ ਉਹਨਾਂ ਵੱਲੋਂ ਡੈਪੂਟੇਸ਼ਨ ਨੂੰ ਵਿਸ਼ਵਾਸ ਦਵਾਇਆ ਹੈ ਕਿ ਬਹੁਤ ਜਲਦ ਸੁਸਰੀ ਤੋਂ ਨਿਜਾਤ ਦਵਾਈ ਜਾਏਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਮੈਲ ਸਿੰਘ, ਬਲਬੀਰ ਸਿੰਘ, ਦਿਲਬਾਗ ਸਿੰਘ, ਸੁਖਦਿਆਲ ਸਿੰਘ, ਗੁਰਪਾਲ ਸਿੰਘ ,ਪਾਲ ਸਿੰਘ ,ਅਵਤਾਰ ਸਿੰਘ, ਸੁਖਚੈਨ ਸਿੰਘ, ਬਾਬਾ ਗੁਰਜੰਟ ਸਿੰਘ, ਗੁਰਨਾਮ ਸਿੰਘ, ਗੁਰਵਿੰਦਰ ਸਿੰਘ ਸੋਨੂ, ਗੁਰ ਸਾਹਿਬ ਸਿੰਘ, ਜਗਰੂਪ ਸਿੰਘ, ਗੁਰਮੀਤ ਸਿੰਘ, ਸੁਖਬੀਰ ਸਿੰਘ, ਗੁਰਵਿੰਦਰ ਸਿੰਘ, ਨਿਸ਼ਾਨ ਸਿੰਘ, ਕੁਲਵਿੰਦਰ ਸਿੰਘ, ਮਨਜੀਤ ਸਿੰਘ, ਸਰੂਪ ਸਿੰਘ ਅਤੇ ਗੁਰਜੀਤ ਸਿੰਘ ਆਦਿ ਹਾਜ਼ਰ ਸਨ।

## ਗਮਾਡਾ 'ਚ ਹੋਈਆਂ ਘਪਲੇਬਾਜ਼ੀਆਂ ਦੀ ਨਿਰਪੱਖ ਪੜਤਾਲ ਕਰਵਾਈ ਜਾਵੇ : ਆਗੂ



ਤਰਨ ਤਾਰਨ (ਨ ਜ਼ ਸ)- ਸਯੁੰਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਖ - ਵੱਖ ਕਿਸਾਨ ਜਥੇਬੰਦੀਆਂ ਵਲੋਂ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ਼ ਅਤੇ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਲਈ ਲਗਾਇਆ ਪੱਕਾ ਮੋਰਚਾ ਸ਼ੁੱਕਰਵਾਰ ਨੂੰ 128 ਵੇਂ ਦਿਨ ਵਿੱਚ ਦਾਖਲ ਹੋ ਗਿਆ। ਇਸ ਮੌਕੇ ਹਾਜ਼ਰ ਕਿਸਾਨ ਆਗੂਆਂ ਨਛੱਤਰ ਸਿੰਘ ਪਨੂੰ , ਤਰਸੇਮ ਸਿੰਘ ਲੁਹਾਰ, ਦਵਿੰਦਰ ਸੋਹਲ , ਮੁਖਤਾਰ ਸਿੰਘ ਮੱਲਾ ,ਗੁਰਮੇਜ ਸਿੰਘ ਗੋਰਖਾ ਆਦਿ ਨੇ ਕਿਹਾ ਕਿ ਮਾਨ ਸਰਕਾਰ ਕੀਤੇ ਵਾਅਦੇ ਮੁਤਾਬਕ ਮਿੱਲ ਨੂੰ ਚਾਲੂ ਕਰਨ ਲਈ ਜ਼ਮੀਨ ਦੀ ਮਾਲਕੀ ਬਦਲਣ ਦਾ ਲੋਕ ਵਿਰੋਧੀ ਫੈਸਲਾ ਤੁਰੰਤ ਵਾਪਸ ਲਵੇ ਤਾਂ ਜੋ ਕਿਸਾਨਾਂ ਨੂੰ ਬਦਲਵੀਂ ਖੇਤੀ ਕਰਨ ਦਾ ਮੌਕਾ ਮਿਲ ਸਕੇ। ਆਗੂਆਂ ਨੇ ਬੀਤੇ ਦਿਨਾਂ ਤੋਂ ਈ ਡੀ ਦੀ ਰਾਡਾਰ 'ਤੇ ਆਏ ਗਮਾਡਾ ਦੇ ਮੁਹਾਲੀ ਦਫਤਰ ਵਿੱਚ ਕਥਿਤ ਤੌਰ 'ਤੇ ਹੋਈਆਂ ਘਪਲੇਬਾਜ਼ੀਆਂ ਦੀ ਉੱਚ ਪੱਧਰੀ ਨਿਰਪੱਖ ਪੜਤਾਲ ਕਰਕੇ ਦੋਸ਼ੀ ਪਾਏ ਜਾਣ ਵਾਲੇ ਵਿਆਕਤੀਆਂ ਖਿਲਾਫ਼ ਢੁਕਵੀਂ ਕਾਨੂੰਨੀ ਕਾਰਵਾਈ ਕਰਨ ਦੀ ਜੋਰਦਾਰ ਮੰਗ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀਮਾ ਸੋਹਲ , ਜਸਬੀਰ ਸਿੰਘ ਨਿੱਝਰਪੁਰਾ, ਬਲਦੇਵ ਸਿੰਘ ਸ਼ੇਰੋਂ , ਦਵਿੰਦਰ ਸਿੰਘ ਸ਼ੇਰੋਂ , ਲਖਵਿੰਦਰ ਸਿੰਘ ਗੰਡੀਵਿੰਡ ,ਸੁਖਦੇਵ ਸਿੰਘ ਗੰਡੀਵਿੰਡ , ਕੇਹਰ ਸਿੰਘ ਮੁਗਲਚੱਕ, ਬੂਟਾ ਸਿੰਘ ਮੁਗਲਚੱਕ, ਕੁਲਵੰਤ ਸਿੰਘ ਖਹਿਰਾ ਨੇ ਪੰਜਾਬ ਸਰਕਾਰ ਦੇ ਹੱਠ ਧਰਮੀ ਵਾਲੇ ਲੋਕ ਵਿਰੋਧੀ ਰਵੱਈਏ ਦੀ ਤਿੱਖੀ ਅਲੋਚਨਾ ਕੀਤੀ ।

**ਜਨਮ ਦਿਨ ਮੁਬਾਰਕ**



ਮਨਿੰਦਰ ਸਿੰਘ ਸੈਣੀ (ਹੁਸ਼ਿਆਰਪੁਰ)

## ਚੌਕੀ ਇੰਚਾਰਜ ਕਿਸ਼ਨਗੜ੍ਹ ਨੇ ਪੀ ਜੀ ਮਾਲਕਾਂ ਨਾਲ ਕੀਤੀ ਮੀਟਿੰਗ



## ਸਿੱਖ ਜਥੇਬੰਦੀਆਂ ਨੇ ਧਾਮੀ ਕੋਲੋਂ ਨੈਤਿਕਤਾ ਦੇ ਆਧਾਰ 'ਤੇ ਅਸਤੀਫਾ ਮੰਗਿਆ

ਪ੍ਰਦੀਪ ਸਿੰਘ ਵਲਟੋਹਾ, ਪ੍ਰਧਾਨ ਪਰਮਿੰਦਰ ਸਿੰਘ ਲੁਧਿਆਣਾ ਨੇ ਕੀਰਤਨੀ ਜਥੇ ਵਿੱਚ ਨਿਸ਼ਾਨ ਸਾਹਿਬ ਦੀ ਸੇਵਾ ਨਿਭਾਈ। 51 ਮੈਂਬਰੀ ਜਿੱਥੇ ਨੇ ਕੀਰਤਨ ਉਪਰੰਤ ਅਤੇ ਪੰਥ ਦੀ ਚੜ੍ਹਦੀ ਕਲਾ,ਪੰਥਕ ਏਕਤਾ ਦੇ ਲਈ ਗੁਰੂ ਮਹਾਰਾਜ ਅੱਗੇ ਅਰਦਾਸ ਬੇਨਤੀ ਕੀਤੀ ਅਤੇ ਇਸ ਸਾਰੇ ਸਮਾਗਮ ਵਿੱਚ ਜਥੇ ਨੇ ਪੂਰਨ ਤੌਰ ਤੇ ਸ਼ਾਂਤੀ ਬਣਾਈ ਰੱਖੀ ਅਤੇ ਅਨੁਸ਼ਾਸਨ ਵਿੱਚ ਰਹਿ ਕੇ ਸਾਰੇ ਸਮਾਗਮ ਨੂੰ ਨੇਪਰੇ ਚੜ੍ਹਿਆ। ਪੁਲਸ ਪ੍ਰਸ਼ਾਸਨ ਨੇ ਪੂਰੀ ਮੁਸਤੈਦੀ ਦੇ ਨਾਲ ਆਪਣੀ ਡਿਊਟੀ ਨਿਭਾਈ ਅਤੇ ਸਮਾਗਮ ਦੀ ਸਮਾਪਤੀ ਤੇ ਸੁੱਖ ਦਾ ਸਾਹ ਲਿਆ।

## ਡਿਲਿਵਰੀ ਦੌਰਾਨ ਮਾਂ ਤੇ ਗਰਭ 'ਚ ਬੱਚੇ ਦੀ ਮੌਤ, 2 ਡਾਕਟਰ ਹਿਰਾਸਤ 'ਚ

ਜਾਵੇਗਾ। ਪੁਲਸ ਨੇ ਪਰਵਾਰ ਦੇ ਬਿਆਨ ਦਰਜ ਕਰਨੇ ਸ਼ੁਰੂ ਕਰ ਦਿੱਤੇ ਹਨ।ਫਿਲਹਾਲ ਮੌਤ ਦੇ ਅਸਲ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ। ਪੁਲਸ ਦਾ ਕਹਿਣਾ ਹੈ ਕਿ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਸੱਚ ਸਾਹਮਣੇ ਆਵੇਗਾ ਕਿ ਮੌਤ ਗਲਤ ਇੰਜੈਕਸ਼ਨ ਨਾਲ ਹੋਈ ਜਾਂ ਕਿਸੇ ਹੋਰ ਕਾਰਨ ਨਾਲ। ਜੇਕਰ ਡਾਕਟਰੀ ਲਾਪਰਵਾਹੀ ਸਾਬਤ ਹੁੰਦੀ ਹੈ ਤਾਂ ਹਸਪਤਾਲ ਪ੍ਰਬੰਧਨ 'ਤੇ ਸਖ਼ਤ ਧਾਰਾਵਾਂ ਤਹਿਤ ਪਰਚਾ ਦਰਜ ਕੀਤਾ ਜਾਵੇਗਾ।

## ਰਾਜਪਾਲ ਸਿੱਧ ਬਾਬਾ ਸੋਢਲ ਮੰਦਰ ਵਿਖੇ ਹੋਏ ਨਤਮਸਤਕ

### ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਕੀਤੀ ਪ੍ਰਾਰਥਨਾ



ਸ਼ਰਧਾਲੂਆਂ ਦੀ ਵੀ ਡੂੰਘੀ ਆਸਥਾ ਅਤੇ ਸ਼ਰਧਾ ਦਾ ਕੇਂਦਰ ਹੈ। ਹਰ ਸਾਲ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਸੰਗਤਾਂ ਇਥੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ ਲਈ ਆਉਂਦੀਆਂ ਹਨ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਸਿੱਧ ਬਾਬਾ ਸੋਢਲ ਟਰੱਸਟ ਦੇ ਚੇਅਰਮੈਨ ਸ਼ੀਤਲ ਵਿੱਜ ਵੀ ਮੌਜੂਦ ਸਨ। ਕਟਾਰੀਆ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਭਾਗਾਂ ਵਾਲਾ ਸਮਝਦੇ ਹਨ ਕਿ ਉਨ੍ਹਾਂ ਨੂੰ ਇਸ ਪਵਿੱਤਰ ਦੇ ਪਹਿਲੇ ਦਿਨ ਕਰਵਾਏ ਗਏ ਹਵਨ ਯੱਗ ਵਿੱਚ ਸ਼ਰਧਾ ਨਾਲ ਹਿੱਸਾ ਲਿਆ। ਸਮਾਗਮ ਮੌਕੇ ਮੇਅਰ ਵਿਨੀਤ ਧੀਰ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ, ਡਿਪਟੀ ਮੇਅਰ ਮਲਕੀਤ ਸਿੰਘ, ਅਭਿਸ਼ੇਕ ਵਿੱਜ, ਸ੍ਰੀ ਸਿੱਧ ਬਾਬਾ ਸੋਢਲ ਟਰੱਸਟ ਦੇ ਜਨਰਲ ਸਕੱਤਰ ਤਰਸੇਮ ਕਪੂਰ, ਕੈਸ਼ੀਅਰ ਸੁਰੇਸ਼ ਚੱਢਾ ਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਐੱਨ ਐੱਸ ਐੱਸ ਸਥਾਪਨਾ ਦਿਵਸ ਮਨਾਇਆ



ਵਿੱਚ ਪ੍ਰੋ. ਸਤਪਾਲ ਸਿੰਘ ਨੇ ਮੁੱਖ ਬੁਲਾਰੇ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਲਗਭਗ 100 ਐੱਨ ਐੱਸ ਐੱਸ ਵਲੰਟੀਅਰਾਂ ਅਤੇ ਸਟਾਫ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਡਾ. ਉਪਮਾ ਅਰੋੜਾ, ਡਾ. ਹੇਮਿੰਦਰ ਸਿੰਘ ਤੇ ਐੱਨ ਐੱਸ ਐੱਸ ਪ੍ਰੋਗਰਾਮ ਅਧਿਕਾਰੀ ਡਾ. ਰੰਜੂ ਮਹਾਜਨ, ਡਾ. ਹਰਸ਼ਵੀਰ ਕੌਰ ਅਤੇ ਡਾ. ਨਵਨੀਤ ਕੌਰ ਵੀ ਮੌਜੂਦ ਸਨ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਨਵਾਂ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਸੋਹਣ ਸਿੰਘ ਮਹਾਲੋਂ ਨੇ ਕੀਤੀ। ਮੀਟਿੰਗ ਵਿੱਚ ਪੈਨਸ਼ਨ ਸਾਥੀਆਂ ਦੇ ਮਸਲੇ ਅਤੇ ਸਰਕਾਰ ਦੇ ਵਤੀਰੇ ਸਬੰਧੀ ਚਰਚਾ ਹੋਈ। ਪੈਨਸ਼ਨ ਸਾਥੀਆਂ ਵੱਲੋਂ ਦੱਸਿਆ ਗਿਆ ਕਿ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਮੁਲਾਜ਼ਮ ਅਤੇ ਪੈਨਸ਼ਨਰ ਅਤੇ ਉਨਾਂ ਦੀਆਂ ਮੰਗਾਂ ਪ੍ਰਤੀ ਸਰਕਾਰ ਅਣਦੇਖੀ ਕਰ ਰਹੀ ਹੈ ਜਿਸ ਕਾਰਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ। ਸਰਕਾਰ ਉਹਨਾਂ ਮੁਲਾਜ਼ਮਾਂ ਦਾ ਬਣਦਾ ਹੱਕ ਉਹਨਾਂ ਨੂੰ ਨਹੀਂ ਦੇ ਰਹੀ। ਪੰਜਾਬ ਪੈਨਸ਼ਨ ਯੂਨੀਅਨ ਜਲੰਧਰ ਬਰਾਂਚ ਤੇ ਜਨਰਲ ਸਕੱਤਰ ਵਿਜੇ ਕੁਮਾਰ ਨੇ ਦੱਸਿਆ ਕਿ 17 ਜੁਲਾਈ 2020 ਵਾਲਾ ਪੱਤਰ ਸਰਕਾਰ ਰੱਦ ਨਹੀਂ ਕਰ ਰਹੀ। ਸਟੇਟ ਦੇ ਆਰਡਰ ਰੱਦ ਕੀਤੇ ਜਾਣ, ਮਹਿਕਮੇ ਵਿੱਚ ਪੋਸਟਾਂ ਵਧਾਈਆਂ ਜਾਣ, ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕੀਤਾ ਜਾਵੇ ਅਤੇ ਮੁਲਾਜ਼ਮਾਂ ਦਾ ਬਣਦਾ ਡੀ ਏ ਅਤੇ ਪੈਨਸ਼ਨਰਾਂ ਦਾ ਬਣਦਾ ਡੀ ਏ ਤੱਕ ਮੁਫਤ ਲਾਗੂ ਕੀਤਾ ਜਾਵੇ। ਵੱਖ ਵੱਖ ਮਹਿਕਮਿਆਂ ਵਿੱਚ ਕੰਮ ਕਰ ਰਹੇ ਆਊਟਸੋਰਸ ਵਰਕਰ ਚਾਹੇ ਉਹ ਕਿਸੇ ਵੀ ਮਹਿਕਮੇ 'ਚ ਕੰਮ ਕਰਦੇ ਹੋਣ ਉਹਨਾਂ ਨੂੰ ਤੁਰੰਤ ਪੱਕਾ ਕੀਤਾ ਜਾਵੇ। ਮਾਨਯੋਗ ਅਦਾਲਤ ਦੇ ਹੁਕਮਾਂ ਮੁਤਾਬਿਕ ਬਰਾਬਰ ਕੰਮ ਤੇ ਬਰਾਬਰ ਤਨਖਾਹ ਦਿੱਤੀ ਜਾਵੇ ਤਾਂ ਜੋ ਮੁਲਾਜ਼ਮਾਂ ਦੀ ਬੇਚੈਨੀ ਖਤਮ ਹੋ ਸਕੇ ਪਰ ਸਰਕਾਰ ਮਾਨਯੋਗ ਅਦਾਲਤ ਦੇ ਹੁਕਮਾਂ ਨੂੰ ਵੀ ਨਹੀਂ ਮੰਨ ਰਹੀ। ਮੀਟਿੰਗ ਵਿੱਚ ਸ਼ਾਮਲ ਪ੍ਰਧਾਨ ਜਗਤਾਰ ਸਿੰਘ, ਪ੍ਰਧਾਨ ਦਸੋਂਧਾ ਸਿੰਘ, ਜਸਵਿੰਦਰ ਸਿੰਘ ਭੰਗਲ, ਜਨਰਲ ਸਕੱਤਰ ਗੁਰਮੇਲ ਚੰਦ, ਪ੍ਰੇਮ ਸਿੰਘ, ਸੁਖਦੇਵ ਸਿੰਘ, ਸੁਰਿੰਦਰ ਸਿੰਘ, ਸੋਹਣ ਸਿੰਘ, ਸੇਵਾ ਸਿੰਘ, ਸ਼ਾਮ ਲਾਲ, ਬਲਵੀਰ ਸਿੰਘ ਅਤੇ ਹੋਰ ਬਹੁਤ ਸਾਰੇ ਸਾਥੀ ਸ਼ਾਮਲ ਸਨ।

## ਐੱਨ ਐੱਸ ਐੱਸ ਵਲੰਟੀਅਰਾਂ ਨੇ 70 ਯੂਨਿਟ ਖ਼ੂਨਦਾਨ ਕੀਤਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ (ਆਰ ਬੀ ਯੂ) ਦੇ ਐੱਨ ਐੱਸ ਐੱਸ ਵਿਭਾਗ ਵੱਲੋਂ ਰੋਟਰੀ ਕਲੱਬ ਚੰਡੀਗੜ੍ਹ ਸੈਂਟਰਲ ਤੇ ਸ੍ਰੀ ਸ਼ਿਵ ਕੰਵਰ ਮਹਾਸੰਘ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਸਰਕਾਰੀ ਹਸਪਤਾਲ, ਸੈਕਟਰ-16, ਚੰਡੀਗੜ੍ਹ ਦੀ ਮੈਡੀਕਲ ਟੀਮ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਕੁੱਲ 70 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਇਹ ਕੈਂਪ ਸੱਤ ਰੋਜ਼ਾ ਵਿਸ਼ੇਸ਼ ਐੱਨ ਐੱਸ ਐੱਸ ਕੈਂਪ ਦੇ ਹਿੱਸੇ ਵਜੋਂ ਲਗਾਇਆ ਗਿਆ, ਜਿਸ ਦਾ ਉਦੇਸ਼ ਸਵੈ-ਇੱਛਤ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਨੌਜਵਾਨਾਂ ਨੂੰ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਲਈ ਖ਼ੂਨਦਾਨ ਵਾਸਤੇ ਪ੍ਰੇਰਿਤ ਕਰਨਾ ਸੀ। ਕੈਂਪ ਦਾ ਉਦਘਾਟਨ ਆਰਬੀਯੂ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਪ੍ਰੋ ਵਾਈਸ-ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਬਾਂਸਲ ਅਤੇ ਰੋਟਰੀ ਕਲੱਬ ਚੰਡੀਗੜ੍ਹ ਸੈਂਟਰਲ ਦੇ ਪ੍ਰਧਾਨ ਵਿੰਗ ਕਮਾਂਡਰ ਜੇ ਐੱਸ ਮਿਨਹਾਸ ਦੀ ਮੌਜੂਦਗੀ ਵਿੱਚ ਕੀਤਾ। ਇਸ ਮੌਕੇ ਪਤਵੰਤਿਆਂ ਨੇ ਐੱਨ ਐੱਸ ਐੱਸ ਵਿਭਾਗ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਲੰਟੀਅਰਾਂ ਨੂੰ ਸਮਾਜ ਸੇਵਾ ਅਤੇ ਭਲਾਈ ਕਾਰਜਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਸਰਕਾਰੀ ਹਸਪਤਾਲ, ਸੈਕਟਰ-16, ਚੰਡੀਗੜ੍ਹ ਦੀ ਮੈਡੀਕਲ ਟੀਮ ਨੇ ਖ਼ੂਨਦਾਨ ਦੀ ਸਮੁੱਚੀ ਪ੍ਰਕਿਰਿਆ ਨੂੰ ਡਾਕਟਰੀ ਮਾਪਦੰਡਾਂ ਅਤੇ ਲੋੜੀਂਦੇ ਸੁਰੱਖਿਆ ਪ੍ਰੋਟੋਕੋਲ ਅਨੁਸਾਰ ਨੇਪਰੇ ਚਾੜ੍ਹਿਆ। ਐੱਨ ਐੱਸ ਐੱਸ ਵਲੰਟੀਅਰਾਂ ਨੇ ਮੈਡੀਕਲ ਟੀਮ ਨੂੰ ਸਹਿਯੋਗ ਦੇਣ ਦੇ ਨਾਲ-ਨਾਲ ਕੈਂਪ ਦੇ ਪ੍ਰਬੰਧਾਂ ਅਤੇ ਅਨੁਸ਼ਾਸਨ ਨੂੰ ਬਣਾਈ ਰੱਖਣ ਵਿੱਚ ਵੀ ਅਹਿਮ ਭੂਮਿਕਾ ਨਿਭਾਈ।



## ਮਾਨਸਿਕ ਬਿਮਾਰੀ ਕਾਰਨ ਪਟਵਾਰੀ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਵਿੱਚ ਅੰਬਾਲਾ-ਚੰਡੀਗੜ੍ਹ ਹਾਈਵੇਅ 'ਤੇ ਸਥਿਤ ਇੱਕ ਸਥਾਨਕ ਹੋਟਲ ਵਿੱਚ ਇੱਕ ਵਿਅਕਤੀ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਅਸ਼ੋਕ ਕੁਮਾਰ ਪੁੱਤਰ ਚਰਨਦਾਸ, ਸੈਕਟਰ 10, ਅੰਬਾਲਾ ਵਜੋਂ ਹੋਈ ਹੈ, ਜੋ ਹਰਿਆਣਾ ਵਿੱਚ ਪਟਵਾਰੀ ਵਜੋਂ ਤਾਇਨਾਤ ਸੀ।ਪੁਲਸ ਅਤੇ ਹੋਟਲ ਸਟਾਫ ਦੇ ਅਨੁਸਾਰ ਅਸ਼ੋਕ ਕੁਮਾਰ ਨੇ ਪਿਛਲੇ ਦਿਨ ਡੇਰਾਬੱਸੀ ਦੇ ਇਸ ਹੋਟਲ ਵਿੱਚ ਇੱਕ ਕਮਰਾ ਕਿਰਾਏ 'ਤੇ ਲਿਆ ਸੀ। ਹੋਟਲ ਸਟਾਫ ਨੂੰ ਸ਼ੱਕ ਹੋਇਆ ਜਦੋਂ ਉਹ ਲੰਬੇ ਸਮੇਂ ਤੱਕ ਕਮਰੇ ਤੋਂ ਬਾਹਰ ਨਹੀਂ ਨਿਕਲਿਆ ਅਤੇ ਅੰਦਰੋਂ ਕੋਈ ਹਰਕਤ ਨਹੀਂ ਸੁਣਾਈ ਦਿੱਤੀ। ਜਦੋਂ ਉਨ੍ਹਾਂ ਨੇ ਦਰਵਾਜ਼ਾ ਖੜਕਾਇਆ ਅਤੇ ਕੋਈ ਜਵਾਬ ਨਾ ਮਿਲਿਆ, ਤਾਂ ਸਟਾਫ ਨੇ ਦਰਵਾਜ਼ਾ ਖੋਲ੍ਹਿਆ ਅਤੇ ਵਿਅਕਤੀ ਨੂੰ ਫੰਦੇ ਨਾਲ ਲਟਕਿਆ ਹੋਇਆ ਪਾਇਆ। ਪੁਲਸ ਨੂੰ ਤੁਰੰਤ ਸੂਚਿਤ ਕੀਤਾ ਗਿਆ।ਜਾਂਚ ਅਧਿਕਾਰੀ ਏ ਐੱਸ ਆਈ ਗੁਲਾਬ ਸਿੰਘ ਦੇ ਅਨੁਸਾਰ ਮੁੱਢਲੀ ਜਾਂਚ ਵਿੱਚ ਪਤਾ ਲੱਗਿਆ ਹੈ ਕਿ ਮ੍ਰਿਤਕ ਅੰਬਾਲਾ ਜ਼ਿਲ੍ਹੇ ਵਿੱਚ ਪਟਵਾਰੀ ਵਜੋਂ ਕੰਮ ਕਰਦਾ ਸੀ ਤੇ ਕੁਝ ਸਮੇਂ ਤੋਂ ਮਾਨਸਿਕ ਬਿਮਾਰੀ ਤੋਂ ਪੀੜਤ ਸੀ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਮ੍ਰਿਤਕ ਦੇ ਪਰਵਾਰ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਖ਼ੁਦਕੁਸ਼ੀ ਦਾ ਅਸਲ ਕਾਰਨ ਪਰਵਾਰ ਦੇ ਆਉਣ ਤੋਂ ਬਾਅਦ ਹੀ ਪਤਾ ਲੱਗੇਗਾ।

## ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਕਾਲੇ ਝੰਡੇ ਦਿਖਾ ਕੇ ਕੀਤਾ ਵਿਰੋਧ

**ਹੁਸ਼ਿਆਰਪੁਰ (ਓ ਪੀ ਰਾਣਾ)**-ਭਾਰਤੀ ਜਨਤਾ ਪਾਰਟੀ ਵਲੋਂ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਕੱਢੀ ਜਾ ਰਹੀ ਨਸ਼ਾ ਮੁਕਤ ਪੰਜਾਬ ਯਾਤਰਾ ਹੁਸ਼ਿਆਰਪੁਰ ਪਹੁੰਚੀ । ਯਾਤਰਾ ਦੇ ਸ਼ਹੀਦ ਭਗਤ ਚੌਂਕ ਵਿਖੇ ਪਹੁੰਚਣ ਤੇ ਸ੍ਰੀ ਗੁਰੂ ਰਵਿਦਾਸ ਟਾਇਗਰ ਫੋਰਸ ਪੰਜਾਬ ਦੇ ਪ੍ਰਧਾਨ ਬਿੰਦਰ ਸਰੋਆ ਦੀ ਅਗਵਾਈ ਹੇਠ ਨੌਜਵਾਨਾਂ ਵਲੋਂ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਕਾਲੇ ਝੰਡੇ ਦਿਖਾ ਕੇ ਵਿਰੋਧ ਕੀਤਾ ਅਤੇ ਭਾਜਪਾ ਖਿਲਾਫ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬਿੰਦਰ ਸਰੋਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਅੰਦਰ 15 ਸਾਲ ਅਕਾਲੀ ਭਾਜਪਾ ਗਠਜੋੜ ਦੀ ਸਰਕਾਰ ਰਹੀ ਹੈ ਇਹ ਚਿੱਟੇ ਵਰਗੇ ਘਾਤਕ ਨਸ਼ੇ ਉਸ ਸਮੇਂ ਤੋਂ ਹੀ ਪੰਜਾਬ ਵਿੱਚ ਘਰ ਘਰ ਪਹੁੰਚਣੇ ਸ਼ੁਰੂ ਹੋਏ ਜੋ ਕਿ ਅੱਜ ਰੋਜ਼ਾਨਾ ਦਰਜਨਾਂ ਨੌਜਵਾਨਾਂ ਨੂੰ ਮੌਤ ਬਣਕੇ ਖਾ ਰਹੇ ਹਨ। ਬਿੰਦਰ ਸਰੋਆ ਨੇ ਭਾਜਪਾ ਆਗੂਆਂ ਨੂੰ ਸਵਾਲ ਕੀਤਾ ਕਿ ਜਿਨਾਂ ਰਾਜਾਂ ਵਿੱਚ ਭਾਜਪਾ ਦੀ ਸਰਕਾਰ ਹੈ ਕੀ ਉਥੇ ਨਸ਼ਾ ਖਤਮ ਹੋ ਗਿਆ ? ਭਾਜਪਾ ਨੂੰ ਪਹਿਲਾਂ ਆਪਣੀਆਂ ਸਰਕਾਰਾਂ ਵਾਲੇ ਰਾਜਾਂ ਨੂੰ ਨਸ਼ਾ ਮੁਕਤ ਬਣਾਉਣਾ ਚਾਹੀਦਾ ਹੈ। ਸਰੋਆ ਨੇ ਕਿਹਾ ਕਿ ਯੂ ਪੀ ਤੇ ਬਿਹਾਰ ਜਿਥੇ ਭਾਜਪਾ ਦੀ ਸਰਕਾਰ ਹੈ ਉਥੇ ਲੜਕੀਆਂ ਨਾਲ ਛੇੜਛਾੜ ਦੀਆਂ ਘਟਨਾਵਾਂ ਰੋਜ਼ਾਨਾ ਵਾਪਰ ਰਹੀਆਂ ਹਨ । ਉਨ੍ਹਾਂ ਕਿਹਾ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਹੈ ਪਰ ਨਸ਼ੇ ਪੂਰੇ ਦੇਸ਼ ਅੰਦਰ ਸ਼ਰੇਆਮ ਵਿਕ ਰਹੇ ਹਨ, ਹੁਣ ਜਦਕਿ 6 ਕੁ ਮਹੀਨੇ ਚੋਣਾਂ ਵਿੱਚ ਬਾਕੀ ਹਨ ਤੇ ਭਾਜਪਾ ਨੂੰ ਪੰਜਾਬ ਨੂੰ ਨਸ਼ੇ ਮੁਕਤ ਕਰਨ ਦਾ ਫਿਕਰ ਲਗ ਗਿਆ।

## ਸਕੂਲ ਬੱਸਾਂ ਦੀ ਚੈਕਿੰਗ, ਚਾਰ ਬੱਸਾਂ ਦੇ ਕੀਤੇ ਚਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ 'ਤੇ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਖੇਤਰੀ ਟਰਾਂਸਪੋਰਟ ਅਫ਼ਸਰ (ਆਰ ਟੀ ਓ) ਅਮਨਦੀਪ ਕੌਰ ਨੇ ਬੁੱਧਵਾਰ ਨੂੰ ਜ਼ਿਲ੍ਹੇ ਵਿੱਚ ਸਕੂਲੀ ਬੱਸਾਂ ਦੀ ਚੈਕਿੰਗ ਕਰਦਿਆਂ ਨਿਯਮਾਂ ਦੀ ਉਲੰਘਣਾਂ ਕਰਨ ਵਾਲੀਆਂ ਬੱਸਾਂ ਦੇ ਚਾਲਾਨ ਕੀਤੇ ਗਏ। ਚੈਕਿੰਗ ਦੌਰਾਨ ਆਰ ਟੀ ਓ ਅਮਨਦੀਪ ਕੌਰ ਨੇ ਕਿਹਾ ਕਿ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੈਕਿੰਗ ਸਮੇਂ ਬੱਸਾਂ ਦੇ ਲੋੜੀਂਦੇ ਦਸਤਾਵੇਜ਼, ਫਿਟਨੈੱਸ ਸਰਟੀਫਿਕੇਟ, ਪਰਮਿਟ, ਬੀਮਾ, ਪ੍ਰਦੂਸ਼ਣ ਸਰਟੀਫਿਕੇਟ, ਅੱਗ ਬੁਝਾਉਣ ਵਾਲੇ ਯੰਤਰ, ਮੁੱਢਲੀ ਸਹਾਇਤਾ ਕਿੱਟ, ਜੀ ਪੀ ਐੱਸ, ਕੈਮਰੇ ਅਤੇ ਹੋਰ ਸੁਰੱਖਿਆ ਮਾਪਦੰਡਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ 4 ਸਕੂਲ ਬੱਸਾਂ ਦੇ ਚਲਾਨ ਕੀਤੇ ਗਏ। ਆਰ ਟੀ ਓ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤਯੋਗ ਨਹੀਂ ਅਤੇ ਸਕੂਲ ਵਾਹਨਾਂ ਲਈ ਨਿਰਧਾਰਤ ਸਾਰੇ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਲਾਜ਼ਮੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸੇਫ ਸਕੂਲ ਵਾਹਨ ਨੀਤੀ ਤਹਿਤ ਅਜਿਹੀਆਂ ਵਿਸ਼ੇਸ਼ ਜਾਂਚ ਮੁਹਿੰਮਾਂ ਭਵਿੱਖ ਵਿੱਚ ਵੀ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ। ਨਿਯਮਾਂ ਦੀ ਅਣਦੇਖੀ ਕਰਨ ਵਾਲੇ ਵਾਹਨ ਚਾਲਕਾਂ/ਸੰਚਾਲਕਾਂ ਵਿਰੁੱਧ ਮੋਟਰ ਵਾਹਨ ਐਕਟ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਨੂੰ ਸੁਰੱਖਿਅਤ ਅਤੇ ਸੁਚੱਜੀ ਆਵਾਜਾਈ ਸਹੂਲਤ ਮੁਹੱਈਆ ਕਰਵਾਈ ਜਾ ਸਕੇ।



## ਗੜ੍ਹੀ ਅਜੀਤ ਸਿੰਘ ਦਾ ਮਹਾਂ-ਦੰਗਲ ਸ਼ਾਨੋ-ਸ਼ੌਕਤ ਨਾਲ ਸਮਾਪਤ



**ਬੰਗਾ (ਅਵਤਾਰ ਕਲੇਰ)**-ਪਿੰਡ ਗੜ੍ਹੀ ਅਜੀਤ ਸਿੰਘ ਵਿਖੇ ਦੇਹਰਾ ਲੱਖ ਦਾਤਾ ਪੀਰ ਨਿਗਾਹਾ ਛਿੰਝ ਕਮੇਟੀ ਵੱਲੋਂ, ਐਨ.ਆਰ.ਆਈ. ਵੀਰਾਂ, ਇਲਾਕਾ ਨਿਵਾਸੀਆਂ, ਗ੍ਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ 19ਵਾਂ ਵਿਸ਼ਾਲ ਮਹਾਂ-ਦੰਗਲ, ਸੱਭਿਆਚਾਰਕ ਪ੍ਰੋਗਰਾਮ ਅਤੇ ਸ਼ਾਨਦਾਰ ਕੁਸ਼ਤੀ ਦੰਗਲ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਛਿੰਝ ਮੇਲੇ ਦੀ ਸ਼ੁਰੂਆਤ ਧਾਰਮਿਕ ਅਸਥਾਨ ਵਿਖੇ ਕਰਵਾਏ ਗਏ 24 ਸ੍ਰੀ ਅਖੰਡ ਪਾਠਾਂ ਦੇ ਭੋਗ ਨਾਲ ਹੋਈ, ਇਸ ਉਪਰੰਤ ਕਬੱਡੀ ਲੜਕੇ ਅਤੇ ਲੜਕੀਆਂ ਦੇ ਸ਼ੋਅ ਮੈਚ ਕਰਵਾਏ ਗਏ। ਸੱਭਿਆਚਾਰਕ ਮੇਲੇ ਦੌਰਾਨ ਪ੍ਰਸਿੱਧ ਗਾਇਕ ਕਮਲ ਖਾਨ, ਬੀ ਐੱਸ ਭੱਟੀ ਅਤੇ ਗਾਇਕਾ ਜਸ਼ਨਮੀਤ ਸਮੇਤ ਹੋਰ ਕਲਾਕਾਰਾਂ ਨੇ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ ।ਮੇਲੇ ਦੇ ਆਖਰੀ ਦਿਨ ਵਿਸ਼ਾਲ ਕੁਸ਼ਤੀ ਦੰਗਲ ਵਿਚ 200 ਤੋਂ ਵੱਧ ਪਹਿਲਵਾਨਾਂ ਨੇ ਹਿੱਸਾ ਲਿਆ। ਮੁਕਾਬਲੇ ਦੀ ਸ਼ੁਰੂਆਤ ਛਿੰਝ ਕਮੇਟੀ ਦੇ ਅਹੁਦੇਦਾਰਾਂ ਅਤੇ ਮੁੱਖ ਮਹਿਮਾਨ ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਵੱਲੋਂ ਸਾਂਝੇ ਤੌਰ 'ਤੇ ਕਰਵਾਈ ਗਈ। ਰੋਮਾਂਚਕ ਮੁਕਾਬਲੇ ਦੌਰਾਨ ਸ਼ੇਰਾ ਗੁੱਜਰ ਨੇ ਮੁਸਤਫਾ ਇਰਾਨ ਨੂੰ ਚਿੱਤ ਕਰਕੇ ਪਟਕੇ ਦੀ ਕੁਸ਼ਤੀ ਜਿੱਤੀ ਅਤੇ ਫੋਰਡ ਟਰੈਕਟਰ ਆਪਣੇ ਨਾਂ ਕੀਤਾ। ਇਸ ਤੋਂ ਇਲਾਵਾ ਬੁਲਟ ਮੋਟਰਸਾਈਕਲ ਲਈ ਹੋਈ ਕੁਸ਼ਤੀ ਵਿਚ ਹਾਮਿਦ ਇਰਾਨ ਨੇ ਜੋਟੀ ਗੁੱਜਰ ਨੂੰ ਚਿੱਤ ਕੀਤਾ। ਸਪਲੈਂਡਰ ਮੋਟਰਸਾਈਕਲ ਲਈ ਹੋਏ ਮੁਕਾਬਲਿਆਂ ਵਿਚ ਲਾਲੀ ਫਗਵਾੜਾ ਨੇ ਸੁਖਮਨ ਕੁਹਾਲੀ ਨੂੰ ਹਰਾਇਆ, ਜਦ ਕਿ ਤਾਜ ਰੌਣੀ ਨੇ ਸ਼ੀਪਾ ਨੂੰ ਚਿੱਤ ਕਰ ਕੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਦੋ ਹੋਰ ਸਪਲੈਂਡਰ ਮੋਟਰਸਾਈਕਲਾਂ ਲਈ ਵੀ ਕੁਸ਼ਤੀਆਂ ਕਰਵਾਈਆਂ ਗਈਆਂ। ਮੁੱਖ ਮਹਿਮਾਨ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਯੂਥ ਆਗੂ ਕਮਲਜੀਤ ਸਿੰਘ ਮੇਹਲੀ ਵਿਸ਼ੇਸ਼ ਤੌਰ ਤੇ ਪਹੁੰਚੇ। ਡਾ ਸੁੱਖੀ ਨੇ ਛਿੰਝ ਮੇਲੇ ਦੇ ਪ੍ਰਬੰਧਕਾਂ, ਸਹਿਯੋਗੀਆਂ ਅਤੇ ਸਮੂਹ ਨਗਰ ਨਿਵਾਸੀਆਂ ਨੂੰ ਮੇਲੇ ਦੀ ਵਧਾਈ ਦਿੱਤੀ। ਛਿੰਝ ਕਮੇਟੀ ਦੇ ਪ੍ਰਧਾਨ ਅਮਰੀਕ ਸਿੰਘ ਪੁਰੇਵਾਲ, ਸਰਪੰਚ ਬਹਾਦਰ ਸਿੰਘ ਥਿਆੜਾ, ਮੁੱਖ ਪ੍ਰਬੰਧਕ ਰੂਪ ਲਾਲ ਧੀਰ ਅਤੇ ਨੰਬਰਦਾਰ ਰਾਜ ਦਦਰਾਲ ਨੇ ਮਹਿਮਾਨਾਂ,ਦਾਨੀ ਸੰਗਤਾਂ,ਦਰਸ਼ਕਾਂ, ਐਨ ਆਰ ਆਈ ਤੇ ਸਮੂਹ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਅਵਤਾਰ ਸਿੰਘ ਦਿਓਲ, ਬਲਕਾਰ ਸਿੰਘ ਅਨਦੇਹ, ਜਸਵਿੰਦਰ ਸਿੰਘ ਦਦਰਾਲ ਜੇ ਈ,ਪੰਚ ਗੋਬਿੰਦ ਸਿੰਘ ਧੀਰ, ਪੰਚ ਲਖਵਿੰਦਰ ਸਿੰਘ, ਐਨ ਆਰ ਆਈ ਕੁਲਵਿੰਦਰ ਸਿੰਘ ਪੁਰੇਵਾਲ, ਗੀਤਕਾਰ ਬਹਾਦਰ ਸਿੰਘ ਗਰਚਾ, ਬਲਵੀਰ ਸਿੰਘ ਦਦਰਾਲ, ਜਸਵੀਰ ਸਿੰਘ ਮਾਹਲ, ਸੋਹਣ ਸਿੰਘ ਗੋਗੀ, ਮਾ ਸਤਨਾਮ ਧੀਰ, ਮੇਜਰ ਪੇਂਟਰ, ਗਿਆਨੀ ਜੋਗਿੰਦਰ ਸਿੰਘ, ਡਾ.ਜੋਗਾ ਸਿੰਘ ਧੀਰ, ਸੁਖਵੀਰ ਸਿੰਘ ਥਿਆੜਾ, ਮੱਖਣ ਸਿੰਘ ਬਾਠ, ਮੇਜਰ ਸਿੰਘ ਥਿਆੜਾ, ਭੁਪਿੰਦਰ ਸਿੰਘ ਗਿੱਲ, ਕੁਲਵੰਤ ਸਿੰਘ ਅਨਦੇਹ, ਗੁਰਨਾਮ ਸਿੰਘ ਚੋਟ, ਜਸਪਾਲ ਧੀਰ, ਸੁਖਵਿੰਦਰ ਸਿੰਘ ਬਿਆੜਾ, ਸੁਰਜੀਤ ਸਿੰਘ ਚਾਹਲ, ਪਵਨ ਦਦਰਾਲ, ਅਮਨਦੀਪ ਦਦਰਾਲ ਸਮੇਤ ਹੋਰ ਪਤਵੰਤੇ ਅਤੇ ਨਗਰ ਨਿਵਾਸੀ ਹਾਜ਼ਰ ਸਨ।

## ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਵਾਨ ਕਰਕੇ ਲੋਕ ਹਿੱਤ 'ਚ ਫੈਸਲਾ ਲਿਆ : ਗਰੇਵਾਲ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**-ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਇਥੇ ਕਿਹਾ ਕਿ ਪੰਜਾਬ ਸਰਕਾਰ ਨੇ ਸਫ਼ਾਈ ਕਰਮੀਆਂ, ਸੀਵਰਮੈਨਾਂ ਅਤੇ ਵੱਖ-ਵੱਖ ਨਿਗਮਾਂ ਵਿਚ ਕੰਮ ਕਰ ਰਹੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਵਾਨ ਕਰਕੇ ਲੋਕ ਹਿੱਤ ਵਿਚ ਵੱਡਾ ਫੈਸਲਾ ਲਿਆ ਹੈ ਅਤੇ ਇਨ੍ਹਾਂ ਦੀਆਂ ਰਹਿੰਦੀਆਂ ਮੰਗਾਂ ਵੀ ਜਲਦ ਪੂਰੀਆਂ ਕਰਵਾਉਣ ਲਈ ਕਮਿਸ਼ਨ ਵਲੋਂ ਚਾਰਾਜੋਈ ਕੀਤੀ ਜਾਵੇਗੀ। ਸਥਾਨਕ ਨਗਰ ਨਿਗਮ ਕੰਪਲੈਕਸ ਵਿਖੇ ਅਸਿਸਟੈਂਟ ਐਡਵੋਕੇਟ ਜਨਰਲ ਰਾਹੁਲ ਆਦੀਆ, ਦਲਿਤ ਡਿਵੈਲਪਮੈਂਟ ਬੋਰਡ ਦੇ ਵਾਈਸ ਚੇਅਰਮੈਨ ਅਜੇ ਪਾਲ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿਚ ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਜ਼ਿਲ੍ਹੇ ਦੇ ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਦੀਆਂ ਮੁਸ਼ਕਲਾਂ ਸੁਣਦਿਆਂ ਕਿਹਾ ਕਿ ਇਹ ਮੁਸ਼ਕਲਾਂ ਜਲਦ ਹੱਲ ਹੋਣਗੀਆਂ। ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਜ਼ਿਲ੍ਹਾ ਹੁਸ਼ਿਆਰਪੁਰ ਦੇ ਨਗਰ ਨਿਗਮ ਦੇ ਮੁਲਾਜ਼ਮਾਂ ਦੀਆਂ ਵੱਖ-ਵੱਖ ਮੰਗਾਂ ਅਤੇ ਮਸਲਿਆਂ ਦਾ ਨੋਟਿਸ ਲੈਂਦਿਆਂ ਕਮਿਸ਼ਨ ਨੇ ਇਥੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਮੰਗਾਂ ਦਾ ਜਲਦ ਤੋਂ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇ। ਸਫ਼ਾਈ ਸੇਵਕਾਂ ਵਲੋਂ ਰੱਖੇ ਮੁੱਦਿਆਂ ਨੂੰ ਗਹੁ ਨਾਲ ਸੁਣਦਿਆਂ ਚੇਅਰਮੈਨ ਚੰਦਨ ਗਰੇਵਾਲ ਨੇ ਕਿਹਾ ਕਿ ਉਹ ਜਲਦ ਹੀ ਇਨ੍ਹਾਂ ਮੁਲਾਜ਼ਮਾਂ ਦਾ ਇਕ ਵਫ਼ਦ ਲੈ ਕੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਿਲਣਗੇ ਤਾਂ ਜੋ ਇਨ੍ਹਾਂ ਸਾਰੀਆਂ ਸ਼ਿਕਾਇਤਾਂ ਅਤੇ ਮਸਲਿਆਂ ਦਾ ਤੁਰੰਤ ਹੱਲ ਕਰਵਾਇਆ ਜਾ ਸਕੇ। ਪੱਤਰਕਾਰਾਂ ਨੇ ਗੱਲਬਾਤ ਕਰਦਿਆਂ ਚੇਅਰਮੈਨ ਚੰਦਨ ਗਰੇਵਾਲ ਨੇ ਸਪੱਸ਼ਟ ਕੀਤਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਰਿਸ਼ਵਤਖੋਰੀ ਦੇ ਸਖ਼ਤ ਖ਼ਿਲਾਫ਼ ਹੈ ਅਤੇ ਰਿਸ਼ਵਤ ਦੇ ਮਾਮਲੇ ਵਿਚ ਬਣਦੀ ਕਾਰਵਾਈ ਅਵੱਸ਼ ਯਕੀਨੀ ਬਣਾਈ ਜਾਵੇਗੀ। ਚੇਅਰਮੈਨ ਚੰਦਨ ਗਰੇਵਾਲ ਨੇ ਸਫ਼ਾਈ ਸੇਵਕਾਂ ਅਤੇ ਨਗਰ ਨਿਗਮ ਦੇ ਹੋਰਨਾਂ ਮੁਲਾਜ਼ਮਾਂ ਨਾਲ ਨਿੱਜੀ ਤੌਰ 'ਤੇ ਮਸਲਿਆਂ ਦੀ ਸੁਣਵਾਈ ਕਰਦਿਆਂ ਕਿਹਾ ਕਿ ਕਮਿਸ਼ਨ ਹਰ ਮੁਲਾਜ਼ਮ ਦੀ ਜਾਇਜ਼ ਮੰਗ ਲਈ ਬਣਦੀ ਕਾਰਵਾਈ ਅਮਲ ਵਿਚ ਲਿਆਵੇਗਾ ਤਾਂ ਜੋ ਇਨ੍ਹਾਂ ਮੁਲਾਜ਼ਮਾਂ ਦੇ ਹੱਕ ਸੁਰੱਖਿਅਤ ਰਹਿ ਸਕਣ। ਇਸ ਮੌਕੇ ਨਗਰ ਨਿਗਮ ਦੇ ਕਮਿਸ਼ਨਰ ਜੋਤੀ ਬਾਲਾ ਮੱਟੂ, ਐੱਸ ਡੀ ਐਮ ਪਰਮਪ੍ਰੀਤ ਸਿੰਘ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਫ਼ਾਈ ਸੇਵਕ ਮੌਜੂਦ ਸਨ।



## 'ਮੈਨੇਜਿੰਗ ਐਕ੍ਰਾਸ ਜਨਰੇਸ਼ਨਜ਼: ਰੀਡਿਫਾਇਨਿੰਗ ਦੇ ਮਾਡਰਨ ਵਰਕਪਲੇਸ' ਵਿਸ਼ੇ 'ਤੇ ਸੈਮੀਨਾਰ

**ਜਲੰਧਰ (ਸ਼ੈਲੀ ਐਲਬਰਟ)**-ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੇ ਕਾਮਰਸ ਕਲੱਬ ਵੱਲੋਂ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਯੋਗ ਰਹਿਨੁਮਾਈ ਹੇਠ 'ਮੈਨੇਜਿੰਗ ਐਕ੍ਰਾਸ ਜਨਰੇਸ਼ਨਜ਼: ਰੀਡਿਫਾਇਨਿੰਗ ਦੇ ਮਾਡਰਨ ਵਰਕਪਲੇਸ' ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਨੈਸਲੇ ਇੰਡੀਆ ਲਿਮਟਿਡ ਮੁੰਬਈ ਵਿੱਚ ਸੀਨੀਅਰ ਕੀ ਅਕਾਊਂਟ ਐਗਜ਼ੀਕਿਊਟਿਵ ਅਤੇ ਵਿਭਾਗ ਦੀ ਸਾਬਕਾ ਹੋਣਹਾਰ ਵਿਦਿਆਰਥਣ ਮਿਸ ਰਿਚਾ ਸੋਢੀ ਨੇ ਸੈਮੀਨਾਰ ਵਿਚ ਮੁੱਖ ਵਕਤਾ ਦੀ ਭੂਮਿਕਾ ਨਿਭਾਈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਮੁੱਖ ਮਹਿਮਾਨ ਦਾ ਸਵਾਗਤ ਗ੍ਰੀਨ ਪਲਾਂਟਰ ਭੇਟ ਕਰਕੇ ਕੀਤਾ। ਕਾਮਰਸ ਅਤੇ ਮੈਨੇਜਮੈਂਟ ਦੇ ਪੋਸਟ ਗ੍ਰੈਜੂਏਟ ਵਿਭਾਗ ਦੀ ਮੁਖੀ ਮੀਨੂ ਕੋਹਲੀ ਨੇ ਰਿਸੋਰਸ ਪਰਸਨ ਦਾ ਰਸਮੀ ਸਵਾਗਤ ਕੀਤਾ ਅਤੇ ਸੈਮੀਨਾਰ ਦੇ ਵਿਸ਼ੇ ਤੋਂ ਜਾਣੂ ਕਰਵਾਇਆ। ਉਹਨਾਂ ਨੇ ਆਪਣੀ ਹੀ ਵਿਦਿਆਰਥਣ ਨੂੰ ਇੱਕ ਰਿਸੋਰਸ ਪਰਸਨ ਵਜੋਂ ਨਵੀਂ ਪੀੜ੍ਹੀ ਨਾਲ ਗੱਲਬਾਤ ਕਰਨ ਲਈ ਵਾਪਸ ਆਉਂਦੇ ਦੇਖ ਕੇ ਬਹੁਤ ਮਾਣ ਮਹਿਸੂਸ ਕੀਤਾ। ਮਿਸ ਰਿਚਾ ਸੋਢੀ ਦੀ ਜਾਣ-ਪਛਾਣ ਕਰਵਾਉਂਦੇ ਹੋਏ, ਉਹਨਾਂ ਨੇ ਆਪਣੇ ਕਾਲਜ ਦੇ ਦਿਨਾਂ ਦੌਰਾਨ ਪੜ੍ਹਾਈ, ਗੈਰ-ਪਾਠਕ੍ਰਮ ਗਤੀਵਿਧੀਆਂ ਅਤੇ ਲੀਡਰਸ਼ਿਪ ਦੀਆਂ ਭੂਮਿਕਾਵਾਂ ਵਿੱਚ ਸ਼ਾਨਦਾਰ ਸੰਤੁਲਨ ਬਣਾਉਣ ਵਾਲੀ ਵਿਦਿਆਰਥਣ ਵਜੋਂ ਉਹਨਾਂ ਨੂੰ ਯਾਦ ਕੀਤਾ। ਉਹਨਾਂ ਨੇ ਮਿਸ ਰਿਚਾ ਨੂੰ ਉਹਨਾਂ ਦੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਮਿਸ ਰਿਚਾ ਸੋਢੀ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਮੌਕਿਆਂ ਵਿੱਚ ਹਿੱਸਾ ਲੈਣ, ਸਵਾਲ ਪੁੱਛਣ ਅਤੇ ਨਵੀਆਂ ਸੰਭਾਵਨਾਵਾਂ ਦੀ ਭਾਲ ਕਰਨ ਲਈ ਪ੍ਰੇਰਿਤ ਕੀਤਾ। ਮੰਚ ਦਾ ਸੰਚਾਲਨ ਡਾ. ਕਾਜਲ ਪੁਰੀ ਨੇ ਵਿਦਿਆਰਥੀ ਕੋਆਰਡੀਨੇਟਰ ਮਿਸ ਮਾਨਿਆ ਤਨੇਜਾ ਨਾਲ ਮਿਲ ਕੇ ਸਫਲਤਾਪੂਰਵਕ ਕੀਤਾ। ਇਸ ਮੌਕੇ ਬੀਨੂ ਗੁਪਤਾ, ਆਂਚਲ ਮਹਾਜਨ, ਕਨਿਕਾ ਸ਼ਰਮਾ ਅਤੇ ਮਿਸ ਰਿਤੂ ਵੀ ਹਾਜ਼ਰ ਸਨ। ਸੈਮੀਨਾਰ ਵਿੱਚ ਬੀ.ਕਾਮ, ਬੀ.ਕਾਮ-ਐਫ.ਐਸ, ਬੀ.ਵੋਕ-ਬੀ.ਐਫ.ਐਸ, ਬੀ.ਵੋਕ-ਈ.ਕਾਮਰਸ ਅਤੇ ਡਿਜੀਟਲ ਮਾਰਕੀਟਿੰਗ ਅਤੇ ਬੀ.ਬੀ.ਏ ਸਮੈਸਟਰ-1 ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ ।



## ਨਸ਼ਾ ਮੁਕਤੀ ਸੰਮੇਲਨ ਦੀਆਂ ਤਿਆਰੀਆਂ ਮੁਕੰਮਲ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**-ਸਨਾਤਨ ਧਰਮ ਸਭਾ (ਰਜਿ.) ਬਲਾਚੌਰ ਦੀ ਇੱਕ ਮਹੱਤਵਪੂਰਨ ਬੈਠਕ ਸ੍ਰੀ ਵਿਸ਼ਵਕਰਮਾ ਮੰਦਰ ਵਿਖੇ ਸਭਾ ਦੇ ਪ੍ਰਧਾਨ ਸੁਰਿੰਦਰ ਪਨੇਸਰ ਦੀ ਪ੍ਰਧਾਨਗੀ ਹੇਠ ਹੋਈ। ਬੈਠਕ ਦੀ ਸ਼ੁਰੂਆਤ ਗਾਇਤਰੀ ਮੰਤਰ ਦੇ ਉਚਾਰਨ ਨਾਲ ਕੀਤੀ ਗਈ। ਸਭਾ ਦੇ ਜਨਰਲ ਸਕੱਤਰ ਪਰਮਜੀਤ ਰੱਤੇਵਾਲੀਆ ਨੇ ਬੈਠਕ ਦੇ ਏਜੰਡੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਜਿਕ ਸਮਰਸਤਾ ਅਤੇ ਨਸ਼ਾ ਮੁਕਤੀ ਸੰਮੇਲਨ ਦਾ ਆਯੋਜਨ ਸੁਆਮੀ ਦਿਆਲ ਦਾਸ ਜੀ, ਡੇਰਾ ਬੌਹੜੀ ਸਾਹਿਬ ਦੀ ਰਹਿਨੁਮਾਈ ਹੇਠ ਕੀਤਾ ਜਾ ਰਿਹਾ ਹੈ। ਸੰਮੇਲਨ ਦੇ ਮੁੱਖ ਬੁਲਾਰੇ ਕੁਲਦੀਪ ਅਗਨੀਹੋਤਰੀ, ਨਿਰਦੇਸ਼ਕ, ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਰਿਜਨਲ ਸੈਂਟਰ ਧਰਮਸ਼ਾਲਾ ਹੋਣਗੇ।ਉਨ੍ਹਾਂ ਦੱਸਿਆ ਕਿ ਇਹ ਸੰਮੇਲਨ 27 ਸਤੰਬਰ ਨੂੰ ਸਵੇਰੇ 10 ਵਜੇ ਰਾਧਾ ਕ੍ਰਿਸ਼ਨ ਮੰਦਰ, ਟੌਂਸਾ ਵਿਖੇ ਕਰਵਾਇਆ ਜਾ ਰਿਹਾ ਹੈ। ਸੰਮੇਲਨ ਦਾ ਮੁੱਖ ਵਿਸ਼ਾ 'ਸਮਾਜਿਕ ਸਮਰਸਤਾ ਅਤੇ ਨਸ਼ਾ ਮੁਕਤੀ' ਰਹੇਗਾ।ਸੰਮੇਲਨ ਦੀਆਂ ਤਿਆਰੀਆਂ ਸਬੰਧੀ ਸਭਾ ਦੇ ਮਾਰਗਦਰਸ਼ਕ ਮੰਡਲ ਦੇ ਸੰਯੋਜਕ ਰਾਣਾ ਰਣਦੀਪ ਕੌਸ਼ਲ ਨੇ ਪ੍ਰਬੰਧਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਸੰਮੇਲਨ ਵਿੱਚ ਸ਼ਮੂਲੀਅਤ ਲਈ 31 ਪਿੰਡਾਂ ਦੇ ਸਰਪੰਚਾਂ ਅਤੇ ਮੋਹਤਬਰ ਵਿਅਕਤੀਆਂ ਨੂੰ ਸਨਾਤਨ ਧਰਮ ਸਭਾ ਦੇ ਮੈਂਬਰਾਂ ਵੱਲੋਂ ਘਰ-ਘਰ ਜਾ ਕੇ ਸੱਦਾ ਪੱਤਰ ਪਹੁੰਚਾਏ ਗਏ ਹਨ।ਸੰਮੇਲਨ ਦੇ ਮੁੱਖ ਪ੍ਰਬੰਧਕ ਮਾਸਟਰ ਕ੍ਰਿਸ਼ਨ ਕੁਮਾਰ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਲਗਭਗ 200 ਸਨਾਤਨ ਪ੍ਰੇਮੀ ਅਤੇ ਦੇਸ਼ ਭਗਤ ਸ਼ਮੂਲੀਅਤ ਕਰਨਗੇ। ਇਸ ਮੌਕੇ ਸਰਪ੍ਰਸਤ ਜਗਦੀਸ਼ ਕਪਿਲ, ਪ੍ਰਦੀਪ ਰਾਣਾ, ਪ੍ਰਦੀਪ ਨਾਗਪਾਲ, ਰਾਣਾ ਲਲਿਤ ਕੌਸ਼ਲ, ਬਲਵੰਤ ਕਿਸ਼ੋਰ, ਸੋਮਨਾਥ ਤੱਕਲਾ, ਵਿਸ਼ੂ ਕੌਸ਼ਲ, ਨੰਦ ਕਿਸ਼ੋਰ, ਸ਼ੇਖਰ ਪਾਲ ਬੈਂਸ, ਰਾਜੀਵ ਆਨੰਦ, ਮਾਸਟਰ ਕ੍ਰਿਸ਼ਨ ਕੁਮਾਰ, ਕ੍ਰਿਸ਼ਨ ਕੁਮਾਰ ਸਾਬਕਾ ਇੰਸਪੈਕਟਰ, ਸੁਰਜੀਤ ਕੋਹਲੀ, ਅਨਿਲ ਸ਼ਰਮਾ ਸਮੇਤ ਹੋਰ ਮੈਂਬਰ ਹਾਜ਼ਰ ਸਨ।



## ਚੰਦ ਫਤਿਹਪੁਰੀ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ

**ਭਲਾਣ (ਹਰਭਜਨ ਸਿੰਘ)**-ਨਵਾਂ ਜ਼ਮਾਨਾ ਅਖਬਾਰ ਦੇ ਸੰਪਾਦਕ ਕਾਮਰੇਡ ਚੰਦ ਫਤਿਹਪੁਰੀ ਦੀ ਅਚਾਨਕ ਹੋਈ ਮੌਤ ਤੇ ਪੱਤਰਕਾਰ ਭਾਈਚਾਰੇ ਵਿੱਚ ਸੋਗ ਦੀ ਲਹਿਰ ਹੈ। ਸਤਲੁਜ ਪ੍ਰੈੱਸ ਕਲੱਬ ਸੁਖਸਾਲ ਦੇ ਪ੍ਰਧਾਨ ਚੌਧਰੀ ਧਰਮਪਾਲ ਮਹਿਲਵਾਂ, ਪੱਤਰਕਾਰ ਅਸ਼ਵਨੀ ਸੈਣੀ, ਪੱਤਰਕਾਰ ਜੁਝਾਰ ਸਿੰਘ,ਪੱਤਰਕਾਰ ਸਧੀਰ ਸ਼ਰਮਾ,(ਪ੍ਰਿੰਸ) ਪੱਤਰਕਾਰ ਹਰਭਜਨ ਸਿੰਘ ਢਿੱਲੋਂ,ਅਜੇ ਕੌਸ਼ਲ ਸ਼ਰਮਾ,ਕਾਮਰੇਡ ਸੁਰਜੀਤ ਸਿੰਘ ਢੇਰ, ਐਡਵੋਕੇਟ ਪਰਮਜੀਤ ਸਿੰਘ ਪੰਮਾ, ਜੇਈ ਸ਼ਿਵ ਕੁਮਾਰ ਬੋਬੀ ਸੁਖਸਾਲ, ਮਾਸਟਰ ਅਮਰਜੀਤ ਸਿੰਘ ਭੱਲੜੀ ਆਦਿ ਨੇ ਉਨਾਂ ਦੇ ਦੇਹਾਂਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਪ੍ਰਧਾਨ ਚੌਧਰੀ ਧਰਮਪਾਲ ਨੇ ਕਿਹਾ ਕਿ ਚੰਦ ਫਤਿਹਪੁਰੀ ਨੇ ਗਰੀਬ ਵਰਗ ਦੇ ਲੋਕਾਂ ਨਾਲ ਜੁੜੇ ਮਸਲਿਆਂ ਨੂੰ ਆਪਣੀ ਸੱਚੀ ਸੁੱਚੀ ਕਲਮ ਦੀ ਲਿਖਤ ਰਾਹੀਂ ਉਭਾਰਿਆ ਅਤੇ ਚੰਦ ਫ਼ਤਹਿਪੁਰੀ ਨੇ ਪੱਤਰਕਾਰੀ ਦੇ ਖੇਤਰ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਈ। ਉਹਨਾਂ ਦਾ ਅਚਾਨਕ ਇਸ ਫਾਨੀ ਦੁਨੀਆ ਤੋਂ ਚਲੇ ਜਾਣ ਨਾਲ ਪੱਤਰਕਾਰੀ ਲਈ ਬਹੁਤ ਵੱਡਾ ਘਾਟਾ ਹੈ। ਪ੍ਰੈੱਸ ਕਲੱਬ ਦੇ ਸਮੂਹ ਮੈਂਬਰਾਂ ਨੇ ਦੋ ਮਿੰਟ ਦਾ ਮੋਨਧਾਰ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਦਿੱਤੀ ਤੇ ਪਰਵਾਰ ਨੂੰ ਇਹ ਦੁੱਖ ਸਹਿਣ ਦੀ ਪ੍ਰਮਾਤਮਾਂ ਦੇ ਚਰਨਾਂ ਵਿੱਚ ਅਰਦਾਸ ਕੀਤੀ।

## ਬਲਾਚੌਰ 'ਚ ਖੁੱਲ੍ਹਿਆ ਸੰਜੀਵ ਵੈੱਲਨੈੱਸ ਸੈਂਟਰ

**ਬਲਾਚੌਰ (ਜਸਵਿੰਦਰਬੈਂਸ)**-ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਤੰਦਰੁਸਤ ਜੀਵਨਸ਼ੈਲੀ ਪ੍ਰਤੀ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਬਲਾਚੌਰ ਬਾਈਪਾਸ, ਕੰਗਣਾ ਪੁਲ ਵਿਖੇ ਸੰਜੀਵ ਵੈਲਨੈਸ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਹੈ। ਸੈਂਟਰ ਦੀ ਗਰੈਂਡ ਓਪਨਿੰਗ ਮੌਕੇ ਇਲਾਕੇ ਦੇ ਪਤਵੰਤੇ ਪੁਰਸ਼ਾਂ ਅਤੇ ਮਹਿਲਾਵਾਂ ਨੇ ਸ਼ਿਰਕਤ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਵੈਲਨੈਸ ਸੈਂਟਰ ਦੇ ਮੁਖੀ ਸੰਜੀਵ ਰਾਣਾ ਨੇ ਦੱਸਿਆ ਕਿ ਮੌਜੂਦਾ ਭੱਜਦੌੜ ਭਰੀ ਜ਼ਿੰਦਗੀ ਵਿੱਚ ਲੋਕਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਲਈ ਸੈਂਟਰ ਵੱਲੋਂ ਵੱਖ-ਵੱਖ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਕਸਰਤ ਸੈਸ਼ਨਾਂ ਰਾਹੀਂ ਲੋਕਾਂ ਨੂੰ ਨਿਯਮਿਤ ਕਸਰਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਅਤੇ ਘਰ ਬੈਠੇ ਕੰਮ ਕਰਨ ਦੀ ਸਹੂਲਤ ਵੀ ਉਪਲਬਧ ਕਰਵਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਆਮ ਲੋਕਾਂ ਤੋਂ ਇਲਾਵਾ ਖਾਸ ਤੌਰ 'ਤੇ ਲੋੜਵੰਦ ਪੁਰਸ਼ਾਂ ਅਤੇ ਮਹਿਲਾਵਾਂ ਨੂੰ ਵਜ਼ਨ ਘਟਾਉਣ ਜਾਂ ਵਧਾਉਣ, ਫਿਟਨੈੱਸ, ਸਹੀ ਪੋਸ਼ਣ, ਨਿਯਮਿਤ ਕਸਰਤ, ਤਣਾਅ ਪ੍ਰਬੰਧਨ, ਚੰਗੀ ਨੀਂਦ ਅਤੇ ਸੰਤੁਲਿਤ ਜੀਵਨਸ਼ੈਲੀ ਸੰਬੰਧੀ ਮਾਰਗਦਰਸ਼ਨ ਦਿੱਤਾ ਜਾਂਦਾ ਹੈ।




## ਗੋਲਡਨ ਇੰਪੈਕਟ ਅਚੀਵਰ ਅਵਾਰਡਜ਼ 'ਚ 27 ਨਾਇਕਾਂ ਦਾ ਸਨਮਾਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਮਾਜ ਵਿੱਚ ਸਕਾਰਾਤਮਕ ਬਦਲਾਅ ਸਮਾਜਿਕ ਸਰੋਕਾਰਾਂ ਨੂੰ ਅੱਗੇ ਵਧਾਉਣ ਵਾਲੇ 27 ਜ਼ਮੀਨੀ ਨਾਇਕਾਂ ਦੇ ਉਲੇਖਣੀਯ ਯੋਗਦਾਨ ਨੂੰ 'ਗੋਲਡਨ ਇੰਪੈਕਟ ਅਚੀਵਰ ਅਵਾਰਡਜ਼-ਸੀਜ਼ਨ 3' ਵਿੱਚ ਸਨਮਾਨਤ ਕੀਤਾ ਗਿਆ। ਸਤਤ ਵਿਕਾਸ ਲਕਸ਼ਾਂ ਪ੍ਰਤੀ ਜਾਗਰੂਕਤਾ ਅਤੇ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਪਹਿਲ ਨੂੰ ਉਤਸ਼ਾਹਿਤ ਕਰਨ ਵਾਲੀ ਸੰਸਥਾ ਦੀ ਇਸ ਪਹਿਲ ਦੇ ਤਹਿਤ ਇਨ੍ਹਾਂ ਨਾਇਕਾਂ ਨੂੰ ਸਿਰਫ਼ ਵੱਡੇ ਅਭਿਆਨਾਂ ਨਾਲ ਨਹੀਂ, ਬਲਕਿ ਉਨ੍ਹਾਂ ਲੋਕਾਂ ਦੀ ਨਿਰੰਤਰ ਪਹਿਲ ਨਾਲ ਵੀ ਆਉਂਦਾ ਹੈ, ਜੋ ਆਪਣੀਆਂ ਨਿੱਜੀ ਜ਼ਿੰਮੇਵਾਰੀਆਂ ਅਤੇ ਵਿਅਸਤ ਦਿਨਚਰਿਆ ਦੇ ਵਿਚਕਾਰ ਦੂਜਿਆਂ ਦੇ ਜੀਵਨ ਅਤੇ ਵਾਤਾਵਰਣ ਨੂੰ ਬਿਹਤਰ ਬਣਾਉਣ ਲਈ ਸਮਾਂ ਅਤੇ ਯਤਨ ਸਮਰਪਿਤ ਕਰਦੇ ਹਨ। ਅਜਿਹੇ ਹੀ ਐਜੂਕੇਸ਼ਨ, ਸਰਪਲੱਸ ਫੂਡ ਡਿਸਟ੍ਰੀਬਿਊਸ਼ਨ ਅਤੇ ਇਕੋ ਵਾਰਿਅਰ ਵਰਗੀਆਂ ਤਿੰਨ ਪ੍ਰਮੁੱਖ ਸ਼੍ਰੇਣੀਆਂ ਵਿੱਚ ਸਨਮਾਨ ਪ੍ਰਦਾਨ ਕੀਤਾ ਗਿਆ। ਸਨਮਾਨਿਤ ਲੋਕਾਂ ਨੇ ਸਿੱਖਿਆ ਦੇ ਖੇਤਰ ਵਿੱਚ ਮੌਕਿਆਂ ਦਾ ਵਿਸਤਾਰ ਕਰਨ, ਲੋੜਵੰਦਾਂ ਤੱਕ ਵਾਧੂ ਭੋਜਨ ਪਹੁੰਚਾਉਣ ਅਤੇ ਵਾਤਾਵਰਣ ਸੰਰੱਖਣ ਦੀ ਦਿਸ਼ਾ ਵਿੱਚ ਉਲੇਖਣੀਯ ਕੰਮ ਕੀਤੇ ਹਨ।



## ਆਰ ਬੀ ਆਈ ਨੇ ਭਬਾਤ ਸਕੂਲ ਵਿਖੇ ਈ-ਬਾਤ ਪ੍ਰੋਗਰਾਮ ਕਰਵਾਇਆ

**ਜ਼ੀਰਕਪੁਰ (ਜਤਿੰਦਰ ਕੁਮਾਰ)**-ਭਾਰਤੀ ਰਿਜ਼ਰਵ ਬੈਂਕ ਚੰਡੀਗੜ੍ਹ ਦੇ ਅਧਿਕਾਰੀਆਂ ਨੇ 'ਈ-ਬਾਤ' ਦੀ ਪਹਿਲਕਦਮੀ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਬਾਤ (ਦੌਲਤ ਸਿੰਘ ਵਾਲਾ) ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ। ਸਕੂਲ ਦੇ ਪ੍ਰਿੰਸੀਪਲ ਸੁਨੀਲ ਬਹਿਲ ਨੇ ਆਰ ਬੀ ਆਈ ਤੋਂ ਮਨੀਸ਼ ਅਤੇ ਮੈਡਮ ਨਮਰਤਾ, ਐਮ ਕੇ ਭਾਰਦਵਾਜ, ਐਲ ਡੀ ਐਮ ਮੋਹਾਲੀ, ਰੋਹਤਾਸ਼ ਕੁਮਾਰ ਬ੍ਰਾਂਚ ਮੈਨੇਜਰ ਪੀ ਐਨ ਬੀ ਭਬਾਤ ਬ੍ਰਾਂਚ ਸਮੇਤ ਅਧਿਕਾਰੀਆਂ ਦਾ ਸਵਾਗਤ ਕੀਤਾ।ਐਲ ਡੀ ਐਮ ਮੋਹਾਲੀ ਐਮ ਕੇ ਭਾਰਦਵਾਜ ਨੇ ਸਕੂਲ ਦੇ ਵਿਦਿਆਰਥੀਆਂ ਨਾਲ ਨਵੀਨਤਮ ਬੈਂਕਿੰਗ ਜਾਗਰੂਕਤਾ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਸਮਾਰਟਫੋਨ ਤੋਂ ਕੋਈ ਵੀ ਵਿੱਤੀ ਲੈਣ-ਦੇਣ ਕਰਦੇ ਸਮੇਂ ਸੁਚੇਤ ਅਤੇ ਜਾਗਰੂਕ ਰਹਿਣ ਦੀ ਸਲਾਹ ਵੀ ਦਿੱਤੀ।ਆਰ ਬੀ ਆਈ ਤੋਂ ਮਨੀਸ਼ ਕੁਮਾਰ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿੱਤੀ ਜਾਗਰੂਕਤਾ ਸੰਕਲਪਾ ਬਾਰੇ ਵਿਸਥਾਰ ਨਾਲ ਦੱਸਿਆ।ਉਨ੍ਹਾਂ ਨੇ ਸਾਈਬਰ ਧੋਖਾਧੜੀ ਤੋਂ ਆਪਣੇ ਆਪ ਨੂੰ ਕਿਵੇਂ ਸੁਰੱਖਿਅਤ ਰੱਖਣਾ ਹੈ, ਸਮੇਤ ਨਵੀਨਤਮ ਵਿੱਤੀ ਸ਼ਬਦਾਂ ਨੂੰ ਵੀ ਸ਼ਾਮਲ ਕੀਤਾ। ਉਨ੍ਹਾਂ ਨੇ ਅੱਜ ਕੱਲ੍ਹ ਸਾਈਬਰ ਧੋਖਾਧੜੀਆਂ ਦੁਆਰਾ ਵਰਤੇ ਜਾਂਦੇ ਵੱਖ-ਵੱਖ ਢੰਗ-ਤਰੀਕਿਆਂ 'ਤੇ ਵੀ ਚਰਚਾ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹੀਆਂ ਘਟਨਾਵਾਂ ਤੋਂ ਸੁਚੇਤ ਰਹਿਣ ਲਈ ਕਿਹਾ।ਆਰ ਬੀ ਆਈ ਨੇ ਵਿਦਿਆਰਥੀਆਂ ਵਿੱਚ ਵਿੱਤੀ ਜਾਗਰੂਕਤਾ ਨਾਲ ਸਬੰਧਤ ਸਾਹਿਤ ਵੀ ਵੰਡਿਆ। ਸ਼੍ਰੀ ਮਨੀਸ਼ ਨੇ ਵਿਦਿਆਰਥੀਆਂ ਨਾਲ ਇੱਕ ਕੁਇਜ਼ ਵੀ ਕਰਵਾਈ ਅਤੇ ਸਹੀ ਉੱਤਰ ਦੇਣ ਵਾਲੇ ਵਿਦਿਆਰਥੀਆਂ ਨੂੰ ਤੋਹਫ਼ਿਆਂ ਨਾਲ ਸਨਮਾਨਿਤ ਕੀਤਾ ਗਿਆ।ਸਕੂਲ ਦੇ ਲਗਭਗ 60 ਵਿਦਿਆਰਥੀਆਂ ਅਤੇ 10 ਸਟਾਫ਼ ਮੈਂਬਰਾਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ।



## ਅੰਤਰ ਜ਼ੋਨ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**-70ਵੀਂ ਜ਼ਿਲ੍ਹਾ ਅੰਤਰ ਜੋਨ ਖੇਡਾਂ ਜੋ ਕਿ ਗੌਰਮਿੰਟ ਕਾਲਜ ਟਾਂਡਾ ਵਿਖੇ ਜ਼ਿਲ੍ਹਾ ਖੇਡ ਅਫਸਰ ਜਗਜੀਤ ਸਿੰਘ ਦੀ ਸਰਪ੍ਰਸਤੀ ਹੇਠ ਸੰਪੰਨ ਹੋਈਆਂ ਹਨ ਜਿਸ ਵਿੱਚ ਬੀ ਐੱਨ ਡੀ ਦੇ ਕੁੱਲ 15 ਖਿਡਾਰੀਆਂ ਨੇ ਭਾਗ ਲਿਆ। ਅੰਡਰ 19 ਲੜਕੀਆਂ ਵਿੱਚ ਮਨਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਅੰਡਰ 14 ਲੜਕੀਆਂ ਵਿੱਚ ਵੈਸ਼ਣਵੀ ਕੰਚਨ ਕੌਰ ਜਸਨੂਰ ਕੌਰ ਅੰਡਰ। ਅੰਡਰ19 ਲੜਕੀਆਂ ਹਰਲੀਨ ਕੌਰ ਅੰਮ੍ਰਿਤਾ ਸਿੰਘ ਮਨਪ੍ਰੀਤ ਕੌਰ। ਅਤੇ ਅੰਡਰ 14 ਲੜਕਿਆਂ ਪ੍ਰਭਜੋਤ ਸਿੰਘ , ਗੁਰਜੀਤ ਸਿੰਘ ਅਯੂਸ਼ ਯਾਦਵ ਅਤੇ ਗੁਰਤਾਜ ਲਵਪ੍ਰੀਤ ਸਿੰਘ ਨੇ ਹਿੱਸਾ ਲਿਆ। ਅੰਡਰ 17 ਲੜਕਿਆਂ ਵਿੱਚ ਚੰਦਨਪ੍ਰੀਤ ਸਿੰਘ ਜਸ਼ਨਪ੍ਰੀਤ ਸਿੰਘ ਜਸ਼ਨਪ੍ਰੀਤ ਸਿੰਘ ਜਸਕਰਨ ਸਿੰਘ ਗੁਰਜਾਪ ਸਿੰਘ ਜਸਨੂਰ ਸਿੰਘ ਅਤੇ ਅਤੇ ਗੁਰਸ਼ਰਨਜੀਤ ਸਿੰਘ ਨੇ ਹਿੱਸਾ ਲਿਆ। ਅੰਡਰ 19 ਲੜਕਿਆਂ ਵਿੱਚ ਜਸ਼ਨ ਬਾਵਾ, ਯੂਸ਼ ,ਪ੍ਰਵੇਸ਼ ਬੰਸਲ ਨੇ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਕੂਲ ਪਹੁੰਚਣ ਤੇ ਉਨਾਂ ਦਾ ਇੰਚਾਰਜ ਅਨਿਲ ਮਹਿਤਾ ਵੱਲੋਂ ਸਨਮਾਨ ਕੀਤਾ ਗਿਆ ਅਤੇ ਇਸ ਮੌਕੇ ਉਨਾਂ ਨੂੰ ਵਧਾਈ ਅਤੇ ਭਵਿੱਖ ਸ਼ੁਭਕਾਮਨਾ ਦਿੱਤੀਆਂ ਗਈਆਂ। ਇਸ ਮੌਕੇ ਡੀ ਪੀ ਈ ਸਰਦਾਰ ਗੁਰਮੇਲ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਪਰਮਜੀਤ ਕੌਰ ,ਮੈਡਮ ਜਾਨਵੀਰ, ਅਮਿਤ ਕੁਮਾਰ, ਰਕੇਸ਼ ਕੁਮਾਰ, ਗੁਰਪ੍ਰੀਤ ਜੋੜਾ ,ਸਰਦਾਰ ਜਤਿੰਦਰ ਸਿੰਘ ਤੋ ਇਲਾਵਾ ਸਮੂਹ ਸਕੂਲ ਸਟਾਫ ਹਾਜ਼ਰ ਸੀ।



## ਗਰੀਬ ਲੋਕਾਂ ਦੀ ਨਵੀਂ ਜ਼ਿੰਦਗੀ ਦਾ ਸਹਾਰਾ ਬਣਿਆ 10 ਲੱਖ ਵਾਲਾ ਬੀਮਾ ਕਾਰਡ : ਮੇਲਾ ਸਿੰਘ ਰੁੜਕਾ

**ਗੁਰਾਇਆ (ਬਿੰਦਰ ਸੁਮਨ)**-ਆਮ ਆਦਮੀ ਪਾਰਟੀ ਵੱਲੋਂ ਪਿੰਡ ਘੁੜਕਾ ਵਿਖੇ 10 ,10 ਲੱਖ ਵਾਲੇ ਸਿਹਤ ਬੀਮਾ ਕਾਰਡਾਂ ਦੀ ਵੰਡ ਕੀਤੀ ਗਈ। ਇਸ ਮੌਕੇ ਇਕੱਠੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਮੀਡੀਆ ਇੰਚਾਰਜ ਮੇਲਾ ਸਿੰਘ ਰੁੜਕਾ ਨੇ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਲੋਕਾਂ ਨਾਲ ਸਿਹਤ ਸੰਬੰਧੀ ਕੀਤਾ ਹੋਇਆ ਵਾਅਦਾ ਪੂਰਾ ਕਰਕੇ ਆਪਣੀ ਗਰੰਟੀ ਪੂਰੀ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਗਰੰਟੀ ਤਹਿਤ ਗਰੀਬ ਲੋਕਾਂ ਦੀਆਂ ਉਨ੍ਹਾਂ ਜਾਨਾਂ ਨੂੰ ਬਚਾਉਣ ਲਈ,ਜੋਂ ਪਹਿਲਾਂ ਦੀ ਘਾਟ ਕਾਰਨ ਅਜਾਈਂ ਜਾ ਰਹੀਆਂ ਸਨ, ਸਾਰੇ ਪੰਜਾਬ ਵਿੱਚ 10 ਲੱਖ ਰੁਪਏ ਤੱਕ ਵਾਲੇ ਸਿਹਤ ਬੀਮਾ ਕਾਰਡ ਵੰਡੇ ਜਾ ਰਹੇ ਹਨ । ਇਹ ਯੋਜਨਾ ਗਰੀਬ ਪਰਵਾਰਾਂ ਨੂੰ ਗੁਣਵੱਤਾ ਵਾਲਾ ਇਲਾਜ ਉਪਲਬਧ ਕਰਵਾਉਣ ਅਤੇ ਉਨ੍ਹਾਂ ਨੂੰ ਆਰਥਿਕ ਬੋਝ ਤੋਂ ਰਾਹਤ ਦੇਣ ਲਈ ਲਾਗੂ ਕੀਤੀ ਗਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਯੋਜਨਾਂ ਦਾ ਲਾਭ ਉਠਾਉਣ ਅਤੇ ਆਪਣੇ ਹੱਕਾਂ ਵਾਰੇ ਜਾਗਰੂਕ ਰਹਿਣ। ਇਸ ਮੌਕੇ ਤੇ ਬਲਾਕ ਪ੍ਰਧਾਨ ਮਨਦੀਪ ਲੁਹਾਰਾਂ,ਬਲਾਕ ਪ੍ਰਧਾਨ ਕੁਲਵੀਰ ਸਿੰਘ,ਹਰਕਮਲ ਸਿੰਘ, ਬਲਾਕ ਪ੍ਰਧਾਨ ਕਿਸਾਨ ਵਿੰਗ ਗੁਰਦੇਵ ਸਿੰਘ, ਸੋਢੀ ਰਾਮ ਸੰਮਤੀ ਮੈਂਬਰ, ਸਰਪੰਚ ਜਰਨੈਲ ਕੌਰ ਅਤੇ ਗੁਰਬਖ਼ਸ਼ ਰਾਮ ਪੰਚ ਹਾਜ਼ਰ ਸਨ।



## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਵੰਡ ਕੈਂਪ ਅੱਜ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**-ਸਿਵਲ ਹਸਪਤਾਲ ਫਗਵਾੜਾ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਵੰਡ ਕੈਂਪ ਸਬੰਧੀ ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੋਰ ਨੇ ਆਸ਼ਾ ਵਰਕਰਾਂ ਅਤੇ ਏ ਐਨ ਐਮ ਨਾਲ ਇੱਕ ਮੀਟਿੰਗ ਕਰ ਕੈਂਪ ਸੰਬੰਧੀ ਵਿਚਾਰ ਚਰਚਾ ਕਰ ਹਿਦਾਇਤ ਕੀਤੀ ਕਿ ਇਸ ਸਕੀਮ ਤਹਿਤ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਉਹ ਇਸ ਦਾ ਲਾਭ ਉਠਾ ਸਕਣ। ਉਨ੍ਹਾਂ ਕਿਹਾ ਕਿ ਸਿਹਤ ਬੀਮਾ ਯੋਜਨਾ ਨਾਲ ਲੋਕਾਂ ਨੂੰ ਸਿਹਤ ਸੰਭਾਲ ਵਿੱਚ ਬਹੁਤ ਵੱਡਾ ਲਾਭ ਮਿਲੇਗਾ ਅਤੇ ਉਹ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣਾ ਮੁਫ਼ਤ ਇਲਾਜ ਕਰਵਾ ਸਕਣਗੇ। ਉਨ੍ਹਾਂ ਦੱਸਿਆ ਕਿ ਸੂਬਾ ਵਾਸੀ ਜਿੰਨ੍ਹਾਂ ਕੋਲ ਪੰਜਾਬ ਦਾ ਅਧਾਰ ਕਾਰਡ ਅਤੇ ਵੋਟਰ ਕਾਰਡ ਹੈ, ਇਸ ਸਕੀਮ ਦਾ ਲਾਭ ਲੈ ਸਕਦਾ ਹੈ। ਇਸ ਸਬੰਧੀ 26 ਸੰਤਬਰ ਨੂੰ ਆਮ ਆਦਮੀ ਕਲੀਨਿਕ ਹਰਗੋਬਿੰਦ ਨਗਰ ਅਤੇ ਆਮ ਆਦਮੀ ਕਲੀਨਿਕ ਪਲਾਹੀ ਗੇਟ (ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ) ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਿਹਤ ਕਾਰਡ ਵੰਡ ਕੈਂਪ ਲਗਾਇਆ ਜਾਵੇਗਾ ਜੋ ਕੀ ਦੁਪਹਿਰ 2.00 ਵਜੇ ਤੋਂ ਸ਼ਾਮ 5.00 ਵਜੇ ਤੱਕ ਹੋਵੇਗਾ। ਇਸ ਮੌਕੇ ਡਾ ਜਤਿੰਦਰ ਸੰਧੂ, ਜਗਦੀਪ ਕੁਮਾਰ, ਸੀਤਾ, ਕਿਰਨ ਆਦਿ ਮੌਜੂਦ ਸਨ।

## ਪ੍ਰਾਈਵੇਟ ਪਾਸਪੋਰਟ ਏਜੰਟ ਰਿਸ਼ਵਤ ਲੈਂਦਿਆਂ ਰੰਗੇ-ਹੱਥੀਂ ਕਾਬੂ

**ਜਲੰਧਰ (ਸੁਰਿੰਦਰ ਕੁਮਾਰ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ, ਜਲੰਧਰ ਸਥਿਤ ਇੱਕ ਪ੍ਰਾਈਵੇਟ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ ਪਾਸਪੋਰਟ ਦਫ਼ਤਰ ਜਲੰਧਰ ਦੇ ਅਧਿਕਾਰੀਆਂ ਨਾਲ ਆਪਣੀ ਕਥਿਤ ਜਾਣ-ਪਛਾਣ ਰਾਹੀਂ ਸ਼ਿਕਾਇਤਕਰਤਾ ਦਾ ਪਾਸਪੋਰਟ ਜਲਦੀ ਜਾਰੀ ਕਰਵਾਉਣ ਬਦਲੇ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੀਆਂ ਇੱਥੇ ਸਟੇਟ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਕੰਡੋਲਾ ਖੁਰਦ ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਪਾਸਪੋਰਟ ਲਈ ਅਰਜ਼ੀ ਦਿੱਤੀ ਸੀ। ਇਸ ਤੋਂ ਬਾਅਦ ਉਸਦੀ ਪੁਲਿਸ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਸੀ। ਜਦੋਂ ਉਹ ਅਸਲ ਦਸਤਾਵੇਜ਼ਾਂ ਨਾਲ ਪਾਸਪੋਰਟ ਦਫ਼ਤਰ ਜਲੰਧਰ ਪਹੁੰਚੀ, ਤਾਂ ਸਬੰਧਤ ਕਰਮਚਾਰੀ ਨੇ ਦੱਸਿਆ ਕਿ ਪਾਸਪੋਰਟ ਸੰਬੰਧੀ ਉਸਦੀ ਪੁਲਿਸ ਵੈਰੀਫਿਕੇਸ਼ਨ ਅਜੇ ਮੁਕੰਮਲ ਨਹੀਂ ਹੋਈ। ਜਦੋਂ ਉਹ ਪਾਸਪੋਰਟ ਦਫ਼ਤਰ ਤੋਂ ਬਾਹਰ ਆਈ, ਤਾਂ ਦੋ ਪ੍ਰਾਈਵੇਟ ਪਾਸਪੋਰਟ ਏਜੰਟਾਂ ਐੱਨ.ਪੀ. ਸਿੰਘ ਅਤੇ ਹਰਦੀਪ ਕੌਰ ਨੇ ਪਾਸਪੋਰਟ ਦਫ਼ਤਰ ਨੇੜੇ ਸਥਿਤ ਇੱਕ ਬੂਥ ਦੇ ਬਾਹਰ ਉਸ ਨਾਲ ਸੰਪਰਕ ਕੀਤਾ। ਉਨ੍ਹਾਂ ਨੇ ਪਾਸਪੋਰਟ ਅਧਿਕਾਰੀ ਰਾਹੀਂ ਪੁਲਿਸ ਵੈਰੀਫਿਕੇਸ਼ਨ ਤੋਂ ਬਿਨਾਂ ਜਲਦੀ ਪਾਸਪੋਰਟ ਜਾਰੀ ਕਰਵਾਉਣ ਬਦਲੇ 35,000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸੰਬੰਧੀ ਹੋਈ ਗੱਲਬਾਤ ਨੂੰ ਰਿਕਾਰਡ ਕਰ ਲਿਆ। ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦੀ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਨਾਲ ਸੰਪਰਕ ਕੀਤਾ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਪ੍ਰਾਈਵੇਟ ਪਾਸਪੋਰਟ ਏਜੰਟ ਹਰਦੀਪ ਕੌਰ ਨੂੰ ਸ਼ਿਕਾਇਤਕਰਤਾ ਤੋਂ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਦੂਜੇ ਮੁਲਜ਼ਮ ਨਰਿੰਦਰ ਪਾਲ ਸਿੰਘ ਉਰਫ਼ ਐੱਨ ਪੀ ਦੀ ਗ੍ਰਿਫ਼ਤਾਰੀ ਅਜੇ ਬਾਕੀ ਹੈ। ਇਸ ਤੋਂ ਇਲਾਵਾ, ਅਗਲੇਰੀ ਜਾਂਚ ਦੌਰਾਨ ਪਾਸਪੋਰਟ ਦਫ਼ਤਰ ਦੇ ਅਧਿਕਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਇਸ ਸਬੰਧੀ, ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



## ਸੰਤ ਬਾਬਾ ਭਾਗ ਸਿੰਘ 'ਵਰਸਿਟੀ ਵੱਲੋਂ ਜਾਗਰੂਕਤਾ ਕੈਂਪ

**ਆਦਮਪੁਰ (ਪਰਮਜੀਤ ਸਿੰਘ)**-ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੀ ਫੈਕਲਟੀ ਆਫ਼ ਸਾਇੰਸਜ਼ (ਭੌਤਿਕ ਵਿਗਿਆਨ ਅਤੇ ਜੀਵ ਵਿਗਿਆਨ ਵਿਭਾਗ) ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਾਣਕੋ (ਜਲੰਧਰ) ਵਿਖੇ 'ਸਾਇੰਸ ਨੂੰ ਜਾਣੋ, ਕੁਦਰਤ ਨੂੰ ਬਚਾਓ: ਵਿਗਿਆਨਕ ਅਤੇ ਵਾਤਾਵਰਣ ਜਾਗਰੂਕਤਾ ਮੁਹਿੰਮ' ਵਿਸ਼ੇ 'ਤੇ ਇੱਕ ਵਿਸ਼ੇਸ਼ ਸਮਾਜ ਸੇਵਾ ਮੁਹਿੰਮ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਮੁਹਿੰਮ ਦੌਰਾਨ ਯੂਨੀਵਰਸਿਟੀ ਦੇ ਲਗਭਗ 25 ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਸਕੂਲੀ ਬੱਚਿਆਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਵਾਤਾਵਰਣ ਪੋਸਟਰ ਪ੍ਰਦਰਸ਼ਨੀ, ਕੂੜੇ ਦੇ ਵਰਗੀਕਰਨ ਤੇ ਪ੍ਰਬੰਧਨ 'ਤੇ ਪਾਵਰਪੁਆਇੰਟ ਪ੍ਰਸਤੁਤੀ, ਇੱਕ ਰੋਚਕ ਕਵਿਜ਼ ਮੁਕਾਬਲਾ ਅਤੇ ਪੌਦੇ ਲਗਾਉਣ ਦੀ ਗਤੀਵਿਧੀ ਕਰਵਾਈ।ਪ੍ਰੋਗਰਾਮ ਦੌਰਾਨ ਆਲੇ-ਦੁਆਲੇ ਦੀ ਸਫ਼ਾਈ, ਸਥਾਈ ਜੀਵਨ ਸ਼ੈਲੀ, ਜਲਵਾਯੂ ਪਰਿਵਰਤਨ ਪ੍ਰਤੀ ਜਾਗਰੂਕਤਾ ਅਤੇ ਕੂੜੇ ਦੇ ਸਹੀ ਨਿਪਟਾਰੇ ਦੇ ਮਹੱਤਵ 'ਤੇ ਵਿਸ਼ੇਸ਼ ਚਾਨਣਾ ਪਾਇਆ ਗਿਆ। ਇਸ ਪਹਿਲਕਦਮੀ ਨੇ ਸਕੂਲੀ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਅਤੇ ਇੱਕ ਸਫ਼ਾਈ ਭਰਪੂਰ, ਹਰੇ-ਭਰੇ ਅਤੇ ਸਿਹਤਮੰਦ ਭਵਿੱਖ ਦੇ ਨਿਰਮਾਣ ਲਈ ਸਾਂਝੇ ਯਤਨਾਂ ਦਾ ਸੁਨੇਹਾ ਦਿੱਤਾ।

